ਨਾਨਕ ਨਾਮ ਚੜ੍ਹਦੀਕਲਾ ਤੇਰੇ ਭਾਣੇ ਸਰਬਤ ਦਾ ਭਲਾ

# ਚੜ੍ਹਦੀਕਲਾ

DAILY CHARHDIKALA, PATIALA

ਰਜਿਸਟਰਡ ਪੋਸਟਲ ਰਜਿ: ਨੰ. Pb/PTA(0274)/2024-26,
ਸਾਲ (Year) 58
ਅੰਕ ਨੰਬਰ (Volume No.) 152
ਫ਼ੋਨ: +91- 92168-07500
E-mail: news@charhdikala.com
www.charhdikala.com

ਬਾਨੀ : (ਸਵ.) ਗਿ. ਹਰਨਾਮ ਸਿੰਘ ਜੀ | ਮੁੱਖ ਸੰਪਾਦਕ : ਡਾ. ਜਗਜੀਤ ਸਿੰਘ ਦਰਦੀ | ਸੰਪਾਦਕ : ਹਰਪ੍ਰੀਤ ਸਿੰਘ ਦਰਦੀ

ਕੁੱਲ ਪੰਨੇ: 12 (Wednesday, 3 June, 2026) ਬੁੱਧਵਾਰ, 3 ਜੂਨ, 2026, 20 ਜੇਠ, ਨਾਨਕਸ਼ਾਹੀ ਸੰਮਤ 558, ਬਿਕ੍ਰਮੀ 2083/ PRGI (RNI) Regd. No. 22972/1972/ ਮੁੱਲ: 2 ਰੁਪਏ

## ਕਲਾਨੌਰ ਗ੍ਰਨੇਡ ਹਮਲੇ ਦੀ ਗੁੱਥੀ ਸੁਲਝੀ, ਮੁੱਖ ਮੁਲਜ਼ਮ ਕਾਬੂ

ਗੁਰਦਾਸਪੁਰ, 2 ਜੂਨ (ਚ.ਨ.ਸ.): ਐਸ.ਐਸ.ਪੀ. ਗੁਰਦਾਸਪੁਰ ਅਦਿੱਤਿਆ ਨੇ ਪ੍ਰੈੱਸ ਕਾਨਫਰੰਸ ਦੌਰਾਨ ਜਾਣਕਾਰੀ ਦਿੰਦਿਆਂ ਦੱਸਿਆ ਕਿ ਗੁਰਦਾਸਪੁਰ ਪੁਲਿਸ ਅਤੇ ਕਾਊਂਟਰ ਇੰਟੈਲੀਜੈਂਸ ਵਿੰਗ ਨੇ ਸਾਂਝੀ ਕਾਰਵਾਈ ਕਰਦਿਆਂ ਕਲਾਨੌਰ ਵਿੱਚ ਹੋਏ ਗ੍ਰਨੇਡ ਹਮਲੇ ਦੇ ਮਾਮਲੇ ਨੂੰ ਸਿਰਫ਼ 6 ਘੰਟਿਆਂ ਦੇ ਅੰਦਰ ਸੁਲਝਾ ਲਿਆ ਹੈ। ਪੁਲਿਸ ਨੇ ਤਕਨੀਕੀ ਅਤੇ ਮਨੁੱਖੀ ਖੁਫੀਆ ਜਾਣਕਾਰੀ ਦੇ ਆਧਾਰ 'ਤੇ ਕਾਰਵਾਈ ਕਰਦਿਆਂ ਹਮਲੇ ਦੇ ਮੁੱਖ ਦੋਸ਼ੀ ਨੂੰ ਗ੍ਰਿਫ਼ਤਾਰ ਕਰ ਲਿਆ ਹੈ।ਐਸਐਸਪੀ ਨੇ ਦੱਸਿਆ ਕਿ ਮੁੱਢਲੀ ਜਾਂਚ ਦੌਰਾਨ ਇਸ ਹਮਲੇ ਦੇ ਪਿੱਛੇ ਇੱਕ ਵਿਦੇਸ਼ ਵਿੱਚ ਬੈਠੇ (ਬਾਕੀ ਸਫ਼ਾ 2 'ਤੇ)

## ਮਜੀਠਾ ਹਲਕੇ 'ਚ ਲੱਗੇ ਬਿਕਰਮ ਸਿੰਘ ਮਜੀਠੀਆ ਦੀ 'ਗੁੰਮਸ਼ੁਦਗੀ' ਦੇ ਪੋਸਟਰ

**ਅਸ਼ਵਨੀ ਨਈਅਰ**

ਮਜੀਠਾ, 2 ਜੂਨ: ਮਜੀਠਾ ਹਲਕੇ ਦੇ ਵੱਖ-ਵੱਖ ਪਿੰਡਾਂ ਅਤੇ ਕਸਬਿਆਂ ਵਿੱਚ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਅਤੇ ਸਾਬਕਾ ਮੰਤਰੀ ਬਿਕਰਮ ਸਿੰਘ ਮਜੀਠੀਆ ਦੇ ਗੁੰਮਸ਼ੁਦਾ (ਲਾਪਤਾ) ਹੋਣ ਸਬੰਧੀ ਪੋਸਟਰ ਲੱਗਣ ਨਾਲ ਸਿਆਸੀ ਮਾਹੌਲ ਗਰਮਾ ਗਿਆ ਹੈ। ਇਹ ਪੋਸਟਰ ਮਜੀਠਾ ਪੁਲਿਸ ਸਟੇਸ਼ਨ ਵਿੱਚ ਹੋਏ ਹੰਗਾਮੇ ਅਤੇ ਇੱਕ ਹਿਰਾਸਤੀ ਨੌਜਵਾਨ ਨੂੰ ਛੁਡਾਉਣ ਦੇ ਦੋਸ਼ਾਂ ਤਹਿਤ ਦਰਜ ਕੀਤੀ ਗਈ ਐਫਆਈਆਰ ਤੋਂ ਬਾਅਦ ਸਾਹਮਣੇ ਆਏ ਹਨ।

ਇਨ੍ਹਾਂ ਪੋਸਟਰਾਂ ਦੇ ਉੱਪਰ ਵੱਡੇ ਅੱਖਰਾਂ ਵਿੱਚ ਗੁੰਮਸ਼ੁਦਾ ਭਗੌੜੇ ਦੀ ਭਾਲ ਲਿਖਿਆ ਗਿਆ ਹੈ, ਜਿਸ ਕਾਰਨ ਇਲਾਕੇ ਵਿੱਚ ਚਰਚਾਵਾਂ ਦਾ ਦੌਰ ਸ਼ੁਰੂ ਹੋ ਗਿਆ ਹੈ।

ਪੋਸਟਰਾਂ ਵਿੱਚ ਦਾਅਵਾ ਕੀਤਾ ਗਿਆ ਹੈ ਕਿ ਮਜੀਠਾ ਪੁਲਿਸ ਸਟੇਸ਼ਨ 'ਤੇ ਕਥਿਤ ਤੌਰ 'ਤੇ ਹੋਏ ਹਮਲੇ ਦੇ ਮਾਮਲੇ ਵਿੱਚ ਗਿਰੋਹ ਦੇ ਮੁੱਖ ਸਰਗਨਾ ਵਜੋਂ ਬਿਕਰਮ ਸਿੰਘ ਮਜੀਠੀਆ ਦੀ ਪੁਲਿਸ ਨੂੰ ਭਾਲ ਹੈ। ਇਸ ਦੇ ਨਾਲ ਹੀ ਲੋਕਾਂ ਨੂੰ ਅਪੀਲ ਕੀਤੀ ਗਈ ਹੈ ਕਿ ਜੇਕਰ ਉਨ੍ਹਾਂ ਕੋਲ ਮਜੀਠੀਆ ਦੇ ਟਿਕਾਣੇ ਜਾਂ ਗਤੀਵਿਧੀਆਂ ਬਾਰੇ ਕੋਈ ਜਾਣਕਾਰੀ ਹੋਵੇ ਤਾਂ ਤੁਰੰਤ ਨੇੜਲੇ ਪੁਲਿਸ ਥਾਣੇ ਨਾਲ ਸੰਪਰਕ ਕੀਤਾ ਜਾਵੇ।




ਪੋਸਟਰ ਲੱਗਣ ਤੋਂ ਬਾਅਦ ਸਿਆਸੀ ਮਾਹੌਲ ਵਿੱਚ ਹੋਰ ਤਣਾਅ ਦੇਖਣ ਨੂੰ ਮਿਲ ਰਿਹਾ ਹੈ। ਹਾਲਾਂਕਿ ਇਸ ਸਬੰਧੀ ਅਜੇ ਤੱਕ ਮਜੀਠੀਆ ਜਾਂ ਸ਼੍ਰੋਮਣੀ ਅਕਾਲੀ ਦਲ ਵੱਲੋਂ ਕੋਈ ਅਧਿਕਾਰਤ ਪ੍ਰਤੀਕਿਰਿਆ ਸਾਹਮਣੇ ਨਹੀਂ ਆਈ।

ਦੂਜੇ ਪਾਸੇ, ਪੁਲਿਸ ਵੱਲੋਂ ਮਾਮਲੇ ਦੀ ਜਾਂਚ ਜਾਰੀ ਹੋਣ ਦੀ ਗੱਲ ਕਹੀ ਜਾ ਰਹੀ ਹੈ।ਇਸ ਘਟਨਾ ਨੇ ਮਜੀਠਾ ਹਲਕੇ ਦੀ ਸਿਆਸਤ ਵਿੱਚ ਨਵੀਂ ਚਰਚਾ ਛੇੜ ਦਿੱਤੀ ਹੈ ਅਤੇ ਲੋਕਾਂ ਦੀ ਨਜ਼ਰ ਹੁਣ ਇਸ ਗੱਲ 'ਤੇ ਟਿਕੀ ਹੋਈ ਹੈ ਕਿ ਆਉਣ ਵਾਲੇ ਦਿਨਾਂ ਵਿੱਚ ਇਸ ਮਾਮਲੇ ਵਿੱਚ ਕੀ ਨਵੇਂ ਮੋੜ ਸਾਹਮਣੇ ਆਉਂਦੇ ਹਨ।

*'ਆਪ' ਸਰਕਾਰ ਨੇ ਕਿਸਾਨਾਂ ਦੇ ਹੱਕ 'ਚ ਲਏ ਕਈ ਵੱਡੇ ਫ਼ੈਸਲੇ*

# ਮਾਨ ਨੇ ਫ਼ਸਲੀ ਕਰਜ਼ੇ ਸਬੰਧੀ ਨਵੀਂ ਨੀਤੀ ਐਲਾਨੀ

**26 ਸਾਲ ਪੁਰਾਣੀ ਕਿਸਾਨ ਕ੍ਰੈਡਿਟ ਕਾਰਡ ਨੀਤੀ 'ਚ ਬਦਲਾਅ ਦਾ ਫ਼ੈਸਲਾ**

**ਚੜ੍ਹਦੀਕਲਾ ਬਿਊਰੋ**

ਚੰਡੀਗੜ੍ਹ, 2 ਜੂਨ :ਪਿਛਲੇ ਕੁਝ ਦਹਾਕਿਆਂ ਦੌਰਾਨ ਪੰਜਾਬ ਵਿੱਚ ਹੋਏ ਖੇਤੀਬਾੜੀ ਸੁਧਾਰਾਂ ਵਿੱਚ ਸਭ ਤੋਂ ਵੱਡਾ ਕਦਮ ਚੁੱਕਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਕਿਸਾਨ ਕ੍ਰੈਡਿਟ ਕਾਰਡ (ਕੇ.ਸੀ.ਸੀ.) ਪ੍ਰਣਾਲੀ ਵਿੱਚ ਇਤਿਹਾਸਕ ਸੁਧਾਰ ਕੀਤਾ ਹੈ। ਇਸ ਤਹਿਤ 26 ਸਾਲ ਪੁਰਾਣੇ ਉਸ ਢਾਂਚੇ ਨੂੰ ਬਦਲ ਦਿੱਤਾ ਗਿਆ ਹੈ ਜਿਸ ਨੇ ਕਿਸਾਨਾਂ ਨੂੰ ਲੰਮੇ ਸਮੇਂ ਤੋਂ ਨਾਕਾਫੀ ਸੰਸਥਾਗਤ ਕਰਜ਼ੇ 'ਤੇ ਨਿਰਭਰ ਰਹਿਣ ਅਤੇ ਸ਼ਾਹੂਕਾਰਾਂ ਦੇ ਰਹਿਮੋ-ਕਰਮ 'ਤੇ ਛੱਡ ਦਿੱਤਾ ਸੀ।



ਇਹ ਨਵੀਂ ਨੀਤੀ ਫਸਲ ਦੀ ਅਸਲ ਲਾਗਤ ਦੇ ਅਨੁਸਾਰ ਫਸਲ-ਵਾਰ ਕਰਜ਼ੇ ਦੀ ਹੱਦ (ਕ੍ਰੈਡਿਟ ਲਿਮਟਾਂ) ਨੂੰ ਮਹੱਤਵਪੂਰਨ ਤੌਰ 'ਤੇ ਵਧਾਉਂਦੀ ਹੈ, ਵਿਆਜ ਦੇ ਬੋਝ ਨੂੰ ਘਟਾਉਂਦੀ ਹੈ, ਵੱਧ ਮੁਨਾਫ਼ੇ ਵਾਲੀਆਂ ਫਸਲਾਂ ਅਤੇ ਸਹਾਇਕ ਖੇਤਰਾਂ ਲਈ ਕਰਜ਼ੇ ਦੀ ਯੋਗਤਾ ਦਾ ਵਿਸਤਾਰ ਕਰਦੀ ਹੈ। ਇੱਥੋਂ ਤੱਕ ਕਿ ਪਰਾਲੀ ਪ੍ਰਬੰਧਨ ਲਈ ਵਿਸ਼ੇਸ਼ ਵਿੱਤੀ ਸਹਾਇਤਾ ਸ਼ੁਰੂ ਕਰਦੀ ਹੈ ਅਤੇ ਕਿਸਾਨਾਂ ਨੂੰ ਏ.ਟੀ.ਐਮ. ਅਤੇ ਯੂ.ਪੀ.ਆਈ. ਵਰਗੇ ਆਧੁਨਿਕ ਡਿਜ਼ੀਟਲ ਪਲੇਟਫਾਰਮਾਂ ਰਾਹੀਂ ਫੰਡਾਂ ਦੀ ਵਰਤੋਂ ਕਰਨ ਦੇ ਯੋਗ ਬਣਾਉਂਦੀ ਹੈ। ਇਨ੍ਹਾਂ ਸੁਧਾਰਾਂ ਨੂੰ ਖੇਤੀਬਾੜੀ ਨੂੰ ਵਧੇਰੇ ਲਾਹੇਵੰਦ ਅਤੇ ਟਿਕਾਊ ਬਣਾਉਣ ਵੱਲ ਅਹਿਮ ਫੈਸਲਾ ਲੈਂਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਨਵਾਂ ਕੇ.ਸੀ.ਸੀ. ਢਾਂਚਾ ਕਿਸਾਨਾਂ ਦੇ ਹੱਥਾਂ ਵਿੱਚ ਵਧੇਰੇ ਪੈਸਾ ਸਿੱਧਾ ਪਹੁੰਚਾਏਗਾ, ਕਣਕ-ਝੋਨੇ ਦੇ ਚੱਕਰ ਤੋਂ ਬਾਹਰ ਫਸਲੀ ਵਿਭਿੰਨਤਾ ਨੂੰ ਤੇਜ ਕਰੇਗਾ, ਸਹਿਕਾਰੀ ਕਰਜ਼ਾ (ਬਾਕੀ ਸਫ਼ਾ 2 'ਤੇ)

## ਸੂਬੇ ਦੀਆਂ 90 ਲੱਖ ਔਰਤਾਂ ਨੂੰ ਅਗਲੇ ਮਹੀਨੇ ਤੋਂ ਮਿਲਣਗੇ 1000-1500 ਰੁਪਏ: ਮਾਨ

**ਚੜ੍ਹਦੀਕਲਾ ਬਿਊਰੋ**

ਚੰਡੀਗੜ੍ਹ, 2 ਜੂਨ :ਪੰਜਾਬ ਦੀਆਂ 90 ਲੱਖ ਔਰਤਾਂ ਨੂੰ ਅਗਲੇ ਮਹੀਨੇ ਤੋਂ 1,000 ਤੋਂ 1,500 ਰੁਪਏ ਪ੍ਰਤੀ ਮਹੀਨਾ ਮਿਲਣੇ ਸ਼ੁਰੂ ਹੋ ਜਾਣਗੇ। ਇਹ ਪੈਸੇ ਸਿੱਧੇ ਉਨ੍ਹਾਂ ਦੇ ਖਾਤਿਆਂ ਵਿੱਚ ਜਮ੍ਹਾ ਹੋ ਜਾਣਗੇ। ਮੁੱਖ ਮੰਤਰੀ ਭਗਵੰਤ ਮਾਨ ਨੇ ਇੱਕ ਇੰਟਰਵਿਊ ਵਿੱਚ ਇਸ ਦੀ ਪੁਸ਼ਟੀ ਕੀਤੀ। ਮਾਨ ਨੇ ਕਿਹਾ ਕਿ ਪ੍ਰਕਿਰਿਆ ਦਾ 80% ਪੂਰਾ ਹੋ ਗਿਆ ਹੈ। ਬਾਕੀ ਇਸ ਜੂਨ ਵਿੱਚ ਪੂਰਾ ਹੋ ਜਾਵੇਗਾ।

ਮੁੱਖ ਮੰਤਰੀ ਨੇ ਇਹ ਵੀ ਕਿਹਾ ਕਿ ਜਿਨ੍ਹਾਂ ਔਰਤਾਂ ਦੇ ਕਾਰਡ ਜਾਰੀ ਨਹੀਂ ਕੀਤੇ ਗਏ ਹਨ, ਜਾਂ ਜੁਲਾਈ ਵਿੱਚ ਵੀ ਜਾਰੀ ਨਹੀਂ ਕੀਤੇ ਜਾਣਗੇ, ਉਨ੍ਹਾਂ ਨੂੰ ਰਜਿਸਟਰ ਹੁੰਦੇ ਹੀ ਉਨ੍ਹਾਂ ਦੇ ਭੁਗਤਾਨ ਮਿਲ ਜਾਣਗੇ। ਹਾਲਾਂਕਿ, ਮੁੱਖ ਮੰਤਰੀ ਨੇ ਪਿਛਲੇ ਸਾਢੇ ਚਾਰ ਸਾਲਾਂ ਦੇ ਵਿਰੋਧੀ ਧਿਰ ਦੇ ਬਕਾਏ ਬਾਰੇ ਕੋਈ ਸਪੱਸ਼ਟ ਜਵਾਬ ਨਹੀਂ ਦਿੱਤਾ। ਆਮ ਆਦਮੀ ਪਾਰਟੀ ('ਆਪ') ਨੇ 2022 ਦੀਆਂ ਚੋਣਾਂ ਲਈ 18 ਸਾਲ ਤੋਂ ਵੱਧ ਉਮਰ ਦੀ ਹਰ ਔਰਤ ਨੂੰ ਪ੍ਰਤੀ ਮਹੀਨਾ 1,000 ਰੁਪਏ ਦੇਣ ਦਾ ਵਾਅਦਾ ਕੀਤਾ ਸੀ।

ਹੁਣ, ਇਹ ਯੋਜਨਾ 2027 ਦੀਆਂ ਚੋਣਾਂ ਤੋਂ ਪਹਿਲਾਂ ਸ਼ੁਰੂ ਕੀਤੀ ਜਾ ਰਹੀ ਹੈ। 'ਆਪ' ਸਰਕਾਰ ਨੇ ਇਸ ਨੂੰ ਮਾਵਾਂ-ਧੀਆਂ ਸਤਿਕਾਰ ਯੋਜਨਾ ਦਾ ਨਾਮ ਦਿੱਤਾ ਹੈ। ਇਸ ਯੋਜਨਾ ਦੇ ਤਹਿਤ, ਜਨਰਲ ਵਰਗ ਦੀਆਂ ਔਰਤਾਂ ਨੂੰ ਪ੍ਰਤੀ ਮਹੀਨਾ 1,000 ਰੁਪਏ ਅਤੇ ਅਨੁਸੂਚਿਤ ਜਾਤੀ ਦੀਆਂ ਔਰਤਾਂ ਨੂੰ ਪ੍ਰਤੀ ਮਹੀਨਾ 1,500 ਰੁਪਏ ਮਿਲਣਗੇ।ਇਸ ਦੌਰਾਨ, ਸੰਸਦ ਮੈਂਬਰ ਅਤੇ ਸਾਬਕਾ ਕ੍ਰਿਕਟਰ ਹਰਭਜਨ ਸਿੰਘ ਨੂੰ ਪੈਸੇ ਦੇ ਬਦਲੇ 'ਆਪ' ਛੱਡਣ 'ਤੇ ਰਾਜ ਸਭਾ ਸੀਟ ਦੇਣ 'ਤੇ, ਮੁੱਖ ਮੰਤਰੀ ਨੇ ਕਿਹਾ ਕਿ ਜੇਕਰ ਮੈਂ ਇੱਕ ਰੁਪਿਆ ਵੀ ਲੈਂਦਾ ਹਾਂ (ਬਾਕੀ ਸਫ਼ਾ 2 'ਤੇ)

*ਆਮਦਨ ਤੋਂ ਵੱਧ ਜਾਇਦਾਦ ਦਾ ਮਾਮਲਾ*

## ਵਿਧਾਇਕ ਰਮਨ ਅਰੋੜਾ ਈ.ਡੀ. ਸਾਹਮਣੇ ਹੋਏ ਪੇਸ਼

**ਚੜ੍ਹਦੀਕਲਾ ਬਿਊਰੋ**

ਚੰਡੀਗੜ੍ਹ, 2 ਜੂਨ :ਜਲੰਧਰ ਤੋਂ ਆਮ ਆਦਮੀ ਪਾਰਟੀ ਦੇ ਵਿਧਾਇਕ ਰਮਨ ਅਰੋੜਾ ਮੰਗਲਵਾਰ ਨੂੰ ਮਨੀ ਲਾਂਡਰਿੰਗ ਮਾਮਲੇ ਵਿੱਚ ਪੁੱਛ-ਗਿੱਛ ਲਈ ਇਨਫੋਰਸਮੈਂਟ ਡਾਇਰੈਕਟੋਰੇਟ (ਈ.ਡੀ) ਦਫ਼ਤਰ ਵਿੱਚ ਪੇਸ਼ ਹੋਏ। ਉਨ੍ਹਾਂ ਨੂੰ ਇਨਫੋਰਸਮੈਂਟ ਡਾਇਰੈਕਟੋਰੇਟ (ਈ.ਡੀ) ਨੇ ਤਲਬ ਕੀਤਾ ਸੀ। ਚਿੱਟਾ ਕੁੜਤਾ-ਪਜਾਮਾ ਵਿੱਚ ਪਹਿਨੇ ਅਰੋੜਾ ਦੇ ਦਫ਼ਤਰ ਪਹੁੰਚਣ ਦਾ ਇੱਕ ਵੀਡੀਓ ਵੀ ਸਾਹਮਣੇ ਆਇਆ ਹੈ। ਦਫ਼ਤਰ ਵਿੱਚ ਦਾਖਲ ਹੋਣ 'ਤੇ ਉਨ੍ਹਾਂ ਦਾ ਸਮਾਨ ਜਮ੍ਹਾਂ ਕਰਾਇਆ ਗਿਆ, ਜਿਸ ਤੋਂ ਬਾਅਦ ਉਨ੍ਹਾਂ ਨੂੰ ਅੰਦਰ ਜਾਣ ਦਿੱਤਾ ਗਿਆ। ਰਿਪੋਰਟਾਂ ਮੁਤਾਬਕ ਇਹ ਜਾਂਚ ਆਮਦਨ ਤੋਂ ਵੱਧ ਜਾਇਦਾਦ ਦੇ ਇੱਕ ਮਾਮਲੇ ਨਾਲ ਜੁੜੀ ਹੈ ਜਿਸ ਵਿੱਚ ਉਨ੍ਹਾਂ ਨੂੰ ਪਹਿਲਾਂ ਪੰਜਾਬ ਵਿਜੀਲੈਂਸ ਬਿਊਰੋ ਦੁਆਰਾ



ਗ੍ਰਿਫ਼ਤਾਰ ਕੀਤਾ ਗਿਆ ਸੀ।ਰਮਨ ਅਰੋੜਾ ਜਲੰਧਰ ਸੈਂਟਰਲ ਤੋਂ ਵਿਧਾਇਕ ਹਨ। ਉਨ੍ਹਾਂ 'ਤੇ ਦੁਕਾਨਾਂ ਅਤੇ ਹੋਰ ਅਦਾਰਿਆਂ ਤੋਂ ਪੈਸੇ ਵਸੂਲਣ ਦਾ ਵੀ ਦੋਸ਼ ਹੈ। ਇਨਫੋਰਸਮੈਂਟ ਡਾਇਰੈਕਟੋਰੇਟ (ਈ.ਡੀ.) ਨੇ ਪੰਜਾਬ ਵਿਜੀਲੈਂਸ ਬਿਊਰੋ ਵੱਲੋਂ ਵਿਧਾਇਕ ਵਿਰੁੱਧ ਦਰਜ ਕੀਤੀ ਗਈ ਐਫ.ਆਈ.ਆਰ. ਦੇ ਆਧਾਰ 'ਤੇ ਮਨੀ ਲਾਂਡਰਿੰਗ ਦੀ (ਬਾਕੀ ਸਫ਼ਾ 2 'ਤੇ)

*ਓ.ਐਸ.ਐਮ. 'ਚ ਗੜਬੜੀ 'ਤੇ ਵੱਡੀ ਕਾਰਵਾਈ !*

## ਕੇਂਦਰ ਵੱਲੋਂ ਸੀ.ਬੀ.ਐਸ.ਈ. ਚੇਅਰਮੈਨ ਤੇ ਸਕੱਤਰ ਤਬਦੀਲ

**ਚੜ੍ਹਦੀਕਲਾ ਬਿਊਰੋ**

ਨਵੀਂ ਦਿੱਲੀ, 2 ਜੂਨ:ਕੇਂਦਰ ਸਰਕਾਰ ਨੇ ਸੀ.ਬੀ.ਐਸ.ਈ. (ਸੀਬੀਐਸਈ) ਦੀ ਡਿਜੀਟਲ ਮੁਲਾਂਕਣ ਪ੍ਰਣਾਲੀ ਨਾਲ ਜੁੜੇ ਵਿਵਾਦਾਂ ਦੇ ਚਲਦਿਆਂ ਇੱਕ ਵੱਡੀ ਪ੍ਰਸ਼ਾਸਨਿਕ ਕਾਰਵਾਈ ਕੀਤੀ ਹੈ। ਸਰਕਾਰ ਨੇ ਸੀਬੀਐਸਈ ਚੇਅਰਮੈਨ ਰਾਹੁਲ ਸਿੰਘ ਅਤੇ ਸਕੱਤਰ ਹਿਮਾਂਸ਼ੂ ਗੁਪਤਾ ਦਾ ਤਬਾਦਲਾ ਕਰ ਦਿੱਤਾ ਹੈ। ਸਰਕਾਰ ਨੇ ਬੋਰਡ ਦੇ ਚੇਅਰਮੈਨ ਤੇ ਸਕੱਤਰ ਦਾ ਤਬਾਦਲਾ ਕਰ ਦਿੱਤਾ ਹੈ ਅਤੇ 'ਆਨ-ਸਕ੍ਰੀਨ ਮਾਰਕਿੰਗ' (ਓਐਸਐਮ) ਸੇਵਾਵਾਂ ਦੀ ਖਰੀਦ ਦੀ ਜਾਂਚ ਦੇ ਹੁਕਮ ਦਿੱਤੇ ਹਨ।

ਇਹ ਵਿਵਾਦ ਉਦੋਂ ਸ਼ੁਰੂ ਹੋਇਆ ਜਦੋਂ ਸੀ.ਬੀ.ਐਸ.ਈ. ਦੀਆਂ 10ਵੀਂ ਅਤੇ 12ਵੀਂ ਜਮਾਤਾਂ ਦੇ ਨਤੀਜੇ ਐਲਾਨੇ ਜਾਣ ਤੋਂ ਬਾਅਦ




ਵਿਦਿਆਰਥੀਆਂ ਨੇ ਆਪਣੀਆਂ ਸਕੈਨ ਕੀਤੀਆਂ ਉੱਤਰ-ਪੱਤਰੀਆਂ ਤੱਕ ਪਹੁੰਚ ਕਰਨ ਵਿੱਚ ਮੁਸ਼ਕਲਾਂ ਦੀ ਸ਼ਿਕਾਇਤ ਕੀਤੀ। ਕਈ ਉਮੀਦਵਾਰਾਂ ਨੇ ਦਾਅਵਾ ਕੀਤਾ ਕਿ ਉਨ੍ਹਾਂ ਨੂੰ ਧੁੰਦਲੇ ਪੰਨੇ, ਗੁੰਮ ਹੋਏ ਹਿੱਸੇ ਅਤੇ ਬੋਰਡ ਦੀਆਂ ਆਨਲਾਈਨ ਸੇਵਾਵਾਂ ਦੀ ਵਰਤੋਂ ਕਰਨ ਵਿੱਚ ਭਾਰੀ ਦਿੱਕਤਾਂ ਦਾ ਸਾਹਮਣਾ ਕਰਨਾ ਪਿਆ।ਇਸ ਸਥਿਤੀ ਨੇ ਦੇਸ਼ ਭਰ ਦੇ ਵਿਦਿਆਰਥੀਆਂ, ਮਾਪਿਆਂ ਅਤੇ ਅਧਿਆਪਕਾਂ ਵਿੱਚ ਚਿੰਤਾ ਪੈਦਾ ਕਰ ਦਿੱਤੀ ਸੀ। ਸਰਕਾਰ ਨੇ ਹੁਣ ਇੱਕ ਜਾਂਚ ਕਮੇਟੀ ਦਾ ਗਠਨ ਕੀਤਾ ਹੈ ਜੋ ਇਹ ਪਤਾ ਲਗਾਏਗੀ ਕਿ ਓਐਸਐਮ ਸੇਵਾਵਾਂ ਦਾ ਕੰਟਰੈਕਟ ਕਿਸ ਤਰ੍ਹਾਂ ਦਿੱਤਾ ਗਿਆ ਸੀ। ਇਸ ਜਾਂਚ ਵਿੱਚ ਵਿਕਰੇਤਾ ਦੀ ਚੋਣ ਪ੍ਰਕਿਰਿਆ, ਸਾਈਬਰ ਸੁਰੱਖਿਆ ਸਬੰਧੀ ਚਿੰਤਾਵਾਂ ਅਤੇ ਪੁਨਰ-ਮੁਲਾਂਕਣ ਸੇਵਾਵਾਂ ਵਿੱਚ ਹੋਈ ਦੇਰੀ (ਬਾਕੀ ਸਫ਼ਾ 2 'ਤੇ)

### ਲੋਖੰਡੇ ਪ੍ਰਸ਼ਾਂਤ ਸੀਤਾਰਾਮ ਬਣੇ ਸੀ.ਬੀ.ਐਸ.ਈ. ਦੇ ਨਵੇਂ ਚੇਅਰਮੈਨ

ਨਵੀਂ ਦਿੱਲੀ, 2 ਜੂਨ (ਚ.ਨ.ਸ.): ਕੇਂਦਰ ਸਰਕਾਰ ਨੇ ਇੱਕ ਅਹਿਮ ਪ੍ਰਸ਼ਾਸਨਿਕ ਫੈਸਲਾ ਲੈਂਦਿਆਂ ਸੀਨੀਅਰ ਆਈ.ਏ.ਐਸ. ਅਧਿਕਾਰੀ ਲੋਖੰਡੇ ਪ੍ਰਸ਼ਾਂਤ ਸੀਤਾਰਾਮ ਨੂੰ



ਕੇਂਦਰੀ ਸੈਕੰਡਰੀ ਸਿੱਖਿਆ ਬੋਰਡ ਦਾ ਨਵਾਂ ਚੇਅਰਮੈਨ ਨਿਯੁਕਤ ਕੀਤਾ ਹੈ। ਮੰਗਲਵਾਰ ਨੂੰ ਜਾਰੀ ਕੀਤੇ ਗਏ ਆਦੇਸ਼ਾਂ ਅਨੁਸਾਰ, ਕੈਬਨਿਟ ਦੀ ਨਿਯੁਕਤੀ ਕਮੇਟੀ (ਏ.ਸੀ.ਸੀ.) ਨੇ ਇਸ (ਬਾਕੀ ਸਫ਼ਾ 2 'ਤੇ)

*ਦਿੱਲੀ 'ਚ ਦੂਸਰੇ ਗੇੜ ਦੀ ਮੀਟਿੰਗ ਦੌਰਾਨ ਪੰਜਾਬ ਚੋਣਾਂ ਬਾਰੇ ਮੰਥਨ*

## ਪੰਜਾਬ ਕਾਂਗਰਸ ਵਿੱਚ ਕੋਈ ਤਬਦੀਲੀ ਨਹੀਂ ਹੋਵੇਗੀ: ਬਘੇਲ

**ਚੜ੍ਹਦੀਕਲਾ ਬਿਊਰੋ**

ਨਵੀਂ ਦਿੱਲੀ, 2 ਜੂਨ: ਪੰਜਾਬ ਵਿਚ ਚੋਣਾਂ ਤੋਂ ਪਹਿਲਾਂ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦਾ ਪ੍ਰਧਾਨ ਅਤੇ ਵਿਧਾਨ ਸਭਾ ਵਿਚ ਵਿਰੋਧੀ ਧਿਰ ਦੇ ਲੀਡਰ ਨੂੰ ਬਦਲੇ ਜਾਣ ਦੀਆਂ ਚਰਚਾਵਾਂ ਚੱਲ ਰਹੀਆਂ ਹਨ। ਕਾਂਗਰਸ ਹਾਈਕਮਾਨ ਨੇ ਪੰਜਾਬ ਕਾਂਗਰਸ ਦੀ ਪ੍ਰਧਾਨਗੀ 'ਚ ਫੇਰਬਦਲ ਦੀਆਂ ਅਟਕਲਾਂ ਦੇ ਦਰਮਿਆਨ ਸਾਫ਼ ਕੀਤਾ ਹੈ ਕਿ ਪੰਜਾਬ ਕਾਂਗਰਸ ਦੀ ਲੀਡਰਸ਼ਿਪ 'ਚ ਕੋਈ ਬਦਲਾਅ ਨਹੀਂ ਹੋਵੇਗਾ। ਪੰਜਾਬ ਕਾਂਗਰਸ ਦੇ ਸੰਗਠਨ 'ਤੇ ਚਰਚਾ ਕਰਨ ਲਈ ਅੱਜ ਹਾਈ ਕਮਾਨ ਨੇ ਦੂਸਰੇ ਗੇੜ ਦੀ ਮੀਟਿੰਗ ਕੀਤੀ। ਦਿੱਲੀ ਵਿਖੇ ਹੋਈ ਮੀਟਿੰਗ 'ਚ ਕਾਂਗਰਸ ਪ੍ਰਧਾਨ ਮਲਿਕਾਰਜੁਨ ਖੜਗੇ ਤੋਂ ਇਲਾਵਾ ਕਾਂਗਰਸ ਦੇ ਸੀਨੀਅਰ ਆਗੂ ਰਾਹੁਲ ਗਾਂਧੀ, ਜਨਰਲ ਸਕੱਤਰ ਏ ਕੇ ਵੇਣੂਗੋਪਾਲ ਤੋਂ ਇਲਾਵਾ ਪੰਜਾਬ ਮਾਮਲਿਆਂ ਦੇ ਇੰਚਾਰਜ ਭੂਪੇਸ਼ ਬਘੇਲ ਵੀ ਹਾਜ਼ਰ ਸਨ।



ਬਘੇਲ ਨੇ ਮੀਟਿੰਗ ਮਗਰੋਂ ਕਿਹਾ ਕਿ ਪੰਜਾਬ ਕਾਂਗਰਸ ਦੀ ਲੀਡਰਸ਼ਿਪ 'ਚ ਕੋਈ ਬਦਲਾਅ ਨਹੀਂ ਹੋਵੇਗਾ ਅਤੇ ਇਸ ਬਾਰੇ ਪਹਿਲਾਂ ਪਾਰਟੀ ਜਨਰਲ ਸਕੱਤਰ ਵੇਣੂਗੋਪਾਲ ਵੀ ਸਪੱਸ਼ਟ ਕਰ (ਬਾਕੀ ਸਫ਼ਾ 2 'ਤੇ)

## ਅਗਲੇ 2-3 ਦਿਨਾਂ 'ਚ ਦਸਤਕ ਦੇਵੇਗਾ ਮਾਨਸੂਨ

ਨਵੀਂ ਦਿੱਲੀ, 2 ਜੂਨ (ਚ.ਨ.ਸ.): ਦੇਸ਼ ਦੇ ਮੌਸਮ ਦੇ ਮਿਜਾਜ਼ ਵਿੱਚ ਵੱਡਾ ਬਦਲਾਅ ਆਉਣ ਵਾਲਾ ਹੈ। ਮੌਸਮ ਵਿਭਾਗ ਨੇ ਭਵਿੱਖਬਾਣੀ ਕੀਤੀ ਹੈ ਕਿ ਦੱਖਣ-ਪੱਛਮੀ ਮੌਨਸੂਨ ਕਿਸੇ ਵੀ ਵੇਲੇ ਕੇਰਲ ਵਿੱਚ ਦਸਤਕ ਦੇ ਸਕਦਾ ਹੈ।

ਮੌਸਮ ਵਿਭਾਗ ਨੇ ਦਿੱਲੀ, ਉੱਤਰ ਪ੍ਰਦੇਸ਼, ਬਿਹਾਰ ਅਤੇ ਝਾਰਖੰਡ ਸਮੇਤ ਦੇਸ਼ ਦੇ 17 ਸੂਬਿਆਂ ਵਿੱਚ ਭਾਰੀ ਮੀਂਹ, ਗੜ੍ਹੇਮਾਰੀ ਅਤੇ 80 ਕਿਲੋਮੀਟਰ ਪ੍ਰਤੀ ਘੰਟੇ ਦੀ ਰਫ਼ਤਾਰ ਨਾਲ ਚੱਲਣ ਵਾਲੀ ਤੇਜ਼ ਹਨੇਰੀ ਦਾ ਅਲਰਟ ਜਾਰੀ ਕੀਤਾ ਹੈ।ਮੌਸਮ ਵਿਭਾਗ ਦੇ ਪੂਰਵ-ਅਨੁਮਾਨ ਮੁਤਾਬਕ, ਆਮ ਤੌਰ 'ਤੇ ਮੌਨਸੂਨ 1 ਜੂਨ ਦੇ ਆਸ-ਪਾਸ ਕੇਰਲ ਪਹੁੰਚਦਾ ਹੈ ਪਰ ਇਸ ਵਾਰ ਇਸ ਵਿੱਚ ਥੋੜ੍ਹੀ ਦੇਰੀ ਹੋਈ ਹੈ। ਅਗਲੇ 2-3 ਦਿਨਾਂ ਦੇ ਅੰਦਰ ਦੱਖਣ-ਪੱਛਮੀ ਮੌਨਸੂਨ ਦੇ ਕੇਰਲ ਵਿੱਚ ਦਾਖਲ ਹੋਣ ਲਈ ਹਾਲਾਤ ਪੂਰੀ ਤਰ੍ਹਾਂ ਅਨੁਕੂਲ ਹਨ। ਜਿਸ ਕਾਰਨ ਉੱਤਰ-ਪੂਰਬੀ ਅਤੇ (ਬਾਕੀ ਸਫ਼ਾ 2 'ਤੇ)

*ਸਰਹੱਦ ਵਿਵਾਦ 'ਤੇ ਨੇਪਾਲ ਨੂੰ ਭਾਰਤ ਦਾ ਕਰਾਰਾ ਜਵਾਬ !*

## 'ਦੁਵੱਲੇ ਮੁੱਦਿਆਂ 'ਚ ਤੀਜੀ ਧਿਰ ਦਾ ਦਖ਼ਲ ਸਹਿਣ ਨਹੀਂ'

**ਚੜ੍ਹਦੀਕਲਾ ਬਿਊਰੋ**

ਨਵੀਂ ਦਿੱਲੀ, 2 ਜੂਨ: ਭਾਰਤ ਨੇ ਨੇਪਾਲ ਦੇ ਪ੍ਰਧਾਨ ਮੰਤਰੀ ਬਾਲੇਨ ਸ਼ਾਹ ਵੱਲੋਂ ਸਰਹੱਦੀ ਵਿਵਾਦ ਨੂੰ ਸੁਲਝਾਉਣ ਲਈ ਚੀਨ ਅਤੇ ਯੂਕੇ ਦੀ ਵਿਚੋਲਗੀ ਬਾਰੇ ਦਿੱਤੇ ਬਿਆਨ 'ਤੇ ਸਖ਼ਤ ਪ੍ਰਤੀਕਿਰਿਆ ਦਿੱਤੀ ਹੈ। ਭਾਰਤ ਦੇ ਵਿਦੇਸ਼ ਮੰਤਰਾਲੇ ਨੇ ਸਪੱਸ਼ਟ ਕੀਤਾ ਹੈ ਕਿ ਦੋਵਾਂ ਦੇਸ਼ਾਂ ਦੇ ਸਰਹੱਦੀ ਮਾਮਲਿਆਂ ਵਿੱਚ ਕਿਸੇ ਵੀ 'ਤੀਜੇ ਪੱਖ' ਦੀ ਕੋਈ ਭੂਮਿਕਾ ਨਹੀਂ ਹੋਵੇਗੀ ਅਤੇ ਇਨ੍ਹਾਂ ਮੁੱਦਿਆਂ ਨੂੰ ਸਿਰਫ਼ ਦੁਵੱਲੀ ਗੱਲਬਾਤ ਰਾਹੀਂ ਹੀ ਸੁਲਝਾਇਆ ਜਾਵੇਗਾ।ਨੇਪਾਲ ਦੇ ਪ੍ਰਧਾਨ ਮੰਤਰੀ ਬਾਲੇਨ ਸ਼ਾਹ ਨੇ ਸੰਸਦ ਵਿੱਚ ਦਾਅਵਾ ਕੀਤਾ ਸੀ ਕਿ ਸਿਰਫ਼ ਭਾਰਤ ਨੇ ਹੀ ਨੇਪਾਲੀ ਇਲਾਕਿਆਂ 'ਤੇ ਕਬਜ਼ਾ ਨਹੀਂ ਕੀਤਾ, ਸਗੋਂ ਨੇਪਾਲ ਨੇ ਵੀ ਕੁਝ ਭਾਰਤੀ ਇਲਾਕਿਆਂ 'ਤੇ ਕਬਜ਼ਾ ਕਰ ਰੱਖਿਆ ਹੈ। ਉਨ੍ਹਾਂ ਨੇ ਇਨ੍ਹਾਂ ਵਿਵਾਦਾਂ ਦੇ ਹੱਲ ਲਈ ਚੀਨ ਅਤੇ ਯੂਕੇ ਨੂੰ ਵਿਚੋਲੇ ਵਜੋਂ



ਸ਼ਾਮਲ ਕਰਨ ਦੀ ਗੱਲ ਕਹੀ ਸੀ। ਹਾਲਾਂਕਿ, ਬਾਅਦ ਵਿੱਚ ਨੇਪਾਲ ਦੇ ਵਿਦੇਸ਼ ਮੰਤਰਾਲੇ ਨੇ ਸਫਾਈ ਦਿੰਦਿਆਂ ਕਿਹਾ ਕਿ ਪ੍ਰਧਾਨ ਮੰਤਰੀ ਦਾ ਇਸ਼ਾਰਾ ਅਸਲ ਵਿੱਚ 'ਨੋ ਮੈਨਜ਼ ਲੈਂਡ' (ਦਸਗਜਾ ਖੇਤਰ) ਵਿੱਚ ਹੋਏ ਕਬਜ਼ਿਆਂ ਵੱਲ ਸੀ।

**98% ਸਰਹੱਦ ਦਾ ਨਿਰਧਾਰਨ ਮੁਕੰਮਲ**

ਵਿਦੇਸ਼ ਮੰਤਰਾਲੇ ਦੇ ਬੁਲਾਰੇ ਰਣਧੀਰ ਜੈਸਵਾਲ ਨੇ ਦੱਸਿਆ ਕਿ ਭਾਰਤ-ਨੇਪਾਲ ਸਰਹੱਦ ਦਾ ਲਗਭਗ 98% ਹਿੱਸਾ ਨਿਰਧਾਰਿਤ ਕੀਤਾ ਜਾ ਚੁੱਕਾ ਹੈ। ਉਨ੍ਹਾਂ ਕਿਹਾ ਕਿ ਕੁਝ ਹਿੱਸਿਆਂ ਵਿੱਚ ਗੰਡਕ ਨਦੀ ਦੇ ਰਸਤਾ ਬਦਲਣ ਕਾਰਨ ਵਿਵਾਦ ਬਣੇ ਹੋਏ ਹਨ। ਇਸ ਤੋਂ ਇਲਾਵਾ, ਸਰਹੱਦ ਦੇ ਕੁਝ ਹਿੱਸਿਆਂ ਵਿੱਚ 'ਨੋ ਮੈਨਜ਼ ਲੈਂਡ' 'ਤੇ ਹੋਏ ਕਬਜ਼ੇ ਦੀ ਪਛਾਣ ਕਰਨ ਲਈ ਸਾਂਝੇ ਤੌਰ 'ਤੇ ਮੈਪਿੰਗ ਕੀਤੀ ਜਾ ਰਹੀ ਹੈ।

ਨੇਪਾਲ ਵੱਲੋਂ ਲਿਪੁਲੇਖ, ਲਿੰਪੀਆਧੁਰਾ ਅਤੇ ਕਾਲਾਪਾਣੀ ਵਰਗੇ ਮੁੱਦਿਆਂ 'ਤੇ ਭਾਰਤ ਨੂੰ ਇੱਕ ਕੂਟਨੀਤਕ ਨੋਟ ਵੀ ਭੇਜਿਆ ਗਿਆ ਸੀ। ਭਾਰਤ ਨੇ ਇਸ ਦਾ ਜਵਾਬ ਦਿੰਦਿਆਂ ਕਿਹਾ ਹੈ ਕਿ ਦੋਵੇਂ ਦੇਸ਼ ਇਤਿਹਾਸਕਾਰਾਂ, ਸਰਵੇਖਣ ਕਰਨ ਵਾਲਿਆਂ ਅਤੇ ਮਾਹਿਰਾਂ ਦੀ ਟੀਮ ਬਣਾ ਕੇ ਗੱਲਬਾਤ ਰਾਹੀਂ ਇਨ੍ਹਾਂ ਮਸਲਿਆਂ ਦਾ ਹੱਲ ਕੱਢਣਗੇ। ਭਾਰਤ ਨੇ ਮੁੜ ਦੁਹਰਾਇਆ ਹੈ ਕਿ ਉਹ ਨੇਪਾਲ ਨਾਲ ਆਪਣੇ ਸਬੰਧਾਂ ਨੂੰ ਮਜ਼ਬੂਤ ਰੱਖਣ ਅਤੇ ਸਰਹੱਦੀ ਮੁੱਦਿਆਂ ਨੂੰ ਕੂਟਨੀਤਕ ਤਰੀਕੇ ਨਾਲ ਸੁਲਝਾਉਣ ਲਈ ਵਚਨਬੱਧ ਹੈ।

## ਪੰਜਾਬ 'ਚ 4 ਨਗਰ ਕੌਂਸਲਾਂ ਲਈ ਮੁੜ ਵੋਟਿੰਗ 13 ਨੂੰ

**ਈ.ਵੀ.ਐਮ. ਰਾਹੀਂ ਵੋਟਾਂ ਪਾਉਣ ਦੀ ਮਿਲੀ ਮਨਜ਼ੂਰੀ**

ਚੰਡੀਗੜ੍ਹ, 2 ਜੂਨ (ਚ.ਨ.ਸ.):ਪੰਜਾਬ ਵਿਚ 4 ਨਗਰ ਕੌਂਸਲਾਂ ਲਈ 13 ਜੂਨ ਨੂੰ ਵੋਟਾਂ ਪੈਣਗੀਆਂ। ਗੁਰਦਾਸਪੁਰ, ਕਾਦੀਆਂ, ਸ਼ਾਮ ਚੌਰਾਸੀ ਤੇ ਦੀਨਾਨਗਰ 'ਚ ਮੁੜ ਤੋਂ ਵੋਟਿੰਗ ਹੋਵੇਗੀ । ਇਨ੍ਹਾਂ ਵੋਟਾਂ ਨੂੰ ਲੈ ਕੇ ਹੁਣ ਵੱਡੀ ਅਪਡੇਟ ਸਾਹਮਣੇ ਆਈ ਹੈ ਕਿ ਵੋਟਿੰਗ ਈਵੀਐਮ ਰਾਹੀਂ ਹੋਵੇਗੀ ਜਿਸ ਨੂੰ ਮਨਜ਼ੂਰੀ ਦੇ ਦਿੱਤੀ ਗਈ ਹੈ।

ਦੱਸ ਦੇਈਏ ਕਿ ਪਿਛਲੀਆਂ ਚੋਣਾਂ ਨੂੰ ਬੈਲੇਟ ਪੇਪਰਾਂ ਰਾਹੀਂ ਕਰਵਾਇਆ ਗਿਆ ਸੀ ਪਰ ਹੁਣ ਜਿਹੜੀਆਂ 4 ਨਗਰ ਕੌਂਸਲਾਂ ਲਈ ਵੋਟਾਂ ਪੈਣੀਆਂ ਹਨ, ਉਹ ਈਵੀਐਮ ਰਾਹੀਂ ਪੈਣਗੀਆਂ। ਈਵੀਐਮ ਦੀ ਬਜਾਏ ਬੈਲੇਟ ਪੇਪਰ ਰਾਹੀਂ ਚੋਣਾਂ ਕਰਵਾਉਣ ਦੇ ਫੈਸਲੇ ਖਿਲਾਫ਼ ਹਾਈਕੋਰਟ (ਬਾਕੀ ਸਫ਼ਾ 2 'ਤੇ)

*ਤਰਸ ਦੇ ਆਧਾਰ 'ਤੇ ਨਿਯੁਕਤੀ ਮਾਮਲੇ 'ਚ ਅਦਾਲਤ ਦਾ ਅਹਿਮ ਫ਼ੈਸਲਾ*

## ਵਿਆਹੁਤਾ ਧੀ ਨੂੰ 'ਪਰਿਵਾਰ' ਦੀ ਪਰਿਭਾਸ਼ਾ ਤੋਂ ਬਾਹਰ ਰੱਖਣਾ ਪੂਰੀ ਤਰ੍ਹਾਂ ਮਨਮਰਜ਼ੀ: ਸੁਪਰੀਮ ਕੋਰਟ

**ਚੜ੍ਹਦੀਕਲਾ ਬਿਊਰੋ**

ਨਵੀਂ ਦਿੱਲੀ, 2 ਜੂਨ: ਸੁਪਰੀਮ ਕੋਰਟ ਨੇ ਇੱਕ ਅਹਿਮ ਫੈਸਲੇ ਵਿੱਚ ਕਿਹਾ ਹੈ ਕਿ ਤਰਸ ਦੇ ਅਧਾਰ 'ਤੇ ਨਿਯੁਕਤੀ ਲਈ ਵਿਆਹੁਤਾ ਧੀਆਂ ਨੂੰ ਪਰਿਵਾਰ ਦੀ ਪਰਿਭਾਸ਼ਾ ਤੋਂ ਬਾਹਰ ਨਹੀਂ ਰੱਖਿਆ ਜਾ ਸਕਦਾ। ਅਦਾਲਤ ਨੇ ਉੱਤਰ ਪ੍ਰਦੇਸ਼ ਸਰਕਾਰ ਦੇ 2019 ਦੇ ਉਸ ਹੁਕਮ ਨੂੰ ਰੱਦ ਕਰ ਦਿੱਤਾ ਜਿਸ



ਵਿੱਚ ਵਿਆਹੁਤਾ ਧੀਆਂ ਨੂੰ ਇਸ ਹੱਕ ਤੋਂ ਵਾਂਝਾ ਰੱਖਿਆ ਗਿਆ ਸੀ।ਜਸਟਿਸ ਪੀ.ਐਸ. ਨਰਸਿਮ੍ਹਾ ਅਤੇ ਅਲੋਕ ਅਰਾਧੇ ਦੀ ਬੈਂਚ ਨੇ ਇਲਾਹਾਬਾਦ ਹਾਈ ਕੋਰਟ ਦੇ ਫੈਸਲੇ ਨੂੰ ਪਲਟਦਿਆਂ ਕਿਹਾ ਕਿ ਅਜਿਹੀ ਮਨਾਹੀ ਸੰਵਿਧਾਨਕ ਤੌਰ 'ਤੇ ਗਲਤ ਹੈ। ਅਦਾਲਤ ਨੇ ਸਪੱਸ਼ਟ ਕੀਤਾ, "ਨਿਰਭਰਤਾ, ਵਿੱਤੀ ਲੋੜ ਅਤੇ ਯੋਗਤਾ ਹੀ ਮੁੱਖ ਪੈਮਾਨੇ ਹਨ। ਵਿਆਹੁਤਾ ਸਥਿਤੀ ਦਾ ਇਹਨਾਂ ਵਿਚਾਰਾਂ ਨਾਲ ਕੋਈ ਤਰਕਸੰਗਤ ਸਬੰਧ ਨਹੀਂ ਹੈ।" ਬੈਂਚ ਨੇ ਲਿੰਗ-ਅਧਾਰਤ ਰੂੜ੍ਹੀਵਾਦੀ ਸੋਚ 'ਤੇ ਸਖ਼ਤ ਟਿੱਪਣੀ ਕਰਦਿਆਂ ਕਿਹਾ, "ਇਹ ਮੰਨ ਲੈਣਾ ਕਿ ਵਿਆਹ ਤੋਂ ਬਾਅਦ ਇੱਕ ਧੀ ਆਪਣੇ ਪੇਕੇ ਪਰਿਵਾਰ ਦੀ ਮੈਂਬਰ ਨਹੀਂ ਰਹਿੰਦੀ, ਸੰਵਿਧਾਨਕ ਤੌਰ 'ਤੇ ਅਸਵੀਕਾਰਨਯੋਗ ਹੈ। ਵਿਆਹ ਨਾ ਤਾਂ ਧੀ ਅਤੇ ਉਸਦੇ ਪਰਿਵਾਰ ਦੇ ਰਿਸ਼ਤੇ ਨੂੰ ਖਤਮ ਕਰਦਾ ਹੈ ਅਤੇ ਨਾ ਹੀ ਨਿਰਭਰਤਾ ਦੀ ਅਣਹੋਂਦ ਦਾ ਕੋਈ ਵੈਧ ਅਧਾਰ ਹੈ।"ਅਦਾਲਤ ਨੇ ਕਿਹਾ ਕਿ ਜਦੋਂ ਨਿਰਭਰ ਪੁੱਤਰਾਂ ਨੂੰ ਲਾਭ ਮਿਲ ਸਕਦਾ ਹੈ, ਤਾਂ ਸਿਰਫ਼ ਵਿਆਹੁਤਾ ਹੋਣ ਕਰਕੇ ਧੀਆਂ ਨਾਲ ਵਿਤਕਰਾ ਕਰਨਾ ਬਰਾਬਰੀ ਦੇ ਅਧਿਕਾਰ ਦੀ ਉਲੰਘਣਾ ਹੈ।

## ਮੇਟੇ ਫਰੈਡਰਿਕਸਨ ਨੇ ਤੀਜੀ ਵਾਰ ਡੈਨਮਾਰਕ ਦੀ ਪ੍ਰਧਾਨ ਮੰਤਰੀ ਬਣ ਕੇ ਰਚਿਆ ਇਤਿਹਾਸ

**ਚੜ੍ਹਦੀਕਲਾ ਬਿਊਰੋ**

ਕੋਪਨਹੇਗਨ, 2 ਜੂਨ:ਡੈਨਮਾਰਕ ਦੀ ਸਿਆਸਤ ਵਿੱਚ ਇੱਕ ਵੱਡਾ ਉਲਟਫੇਰ ਦੇਖਣ ਨੂੰ ਮਿਲਿਆ ਹੈ, ਜਿੱਥੇ ਲਗਭਗ 10 ਹਫ਼ਤਿਆਂ ਦੀਆਂ ਲੰਬੀਆਂ ਕੋਸ਼ਿਸ਼ਾਂ ਤੋਂ ਬਾਅਦ ਨਵੀਂ ਸਰਕਾਰ ਦਾ ਗਠਨ ਹੋ ਗਿਆ ਹੈ। ਸੋਸ਼ਲ ਡੈਮੋਕਰੇਟ ਨੇਤਾ ਮੇਟੇ ਫਰੈਡਰਿਕਸਨ ਨੇ ਤੀਜੀ ਵਾਰ ਡੈਨਮਾਰਕ ਦੀ ਪ੍ਰਧਾਨ ਮੰਤਰੀ ਵਜੋਂ ਆਪਣਾ ਅਹੁਦਾ ਸੁਰੱਖਿਅਤ ਕਰ ਲਿਆ ਹੈ। ਫਰੈਡਰਿਕਸਨ ਹੁਣ ਚਾਰ ਵੱਖ-ਵੱਖ ਵਿਚਾਰਧਾਰਾਵਾਂ ਵਾਲੀਆਂ ਪਾਰਟੀਆਂ ਦੇ ਗਠਜੋੜ ਵਾਲੀ ਇੱਕ ਨਵੀਂ ਮੱਧ-ਖੱਬੇਪੱਖੀ ਸਰਕਾਰ ਦੀ ਅਗਵਾਈ ਕਰਨ ਜਾ ਰਹੀ ਹੈ।ਸੋਮਵਾਰ ਦੇਰ ਰਾਤ ਇੱਕ ਅਹਿਮ ਘਟਨਾਕ੍ਰਮ ਵਿੱਚ ਫਰੈਡਰਿਕਸਨ ਨੇ ਰਾਜਾ ਫਰੈਡਰਿਕ 'ਐਕਸ' ਨਾਲ ਮੁਲਾਕਾਤ ਕੀਤੀ ਅਤੇ ਉਨ੍ਹਾਂ ਨੂੰ ਆਪਣੇ ਨਵੇਂ ਗਠਜੋੜ ਬਾਰੇ ਜਾਣਕਾਰੀ ਦਿੱਤੀ। ਇਸ ਨਵੀਂ ਸਰਕਾਰ ਵਿੱਚ ਫਰੈਡਰਿਕਸਨ ਦੀ ਆਪਣੀ ਪਾਰਟੀ 'ਸੋਸ਼ਲ ਡੈਮੋਕਰੇਟਸ' ਤੋਂ ਇਲਾਵਾ 'ਸੋਸ਼ਲਿਸਟ ਪੀਪਲਜ਼ ਪਾਰਟੀ', ਸੱਜੇ-ਪੱਖੀ 'ਲਿਬਰਲ ਵੈਨਟਰੇ ਪਾਰਟੀ' ਅਤੇ ਮੱਧਮਾਰਗੀ 'ਮਾਡਰੇਟਸ' ਸ਼ਾਮਲ ਹਨ। ਡੈਨਿਸ਼ ਰਾਇਲ ਹਾਊਸ ਵੱਲੋਂ ਜਾਰੀ ਬਿਆਨ ਅਨੁਸਾਰ ਰਾਜਾ ਨੇ ਕਾਰਜਕਾਰੀ ਪ੍ਰਧਾਨ ਮੰਤਰੀ ਮੇਟੇ ਫਰੈਡਰਿਕਸਨ ਨੂੰ ਰਸਮੀ ਤੌਰ 'ਤੇ ਸਰਕਾਰ ਬਣਾਉਣ ਲਈ ਸੱਦਾ ਦਿੱਤਾ ਹੈ।ਪ੍ਰਾਪਤ ਜਾਣਕਾਰੀ ਅਨੁਸਾਰ ਫਰੈਡਰਿਕਸਨ (ਬਾਕੀ ਸਫ਼ਾ 2 'ਤੇ)



## ਕੀ ਪੰਜਾਬ 'ਚ ਵੀ ਕਿਸੇ ਘਰੇਲੂ ਕਾਮਕਾਜੀ ਔਰਤ ਦਾ ਮੰਤਰੀ ਬਣਨਾ ਸੰਭਵ ਹੈ ?

**ਪੱਛਮੀ ਬੰਗਾਲ ਦੀ ਘਰੇਲੂ ਸਫ਼ਾਈ ਕੰਮ ਕਰਨ ਵਾਲੀ ਕਲਿਤਾ ਮਾਝੀ ਜੋ ਮੰਤਰੀ ਹੈ ਦੀ ਕਹਾਣੀ ਭਾਰਤੀ ਲੋਕਤੰਤਰ ਦੀਆਂ ਉਹਨਾਂ ਖ਼ੂਬਸੂਰਤ ਮਿਸਾਲਾਂ 'ਚੋਂ ਇੱਕ ਹੈ**

**ਪ੍ਰੋ. ਡਾ. ਕ੍ਰਿਸ਼ਨ ਕੁਮਾਰ ਰੱਤੂ**
**ਉੱਘੇ ਲੇਖਕ ਤੇ ਮੀਡੀਆ ਵਿਸ਼ਲੇਸ਼ਕ**

ਅੱਜ ਪੱਛਮੀ ਬੰਗਾਲ ਦੀ ਕਲਿਤਾ ਮਾਝੀ ਦੀ ਕਹਾਣੀ ਭਾਰਤੀ ਲੋਕਤੰਤਰ ਦੀਆਂ ਉਹਨਾਂ ਖ਼ੂਬਸੂਰਤ ਮਿਸਾਲਾਂ ਵਿੱਚੋਂ ਇੱਕ ਹੈ ਜੋ ਇਹ ਸਾਬਤ ਕਰਦੀਆਂ ਹਨ ਕਿ ਸੰਵਿਧਾਨ ਅਤੇ ਲੋਕਤੰਤਰ ਦੀ ਅਸਲ ਤਾਕਤ ਆਮ ਆਦਮੀ ਨੂੰ ਅਸਧਾਰਨ ਉਚਾਈਆਂ ਤੱਕ ਲੈ ਜਾਣ ਵਿੱਚ ਹੈ।



ਕਦੇ ਦੂਜਿਆਂ ਦੇ ਘਰਾਂ ਵਿੱਚ ਬਰਤਨ ਮਾਂਜਣ ਅਤੇ ਘਰੇਲੂ ਕੰਮ ਕਰਕੇ ਮਹੀਨੇ ਦੇ ਢਾਈ ਹਜ਼ਾਰ ਰੁਪਏ ਕਮਾਉਣ ਵਾਲੀ ਕਲਿਤਾ ਮਾਝੀ ਅੱਜ ਵਿਧਾਇਕ ਹੀ ਨਹੀਂ, ਸਗੋਂ ਪੱਛਮੀ ਬੰਗਾਲ ਸਰਕਾਰ ਵਿੱਚ ਮੰਤਰੀ ਵੀ ਬਣ ਗਈ ਹੈ। ਉਸ ਦੀ ਇਹ ਯਾਤਰਾ ਬੂਥ ਵਰਕਰ ਤੋਂ ਵਿਧਾਇਕ ਅਤੇ ਫਿਰ ਮੰਤਰੀ ਤੱਕ ਪਹੁੰਚਣ ਦੀ ਹੈ, ਜੋ ਲੋਕਤੰਤਰ ਦੀ ਸਮਾਜਿਕ ਗਤੀਸ਼ੀਲਤਾ ਦਾ ਪ੍ਰਤੀਕ ਬਣ ਗਈ ਹੈ।

ਜੇ ਲੋਕਤੰਤਰ ਸੱਚਮੁੱਚ ਲੋਕਾਂ ਦਾ, ਲੋਕਾਂ ਦੁਆਰਾ ਅਤੇ ਲੋਕਾਂ ਲਈ ਹੈ, ਤਾਂ ਫਿਰ ਪੰਜਾਬ ਵਿੱਚ ਵੀ ਕਿਸੇ ਘਰੇਲੂ ਕਾਮਕਾਜੀ ਔਰਤ ਦਾ ਵਿਧਾਇਕ ਅਤੇ ਮੰਤਰੀ ਬਣਨਾ ਕੇਵਲ ਸੰਭਵ ਹੀ ਨਹੀਂ, ਸਗੋਂ ਲੋਕਤੰਤਰ ਦੀ ਸਭ ਤੋਂ ਵੱਡੀ ਜਿੱਤ ਹੋਵੇਗੀ। ਕਲਿਤਾ ਮਾਝੀ ਦੀ ਕਹਾਣੀ ਇਸੇ ਸੰਭਾਵਨਾ ਦੀ ਦਸਤਕ ਹੈ—ਅਤੇ ਪੰਜਾਬ ਨੂੰ ਇਹ ਦਸਤਕ ਜ਼ਰੂਰ ਸੁਣਨੀ ਚਾਹੀਦੀ ਹੈ।

ਇਹ ਘਟਨਾ ਕੇਵਲ ਇੱਕ ਵਿਅਕਤੀ ਦੀ ਸਫਲਤਾ ਨਹੀਂ, ਸਗੋਂ ਇੱਕ ਸਵਾਲ ਵੀ ਹੈ—ਕੀ ਪੰਜਾਬ ਵਿੱਚ ਵੀ ਕਿਸੇ ਘਰੇਲੂ ਕਾਮਕਾਜੀ ਔਰਤ, ਖੇਤ ਮਜ਼ਦੂਰ, ਸਫਾਈ ਕਰਮਚਾਰੀ ਜਾਂ ਫੈਕਟਰੀ ਮਜ਼ਦੂਰ ਲਈ ਅਜਿਹੀ ਉਡਾਣ ਸੰਭਵ ਹੈ ?

ਭਾਰਤ ਦੇ ਸੰਵਿਧਾਨ ਨੇ ਹਰ ਨਾਗਰਿਕ ਨੂੰ ਬਰਾਬਰ ਦੇ ਮੌਕੇ ਦਿੱਤੇ ਹਨ। ਸਿਧਾਂਤਕ ਤੌਰ 'ਤੇ ਪੰਜਾਬ ਵਿੱਚ ਵੀ ਕੋਈ ਘਰੇਲੂ ਮਜ਼ਦੂਰ ਵਿਧਾਇਕ ਜਾਂ ਮੰਤਰੀ ਬਣ ਸਕਦਾ ਹੈ। ਪਰ ਹਕੀਕਤ ਵਿੱਚ ਪੰਜਾਬ ਦੀ ਰਾਜਨੀਤੀ ਅਜੇ ਵੀ ਪੈਸੇ, ਪਰਿਵਾਰਵਾਦ, ਜਾਤੀ ਸਮੀਕਰਨਾਂ ਅਤੇ (ਬਾਕੀ ਸਫ਼ਾ 2 'ਤੇ)

*ਮਮਤਾ ਨੇ ਕੋਲਕਾਤਾ 'ਚ ਦਿੱਤਾ ਧਰਨਾ*

## 'ਜਦੋਂ ਤੱਕ ਭਾਜਪਾ ਨੂੰ ਹਟਾਵਾਂਗੀ ਨਹੀਂ, ਉਦੋਂ ਤੱਕ ਨਹੀਂ ਮਰਾਂਗੀ'

**ਚੜ੍ਹਦੀਕਲਾ ਬਿਊਰੋ**

ਕੋਲਕਾਤਾ,2 ਜੂਨ :ਪੱਛਮੀ ਬੰਗਾਲ ਦੀਆਂ ਵਿਧਾਨ ਸਭਾ ਚੋਣਾਂ ਵਿੱਚ ਹਾਰ ਤੋਂ ਬਾਅਦ ਸਾਬਕਾ ਮੁੱਖ ਮੰਤਰੀ ਮਮਤਾ ਬੈਨਰਜੀ ਇੱਕ ਵਾਰ ਫਿਰ ਆਪਣੇ ਪੁਰਾਣੇ ਤੇਵਰਾਂ ਵਿੱਚ ਨਜ਼ਰ ਆ ਰਹੀ ਹੈ। ਮੰਗਲਵਾਰ ਨੂੰ ਕੋਲਕਾਤਾ ਦੇ ਰਾਣੀ ਰਾਸਮਣੀ ਐਵੇਨਿਊ ਸਥਿਤ 'ਵਾਈ ਚੈਨਲ' 'ਤੇ ਧਰਨੇ 'ਤੇ ਬੈਠੀ ਮਮਤਾ ਬੈਨਰਜੀ ਨੇ ਭਾਜਪਾ 'ਤੇ ਤਿੱਖਾ ਹਮਲਾ ਕਰਦਿਆਂ ਹੁੰਕਾਰ ਭਰੀ ਕਿ ਉਹ ਉਦੋਂ ਤੱਕ ਚੈਨ ਨਾਲ ਨਹੀਂ ਬੈਠੇਗੀ ਜਦੋਂ ਤੱਕ ਭਾਜਪਾ ਨੂੰ ਸੱਤਾ ਤੋਂ ਹਟਾ ਨਹੀਂ ਦਿੰਦੀ।



'ਲੜਾਂਗੇ ਜਾਂ ਮਰਾਂਗੇ' ਦਾ ਦਿੱਤਾ ਨਾਅਰਾ: ਧਰਨੇ ਦੌਰਾਨ ਜਨਤਕ ਸਭਾ ਨੂੰ ਸੰਬੋਧਨ ਕਰਦਿਆਂ ਮਮਤਾ ਬੈਨਰਜੀ ਨੇ ਕਿਹਾ, 'ਮੈਂ ਤਦ ਤੱਕ ਨਹੀਂ ਮਰਾਂਗੀ, ਜਦੋਂ ਤੱਕ ਤੁਹਾਨੂੰ (ਭਾਜਪਾ) ਹਟਾਵਾਂਗੀ ਨਹੀਂ'।

ਉਨ੍ਹਾਂ ਅੱਗੇ ਕਿਹਾ ਕਿ ਪੱਛਮੀ ਬੰਗਾਲ ਵਿੱਚ ਹੁਣ ਸਥਿਤੀ ਅਜਿਹੀ ਹੈ ਕਿ 'ਜਾਂ ਤਾਂ ਅਸੀਂ ਲੜਾਂਗੇ ਜਾਂ ਮਰਾਂਗੇ'। ਉਨ੍ਹਾਂ ਇਹ (ਬਾਕੀ ਸਫ਼ਾ 2 'ਤੇ)

# ਪੰਜਾਬ 'ਚ ਐਸ.ਆਈ.ਆਰ. ਅਧੀਨ ਘਰੋ-ਘਰੀ ਗਣਨਾ 25 ਜੂਨ, 2026 ਤੋਂ ਹੋਵੇਗੀ ਸ਼ੁਰੂ

ਚੰਡੀਗੜ੍ਹ, 2 ਜੂਨ (ਚ.ਨ.ਸ.): ਪੰਜਾਬ ਰਾਜ ਵਿੱਚ ਭਾਰਤੀ ਚੋਣ ਕਮਿਸ਼ਨ ਵੱਲੋਂ ਕਰਵਾਏ ਜਾ ਰਹੀ ਸਪੈਸ਼ਲ ਇੰਟੈਂਸਿਵ ਰਿਵੀਜ਼ਨ (ਐਸ.ਆਈ.ਆਰ.) ਅਧੀਨ ਅੱਜ ਮੁੱਖ ਚੋਣ ਅਫ਼ਸਰ ਪੰਜਾਬ ਸ੍ਰੀਮਤੀ ਅਨਿੰਦਿਤਾ ਮਿਤਰਾ ਵੱਲੋਂ ਪੰਜਾਬ ਰਾਜ ਦੀਆਂ ਮਾਨਤਾ ਪ੍ਰਾਪਤ ਰਾਜਨੀਤਿਕ ਪਾਰਟੀਆਂ ਦੇ ਨੁਮਾਇੰਦਿਆਂ ਨਾਲ ਮੀਟਿੰਗ ਕੀਤੀ ਗਈ। ਮੀਟਿੰਗ ਦੌਰਾਨ ਉਹਨਾਂ ਨੇ ਪੰਜਾਬ ਰਾਜ ਦੀਆਂ ਮਾਨਤਾ ਪ੍ਰਾਪਤ ਰਾਜਨੀਤਿਕ ਪਾਰਟੀਆਂ ਦੇ ਨੁਮਾਇੰਦਿਆਂ ਨੂੰ ਪ੍ਰੀਮੈਪਿੰਗ ਦੌਰਾਨ ਜਿਨ੍ਹਾਂ ਵੋਟਰਾਂ ਦੇ ਰਿਕਾਰਡ ਦਾ ਮਿਲਾਨ ਨਹੀਂ ਹੋਇਆ ਹੈ, ਉਸ ਸਬੰਧੀ ਸੂਚੀ ਸੌਂਪੀ। ਉਹਨਾਂ ਵੱਲੋਂ ਨੁਮਾਇੰਦਿਆਂ ਨੂੰ ਦੱਸਿਆ ਗਿਆ ਕਿ ਅੱਜ ਜੋ ਸੂਚੀ ਸੌਂਪੀ ਗਈ ਹੈ, ਉਹ 27 ਮਈ 2026 ਤੱਕ ਪ੍ਰੀਮੈਪਿੰਗ ਦੌਰਾਨ ਮੈਪ ਨਾ ਹੋਏ ਵੋਟਰਾਂ ਸਬੰਧੀ ਹੈ ਅਤੇ ਜਿਨ੍ਹਾਂ ਵਿੱਚੋਂ ਕੁਝ ਵੋਟਰਾਂ ਦੀ ਮੈਪਿੰਗ ਹੋਈ ਹੋਣ ਦੀ ਵੀ ਸੰਭਾਵਨਾ ਹੈ।



ਸ੍ਰੀਮਤੀ ਮਿਤਰਾ ਵੱਲੋਂ ਐਸ.ਆਈ.ਆਰ. ਨੂੰ ਸਫ਼ਲਤਾਪੂਰਵਕ ਨੇਪਰੇ ਚਾੜ੍ਹਨ ਲਈ ਰਾਜਨੀਤਿਕ ਪਾਰਟੀਆਂ ਨੂੰ ਸਰਗਰਮੀ ਨਾਲ ਭਾਗ ਲੈਣ ਦੀ ਅਪੀਲ ਕੀਤੀ ਗਈ। ਉਹਨਾਂ ਕਿਹਾ ਕਿ ਘਰੋ-ਘਰੀ ਗਣਨਾ ਸ਼ੁਰੂ ਹੋਣ ਤੋਂ ਪਹਿਲਾਂ ਵੱਧ ਤੋਂ ਵੱਧ ਵੋਟਰਾਂ ਤੱਕ ਪਹੁੰਚ ਕਰਨ ਦੀ ਸੰਭਵ ਕੋਸ਼ਿਸ਼ ਕੀਤੀ ਜਾ ਰਹੀ ਹੈ।

ਐਸ.ਆਈ.ਆਰ. ਦੀ ਪ੍ਰਕਿਰਿਆ ਸਬੰਧੀ ਚਿੰਤਾਵਾਂ ਨੂੰ ਦੂਰ ਕਰਦਿਆਂ ਸੀਈਓ ਨੇ ਦੱਸਿਆ ਕਿ ਜੇਕਰ ਕੋਈ ਵੋਟਰ ਪ੍ਰੀ-ਐਸਆਈਆਰ ਮੁਹਿੰਮ ਦੌਰਾਨ ਮੈਪਿੰਗ ਤੋਂ ਰਹਿ ਜਾਂਦਾ ਹੈ ਤਾਂ ਵੀ ਵੋਟਰ ਨੂੰ ਚਿੰਤਾ ਕਰਨ ਦੀ ਕੋਈ ਲੋੜ ਨਹੀਂ ਹੈ। ਉਸ ਸਥਿਤੀ ਵਿੱਚ, ਚੋਣ ਅਧਿਕਾਰੀ ਵੋਟਰ ਦੇ ਵੇਰਵਿਆਂ ਦੀ ਪੁਸ਼ਟੀ ਕਰਨ ਲਈ ਕੁਝ ਦਸਤਾਵੇਜ਼ਾਂ ਦੀ ਮੰਗ ਕੀਤੀ ਜਾਵੇਗੀ।

ਸ੍ਰੀਮਤੀ ਅਨਿੰਦਿਤਾ ਮਿਤਰਾ ਨੇ ਦੱਸਿਆ ਕਿ ਪ੍ਰੀ-ਮੈਪਿੰਗ ਦੀ ਪ੍ਰਕਿਰਿਆ ਵਿੱਚ ਹੋਰ ਤੇਜ਼ੀ ਲਿਆਉਣ ਦੇ ਮਕਸਦ ਨਾਲ 7 ਜੂਨ 2026 ਨੂੰ ਪੰਜਾਬ ਰਾਜ ਦੇ ਸਾਰੇ ਪੋਲਿੰਗ ਸਟੇਸ਼ਨਾ ਉੱਤੇ ਵਿਸ਼ੇਸ਼ ਕੈਂਪ ਲਗਾਏ ਜਾ ਰਹੇ ਹਨ, ਜਿੱਥੇ ਸਵੇਰੇ 10 ਵਜੇ ਤੋਂ ਸ਼ਾਮ 4 ਵਜੇ ਤੱਕ ਬੀ.ਐਲ.ਓਜ਼. ਵੱਲੋਂ ਪ੍ਰੀ-ਮੈਪਿੰਗ ਦੇ ਕਾਰਜ ਵਿੱਚ ਵੋਟਰਾਂ ਦੀ ਸਹਾਇਤਾ ਕੀਤੀ ਜਾਵੇਗੀ।

ਉਹਨਾਂ ਨੁਮਾਇੰਦਿਆਂ ਨੂੰ ਇਹ ਵੀ ਅਪੀਲ ਕੀਤੀ ਕਿ ਉਹ ਬੀ.ਐਲ.ਏ.-2 ਦੀ ਨਿਯੁਕਤੀ ਦੇ ਕਾਰਜ ਵਿੱਚ ਤੇਜੀ ਲਿਆਉਣ, ਕਿਉਂਕਿ ਐਸ.ਆਈ.ਆਰ. ਦੌਰਾਨ ਬੀ.ਐਲ.ਏ.-2 ਦੀ ਭੂਮਿਕਾ ਬਹੁਤ ਅਹਿਮ ਹੈ, ਇਸ ਲਈ ਸਮੁੱਚੀਆਂ ਮਾਨਤਾ ਪ੍ਰਾਪਤ ਰਾਜਨੀਤਿਕ ਪਾਰਟੀਆਂ ਇਹ ਨਿਯੁਕਤੀਆਂ ਜਲਦ ਤੋਂ ਜਲਦ ਕਰਨ। ਮੁੱਖ ਚੋਣ ਅਫ਼ਸਰ ਨੇ ਰਾਜਨੀਤਿਕ ਪਾਰਟੀਆਂ ਦੇ ਨੁਮਾਇੰਦਿਆਂ ਨੂੰ ਚੋਣ ਕਮਿਸ਼ਨ ਦੀ ਵੈੱਬਸਾਈਟ https://voters.eci.gov.in/ ਉੱਤੇ ਜਾ ਕੇ ਵੋਟ ਮੈਪ ਕਰਨ ਦੀ ਵਿਧੀ ਤੋਂ ਵੀ ਜਾਣੂ ਕਰਵਾਇਆ। ਇਸ ਮੌਕੇ ਜਾਣਕਾਰੀ ਦਿੰਦਿਆਂ ਮੁੱਖ ਚੋਣ ਅਫ਼ਸਰ ਪੰਜਾਬ ਸ੍ਰੀਮਤੀ ਅਨਿੰਦਿਤਾ ਮਿਤਰਾ ਨੇ ਦੱਸਿਆ ਕਿ ਭਾਰਤੀ ਚੋਣ ਕਮਿਸ਼ਨ ਵੱਲੋਂ ਪੰਜਾਬ ਰਾਜ ਵਿੱਚ ਵੋਟਰ ਸੂਚੀਆਂ ਦੀ ਸਪੈਸ਼ਲ ਇੰਟੈਂਸਿਵ ਰਿਵੀਜ਼ਨ ਲਈ ਪਹਿਲਾਂ ਐਲਾਨੇ ਗਏ ਪ੍ਰੋਗਰਾਮ ਵਿੱਚ ਅੰਸ਼ਿਕ ਸੋਧ ਕੀਤੀ ਗਈ ਹੈ। ਉਹਨਾਂ ਦੱਸਿਆ ਕਿ ਵੋਟਰ ਸੂਚੀਆਂ ਦਾ ਖਰੜਾ 3 ਅਗਸਤ 2026 ਨੂੰ ਪ੍ਰਕਾਸ਼ਿਤ ਕੀਤਾ ਜਾਵੇਗਾ। ਇਸੇ ਤਰ੍ਹਾਂ ਵੋਟਰ ਸੂਚੀਆਂ ਸਬੰਧੀ ਇਤਰਾਜ਼ ਅਤੇ ਦਾਅਵੇ ਪੇਸ਼ ਕਰਨ ਦਾ ਸਮਾਂ 03-08-2026 ਤੋਂ 02-09- 2026 ਕਰ ਦਿੱਤਾ ਗਿਆ ਹੈ । ਨੋਟਿਸ ਫੇਜ/ਇਤਰਾਜ਼ ਅਤੇ ਦਾਅਵਿਆਂ ਦਾ ਨਿਪਟਾਰਾ 03-08-2026 ਤੋਂ 28-09- 2026 ਤੱਕ ਕੀਤਾ ਜਾਵੇਗਾ। ਮੁੱਖ ਚੋਣ ਅਫ਼ਸਰ ਨੇ ਦੱਸਿਆ ਕਮਿਸ਼ਨ ਵੱਲੋਂ ਬਾਕੀ ਸਮਾਂ ਸਾਰਣੀ 14 ਮਈ 2026 ਵਾਲੀ ਹੀ ਰੱਖੀ ਗਈ ਹੈ।

# ਸਰਕਾਰੀ ਸਕੂਲਾਂ ਦੇ 59 ਵਿਦਿਆਰਥੀਆਂ ਨੇ ਜੇ.ਈ.ਈ. ਐਡਵਾਂਸ ਪ੍ਰੀਖਿਆ ਕੀਤੀ ਪਾਸ; ਆਈ.ਆਈ.ਟੀ. ਕੁਆਲੀਫਾਇਰਾਂ 'ਚ 34 ਫ਼ੀਸਦੀ ਵਾਧਾ ਦਰਜ

## 11 ਜੇਈਈ ਕੁਆਲੀਫਾਇਰਾਂ ਨਾਲ ਪਟਿਆਲਾ ਜ਼ਿਲ੍ਹਾ ਸੂਬੇ 'ਚੋਂ ਰਿਹਾ ਮੋਹਰੀ: ਬੈਂਸ

ਚੰਡੀਗੜ੍ਹ, 2 ਜੂਨ (ਚ.ਨ.ਸ.): ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਦੱਸਿਆ ਕਿ "ਪੰਜਾਬ ਸਿੱਖਿਆ ਕ੍ਰਾਂਤੀ"ਪਹਿਲਕਦਮੀ ਦੀ ਕਾਮਯਾਬੀ ਦੀ ਪ੍ਰਤੱਖ ਤਸਵੀਰ ਪੇਸ਼ ਕਰਦਿਆਂ ਸੂਬੇ ਦੇ ਸਰਕਾਰੀ ਸਕੂਲਾਂ ਦੇ 59 ਵਿਦਿਆਰਥੀਆਂ ਨੇ ਭਾਰਤ ਦੀ ਸਭ ਤੋਂ ਔਖੀ ਇੰਜੀਨੀਅਰਿੰਗ ਪ੍ਰਵੇਸ਼ ਪ੍ਰੀਖਿਆ, ਜੇ.ਈ.ਈ. ਐਡਵਾਂਸਡ 2026, ਪਾਸ ਕੀਤੀ ਹੈ। ਉਹਨਾਂ ਦੱਸਿਆ ਕਿ ਸਾਲ 2025 ਵਿੱਚ 44 ਕੁਆਲੀਫਾਈਰਾਂ ਦੇ ਮੁਕਾਬਲੇ ਇਸ ਵਾਰ 34 ਫੀਸਦ ਵਾਧਾ ਦਰਜ ਕੀਤਾ ਗਿਆ ਹੈ ।

ਇਸ ਪ੍ਰਾਪਤੀ 'ਤੇ ਮਾਣ ਕਰਦਿਆਂ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ 59 ਸਫਲ ਵਿਦਿਆਰਥੀਆਂ, ਉਨ੍ਹਾਂ ਦੇ ਮਾਪਿਆਂ ਅਤੇ ਅਧਿਆਪਕਾਂ ਨੂੰ ਵਧਾਈ ਦਿੱਤੀ, ਜਿਨ੍ਹਾਂ ਦੀ ਮਿਹਨਤ ਅਤੇ ਸਿਰੜ ਸਦਕਾ ਇਹ ਪ੍ਰਾਪਤੀ ਮਿਲੀ ਹੈ। ਜ਼ਿਲ੍ਹਾਵਾਰ ਅੰਕੜੇ ਸਾਂਝੇ ਕਰਦਿਆਂ ਸਿੱਖਿਆ ਮੰਤਰੀ ਨੇ ਦੱਸਿਆ ਕਿ ਪਟਿਆਲਾ ਜ਼ਿਲ੍ਹਾ 11 ਕੁਆਲੀਫਾਈਰਾਂ ਨਾਲ ਸਭ ਤੋਂ ਮੋਹਰੀ ਵਜੋਂ ਉਭਰਿਆ, ਜਿਸ ਤੋਂ ਬਾਅਦ 7 ਵਿਦਿਆਰਥੀਆਂ ਨਾਲ ਸੰਗਰੂਰ ਦੂਜੇ ਸਥਾਨ 'ਤੇ ਰਿਹਾ ਜਦਕਿ ਲੁਧਿਆਣਾ, ਫਿਰੋਜ਼ਪੁਰ ਅਤੇ ਐਸਏਐਸ ਨਗਰ ਤੋਂ ਛੇ-ਛੇ ਵਿਦਿਆਰਥੀਆਂ ਦੀ ਚੋਣ ਹੋਈ। ਉਹਨਾਂ ਦੱਸਿਆ ਕਿ ਫਤਿਹਗੜ੍ਹ ਸਾਹਿਬ ਤੋਂ 5 ਵਿਦਿਆਰਥੀ ਕੁਆਲੀਫਾਈ ਹੋਏ ਜਦਕਿ ਅੰਮ੍ਰਿਤਸਰ ਅਤੇ ਜਲੰਧਰ ਦੇ 4-4 ਵਿਦਿਆਰਥੀਆਂ ਨੇ ਪ੍ਰੀਖਿਆ ਪਾਸ ਕੀਤੀ। ਇਸੇ ਤਰ੍ਹਾਂ ਬਠਿੰਡਾ ਅਤੇ ਗੁਰਦਾਸਪੁਰ ਦੇ 3-3 ਵਿਦਿਆਰਥੀ, ਫਾਜ਼ਿਲਕਾ ਤੋਂ 2 ਅਤੇ ਰੂਪਨਗਰ ਤੇ ਹੁਸ਼ਿਆਰਪੁਰ ਤੋਂ ਇੱਕ-ਇੱਕ ਵਿਦਿਆਰਥੀ ਦੀ ਚੋਣ ਹੋਈ।

ਇਸ ਪ੍ਰਾਪਤੀ ਨੂੰ ਸਰਕਾਰੀ ਸਕੂਲ ਸਿੱਖਿਆ ਦੇ ਖੇਤਰ 'ਚ ਵੱਡਾ ਮੀਲ ਪੱਥਰ ਦੱਸਦਿਆਂ ਹਰਜੋਤ ਬੈਂਸ ਨੇ ਕਿਹਾ, "ਇਹ ਕੋਈ ਅਚਨਚੇਤ ਲੱਗਿਆ ਤੁੱਕਾ ਨਹੀਂ ਸਗੋਂ ਅਸੀਂ ਇੱਕ ਸਾਲ ਵਿੱਚ 44 ਤੋਂ 59 ਤੱਕ ਦੇ ਅੰਕੜੇ ਤੱਕ ਪਹੁੰਚ ਹੈ। ਉਹਨਾਂ ਕਿਹਾ ਕਿ ਇੱਕ ਪਿੰਡ ਦਾ ਬੱਚਾ ਜਿਸ ਵਿੱਚ ਹਿੰਮਤ ਹੈ, ਹੁਣ ਮੁਸ਼ਕਲਾਂ ਨੂੰ ਹਰਾ ਸਕਦਾ ਹੈ ਅਤੇ ਕੋਚਿੰਗ 'ਤੇ ਲੱਖਾਂ ਰੁਪਏ ਖ਼ਰਚੇ ਬਿਨਾਂ ਭਾਰਤ ਦੀ ਸਭ ਤੋਂ ਔਖੀ ਪ੍ਰੀਖਿਆ ਪਾਸ ਕਰ ਸਕਦਾ ਹੈ। ਪੰਜਾਬ ਸਿੱਖਿਆ ਕ੍ਰਾਂਤੀ ਦੀ ਜ਼ਮੀਨੀ ਪੱਧਰ 'ਤੇ ਇਹੋ ਸੱਚਾਈ ਹੈ, ਜੋ ਹੁਣ ਪ੍ਰਤੱਖ ਹੁੰਦੀ ਜਾ ਰਹੀ ਹੈ। ਸਾਡੇ ਵਿਦਿਆਰਥੀ ਸਰਕਾਰੀ ਸਕੂਲਾਂ ਵਿੱਚ ਪੜ੍ਹਕੇ ਜੇ.ਈ.ਈ. ਐਡਵਾਂਸਡ ਪਾਸ ਕਰ ਰਹੇ ਹਨ, ਏ.ਸੀ. ਕੋਚਿੰਗ ਸੈਂਟਰਾਂ ਤੋਂ ਕੋਚਿੰਗ ਲੈ ਕੇ ਨਹੀਂ। ਇਹੀ ਅਸਲ ਕ੍ਰਾਂਤੀ ਹੈ।

ਸ. ਬੈਂਸ ਨੇ ਕਿਹਾ, "ਇਹ ਨਤੀਜਾ ਇਹ ਭੁਲੇਖੇ ਵੀ ਦੂਰ ਕਰਦਾ ਹੈ ਕਿ ਆਈ.ਆਈ.ਟੀ. ਵਿੱਚ ਸਿਰਫ਼ ਵੱਡੀਆਂ ਪ੍ਰਾਈਵੇਟ ਕੋਚਿੰਗ ਹੱਬਾਂ ਤੋਂ ਪੜ੍ਹੇ ਵਿਦਿਆਰਥੀ ਹੀ ਜਾਂਦੇ ਹਨ,। ਉਹਨਾਂ ਅੱਗੇ ਕਿਹਾ ,"ਪੰਜਾਬ ਸਿੱਖਿਆ ਕ੍ਰਾਂਤੀ ਦਾ ਅਸਲ ਨਿਸ਼ਾਨਾ ਆਧਾਰਤ ਦਖਲ ਅਤੇ ਯੋਗ ਅਧਿਆਪਕਾਂ ਦੀ ਸਹੀ ਸਲਾਹ



ਰਾਹੀਂ, ਸਾਡੇ ਸਰਕਾਰੀ ਸਕੂਲ ਹੁਣ ਉੱਚ-ਪੱਧਰੀ ਇੰਜੀਨੀਅਰਿੰਗ ਹੁਨਰ ਪੈਦਾ ਕਰ ਰਹੇ ਹਨ। ਇਸ ਪ੍ਰਾਪਤੀ ਦਾ ਸਿਹਰਾ ਪ੍ਰਣਾਲੀਗਤ ਸੁਧਾਰਾਂ ਨੂੰ ਦਿੰਦਿਆਂ ਸ. ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਇਹ ਸਫਲਤਾ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਸਰਕਾਰ ਦੀ 'ਪੰਜਾਬ ਸਿੱਖਿਆ ਕ੍ਰਾਂਤੀ' ਦੇ ਨਿਸ਼ਾਨਾ ਬਿੰਨ੍ਹ ਕੇ ਕੀਤੇ ਕੰਮਾਂ ਦਾ ਹੀ ਨਤੀਜਾ ਹੈ। ਇਹ ਪਹਿਲਕਦਮੀ ਸਰਕਾਰੀ ਸਕੂਲਾਂ ਵਿੱਚ ਜੇਈਈ ਅਤੇ ਨੀਟ ਦੇ ਚਾਹਵਾਨਾਂ ਵਿਦਿਆਰਥੀਆਂ ਨੂੰ ਮਿਆਰੀ ਦਰਜੇ ਦੀ ਮੁਫ਼ਤ ਕੋਚਿੰਗ, ਉੱਨਤ ਬੁਨਿਆਦੀ ਢਾਂਚਾ ਅਤੇ ਢੁਕਵੀਂ ਸਲਾਹ ਪ੍ਰਦਾਨ ਕਰਦੀ ਹੈ।

ਸ. ਬੈਂਸ ਨੇ ਦੱਸਿਆ ਕਿ ਵਿਰੋਧੀ ਧਿਰ ਦੇ ਨੇਤਾਵਾਂ ਨੇ ਪਹਿਲਾਂ ਸਰਕਾਰ ਦੇ ਕੋਚਿੰਗ ਪ੍ਰੋਗਰਾਮਾਂ ਨੂੰ 'ਚੋਣ ਜੁਮਲਾ' ਦੱਸ ਕੇ ਖਾਰਜ ਕਰ ਦਿੱਤਾ ਸੀ। ਪਰ ਜੇਈਈ ਅਤੇ ਨੀਟ ਕੁਆਲੀਫਾਇਰ ਵਿੱਚ ਸਾਲ-ਦਰ-ਸਾਲ ਲਗਾਤਾਰ ਵਾਧਾ ਅਸਲ ਸੱਚ ਵਿਖਾਉਂਦਾ ਹੈ, ਕਿਉਂਕਿ ਅੰਕੜੇ ਝੂਠ ਨਹੀਂ ਬੋਲਦੇ। ਸਾਡੇ ਸਰਕਾਰੀ ਸਕੂਲਾਂ ਦੇ ਵਿਦਿਆਰਥੀ ਹੁਣ ਦੇਸ਼ ਦੇ ਸਭ ਤੋਂ ਵਧੀਆ ਵਿਦਿਆਰਥੀਆਂ ਨਾਲ ਮੁਕਾਬਲਾ ਕਰਨ ਦੇ ਯੋਗ ਬਣ ਰਹੇ ਹਨ।

ਸਿੱਖਿਆ ਮੰਤਰੀ ਨੇ ਕਿਹਾ ਕਿ ਹਰ ਸਫਲ ਵਿਦਿਆਰਥੀ ਦੇ ਪਿੱਛੇ ਦ੍ਰਿੜ ਇਰਾਦਾ, ਕੁਰਬਾਨੀ ਅਤੇ ਮਿਹਨਤ ਦੀ ਕਹਾਣੀ ਛੁਪੀ ਹੁੰਦੀ ਹੈ। ਉਹਨਾਂ ਇਹ ਵੀ ਕਿਹਾ ਕਿ ਜੇਈਈ ਐਡਵਾਂਸਡ ਵਿੱਚ ਪੰਜਾਬ ਦੇ ਸਰਕਾਰੀ ਸਕੂਲ ਦੇ ਵਿਦਿਆਰਥੀਆਂ ਦੀ ਸਫਲਤਾ ਸਿਰਫ਼ ਇੱਕ ਪ੍ਰੀਖਿਆ ਦਾ ਨਤੀਜਾ ਨਹੀਂ ਸਗੋਂ ਇਸ ਗੱਲ ਦਾ ਸਬੂਤ ਹੈ ਕਿ ਸਹੀ ਸਮੇਂ 'ਤੇ ਮਿਲੇ ਵਿਦਿਅਕ ਮੌਕੇ ਕਿਵੇਂ ਜ਼ਿੰਦਗੀਆਂ ਨੂੰ ਬਦਲ ਸਕਦੇ ਹਨ। ਬੈਂਸ ਨੇ ਹੁਸ਼ਿਆਰਪੁਰ ਦੇ ਸਕੂਲ ਆਫ਼ ਐਮੀਨੈਂਸ ਭਾਗਪੁਰ ਸਤੌਰ ਦੀ ਪ੍ਰਿਆ ਭਾਰਦਵਾਜ ਦੇ ਸਫ਼ਰ ਦਾ ਜ਼ਿਕਰ ਕਰਦਿਆਂ ਦੱਸਿਆ ਕਿ ਪਿਤਾ ਦੀ ਮੌਤ ਤੋਂ ਬਾਅਦ ਕਿਵੇਂ ਪ੍ਰਿਆ ਦੀ ਇਕੱਲੀ ਮਾਂ ਨੇ ਨਿੱਜੀ ਕੰਪਨੀ ਵਿੱਚ ਕੰਮ ਕਰਕੇ ਮਹਿਜ਼ 1.44 ਲੱਖ ਰੁਪਏ ਦੀ ਸਾਲਾਨਾ ਆਮਦਨ ਨਾਲ ਧੀ ਨੂੰ ਪਾਲਿਆ ਅਤੇ ਪਰਿਵਾਰ ਦਾ ਗੁਜ਼ਾਰਾ ਵੀ ਚਲਾਇਆ। ਆਰਥਿਕ ਤੰਗੀ ਦੇ ਬਾਵਜੂਦ ਪ੍ਰਿਆ ਆਪਣੀ ਪੜ੍ਹਾਈ ਪ੍ਰਤੀ ਸੰਜੀਦਾ ਤੇ ਵਚਨਬੱਧ ਰਹੀ ਅਤੇ ਪੰਜਾਬ ਸਰਕਾਰ ਦੀ ਕੋਚਿੰਗ ਅਤੇ ਸਲਾਹ ਸਦਕਾ ਜੇਈਈ ਐਡਵਾਂਸਡ ਪਾਸ ਕੀਤਾ। ਉਹ ਹੁਣ ਇੱਕ ਇੰਜੀਨੀਅਰ ਬਣਨ ਅਤੇ ਆਪਣੇ ਸਵਰਗੀ ਪਿਤਾ ਦੇ ਸੁਪਨੇ ਨੂੰ ਪੂਰਾ ਕਰਨ ਲਈ ਆਸਵੰਦ ਹੈ।

ਪ੍ਰਾਪਤੀਆਂ ਕਰਨ ਵਾਲਿਆਂ ਵਿੱਚ ਸਕੂਲ ਆਫ਼ ਐਮੀਨੈਂਸ ਮੁੱਲਾਂਪੁਰ, ਐਸਏਐਸ ਨਗਰ ਦਾ ਪ੍ਰਭਜੋਤ ਸਿੰਘ ਵੀ ਸ਼ਾਮਲ ਹੈ। ਉਸ ਦੇ ਪਿਤਾ ਮਜ਼ਦੂਰੀ ਕਰਦੇ ਹਨ ਅਤੇ ਉਸਦੀ ਮਾਂ ਘਰੇਲੂ ਔਰਤ ਹੈ। ਆਰਥਿਕ ਤੌਰ 'ਤੇ ਕਮਜ਼ੋਰ ਪਰਿਵਾਰ ਵਿੱਚੋਂ ਆਉਂਦੇ ਪ੍ਰਭਜੋਤ ਨੂੰ ਪੰਜਾਬ ਸਰਕਾਰ ਵੱਲੋਂ ਦਿੱਤੀ ਗਈ ਅਕਾਦਮਿਕ ਸਹਾਇਤਾ ਨਾਲ ਆਪਣੇ ਅਧਿਆਪਕਾਂ ਅਤੇ ਪ੍ਰਿੰਸੀਪਲ ਤੋਂ ਲਗਾਤਾਰ ਹਿੰਮਤ ਪ੍ਰਾਪਤ ਕੀਤਾ। ਉਹ ਇੰਜੀਨੀਅਰ ਬਣਕੇ ਆਪਣੇ ਪਰਿਵਾਰ ਦਾ ਜੀਵਨ ਪੱਧਰ ਉੱਚਾ ਚੁੱਕਣ ਦਾ ਸੁਪਨਾ ਦੇਖਦਾ ਹੈ। ਇਸੇ ਤਰ੍ਹਾਂ ਫਤਿਹਗੜ੍ਹ ਸਾਹਿਬ ਦੇ ਸਕੂਲ ਆਫ਼ ਐਮੀਨੈਂਸ ਅਮਲੋਹ ਦੇ ਹਰਸ਼ ਮਾਧਵ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਦਿੱਤੀ ਗਈ ਮੁਫਤ ਕੋਚਿੰਗ, ਮੌਕ ਟੈਸਟ ਅਤੇ ਸਲਾਹ ਨੇ ਉਸਨੂੰ ਜੇਈਈ ਐਡਵਾਂਸਡ ਦੀ ਤਿਆਰੀ ਵਿੱਚ ਮੱਦਦ ਕੀਤੀ। ਉਸਦੇ ਪਿਤਾ ਇੱਕ ਨਿੱਜੀ ਕੰਪਨੀ ਵਿੱਚ ਪ੍ਰਤੀ ਮਹੀਨਾ 18000 ਰੁਪਏ ਕਮਾਉਂਦੇ ਹਨ ਅਤੇ ਉਸਦਾ ਪਰਿਵਾਰ ਨਿੱਜੀ ਕੋਚਿੰਗ ਦਾ ਖਰਚਾ ਨਹੀਂ ਚੁੱਕ ਸਕਦਾ ਸੀ। ਉਹ ਹੁਣ ਆਈਆਈਟੀ ਮੁੰਬਈ ਵਿੱਚ ਦਾਖਲਾ ਪ੍ਰਾਪਤ ਕਰਨ ਅਤੇ ਆਪਣੇ ਪਰਿਵਾਰ ਲਈ ਇੱਕ ਬਿਹਤਰ ਭਵਿੱਖ ਬਣਾਉਣ ਦੀ ਇੱਛਾ ਰੱਖਦਾ ਹੈ।

# ਪਹਿਲੇ ਸਫ਼ੇ ਦੀ ਬਾਕੀ

## ਕਲਾਨੌਰ ਗ੍ਰਨੇਡ ਹਮਲੇ ਦੀ ਗੁੱਥੀ

ਹੈਂਡਲਰ ਦੀ ਭੂਮਿਕਾ ਸਾਹਮਣੇ ਆਈ ਹੈ। ਮਾਮਲੇ ਦੀ ਡੂੰਘਾਈ ਨਾਲ ਜਾਂਚ ਜਾਰੀ ਹੈ ਅਤੇ ਇਸ ਹਮਲੇ ਨਾਲ ਜੁੜੇ ਅੱਗੇ ਅਤੇ ਪਿੱਛੇ ਦੇ ਸਾਰੇ ਲਿੰਕਾਂ ਦੀ ਪੜਤਾਲ ਕੀਤੀ ਜਾ ਰਹੀ ਹੈ ਤਾਂ ਜੋ ਪੂਰੇ ਨੈੱਟਵਰਕ ਦਾ ਪਰਦਾਫਾਸ਼ ਕੀਤਾ ਜਾ ਸਕੇ।

ਜ਼ਿਕਰਯੋਗ ਹੈ ਕਿ ਕਲਾਨੌਰ ਬੱਸ ਅੱਡੇ ਦੇ ਨੇੜੇ ਸਥਿਤ ਮੁਲਤਾਨੀ ਹਸਪਤਾਲ ਵਿੱਚ ਦੁਪਹਿਰ ਕਰੀਬ 2:30 ਵਜੇ ਇੱਕ ਅਣਪਛਾਤਾ ਵਿਅਕਤੀ ਐਮਰਜੈਂਸੀ ਵਾਰਡ ਵਿੱਚ ਦਾਖਲ ਹੋਇਆ ਸੀ ਅਤੇ ਉਸ ਵੱਲੋਂ ਵਿਸਫੋਟਕ ਸਮੱਗਰੀ ਸੁੱਟੀ ਗਈ ਸੀ। ਇਸ ਘਟਨਾ ਦੌਰਾਨ ਕੋਈ ਜਾਨੀ ਨੁਕਸਾਨ ਨਹੀਂ ਹੋਇਆ ਪਰ ਹਸਪਤਾਲ ਦੇ ਸ਼ੀਸ਼ਿਆਂ, ਦਰਵਾਜ਼ਿਆਂ ਅਤੇ ਹੋਰ ਸਮਾਨ ਨੂੰ ਕਾਫ਼ੀ ਨੁਕਸਾਨ ਪਹੁੰਚਿਆ ਸੀ।

ਘਟਨਾ ਤੋਂ ਤੁਰੰਤ ਬਾਅਦ ਗੁਰਦਾਸਪੁਰ ਪੁਲਿਸ ਨੇ ਹਮਲਾਵਰ ਨੂੰ ਕਾਬੂ ਕਰਨ ਲਈ ਵਿਆਪਕ ਮੁਹਿੰਮ ਸ਼ੁਰੂ ਕਰ ਦਿੱਤੀ ਸੀ। ਹਸਪਤਾਲ ਦੇ ਡਾਕਟਰ ਐਸ.ਪੀ. ਸਿੰਘ ਮੁਲਤਾਨੀ ਨੇ ਦੱਸਿਆ ਸੀ ਕਿ ਉਨ੍ਹਾਂ ਨੂੰ ਪਿਛਲੇ ਸਾਲ ਵੀ ਫਿਰੌਤੀ ਦੀਆਂ ਧਮਕੀ ਭਰੀਆਂ ਕਾਲਾਂ ਆਈਆਂ ਸਨ, ਜਿਸ ਤੋਂ ਬਾਅਦ ਪੁਲਿਸ ਵੱਲੋਂ ਸੁਰੱਖਿਆ ਮੁਹੱਈਆ ਕਰਵਾਈ ਗਈ ਸੀ। ਹਾਲਾਂਕਿ ਕੁਝ ਸਮਾਂ ਪਹਿਲਾਂ ਇਹ ਸੁਰੱਖਿਆ ਹਟਾ ਲਈ ਗਈ ਸੀ ਅਤੇ ਹੁਣ ਇਹ ਵਾਰਦਾਤ ਵਾਪਰੀ ਹੈ।

ਬੰਬ ਧਮਾਕੇ ਦੀ ਆਵਾਜ਼ ਕਾਫ਼ੀ ਦੂਰ ਤੱਕ ਸੁਣਾਈ ਦਿੱਤੀ ਸੀ, ਜਿਸ ਕਾਰਨ ਆਸ-ਪਾਸ ਦੇ ਦੁਕਾਨਦਾਰਾਂ ਅਤੇ ਲੋਕਾਂ ਵਿੱਚ ਦਹਿਸ਼ਤ ਦਾ ਮਾਹੌਲ ਬਣ ਗਿਆ ਸੀ। ਘਟਨਾ ਤੋਂ ਬਾਅਦ ਇਲਾਕੇ ਵਿੱਚ ਸਹਿਮ ਦਾ ਮਾਹੌਲ ਸੀ, ਪਰ ਗੁਰਦਾਸਪੁਰ ਪੁਲਿਸ ਵੱਲੋਂ ਥੋੜ੍ਹੇ ਸਮੇਂ ਵਿੱਚ ਹੀ ਮਾਮਲੇ ਨੂੰ ਟਰੇਸ ਕਰਕੇ ਮੁੱਖ ਦੋਸ਼ੀ ਨੂੰ ਗ੍ਰਿਫ਼ਤਾਰ ਕਰ ਲੈਣ ਨਾਲ ਲੋਕਾਂ ਨੇ ਰਾਹਤ ਦਾ ਸਾਹ ਲਿਆ ਹੈ।

ਐਸਐਸਪੀ ਅਦਿੱਤਿਆ ਨੇ ਕਿਹਾ ਕਿ ਪੰਜਾਬ ਪੁਲਿਸ ਸੂਬੇ ਵਿੱਚ ਅਮਨ-ਕਾਨੂੰਨ ਦੀ ਸਥਿਤੀ ਨੂੰ ਬਰਕਰਾਰ ਰੱਖਣ ਅਤੇ ਅਜਿਹੀਆਂ ਘਟਨਾਵਾਂ ਦੇ ਪਿੱਛੇ ਕੰਮ ਕਰ ਰਹੇ ਅਪਰਾਧਿਕ ਅਤੇ ਅੱਤਵਾਦੀ ਨੈੱਟਵਰਕਾਂ ਨੂੰ ਜੜ੍ਹੋਂ ਖਤਮ ਕਰਨ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਲੋਕਾਂ ਦੀ ਸੁਰੱਖਿਆ, ਸ਼ਾਂਤੀ ਅਤੇ ਭਰੋਸੇ ਨੂੰ ਯਕੀਨੀ ਬਣਾਉਣ ਲਈ ਅਜਿਹੀਆਂ ਕਾਰਵਾਈਆਂ ਲਗਾਤਾਰ ਜਾਰੀ ਰਹਿਣਗੀਆਂ।

## ਮਾਨ ਵੱਲੋਂ ਫ਼ਸਲੀ ਕਰਜ਼ੇ ਸੰਬੰਧੀ ਨਵੀਂ ਨੀਤੀ

ਸੰਸਥਾਵਾਂ ਨੂੰ ਮਜ਼ਬੂਤ ਕਰੇਗਾ ਅਤੇ ਕਿਸਾਨਾਂ ਨੂੰ ਕਰਜ਼ੇ ਦੇ ਜਾਲ ਵਿੱਚੋਂ ਕੱਢਣ ਵਿੱਚ ਮੱਦਦ ਕਰੇਗਾ। ਇਨ੍ਹਾਂ ਸੁਧਾਰਾਂ ਨਾਲ ਪੰਜਾਬ ਭਰ ਦੇ 13 ਲੱਖ ਤੋਂ ਵੱਧ ਕਿਸਾਨਾਂ ਨੂੰ ਲਾਭ ਹੋਣ ਦੀ ਉਮੀਦ ਹੈ, ਜਿਸ ਵਿੱਚ ਕਈ ਫਸਲਾਂ ਲਈ ਕਰਜ਼ਾ ਸਹਾਇਤਾ ਵਿੱਚ ਭਾਰੀ ਵਾਧਾ ਹੋਵੇਗਾ। ਇਸ ਵਿੱਚ ਬਾਗਬਾਨੀ ਫਸਲਾਂ ਵੀ ਸ਼ਾਮਲ ਹਨ, ਜਿੱਥੇ ਪਹਿਲਾਂ ਮਿਲਣ ਵਾਲੀ 32,000 ਰੁਪਏ ਪ੍ਰਤੀ ਏਕੜ ਦੀ ਇਕਸਾਰ ਹੱਦ ਦੇ ਮੁਕਾਬਲੇ ਹੁਣ ਕਰਜ਼ਾ 1.57 ਲੱਖ ਰੁਪਏ ਪ੍ਰਤੀ ਏਕੜ ਤੱਕ ਜਾ ਸਕਦਾ ਹੈ।

ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਇਹ ਸਿਰਫ਼ ਕੋਈ ਨੀਤੀਗਤ ਬਦਲਾਅ ਨਹੀਂ ਹੈ, ਸਗੋਂ ਪੰਜਾਬ ਦੇ ਕਿਸਾਨਾਂ ਦੀ ਆਰਥਿਕ ਆਜ਼ਾਦੀ ਦੇ ਉਦੇਸ਼ ਨਾਲ ਲਿਆ ਗਿਆ ਇਤਿਹਾਸਕ ਫੈਸਲਾ ਹੈ। ਅਸੀਂ ਲਾਲ ਫੀਤਾਸ਼ਾਹੀ ਨੂੰ ਖਤਮ ਕਰ ਦਿੱਤਾ ਹੈ, ਇਹ ਯਕੀਨੀ ਬਣਾਇਆ ਹੈ ਕਿ ਵਧੇਰੇ ਪੈਸਾ ਸਿੱਧਾ ਕਿਸਾਨਾਂ ਦੇ ਬੈਂਕ ਖਾਤਿਆਂ ਵਿੱਚ ਪਹੁੰਚੇ ਅਤੇ ਪ੍ਰਾਇਮਰੀ ਖੇਤੀਬਾੜੀ ਸਹਿਕਾਰੀ ਸਭਾਵਾਂ (ਪੀ.ਏ.ਸੀ.ਐਸ.) ਅਤੇ ਜ਼ਿਲ੍ਹਾ ਕੇਂਦਰੀ ਸਹਿਕਾਰੀ ਬੈਂਕਾਂ ਲਈ ਅਸਰਦਾਰ ਢੰਗ ਨਾਲ ਕਿਸਾਨਾਂ ਦੀ ਸੇਵਾ ਕਰਨਾ ਆਸਾਨ ਬਣਾ ਦਿੱਤਾ ਹੈ। ਅਸੀਂ ਆਪਣੇ ਕਿਸਾਨਾਂ ਨੂੰ 21ਵੀਂ ਸਦੀ ਦੇ ਡਿਜ਼ੀਟਲ ਸਾਧਨਾਂ ਨਾਲ ਲੈਸ ਕੀਤਾ ਹੈ ਅਤੇ ਉਹ ਹੁਣ ਪੰਜਾਬ ਦੀ ਤਰੱਕੀ ਦੀ ਨਵੀਂ ਕਹਾਣੀ ਲਿਖਣਗੇ।"

ਇਸ ਸੁਧਾਰ ਦੀ ਅਹਿਮੀਅਤ 'ਤੇ ਚਾਨਣਾ ਪਾਉਂਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਨੇ ਸਾਲ 2000 ਤੋਂ ਚੱਲੇ ਆ ਰਹੇ ਪੁਰਾਣੇ ਕੇ.ਸੀ.ਸੀ. ਸਿਸਟਮ ਨੂੰ ਬਦਲ ਕੇ 26 ਸਾਲਾਂ ਦੀ ਖੜੋਤ ਨੂੰ ਤੋੜਿਆ ਹੈ। ਉਨ੍ਹਾਂ ਕਿਹਾ, "ਦੋ ਦਹਾਕਿਆਂ ਤੋਂ ਵੱਧ ਸਮੇਂ ਤੋਂ ਪੰਜਾਬ ਦੇ ਕਿਸਾਨਾਂ ਨੂੰ ਹੱਥੀਂ ਕਾਗਜ਼ੀ ਕਾਰਵਾਈ, ਚੈੱਕ ਬੁੱਕ ਅਤੇ ਪਾਸਬੁੱਕਾਂ ਦੇ ਆਲੇ-ਦੁਆਲੇ ਘੁੰਮਣ ਵਾਲੇ ਪੁਰਾਣੇ ਤੇ ਗੁੰਝਲਦਾਰ ਕੇ.ਸੀ.ਸੀ ਢਾਂਚੇ 'ਤੇ ਨਿਰਭਰ ਰਹਿਣ ਲਈ ਮਜਬੂਰ ਕੀਤਾ ਗਿਆ ਸੀ। ਪਿਛਲੀਆਂ ਸਰਕਾਰਾਂ ਨੇ ਇਸ ਸਥਿਤੀ ਨੂੰ ਸੁਧਾਰਨ ਦੀ ਬਜਾਏ ਜਿਉਂ ਦਾ ਤਿਉਂ ਰਹਿਣ ਦਿੱਤਾ। ਸਾਡੀ ਸਰਕਾਰ ਨੇ ਉਸ 26 ਸਾਲ ਪੁਰਾਣੇ ਸਿਸਟਮ ਨੂੰ ਬਦਲ ਕੇ ਪਾਰਦਰਸ਼ੀ, ਡਿਜ਼ੀਟਲ ਅਤੇ ਬਿਹਤਰੀਨ ਕਰਜ਼ਾ ਵਿਵਸਥਾ ਲਾਗੂ ਕੀਤੀ ਹੈ, ਜੋ ਕਿ ਆਧੁਨਿਕ ਖੇਤੀਬਾੜੀ ਦੀਆਂ ਲੋੜਾਂ ਨੂੰ ਧਿਆਨ ਵਿੱਚ ਰੱਖ ਕੇ ਤਿਆਰ ਕੀਤੀ ਗਈ ਹੈ।"

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸੋਧੀ ਹੋਈ ਨੀਤੀ ਨਾਲ ਕਿਸਾਨਾਂ ਨੂੰ ਮਿਲਣ ਵਾਲੇ ਕਰਜ਼ਾ ਹੱਦ ਵਿੱਚ ਭਾਰੀ ਵਾਧਾ ਹੋਵੇਗਾ ਅਤੇ ਇਹ ਯਕੀਨੀ ਬਣਾਇਆ ਜਾਵੇਗਾ ਕਿ ਬੈਂਕ ਕਰਜ਼ਾ ਫਸਲ ਦੀ ਅਸਲ ਲਾਗਤ ਨੂੰ ਦਰਸਾਉਂਦਾ ਹੋਵੇ। ਉਨ੍ਹਾਂ ਕਿਹਾ, "ਅਸੀਂ ਕਣਕ ਲਈ ਕਰਜ਼ਾ ਹੱਦ 24,380 ਰੁਪਏ ਪ੍ਰਤੀ ਏਕੜ ਤੋਂ ਵਧਾ ਕੇ 30,000 ਰੁਪਏ ਪ੍ਰਤੀ ਏਕੜ ਕਰ ਦਿੱਤੀ ਹੈ। ਇਸੇ ਤਰ੍ਹਾਂ ਝੋਨੇ ਲਈ 25,440 ਰੁਪਏ ਪ੍ਰਤੀ ਏਕੜ ਤੋਂ ਵਧਾ ਕੇ 39,000 ਰੁਪਏ ਪ੍ਰਤੀ ਏਕੜ ਕਰ ਦਿੱਤਾ ਗਿਆ ਹੈ। ਇਸ ਨਾਲ ਕਿਸਾਨਾਂ ਨੂੰ ਉਹ ਅਸਲ ਵਿੱਤੀ ਸਹਾਇਤਾ ਮਿਲੇਗੀ ਜਿਸ ਦੇ ਉਹ ਹੱਕਦਾਰ ਹਨ।"

ਮੁੱਖ ਮੰਤਰੀ ਨੇ ਕਿਹਾ ਕਿ ਕੇ.ਸੀ.ਸੀ. ਦੇ ਨਵੇਂ ਢਾਂਚੇ ਵਿੱਚ ਫਸਲਾਂ ਦੀ ਰਹਿੰਦ-ਖੂੰਹਦ ਦੇ ਪ੍ਰਬੰਧਨ ਨੂੰ ਸ਼ਾਮਲ ਕਰਨ ਵਾਲਾ ਪਹਿਲਾ ਸੂਬਾ ਬਣ ਕੇ ਪੰਜਾਬ, ਦੇਸ ਭਰ ਵਿੱਚ ਮੋਹਰੀ ਸੂਬੇ ਵਜੋਂ ਉੱਭਰਿਆ ਹੈ। ਉਨ੍ਹਾਂ ਕਿਹਾ, "ਝੋਨੇ ਦੀ ਸੋਧੀ ਹੋਈ 39,000 ਰੁਪਏ ਪ੍ਰਤੀ ਏਕੜ ਦੀ ਹੱਦ ਵਿੱਚੋਂ 2,000 ਰੁਪਏ ਪ੍ਰਤੀ ਏਕੜ ਵਿਸ਼ੇਸ਼ ਤੌਰ 'ਤੇ ਫਸਲੀ ਰਹਿੰਦ-ਖੂੰਹਦ ਦੇ ਪ੍ਰਬੰਧਨ ਲਈ ਰੱਖੇ ਗਏ ਹਨ। ਦੇਸ ਵਿੱਚ ਪਹਿਲੀ ਵਾਰ ਕਿਸਾਨਾਂ ਨੂੰ ਪਰਾਲੀ ਪ੍ਰਬੰਧਨ ਲਈ ਵਿਸ਼ੇਸ਼ ਸਹਾਇਤਾ ਰਾਹੀਂ ਵਾਤਾਵਰਣ ਦੀ ਸੰਭਾਲ ਵਿੱਚ ਯੋਗਦਾਨ ਪਾਉਣ ਲਈ ਵਿੱਤੀ ਤੌਰ 'ਤੇ ਮਜ਼ਬੂਤ ਕੀਤਾ ਜਾ ਰਿਹਾ ਹੈ।"

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸਰਕਾਰ ਵੱਲੋਂ ਗੰਨਾ ਉਤਪਾਦਕਾਂ ਦੀ ਸਹਾਇਤਾ ਲਈ ਵੀ ਸ਼ਾਨਦਾਰ ਕਦਮ ਚੁੱਕੇ ਗਏ ਹਨ। ਉਨ੍ਹਾਂ ਕਿਹਾ, "ਲਗਾਏ ਗਏ ਗੰਨੇ ਲਈ ਕਰਜ਼ਾ ਸੀਮਾ ਨੂੰ 44,000 ਰੁਪਏ ਪ੍ਰਤੀ ਏਕੜ ਤੋਂ ਵਧਾ ਕੇ 1 ਲੱਖ ਰੁਪਏ ਪ੍ਰਤੀ ਏਕੜ ਕਰ ਦਿੱਤਾ ਗਿਆ ਹੈ। ਰੈਟੂਨ ਫਸਲਾਂ (ਮੁੜ ਫੁੱਟਣ ਵਾਲੀਆਂ) ਲਈ ਪਹਿਲੀ ਵਾਰ 65,000 ਰੁਪਏ ਪ੍ਰਤੀ ਏਕੜ ਦੀ ਕਰਜ਼ਾ ਵਿਵਸਥਾ ਕੀਤੀ ਗਈ ਹੈ। ਪਹਿਲਾਂ ਕਿਸਾਨਾਂ ਨੂੰ ਕਰਜ਼ਾ ਲੈਣ ਲਈ ਅਕਸਰ ਸ਼ਾਹੂਕਾਰਾਂ ਅਤੇ ਐਨ.ਬੀ.ਐਫ.ਸੀ. 'ਤੇ ਨਿਰਭਰ ਕਰਨਾ ਪੈਂਦਾ ਸੀ ਜੋ ਬਹੁਤ ਜ਼ਿਆਦਾ ਵਿਆਜ ਦਰਾਂ ਵਸੂਲਦੇ ਸਨ, ਕਿਉਂਕਿ ਸੰਸਥਾਗਤ ਕਰਜ਼ਾ ਉਨ੍ਹਾਂ ਦੀਆਂ ਅਸਲ ਜਰੂਰਤਾਂ ਨੂੰ ਪੂਰਾ ਨਹੀਂ ਕਰਦਾ ਸੀ। ਸਾਡਾ ਉਦੇਸ਼ ਕਿਸਾਨਾਂ ਨੂੰ ਕਿਫਾਇਤੀ ਕਰਜ਼ੇ ਰਾਹੀਂ ਪੂਰੀ ਤਰ੍ਹਾਂ ਸਹਿਕਾਰੀ ਕਰਜ਼ਾ ਨੈੱਟਵਰਕ ਵਿੱਚ ਸ਼ਾਮਲ ਕਰਨਾ ਹੈ।"

ਮੁੱਖ ਮੰਤਰੀ ਨੇ ਕਿਹਾ ਕਿ ਸੋਧੇ ਹੋਏ ਕੇ.ਸੀ.ਸੀ. ਢਾਂਚੇ ਨਾਲ ਫਸਲੀ ਵਿਭਿੰਨਤਾ ਨੂੰ ਵੀ ਹੁਲਾਰਾ ਮਿਲੇਗਾ ਅਤੇ ਸਹਾਇਕ ਖੇਤਰਾਂ ਨੂੰ ਮਜ਼ਬੂਤੀ ਮਿਲੇਗੀ। ਉਨ੍ਹਾਂ ਕਿਹਾ, "ਅਸੀਂ ਕਿਸਾਨਾਂ ਨੂੰ ਉੱਚ-ਮੁੱਲ ਵਾਲੀਆਂ ਫਸਲਾਂ ਵੱਲ ਮੋੜਨ ਲਈ ਸਰਗਰਮੀ ਨਾਲ ਕਦਮ ਚੁੱਕ ਰਹੇ ਹਾਂ। ਪਹਿਲੀ ਵਾਰ, ਪੌਪਲਰ ਅਤੇ ਬਾਂਸ ਵਰਗੀਆਂ ਖੇਤੀਬਾੜੀ-ਜੰਗਲਾਤ ਫਸਲਾਂ ਦੇ ਨਾਲ ਨਾਲ ਜਾਮੁਨ ਵਰਗੀਆਂ ਖੇਤੀਬਾੜੀ-ਬਾਗਬਾਨੀ ਫਸਲਾਂ ਨੂੰ ਕਰਜ਼ਾ ਪ੍ਰਣਾਲੀ ਅਧੀਨ ਲਿਆਂਦਾ ਗਿਆ ਹੈ। ਅਸੀਂ ਲੈਮਨਗ੍ਰਾਸ ਲਈ ਵੀ ਕਰਜ਼ਾ ਹੱਦ ਲਿਆਂਦੀ ਹੈ, ਜਿਸ ਨਾਲ ਸ਼ਿਵਾਲਿਕ ਪਹਾੜੀਆਂ ਦੇ ਕਿਸਾਨਾਂ ਨੂੰ ਲਾਭ ਹੋਵੇਗਾ।"

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸਰਕਾਰ ਨੇ ਬਾਗਬਾਨੀ ਅਤੇ ਸਬਜੀਆਂ ਦੀ ਕਾਸਤ ਲਈ ਦਿੱਤੀ ਜਾ ਰਹੀ ਸਹਾਇਤਾ ਵਿੱਚ ਕਾਫੀ ਵਾਧਾ ਕੀਤਾ ਹੈ। ਉਨ੍ਹਾਂ ਕਿਹਾ, "ਪਹਿਲਾਂ, ਸਾਰੇ ਫਲ ਅਤੇ ਸਬਜੀਆਂ ਲਈ ਇਕਸਾਰ ਕਰਜ਼ਾ ਹੱਦ ਨਿਰਧਾਰਤ ਕੀਤੀ ਗਈ ਸੀ। ਹੁਣ, ਫਸਲ ਮੁਤਾਬਕ ਕਰਜ਼ਾ ਸਹਾਇਤਾ ਸ਼ੁਰੂ ਕੀਤੀ ਗਈ ਹੈ, ਜਿਸ ਦੀ ਹੱਦ ਪ੍ਰਤੀ ਏਕੜ 1.57 ਲੱਖ ਰੁਪਏ ਤੱਕ ਹੈ। ਲਸਣ ਉਤਪਾਦਕ ਹੁਣ ਪ੍ਰਤੀ ਏਕੜ 1,57,372 ਰੁਪਏ, ਹਾੜ੍ਹੂ ਪਿਆਜ ਉਤਪਾਦਕ ਪ੍ਰਤੀ ਏਕੜ 92,686 ਰੁਪਏ ਅਤੇ ਹਾਈਬ੍ਰਿਡ ਟਮਾਟਰ ਉਤਪਾਦਕ ਪ੍ਰਤੀ ਏਕੜ 80,981 ਰੁਪਏ ਦਾ ਕਰਜ਼ਾ ਪ੍ਰਾਪਤ ਕਰ ਸਕਦੇ ਹਨ।"

ਮੁੱਖ ਮੰਤਰੀ ਨੇ ਅੱਗੇ ਕਿਹਾ ਕਿ ਕਈ ਉੱਭਰ ਰਹੇ ਅਤੇ ਪ੍ਰਗਤੀਸ਼ੀਲ ਖੇਤੀ ਸੈਕਟਰਾਂ ਨੂੰ ਸਹਾਇਤਾ ਦਿੱਤੀ ਗਈ ਹੈ। ਉਨ੍ਹਾਂ ਕਿਹਾ, "ਪਹਿਲੀ ਵਾਰ, ਡਰੈਗਨ ਫਰੂਟ ਅਤੇ ਚੀਆ ਸੀਡ/ਕੁਇਨੋਆ ਵਰਗੀਆਂ ਫਸਲਾਂ ਨੂੰ ਕਰਜ਼ੇ ਦੇ ਦਾਇਰੇ ਅਧੀਨ ਲਿਆਂਦਾ ਗਿਆ ਹੈ। ਨੀਲੀ ਕ੍ਰਾਂਤੀ ਨੂੰ ਮਜ਼ਬੂਤ ਕਰਨ ਲਈ ਮੱਛੀ ਪਾਲਣ ਲਈ ਕਰਜ਼ਾ ਹੱਦ 2.5 ਲੱਖ ਰੁਪਏ ਪ੍ਰਤੀ ਹੈਕਟੇਅਰ ਤੋਂ ਵਧਾ ਕੇ 3 ਲੱਖ ਪ੍ਰਤੀ ਰੁਪਏ ਹੈਕਟੇਅਰ ਕਰ ਦਿੱਤੀ ਗਈ ਹੈ। ਚਿੱਟਾ ਝੀਂਗਾ ਉਤਪਾਦਕਾਂ ਨੂੰ ਹੁਣ ਪ੍ਰਤੀ ਹੈਕਟੇਅਰ 5.5 ਲੱਖ ਰੁਪਏ ਦੀ ਸਹਾਇਤਾ ਮਿਲੇਗੀ, ਜੋ ਪਹਿਲਾਂ 4.5 ਲੱਖ ਰੁਪਏ ਪ੍ਰਤੀ ਹੈਕਟੇਅਰ ਸੀ।"

ਨਵੀਂ ਕੇ.ਸੀ.ਸੀ. ਨੀਤੀ ਤਹਿਤ ਉਪਲਬਧ ਲਾਭਾਂ 'ਤੇ ਚਾਨਣਾ ਪਾਉਂਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਕਿਸਾਨਾਂ ਨੂੰ ਹੁਣ ਸੂਬਾ ਪੱਧਰੀ ਤਕਨੀਕੀ ਕਮੇਟੀ ਵੱਲੋਂ ਸਾਲਾਨਾ ਸਮੀਖਿਆਵਾਂ ਦੇ ਨਾਲ ਛੇ ਸਾਲਾ ਕੇ.ਸੀ.ਸੀ. ਮਨਜੂਰੀ ਦਿੱਤੀ ਜਾਵੇਗੀ। ਉਨ੍ਹਾਂ ਕਿਹਾ, "ਅਸੀਂ ਪੁਰਾਣੀਆਂ ਪਾਬੰਦੀਆਂ ਹਟਾ ਦਿੱਤੀਆਂ ਹਨ। ਬੀ-ਕੰਪੋਨੈਂਟ ਨੂੰ ਹੁਣ 40 ਫ਼ੀਸਦ ਤੋਂ ਵਧਾ ਕੇ 100 ਫ਼ੀਸਦ ਤੱਕ ਕੀਤਾ ਜਾ ਸਕਦਾ ਹੈ, ਜਿਸ ਨਾਲ ਕਿਸਾਨ ਬੀਜ, ਖਾਦ, ਪਸ਼ੂ ਚਾਰਾ, ਕਸਟਮ ਹਾਇਰਿੰਗ, ਪਰਾਲੀ ਪ੍ਰਬੰਧਨ, ਜਮੀਨ ਪੱਧਰੀ ਕਰਨ ਅਤੇ ਇੱਥੋਂ ਤੱਕ ਕਿ ਡਰੋਨ ਹਾਇਰਿੰਗ ਲਈ ਵੀ ਕਰਜ਼ਾ ਪ੍ਰਾਪਤ ਕਰ ਸਕਣਗੇ। ਮੁਕੰਮਲ ਪਾਰਦਰਸਤਾ ਨੂੰ ਯਕੀਨੀ ਬਣਾਉਣ ਅਤੇ ਵਿਚੋਲਿਆਂ ਨੂੰ ਖਤਮ ਕਰਨ ਲਈ, ਏ-ਕੰਪੋਨੈਂਟ ਹੁਣ ਸਿੱਧੇ ਕਿਸਾਨਾਂ ਦੇ ਬਚਤ ਖਾਤਿਆਂ ਵਿੱਚ ਜਮ੍ਹਾਂ ਕੀਤਾ ਜਾਵੇਗਾ।"

ਮੁੱਖ ਮੰਤਰੀ ਨੇ ਕਿਹਾ ਕਿ ਇਹ ਨੀਤੀ ਕਿਸਾਨਾਂ 'ਤੇ ਵਿਆਜ ਦੇ ਬੋਝ ਨੂੰ ਵੀ ਘਟਾਏਗੀ ਅਤੇ ਆਸਾਨ ਕਰਜ਼ੇ ਨੂੰ ਯਕੀਨੀ ਬਣਾਏਗੀ। ਉਨ੍ਹਾਂ ਕਿਹਾ, "ਕਿਸਾਨਾਂ 'ਤੇ ਲਾਗੂ ਵਿਆਜ ਦਰਾਂ ਘੱਟ ਹੋਣਗੀਆਂ ਅਤੇ ਸਾਰੇ ਲਾਭ ਕੇ.ਆਰ.ਪੀ. ਪੋਰਟਲ ਨਾਲ ਜੁੜੇ ਸੁਚਾਰੂ ਕੇ.ਸੀ.ਸੀ. ਖਾਤੇ ਰਾਹੀਂ ਟ੍ਰਾਂਸਫਰ ਕੀਤੇ ਜਾਣਗੇ। ਅਸਲ ਕਾਸਤ ਲਾਗਤਾਂ ਮੁਤਾਬਕ ਕਰਜ਼ਾ ਸੀਮਾਵਾਂ ਨਿਰਧਾਰਤ ਕਰਕੇ ਅਸੀਂ ਕਿਸਾਨਾਂ ਨੂੰ ਸ਼ਾਹੂਕਾਰਾਂ ਦੇ ਕਰਜ਼ੇ ਦੇ ਜਾਲ ਤੋਂ ਮੁਕਤ ਕਰ ਰਹੇ ਹਾਂ।"

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਨਵਾਂ ਢਾਂਚਾ ਕਿਸਾਨਾਂ ਲਈ ਡਿਜ਼ੀਟਲ ਸਹੂਲਤ ਦੇ ਨਵੇਂ ਯੁੱਗ ਦੀ ਸ਼ੁਰੂਆਤ ਕਰੇਗਾ। ਉਨ੍ਹਾਂ ਕਿਹਾ, "ਅਸੀਂ ਹੌਲੀ-ਹੌਲੀ ਦਸਤੀ ਚੈੱਕ-ਅਧਾਰਤ ਪ੍ਰਕਿਰਿਆਵਾਂ ਤੋਂ ਦੂਰ ਜਾ ਰਹੇ ਹਾਂ। ਕਿਸਾਨ ਹੁਣ ਏ.ਟੀ.ਐਮ., ਯੂ.ਪੀ.ਆਈ. ਅਤੇ ਸੀ.ਬੀ.ਐਸ.-ਅਧਾਰਤ ਡਿਜ਼ੀਟਲ ਪ੍ਰਣਾਲੀਆਂ ਰਾਹੀਂ ਫੰਡ ਕਢਵਾ ਸਕਣਗੇ ਅਤੇ ਇਸ ਦਾ ਪ੍ਰਬੰਧਨ ਕਰ ਸਕਣਗੇ। ਜਿਹੜੇ ਲੋਕ ਕਰਜ਼ੇ ਦੀ ਅਦਾਇਗੀ ਲਈ ਆਨਲਾਈਨ ਅਤੇ ਡਿਜ਼ੀਟਲ ਤਰੀਕਿਆਂ ਦੀ ਚੋਣ ਕਰਦੇ ਹਨ, ਉਨ੍ਹਾਂ ਨੂੰ ਬੈਂਕਾਂ ਤੋਂ ਵਿਸ਼ੇਸ਼ ਰਿਆਇਤਾਂ ਮਿਲਣਗੀਆਂ।"

ਇਸ ਪਹਿਲਕਦਮੀ ਨੂੰ ਕਿਸਾਨ ਭਾਈਚਾਰੇ ਦੀ ਚਿਰੋਕਣੀ ਮੰਗ ਦੱਸਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਦੀਆਂ ਕਿਸਾਨ-ਪੱਖੀ ਨੀਤੀਆਂ ਨੇ ਕਿਸਾਨਾਂ ਦੀ ਸਮੁੱਚੀ ਸਥਿਤੀ ਨੂੰ ਸੁਧਾਰਨ ਵਿੱਚ ਮੱਦਦ ਕੀਤੀ ਹੈ, ਜਿਸ ਨਾਲ ਖੇਤੀਬਾੜੀ ਆਰਥਿਕਤਾ ਨੂੰ ਹੋਰ ਮਜ਼ਬੂਤੀ ਮਿਲੇਗੀ। ਉਨ੍ਹਾਂ ਕਿਹਾ, "ਇਨ੍ਹਾਂ ਸੁਧਾਰਾਂ ਨਾਲ ਪੰਜਾਬ ਭਰ ਦੇ 13 ਲੱਖ ਤੋਂ ਵੱਧ ਕਿਸਾਨਾਂ ਨੂੰ ਲਾਭ ਹੋਵੇਗਾ ਅਤੇ ਫਸਲੀ ਵਿਭਿੰਨਤਾ ਅਤੇ ਨਵੀਨਤਾ ਨੂੰ ਉਤਸਾਹਿਤ ਕਰਕੇ ਖੇਤੀਬਾੜੀ ਨੂੰ ਰਵਾਇਤੀ ਕਣਕ-ਝੋਨੇ ਦੇ ਚੱਕਰ 'ਚੋਂ ਕੱਢਣ ਵਿੱਚ ਮਦਦ ਮਿਲੇਗੀ।"

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸਹਿਕਾਰੀ ਬੈਂਕਿੰਗ ਖੇਤਰ ਨੂੰ ਮਜ਼ਬੂਤ ਕਰਨ ਅਤੇ ਕਿਸਾਨਾਂ ਦੇ ਹਿੱਤਾਂ ਦੀ ਰਾਖੀ ਲਈ ਸੂਬਾ ਸਰਕਾਰ ਦੀ ਵਚਨਬੱਧਤਾ ਨੂੰ ਦੁਹਰਾਇਆ। ਉਨ੍ਹਾਂ ਕਿਹਾ, "ਕੋਈ ਵੀ ਬੈਂਕ, ਭਾਵੇਂ ਉਹ ਸਰਕਾਰੀ ਹੋਵੇ ਜਾਂ ਨਿੱਜੀ, ਨੂੰ ਕਿਸਾਨਾਂ ਦੀ ਜਮੀਨ ਜਬਤ ਕਰਨ ਦੀ ਇਜਾਜਤ ਨਹੀਂ ਦਿੱਤੀ ਜਾਵੇਗੀ। ਸਾਡੀ ਸਰਕਾਰ ਇਹ ਯਕੀਨੀ ਬਣਾਉਣ ਲਈ ਹਰ ਸੰਭਵ ਕੋਸ਼ਿਸ ਕਰ ਰਹੀ ਹੈ ਕਿ ਕਿਸਾਨ ਇਨ੍ਹਾਂ ਸੁਧਾਰਾਂ ਦਾ ਵੱਧ ਤੋਂ ਵੱਧ ਲਾਭ ਲੈਣ।"

ਮੁੱਖ ਮੰਤਰੀ ਨੇ ਭਾਜਪਾ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਦੀਆਂ ਖੇਤੀਬਾੜੀ ਪ੍ਰਤੀ ਨੀਤੀਆਂ ਦੀ ਆਲੋਚਨਾ ਕਰਦਿਆਂ ਕਿਹਾ, "ਪਿਛਲੇ 12 ਸਾਲਾਂ ਤੋਂ ਮੋਦੀ ਸਰਕਾਰ ਲਗਾਤਾਰ ਕਿਸਾਨਾਂ ਦੇ ਹਿੱਤਾਂ ਦੇ ਵਿਰੁੱਧ ਕੰਮ ਕਰ ਰਹੀ ਹੈ। ਪੰਜਾਬ ਦੇ 750 ਕਿਸਾਨਾਂ ਨੇ ਕਾਲੇ ਖੇਤੀ ਕਾਨੂੰਨਾਂ ਵਿਰੁੱਧ ਅੰਦੋਲਨ ਦੌਰਾਨ ਆਪਣੀਆਂ ਜਾਨਾਂ ਵਾਰ ਦਿੱਤੀਆਂ। ਅੱਜ, ਕਾਰਪੋਰੇਟ ਹਿੱਤ ਕਿਸਾਨਾਂ ਦੇ ਅਧਿਕਾਰਾਂ ਲਈ ਖਤਰਾ ਬਣੇ ਹੋਏ ਹਨ ਅਤੇ ਖੇਤੀਬਾੜੀ ਸੈਕਟਰ ਨੂੰ ਕਮਜੋਰ ਕਰਨ ਲਈ ਹਰ ਸੰਭਵ ਕੋਸ਼ਿਸ਼ ਕੀਤੀ ਜਾ ਰਹੀ ਹੈ।"

*'ਆਪ' ਸਰਕਾਰ ਵੱਲੋਂ 26 ਸਾਲਾਂ ਵਿੱਚ ਕੀਤਾ ਗਿਆ ਸਭ ਤੋਂ ਵੱਡਾ ਕੇ.ਸੀ.ਸੀ. ਸੁਧਾਰ*

ਭਗਵੰਤ ਮਾਨ ਸਰਕਾਰ ਵੱਲੋਂ ਪੰਜਾਬ ਦੇ 26 ਸਾਲ ਪੁਰਾਣੇ ਕਿਸਾਨ ਕ੍ਰੈਡਿਟ ਕਾਰਡ ਢਾਂਚੇ ਨੂੰ ਆਧੁਨਿਕ, ਡਿਜ਼ੀਟਲ ਅਤੇ ਕਿਸਾਨ-ਅਧਾਰਿਤ ਕ੍ਰੈਡਿਟ ਪ੍ਰਣਾਲੀ ਵਿੱਚ ਬਦਲ ਦਿੱਤਾ ਗਿਆ ਹੈ। ਫਸਲ ਮੁਤਾਬਕ ਕਰਜ਼ਾ ਹੱਦ ਵਿੱਚ ਮਹੱਤਵਪੂਰਨ ਵਾਧਾ ਕਰਕੇ, ਅਸਲ ਕਾਸਤ ਲਾਗਤਾਂ ਦੇ ਆਧਾਰ 'ਤੇ ਕਰਜ਼ੇ ਨਿਰਧਾਰਤ ਕਰਕੇ ਅਤੇ ਕਿਸਾਨਾਂ ਦੇ ਬੈਂਕ ਖਾਤਿਆਂ ਵਿੱਚ ਸਿੱਧੇ ਟ੍ਰਾਂਸਫਰ ਨੂੰ ਯਕੀਨੀ ਬਣਾ ਕੇ ਪੰਜਾਬ ਸਰਕਾਰ ਦਾ ਉਦੇਸ਼ ਕਿਸਾਨਾਂ ਦੀ ਸ਼ਾਹੂਕਾਰਾਂ 'ਤੇ ਨਿਰਭਰਤਾ ਨੂੰ ਘਟਾਉਣਾ ਅਤੇ ਕਿਫਾਇਤੀ ਸੰਸਥਾਗਤ ਕਰਜ਼ਾ ਪ੍ਰਦਾਨ ਕਰਨਾ ਹੈ। ਸੁਧਾਰਾਂ ਵਿੱਚ ਡਿਜ਼ੀਟਲ ਬੈਂਕਿੰਗ ਸਹੂਲਤਾਂ ਜਿਵੇਂ ਕਿ ਏ.ਟੀ.ਐਮ. ਅਤੇ ਯੂ.ਪੀ.ਆਈ. ਪਹੁੰਚ, ਘੱਟ ਵਿਆਜ ਦਰਾਂ ਅਤੇ ਛੇ ਸਾਲਾਂ ਦੀ ਕੇ.ਸੀ.ਸੀ. ਮਨਜੂਰੀ ਸ਼ਾਮਲ ਹੈ, ਜਿਸ ਨਾਲ ਕਿਸਾਨਾਂ ਲਈ ਕਰਜ਼ਾ ਵਧੇਰੇ ਪਹੁੰਚਯੋਗ ਅਤੇ ਸੁਵਿਧਾਜਨਕ ਬਣ ਜਾਂਦਾ ਹੈ।

ਸੋਧੀ ਗਈ ਨੀਤੀ 'ਆਪ' ਸਰਕਾਰ ਦੀ ਫਸਲੀ ਵਿਭਿੰਨਤਾ ਅਤੇ ਟਿਕਾਊ ਖੇਤੀਬਾੜੀ ਵੱਲ ਦਿੱਤੀ ਜਾ ਰਹੀ ਤਰਜੀਹ ਨੂੰ ਵੀ ਦਰਸਾਉਂਦੀ ਹੈ। ਪਹਿਲੀ ਵਾਰ, ਫਸਲਾਂ ਦੀ ਰਹਿੰਦ-ਖੂੰਹਦ ਪ੍ਰਬੰਧਨ, ਖੇਤੀਬਾੜੀ-ਜੰਗਲਾਤ, ਬਾਗਬਾਨੀ, ਮੱਛੀ ਪਾਲਣ ਅਤੇ ਕਈ ਉੱਚ-ਮੁੱਲ ਵਾਲੀਆਂ ਫਸਲਾਂ, ਜਿਨ੍ਹਾਂ ਵਿੱਚ ਡਰੈਗਨ ਫਰੂਟ, ਲੈਮਨਗ੍ਰਾਸ ਅਤੇ ਬਾਂਸ ਸ਼ਾਮਲ ਹਨ, ਨੂੰ ਵਿੱਤੀ ਸਹਾਇਤਾ ਦਾ ਦਾਇਰੇ ਵਿੱਚ ਲਿਆਂਦਾ ਗਿਆ ਹੈ। ਰਵਾਇਤੀ ਕਣਕ-ਝੋਨੇ ਦੀਆਂ ਫਸਲਾਂ ਤੋਂ ਇਲਾਵਾ ਹੋਰਨਾਂ ਫਸਲਾਂ ਨੂੰ ਕਰਜ਼ੇ ਦੇ ਦਾਇਰੇ ਵਿੱਚ ਸ਼ਾਮਲ ਕਰਕੇ ਭਗਵੰਤ ਮਾਨ ਸਰਕਾਰ ਵੱਲੋਂ ਪੰਜਾਬ ਦੀ ਖੇਤੀਬਾੜੀ ਆਰਥਿਕਤਾ ਨੂੰ ਮਜ਼ਬੂਤ ਕਰਦੇ ਹੋਏ ਕਿਸਾਨਾਂ ਲਈ ਆਮਦਨ ਦੇ ਨਵੇਂ ਮੌਕੇ ਪੈਦਾ ਕੀਤੇ ਜਾ ਰਹੇ ਹਨ।

## ਸੂਬੇ ਦੀਆਂ 90 ਲੱਖ ਔਰਤਾਂ ਨੂੰ ਅਗਲੇ ਮਹੀਨੇ

ਤਾਂ ਇਹ ਮੇਰੇ ਲਈ ਸਲਫਾਸ ਦੀ ਗੋਲੀ ਵਾਂਗ ਹੋਵੇਗਾ।

ਸਿਰਫ਼ ਸਟੇਜ ਹੀ ਨਹੀਂ, ਸਗੋਂ ਰਾਜ ਵੀ ਚਲਾਇਆ ਗਿਆ ਹੈ: ਵਿਰੋਧੀ ਅਕਸਰ ਸੱਤਾ ਸੰਭਾਲਣ ਵਿੱਚ ਉਸ ਦੀ ਅਸਮਰੱਥਾ 'ਤੇ ਸਵਾਲ ਉਠਾਉਂਦੇ ਹਨ। ਇਸ ਸਵਾਲ ਦੇ ਜਵਾਬ ਵਿੱਚ, ਮੁੱਖ ਮੰਤਰੀ ਨੇ ਕਿਹਾ, ਸ਼੍ਰੀਲੰਕਾ ਦੇ ਸਨਥ ਜੈਸੂਰੀਆ ਨੇ ਆਪਣੀ ਟੀਮ ਲਈ ਪਹਿਲਾਂ ਹੀ ਦੋ ਵਿਸ਼ਵ ਕੱਪ ਜਿੱਤੇ ਸਨ ਜਦੋਂ ਤੱਕ ਦੂਜੀਆਂ ਟੀਮਾਂ ਉਸਨੂੰ ਬੱਲੇਬਾਜ਼ ਨਹੀਂ ਮੰਨਦੀਆਂ ਸਨ।

ਉਹ (ਵਿਰੋਧੀ ਪਾਰਟੀਆਂ) ਮੈਨੂੰ ਨੇਤਾ ਨਹੀਂ ਮੰਨਦੀਆਂ; ਮੈਨੂੰ ਉਨ੍ਹਾਂ ਤੋਂ ਸਰਟੀਫਿਕੇਟ ਨਹੀਂ ਚਾਹੀਦਾ। ਮੈਨੂੰ ਜਨਤਾ ਤੋਂ ਸਰਟੀਫਿਕੇਟ ਚਾਹੀਦਾ ਹੈ। ਮੈਨੂੰ ਕੱਲ੍ਹ ਹੀ ਜਨਤਾ ਤੋਂ ਸਰਟੀਫਿਕੇਟ ਮਿਲਿਆ ਹੈ। ਉਹ ਕਹਿ ਰਹੇ ਸਨ ਕਿ ਸਟੇਜ ਅਤੇ ਰਾਜ ਚਲਾਉਣਾ ਦੋ ਵੱਖ-ਵੱਖ ਚੀਜ਼ਾਂ ਹਨ। ਅਸੀਂ ਦਿਖਾਇਆ ਹੈ ਕਿ ਅਸੀਂ ਇੱਕ ਰਾਜ ਚਲਾ ਸਕਦੇ ਹਾਂ। ਸਾਢੇ ਚਾਰ ਸਾਲਾਂ ਬਾਅਦ, ਸੱਤਾ ਪੱਖ ਦੀ ਨੁਕਤਾਚੀਨੀ ਹੈ।

## ਪੰਜਾਬ ਕਾਂਗਰਸ ਵਿੱਚ ਕੋਈ

ਚੁੱਕੇ ਹਨ। ਉਹ ਖ਼ੁਦ ਵੀ ਦੋ ਦਿਨ ਪਹਿਲਾਂ ਕੋਈ ਬਦਲਾਅ ਨਾ ਕੀਤੇ ਜਾਣ ਬਾਰੇ ਆਖ ਚੁੱਕੇ ਹਨ। ਬਘੇਲ ਨੇ ਕਿਹਾ ਕਿ ਲੀਡਰਸ਼ਿਪ 'ਚ ਫੇਰਬਦਲ ਅਫ਼ਵਾਹਾਂ ਤੋਂ ਵੱਧ ਕੁੱਝ ਨਹੀਂ ਅਤੇ ਅੱਜ ਦੀ ਮੀਟਿੰਗ 'ਚ ਲੀਡਰਸ਼ਿਪ 'ਚ ਬਦਲਾਅ ਨੂੰ ਲੈ ਕੇ ਕੋਈ ਚਰਚਾ ਨਹੀਂ ਹੋਈ ਹੈ। ਬਘੇਲ ਨੇ ਕਿਹਾ ਕਿ ਪੰਜਾਬ ਚੋਣਾਂ ਨਜ਼ਦੀਕ ਹਨ ਅਤੇ ਇਨ੍ਹਾਂ ਚੋਣਾਂ ਦੀ ਰਣਨੀਤੀ ਬਾਰੇ ਵਿਚਾਰ ਵਟਾਂਦਰਾ ਕੀਤਾ ਗਿਆ ਹੈ। ਹਾਈਕਮਾਨ ਨੇ ਚੋਣ ਤਿਆਰੀ ਬਾਰੇ ਗੰਭੀਰ ਮੰਥਨ ਕੀਤਾ ਹੈ। ਉਨ੍ਹਾਂ ਕਿਹਾ ਕਿ ਪੰਜਾਬ 'ਚ ਇਸ ਵੇਲੇ ਭ੍ਰਿਸ਼ਟਾਚਾਰ ਪ੍ਰਮੁੱਖ ਮੁੱਦਾ ਹੈ ਅਤੇ ਸਰਕਾਰ ਇਸ 'ਚ ਪੂਰੀ ਤਰ੍ਹਾਂ ਡੁੱਬੀ ਹੋਈ ਹੈ। ਬਘੇਲ ਨੇ ਇਹ ਵੀ ਕਿਹਾ ਕਿ ਪੰਜਾਬ ਚੋਣਾਂ ਖੜਗੇ ਅਤੇ ਰਾਹੁਲ ਗਾਂਧੀ ਦੀ ਅਗਵਾਈ 'ਚ ਲੜੀਆਂ ਜਾਣਗੀਆਂ। ਬਘੇਲ ਦੇ ਬਿਆਨ ਮਗਰੋਂ ਅਮਰਿੰਦਰ ਸਿੰਘ ਰਾਜਾ ਵੜਿੰਗ ਨੂੰ ਫ਼ਿਲਹਾਲ ਰਾਹਤ ਮਿਲੀ ਹੈ।

## ਵਿਧਾਇਕ ਰਮਨ ਅਰੋੜਾ

ਜਾਂਚ ਸ਼ੁਰੂ ਕਰ ਦਿੱਤੀ ਹੈ।

ਜ਼ਿਕਰਯੋਗ ਹੈ ਕਿ ਵਿਜੀਲੈਂਸ ਬਿਊਰੋ ਨੇ ਉਨ੍ਹਾਂ ਵਿਰੁੱਧ 1.10 ਕਰੋੜ ਰੁਪਏ ਦੀ ਜਾਇਦਾਦ ਦਾ ਕੇਸ ਦਰਜ ਕੀਤਾ ਸੀ। ਉਨ੍ਹਾਂ ਦੀ ਗ੍ਰਿਫ਼ਤਾਰੀ ਤੋਂ ਬਾਅਦ, ਉਨ੍ਹਾਂ ਨੂੰ ਪੰਜ ਦਿਨਾਂ ਲਈ ਪੁਲਿਸ ਹਿਰਾਸਤ ਵਿੱਚ ਭੇਜ ਦਿੱਤਾ ਗਿਆ । ਦੋਸ਼ ਹੈ ਕਿ ਰਮਨ ਅਰੋੜਾ ਨੇ ਸਹਾਇਕ ਟਾਊਨ ਪਲਾਨਰ (ਏ.ਟੀ.ਪੀ.) ਸੁਖਦੇਵ ਵਸ਼ਿਸ਼ਟ ਨਾਲ ਮਿਲ ਕੇ ਗੈਰ-ਕਾਨੂੰਨੀ ਨੋਟਿਸ ਜਾਰੀ ਕੀਤੇ ਸਨ। ਇਨ੍ਹਾਂ ਨੋਟਿਸਾਂ ਨੇ ਇਮਾਰਤ ਮਾਲਕਾਂ ਨੂੰ ਸੀਲਿੰਗ ਅਤੇ ਢਾਹੁਣ ਦੀ ਧਮਕੀ ਦਿੱਤੀ ਸੀ ਅਤੇ ਕਥਿਤ ਤੌਰ 'ਤੇ ਮਾਮਲਿਆਂ ਦਾ ਨਿਪਟਾਰਾ ਕਰਨ ਜਾਂ ਵਾਪਸ ਲੈਣ ਦੇ ਬਦਲੇ ਪੈਸੇ ਦੀ ਮੰਗ ਕੀਤੀ ਸੀ।

ਅਧਿਕਾਰੀਆਂ ਨੇ ਦੱਸਿਆ ਕਿ ਉਨ੍ਹਾਂ ਨੂੰ 2 ਜੂਨ ਨੂੰ ਜਲੰਧਰ ਦੇ ਈ.ਡੀ. ਦਫ਼ਤਰ ਵਿੱਚ ਪੇਸ਼ ਹੋਣ ਲਈ ਕਿਹਾ ਗਿਆ ਸੀ, ਜਿਸ ਤੋਂ ਬਾਅਦ ਉਨ੍ਹਾਂ ਦਾ ਬਿਆਨ ਮਨੀ ਲਾਂਡਰਿੰਗ ਰੋਕਥਾਮ ਐਕਟ (ਪੀ.ਐਮ.ਐਲ.ਏ.) ਤਹਿਤ ਦਰਜ ਕੀਤਾ ਜਾਣਾ ਸੀ। ਅਧਿਕਾਰੀਆਂ ਮੁਤਾਬਕ ਜਲੰਧਰ ਕਮਿਸ਼ਨਰੇਟ ਪੁਲਿਸ ਨੇ ਪਿਛਲੇ ਸਾਲ 23 ਅਗਸਤ ਨੂੰ ਵਿਧਾਇਕ ਅਰੋੜਾ ਵਿਰੁੱਧ ਜਬਰਦਸਤੀ ਦਾ ਮਾਮਲਾ ਵੀ ਦਰਜ ਕੀਤਾ ਸੀ। ਬਾਅਦ ਵਿੱਚ ਉਨ੍ਹਾਂ ਨੂੰ 2 ਸਤੰਬਰ ਨੂੰ ਜ਼ਿਲ੍ਹਾ ਅਦਾਲਤ ਤੋਂ ਜ਼ਮਾਨਤ ਮਿਲ ਗਈ ਸੀ।

## ਕੇਂਦਰ ਵੱਲੋਂ ਸੀ.ਬੀ.ਐਸ.ਈ. ਚੇਅਰਮੈਨ

ਦੀ ਵੀ ਪੜਚੋਲ ਕੀਤੀ ਜਾਵੇਗੀ।

ਪਾਰਦਰਸ਼ਤਾ 'ਤੇ ਜ਼ੋਰ ਬੋਰਡ ਦੇ ਦੋ ਉੱਚ ਅਧਿਕਾਰੀਆਂ ਦਾ ਤਬਾਦਲਾ ਇਸ ਵਿਵਾਦ ਤੋਂ ਬਾਅਦ ਹੁਣ ਤੱਕ ਦੀ ਸਭ ਤੋਂ ਵੱਡੀ ਕਾਰਵਾਈ ਮੰਨੀ ਜਾ ਰਹੀ ਹੈ। ਸਰਕਾਰ ਦੇ ਇਸ ਕਦਮ ਤੋਂ ਸੰਕੇਤ ਮਿਲਦਾ ਹੈ ਕਿ ਉਹ ਦੇਸ਼ ਦੀ ਸਭ ਤੋਂ ਵੱਡੀ ਸਕੂਲੀ ਪ੍ਰੀਖਿਆ ਪ੍ਰਣਾਲੀ ਵਿੱਚ ਤਕਨਾਲੋਜੀ, ਪਾਰਦਰਸ਼ਤਾ ਅਤੇ ਜਵਾਬਦੇਹੀ ਦੇ ਮੁੱਦੇ ਨੂੰ ਬਹੁਤ ਗੰਭੀਰਤਾ ਨਾਲ ਲੈ ਰਹੀ ਹੈ।

## ਲੋਖੰਡੇ ਪ੍ਰਸ਼ਾਂਤ ਸੀਤਾਰਾਮ ਬਣੇ ਸੀ.ਬੀ.ਐਸ.ਈ. ਦੇ

ਨਿਯੁਕਤੀ ਨੂੰ ਆਪਣੀ ਪ੍ਰਵਾਨਗੀ ਦੇ ਦਿੱਤੀ ਹੈ। ਪ੍ਰਸ਼ਾਂਤ ਸੀਤਾਰਾਮ ਲੋਖੰਡੇ 2001 ਬੈਚ ਦੇ ਏ.ਜੀ.ਐਮ.ਯੂ.ਟੀ. ਕੈਡਰ ਦੇ ਆਈ.ਏ.ਐਸ. ਅਧਿਕਾਰੀ ਹਨ। ਇਸ ਨਵੀਂ ਜ਼ਿੰਮੇਵਾਰੀ ਤੋਂ ਪਹਿਲਾਂ ਉਹ ਗ੍ਰਹਿ ਮੰਤਰਾਲੇ ਵਿੱਚ ਵਧੀਕ ਸਕੱਤਰ ਵਜੋਂ ਕੰਮ ਕਰ ਰਹੇ ਸਨ। ਹੁਣ ਉਹ ਸੀ.ਬੀ.ਐਸ.ਈ. ਵਰਗੇ ਵੱਕਾਰੀ ਸਿੱਖਿਆ ਬੋਰਡ ਦੀ ਵਾਗਡੋਰ ਸੰਭਾਲਣਗੇ।

ਲੋਖੰਡੇ ਪ੍ਰਸ਼ਾਂਤ ਸੀਤਾਰਾਮ ਨੇ ਰਾਹੁਲ ਸਿੰਘ (ਆਈ.ਏ.ਐਸ., ਬਿਹਾਰ ਕੈਡਰ, 1996 ਬੈਚ) ਦੀ ਜਗ੍ਹਾ ਲਈ ਹੈ। ਰਾਹੁਲ ਸਿੰਘ ਨੂੰ ਹੁਣ ਕੇਂਦਰ ਸਰਕਾਰ ਨੇ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰਾਲੇ ਵਿੱਚ ਵਧੀਕ ਸਕੱਤਰ ਵਜੋਂ ਨਿਯੁਕਤ ਕੀਤਾ ਹੈ।

ਨਵੇਂ ਚੇਅਰਮੈਨ ਦੀ ਨਿਯੁਕਤੀ ਨਾਲ ਉਮੀਦ ਜਤਾਈ ਜਾ ਰਹੀ ਹੈ ਕਿ ਬੋਰਡ ਦੇ ਕੰਮਕਾਜ ਵਿੱਚ ਹੋਰ ਪਾਰਦਰਸ਼ਤਾ ਅਤੇ ਤੇਜ਼ੀ ਆਵੇਗੀ।

## ਅਗਲੇ 2-3 ਦਿਨਾਂ 'ਚ ਦਸਤਕ ਦੇਵੇਗਾ

ਦੱਖਣੀ ਪ੍ਰਾਇਦੀਪੀ ਭਾਰਤ ਵਿੱਚ ਭਾਰੀ ਤੋਂ ਬਹੁਤ ਭਾਰੀ ਮੀਂਹ ਪੈਣ ਦੀ ਸੰਭਾਵਨਾ ਹੈ।ਮੌਸਮ ਵਿਭਾਗ ਅਨੁਸਾਰ, ਉੱਤਰ-ਪੱਛਮੀ, ਮੱਧ ਅਤੇ ਪੂਰਬੀ ਭਾਰਤ ਦੇ ਕਈ ਹਿੱਸਿਆਂ ਵਿੱਚ 50 ਤੋਂ 70 ਕਿਲੋਮੀਟਰ ਪ੍ਰਤੀ ਘੰਟੇ ਦੀ ਰਫ਼ਤਾਰ ਨਾਲ ਤੇਜ਼ ਹਵਾਵਾਂ ਚੱਲਣ, ਗੰਭੀਰ ਤੂਫ਼ਾਨ ਆਉਣ ਅਤੇ ਗੜ੍ਹੇਮਾਰੀ ਹੋਣ ਦੀ ਸੰਭਾਵਨਾ ਹੈ।ਆਮ ਤੌਰ 'ਤੇ ਕੇਰਲ ਵਿੱਚ ਇੱਕ ਜੂਨ ਦੇ ਆਸ-ਪਾਸ ਮੌਨਸੂਨ ਪਹੁੰਚਦਾ ਰਿਹਾ ਹੈ। ਆਈਐਮਡੀ ਨੇ ਪਹਿਲਾਂ 26 ਮਈ ਨੂੰ ਕੇਰਲ ਵਿੱਚ ਮੌਨਸੂਨ ਦੇ ਆਉਣ ਦੀ ਭਵਿੱਖਬਾਣੀ ਕੀਤੀ ਸੀ, ਪਰ 'ਅਲ ਨੀਨੋ' ਕਾਰਨ ਮਾਨਸੂਨ ਵਿੱਚ ਦੇਰੀ ਹੋਈ। ਵਿਭਾਗ ਨੇ 29 ਮਈ ਨੂੰ ਕਿਹਾ ਸੀ ਕਿ ਇਹ ਅਗਲੇ ਹਫ਼ਤੇ ਪਹੁੰਚ ਸਕਦਾ ਹੈ। ਨਾਲ ਹੀ ਇਹ ਵੀ ਕਿਹਾ ਸੀ ਕਿ ਇਸ ਸਾਲ ਆਮ ਨਾਲੋਂ ਘੱਟ ਮੀਂਹ ਪਵੇਗਾ। ਇਸਦਾ ਕਾਰਨ 'ਅਲ-ਨੀਨੋ' ਦੀ ਸਥਿਤੀ ਦਾ ਉਭਰਨਾ ਹੋ ਸਕਦਾ ਹੈ, ਜੋ ਭਾਰਤ ਵਿੱਚ ਮੌਨਸੂਨ ਦੌਰਾਨ ਘੱਟ ਮੀਂਹ ਦਾ ਕਾਰਨ ਬਣਦਾ ਹੈ।

## ਪੰਜਾਬ 'ਚ 4 ਨਗਰ ਕੌਂਸਲਾਂ ਲਈ ਮੁੜ ਵੋਟਿੰਗ 13 ਨੂੰ

ਵਿਚ ਜਨਹਿਤ ਪਟੀਸ਼ਨ ਦਾਇਰ ਕੀਤੀ ਗਈ ਸੀ ਜਦੋਂ ਪਿਛਲੀਆਂ ਚੋਣਾਂ ਹੋਈਆਂ ਸੀ, ਜਿਸ ਨੂੰ ਕਿ ਰੱਦ ਕਰ ਦਿੱਤਾ ਗਿਆ ਸੀ।

ਈਵੀਐਮ ਰਾਹੀਂ ਚੋਣਾਂ ਕਰਵਾਉਣ ਦੀ ਮੰਗ ਨੂੰ ਰੱਦ ਕੀਤਾ ਗਿਆ ਸੀ ਤੇ ਬੈਲੇਟ ਪੇਪਰ ਰਾਹੀਂ ਵੋਟਾਂ ਪਾਈਆਂ ਗਈਆਂ ਸਨ ਪਰ ਹੁਣ ਪੰਜਾਬ ਵਿਚ 13 ਜੂਨ ਨੂੰ ਵੋਟਾਂ ਪੈਣਗੀਆਂ, ਉਹ ਈਵੀਐਮ ਰਾਹੀਂ ਪੈਣਗੀਆਂ। ਪੰਜਾਬ ਵਿਚ 8 ਨਗਰ ਨਿਗਮ, 75 ਨਗਰ ਕੌਂਸਲ ਤੇ 21 ਨਗਰ ਪੰਚਾਇਤਾਂ ਲਈ ਵੋਟਾਂ ਪੈ ਚੁੱਕੀਆਂ ਹਨ। ਪੰਜਾਬ ਚੋਣ ਕਮਿਸ਼ਨ ਵੱਲੋਂ ਗੁਰਦਾਸਪੁਰ, ਕਾਦੀਆ, ਸ਼ਾਮ ਚੌਰਾਸੀ ਤੇ ਦੀਨਾਨਗਰ ਨਗਰ ਕੌਂਸਲ ਲਈ ਚੋਣਾਂ ਦਾ ਐਲਾਨ ਕੀਤਾ ਗਿਆ ਹੈ।

## 'ਜਦੋਂ ਤੱਕ ਭਾਜਪਾ ਨੂੰ ਹਟਾਵਾਂਗੀ

ਵੀ ਦਾਅਵਾ ਕੀਤਾ ਕਿ ਉਹ ਇੱਕ ਬਹਾਦਰ ਦੀ ਤਰ੍ਹਾਂ ਲੜਨਾ ਜਾਰੀ ਰੱਖੇਗੀ।

ਚੋਣਾਂ 'ਚ ਧਾਂਦਲੀ ਤੇ ਨੇਤਾਵਾਂ 'ਤੇ ਹਮਲਿਆਂ ਦੇ ਦੋਸ਼

ਮਮਤਾ ਬੈਨਰਜੀ ਨੇ ਭਾਜਪਾ 'ਤੇ ਚੋਣਾਂ ਦੌਰਾਨ ਵੱਡੀ ਧਾਂਦਲੀ ਕਰਨ ਦੇ ਗੰਭੀਰ ਦੋਸ਼ ਲਾਏ ਹਨ। ਉਨ੍ਹਾਂ ਕਿਹਾ ਕਿ ਬੰਗਾਲ ਚੋਣਾਂ ਜਿੱਤਣ ਲਈ ਭਾਜਪਾ ਨੇ 294 ਵਿੱਚੋਂ 177 ਵਿਧਾਨ ਸਭਾ ਸੀਟਾਂ 'ਤੇ ਵੋਟਾਂ ਦੀ ਗਿਣਤੀ ਵਿੱਚ ਹੇਰਾਫੇਰੀ ਕੀਤੀ ਹੈ। ਇਸ ਤੋਂ ਇਲਾਵਾ, ਤ੍ਰਿਣਮੂਲ ਕਾਂਗਰਸ (ਟੀ.ਐਮ.ਸੀ.) ਨੇ ਦੋਸ਼ ਲਾਇਆ ਹੈ ਕਿ ਚੋਣਾਂ ਤੋਂ ਬਾਅਦ ਉਨ੍ਹਾਂ ਦੇ ਨੇਤਾਵਾਂ ਅਤੇ ਵਰਕਰਾਂ, ਖਾਸ ਕਰਕੇ ਸੰਸਦ ਮੈਂਬਰ ਅਭਿਸ਼ੇਕ ਬੈਨਰਜੀ 'ਤੇ ਲਗਾਤਾਰ ਹਮਲੇ ਕੀਤੇ ਜਾ ਰਹੇ ਹਨ। ਮਮਤਾ ਨੇ ਕਿਹਾ ਕਿ ਜੇਕਰ ਉਸ ਦਿਨ ਅਭਿਸ਼ੇਕ ਦੇ ਸਿਰ 'ਤੇ ਪੱਥਰ ਲੱਗ ਜਾਂਦਾ ਤਾਂ ਉਸਦੀ ਮੌਕੇ 'ਤੇ ਹੀ ਮੌਤ ਹੋ ਸਕਦੀ ਸੀ।

ਪੁਲਿਸ ਤੇ ਮੌਜੂਦਾ ਸਰਕਾਰ ਨੂੰ ਚਿਤਾਵਨੀ

ਸਾਬਕਾ ਮੁੱਖ ਮੰਤਰੀ ਨੇ ਮੌਜੂਦਾ ਮੁੱਖ ਮੰਤਰੀ ਸ਼ੁਭੇਂਦੂ ਅਧਿਕਾਰੀ 'ਤੇ ਤੰਜ ਕੱਸਦਿਆਂ ਕਿਹਾ ਕਿ ਅੱਜ-ਕੱਲ੍ਹ ਭਾਜਪਾ ਦੇ ਪੁਰਾਣੇ ਨੇਤਾਵਾਂ ਕੋਲ ਨਹੀਂ, ਸਗੋਂ ਦੂਜੀਆਂ ਪਾਰਟੀਆਂ ਤੋਂ ਆਏ ਲੋਕਾਂ ਕੋਲ ਤਾਕਤ ਹੈ। ਉਨ੍ਹਾਂ ਕੋਲਕਾਤਾ ਪੁਲਿਸ ਨੂੰ ਚਿਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਪਾਰਟੀ ਵਰਕਰਾਂ ਨੂੰ ਪ੍ਰਦਰਸ਼ਨ ਵਾਲੀ ਥਾਂ 'ਤੇ ਆਉਣ ਤੋਂ ਰੋਕਿਆ ਗਿਆ ਤਾਂ ਉਹ ਕੋਲਕਾਤਾ ਪੁਲਿਸ ਹੈੱਡਕੁਆਰਟਰ ਦਾ ਘੇਰਾਓ ਕਰਨਗੇ।

ਇਸ ਧਰਨੇ 'ਚ ਮਮਤਾ ਦੇ ਨਾਲ ਚੰਦ੍ਰਿਮਾ ਭੱਟਾਚਾਰੀਆ, ਸੋਵਨਦੇਵ ਚਟੋਪਾਧਿਆਏ, ਡੋਲਾ ਸੇਨ ਅਤੇ ਕਲਿਆਣ ਬੈਨਰਜੀ ਸਮੇਤ ਕਈ ਹੋਰ ਵਿਧਾਇਕ ਅਤੇ ਸੰਸਦ ਮੈਂਬਰ ਵੀ ਸ਼ਾਮਲ ਸਨ।

## ਮੇਟੇ ਫਰੈਡਰਿਕਸਨ ਨੇ

## ਤੀਜੀ ਵਾਰ ਡੈਨਮਾਰਕ

ਮੰਗਲਵਾਰ ਨੂੰ ਆਪਣੀ ਨਵੀਂ ਸਰਕਾਰ ਦੀਆਂ ਮੁੱਖ ਤਰਜੀਹਾਂ ਅਤੇ ਏਜੰਡੇ ਨੂੰ ਦੇਸ਼ ਦੇ ਸਾਹਮਣੇ ਰੱਖੇਗੀ। ਇਸ ਤੋਂ ਬਾਅਦ ਬੁੱਧਵਾਰ ਨੂੰ ਨਵੇਂ ਚੁਣੇ ਗਏ ਮੰਤਰੀਆਂ ਨੂੰ ਰਾਇਲ ਹਾਊਸ ਵਿਖੇ ਰਾਜਾ ਦੇ ਸਾਹਮਣੇ ਪੇਸ਼ ਕੀਤੇ ਜਾਣ ਦੀ ਉਮੀਦ ਹੈ। ਇਸ ਨਵੇਂ ਗੱਠਜੋੜ ਨੂੰ ਡੈਨਮਾਰਕ ਦੀ ਸਿਆਸਤ ਵਿੱਚ ਇੱਕ ਨਵੀਂ ਸ਼ੁਰੂਆਤ ਵਜੋਂ ਦੇਖਿਆ ਜਾ ਰਿਹਾ ਹੈ, ਕਿਉਂਕਿ ਇਸ ਵਿੱਚ ਵੱਖ-ਵੱਖ ਸਿਆਸੀ ਵਿਚਾਰਧਾਰਾਵਾਂ ਵਾਲੀਆਂ ਪਾਰਟੀਆਂ ਇੱਕਜੁੱਟ ਹੋਈਆਂ ਹਨ।

## ਕੀ ਪੰਜਾਬ 'ਚ ਵੀ ਕਿਸੇ ਘਰੇਲੂ ਕਾਮਕਾਜ਼ੀ

ਰਾਜਨੀਤਿਕ ਪ੍ਰਭਾਵ ਵਾਲੇ ਵਰਗਾਂ ਦੇ ਆਲੇ-ਦੁਆਲੇ ਘੁੰਮਦੀ ਦਿਖਾਈ ਦਿੰਦੀ ਹੈ। ਜ਼ਿਆਦਾਤਰ ਟਿਕਟਾਂ ਉਹਨਾਂ ਨੂੰ ਮਿਲਦੀਆਂ ਹਨ ਜਿਨ੍ਹਾਂ ਕੋਲ ਆਰਥਿਕ ਤਾਕਤ, ਵੱਡੇ ਸਮਾਜਿਕ ਨੈੱਟਵਰਕ ਜਾਂ ਰਾਜਨੀਤਿਕ ਵਿਰਾਸਤ ਹੁੰਦੀ ਹੈ। ਆਮ ਮਜ਼ਦੂਰ ਜਾਂ ਘਰੇਲੂ ਕਾਮਕਾਜ਼ੀ ਔਰਤ ਲਈ ਚੋਣ ਲੜਨਾ ਅਜੇ ਵੀ ਬਹੁਤ ਔਖਾ ਕੰਮ ਹੈ।

ਪੰਜਾਬ ਵਿੱਚ ਅੱਜ ਵੀ ਹਜ਼ਾਰਾਂ ਘਰੇਲੂ ਕਾਮਕਾਜ਼ੀ ਔਰਤਾਂ ਅਤੇ ਮਰਦ ਬਿਨਾਂ ਕਿਸੇ ਸਮਾਜਿਕ ਸੁਰੱਖਿਆ ਦੇ ਕੰਮ ਕਰ ਰਹੇ ਹਨ। ਘੱਟ ਤਨਖ਼ਾਹਾਂ, ਲੰਬੇ ਕੰਮ ਦੇ ਘੰਟੇ, ਅਸੁਰੱਖਿਅਤ ਮਾਹੌਲ ਅਤੇ ਕਈ ਵਾਰ ਸ਼ੋਸ਼ਣ ਦੀਆਂ ਘਟਨਾਵਾਂ ਵੀ ਸਾਹਮਣੇ ਆਉਂਦੀਆਂ ਰਹਿੰਦੀਆਂ ਹਨ। ਖੇਤ ਮਜ਼ਦੂਰਾਂ ਅਤੇ ਪਰਵਾਸੀ ਮਜ਼ਦੂਰਾਂ ਦੀ ਹਾਲਤ ਵੀ ਇਸ ਤੋਂ ਬਹੁਤ ਵੱਖਰੀ ਨਹੀਂ। ਅਜਿਹੇ ਹਾਲਾਤਾਂ ਵਿੱਚ ਕਲਿਤਾ ਮਾਝੀ ਦੀ ਕਹਾਣੀ ਪੰਜਾਬ ਦੇ ਮਜ਼ਦੂਰ ਵਰਗ ਲਈ ਇੱਕ ਆਸ ਦੀ ਕਿਰਨ ਬਣ ਸਕਦੀ ਹੈ।

ਸਵਾਲ ਇਹ ਨਹੀਂ ਕਿ ਪੰਜਾਬ ਵਿੱਚ ਅਜਿਹਾ ਹੋ ਸਕਦਾ ਹੈ ਜਾਂ ਨਹੀਂ। ਅਸਲ ਸਵਾਲ ਇਹ ਹੈ ਕਿ ਕੀ ਸਾਡੀਆਂ ਰਾਜਨੀਤਿਕ ਪਾਰਟੀਆਂ ਅਜਿਹੇ ਲੋਕਾਂ ਨੂੰ ਅੱਗੇ ਲਿਆਉਣ ਲਈ ਤਿਆਰ ਹਨ? ਕੀ ਉਹ ਕਿਸੇ ਘਰੇਲੂ ਕਾਮਕਾਜ਼ੀ ਔਰਤ ਨੂੰ ਚੋਣ ਟਿਕਟ ਦੇਣ ਦਾ ਸਾਹਸ ਕਰ ਸਕਦੀਆਂ ਹਨ? ਕੀ ਉਹ ਕਿਸੇ ਮਜ਼ਦੂਰ ਨੂੰ ਸਿਰਫ਼ ਹਮਦਰਦੀ ਦੇ ਪ੍ਰਤੀਕ ਵਜੋਂ ਨਹੀਂ, ਸਗੋਂ ਅਸਲ ਨੀਤੀ ਨਿਰਧਾਰਕ ਵਜੋਂ ਸਵੀਕਾਰ ਕਰ ਸਕਦੀਆਂ ਹਨ?

ਪੰਜਾਬ ਦੇ ਇਤਿਹਾਸ ਨੂੰ ਵੇਖੀਏ ਤਾਂ ਇਹ ਧਰਤੀ ਸਮਾਨਤਾ ਅਤੇ ਮਨੁੱਖੀ ਮਰਿਆਦਾ ਦੀ ਰਹੀ ਹੈ। ਗੁਰੂ ਸਾਹਿਬਾਨ ਨੇ ਜਾਤ-ਪਾਤ ਅਤੇ ਊਚ-ਨੀਚ ਦੇ ਭੇਦ ਨੂੰ ਨਕਾਰਿਆ ਸੀ। ਲੰਗਰ ਦੀ ਪਰੰਪਰਾ ਤੋਂ ਲੈ ਕੇ ਸਰਬੱਤ ਦਾ ਭਲਾਤੱਕ ਪੰਜਾਬ ਦੀ ਰੂਹ ਬਰਾਬਰੀ ਦੀ ਗੱਲ ਕਰਦੀ ਹੈ। ਪਰ ਅੱਜ ਦੀ ਰਾਜਨੀਤੀ ਵਿੱਚ ਇਹ ਆਦਰਸ਼ ਕਈ ਵਾਰ ਪਿੱਛੇ ਛੱਡੇ ਹੋਏ ਦਿਖਾਈ ਦਿੰਦੇ ਹਨ।

ਕਲਿਤਾ ਮਾਝੀ ਦੀ ਸਫਲਤਾ ਇਹ ਵੀ ਦੱਸਦੀ ਹੈ ਕਿ ਜਨਤਾ ਹੁਣ ਸਿਰਫ਼ ਵੱਡੇ ਨਾਮਾਂ ਨੂੰ ਹੀ ਵੋਟ ਨਹੀਂ ਦਿੰਦੀ। ਜੇ ਕੋਈ ਉਮੀਦਵਾਰ ਲੋਕਾਂ ਦੇ ਵਿਚਕਾਰੋਂ ਉੱਠ ਕੇ ਆਵੇ, ਉਹਨਾਂ ਦੇ ਦੁੱਖ-ਦਰਦ ਨੂੰ ਸਮਝੇ ਅਤੇ ਭਰੋਸਾ ਜਿੱਤ ਸਕੇ ਤਾਂ ਲੋਕ ਉਸ ਨੂੰ ਸਵੀਕਾਰ ਵੀ ਕਰਦੇ ਹਨ। ਇਹੀ ਲੋਕਤੰਤਰ ਦੀ ਅਸਲ ਤਾਕਤ ਹੈ।

ਪੰਜਾਬ ਲਈ ਇਸ ਕਹਾਣੀ ਦਾ ਸਭ ਤੋਂ ਵੱਡਾ ਸੰਦੇਸ਼ ਇਹ ਹੈ ਕਿ ਸਮਾਜਿਕ ਪਿਛੋਕੜ ਕਿਸੇ ਵਿਅਕਤੀ ਦੀ ਯੋਗਤਾ ਦਾ ਮਾਪਦੰਡ ਨਹੀਂ ਹੋ ਸਕਦੀ। ਜੋ ਔਰਤ ਕਦੇ ਦੂਜਿਆਂ ਦੇ ਘਰ ਸਾਫ਼ ਕਰਦੀ ਸੀ, ਉਹ ਅੱਜ ਇੱਕ ਸੂਬੇ ਦੇ ਵਿਕਾਸ ਨਾਲ ਜੁੜੇ ਫ਼ੈਸਲੇ ਲੈਣ ਵਾਲੀ ਮੰਤਰੀ ਹੈ। ਇਹ ਸਾਬਤ ਕਰਦਾ ਹੈ ਕਿ ਮੌਕਾ ਮਿਲੇ ਤਾਂ ਆਮ ਲੋਕ ਵੀ ਅਸਧਾਰਨ ਨੇਤ੍ਰਿਤਵ ਦੇ ਸਕਦੇ ਹਨ।

ਪੰਜਾਬ ਵਿੱਚ ਵੀ ਅਜਿਹੀਆਂ ਹਜ਼ਾਰਾਂ ਕਲਿਤਾਵਾਂ ਹਨ। ਉਹ ਘਰਾਂ ਵਿੱਚ ਕੰਮ ਕਰਦੀਆਂ ਹਨ, ਖੇਤਾਂ ਵਿੱਚ ਮਿਹਨਤ ਕਰਦੀਆਂ ਹਨ, ਫੈਕਟਰੀਆਂ ਵਿੱਚ ਪਸੀਨਾ ਵਹਾਉਂਦੀਆਂ ਹਨ ਅਤੇ ਆਪਣੇ ਪਰਿਵਾਰਾਂ ਨੂੰ ਸੰਭਾਲਦੀਆਂ ਹਨ। ਲੋੜ ਸਿਰਫ਼ ਇਸ ਗੱਲ ਦੀ ਹੈ ਕਿ ਸਮਾਜ ਅਤੇ ਰਾਜਨੀਤਿਕ ਪ੍ਰਣਾਲੀ ਉਨ੍ਹਾਂ ਨੂੰ ਸਿਰਫ਼ ਵੋਟ ਬੈਂਕ ਨਹੀਂ, ਸਗੋਂ ਸੰਭਾਵੀ ਨੇਤਾਵਾਂ ਵਜੋਂ ਦੇਖੇ।

ਚੜ੍ਹਦੀਕਲਾ
ਪਰਮਜੀਤ ਸਿੰਘ, ਪ੍ਰਿੰਟਰ ਪਬਲਿਸ਼ਰ ਨੇ ਰੋਜ਼ਾਨਾ ਚੜ੍ਹਦੀਕਲਾ, ਚੜ੍ਹਦੀਕਲਾ ਪ੍ਰਿੰਟਿੰਗ ਪ੍ਰੈੱਸ ਪ੍ਰਾਈਵੇਟ ਲਿਮਟਿਡ ਲਈ ਦਲਜੀਤ ਪ੍ਰਿੰਟਰਜ਼, 593 ਐਸ.ਐਸ.ਟੀ. ਨਗਰ ਪਟਿਆਲਾ ਤੋਂ ਛਪਵਾ ਕੇ ਦਫ਼ਤਰ ਰੋਜ਼ਾਨਾ ਚੜ੍ਹਦੀਕਲਾ, 577, ਐਸ.ਐਸ.ਟੀ. ਨਗਰ, ਪਟਿਆਲਾ ਤੋਂ ਪ੍ਰਕਾਸ਼ਿਤ ਕੀਤਾ। ਮੁੱਖ ਸੰਪਾਦਕ : ਜਗਜੀਤ ਸਿੰਘ 'ਦਰਦੀ'।
PRGI (RNI) Regd. No. 22972/1972

Printed & Published by Paramjit Singh on behalf of Charhdikala Printing Press Pvt. Ltd., Patiala & Printed at Daljit Printers 593, SST Nagar Patiala. Published at Office Daily Charhdikala 577, SST Nagar Patiala. Chief Editor : Jagjit Singh Dardi
PRGI (RNI) Regd. No. 22972/1972

# ਸੌਂਦ ਵੱਲੋਂ ਮਨਰੇਗਾ ਯੂਨੀਅਨ ਨਾਲ ਮੁਲਾਕਾਤ ਦੌਰਾਨ ਸਮਾਂਬੱਧ ਢੰਗ ਨਾਲ ਮੰਗਾਂ ਹੱਲ ਕਰਨ ਦਾ ਭਰੋਸਾ

ਚੰਡੀਗੜ੍ਹ, 2 ਜੂਨ (ਚ.ਨ.ਸ.): ਮਨਰੇਗਾ ਕਾਮਿਆਂ ਦੀਆਂ ਮੰਗਾਂ ਤੇ ਚਿੰਤਾਵਾਂ ਨੂੰ ਦੂਰ ਕਰਨ ਦੇ ਮੱਦੇਨਜ਼ਰ ਪੰਜਾਬ ਦੇ ਪੇਂਡੂ ਵਿਕਾਸ ਤੇ ਪੰਚਾਇਤ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਪੀ.ਐਸ.ਪੀ.ਸੀ.ਐਲ. ਗੈਸਟ ਹਾਊਸ ਵਿਖੇ ਮਨਰੇਗਾ ਕਰਮਚਾਰੀ ਯੂਨੀਅਨ ਦੇ ਨੁਮਾਇੰਦਿਆਂ ਨਾਲ ਗੱਲਬਾਤ ਕੀਤੀ ਤੇ ਉਨ੍ਹਾਂ ਦੀਆਂ ਲੰਬਿਤ ਮੰਗਾਂ ਨੂੰ ਤੇਜ਼ੀ ਨਾਲ ਹੱਲ ਕਰਨ ਦਾ ਭਰੋਸਾ ਦਿੱਤਾ। ਸੌਂਦ ਨੇ ਵਿਭਾਗ ਦੇ ਸਕੱਤਰ ਅਜਿਤ ਬਾਲਾਜੀ ਜੋਸ਼ੀ ਤੇ ਸੰਯੁਕਤ ਵਿਕਾਸ ਕਮਿਸ਼ਨਰ-ਕਮ-ਕਮਿਸ਼ਨਰ ਸ਼ੇਨਾ ਅਗਰਵਾਲ ਨਾਲ ਯੂਨੀਅਨ ਦੇ ਨੁਮਾਇੰਦਿਆਂ ਦੀਆਂ ਮੰਗਾਂ ਤੇ ਮੁੱਦਿਆਂ ਨੂੰ ਬੜੀ ਗਹੁ ਨਾਲ ਸੁਣਿਆ। ਜ਼ਿਕਰਯੋਗ ਹੈ ਕਿ ਸੂਬੇ ਭਰ ਵਿੱਚ ਮਨਰੇਗਾ ਅਧੀਨ ਲਗਭਗ 2100 ਕਾਮੇ ਕੰਮ ਕਰ ਰਹੇ ਹਨ।

ਤਰੁਨਪ੍ਰੀਤ ਸਿੰਘ ਸੌਂਦ ਨੇ ਮਨਰੇਗਾ ਕਾਮਿਆਂ ਵੱਲੋਂ ਪੇਂਡੂ ਵਿਕਾਸ ਪ੍ਰੋਗਰਾਮਾਂ ਨੂੰ ਲਾਗੂ ਕਰਨ ਤੇ ਸਰਕਾਰੀ ਯੋਜਨਾਵਾਂ ਨੂੰ ਜ਼ਮੀਨੀ ਪੱਧਰ 'ਤੇ ਪ੍ਰਭਾਵੀ ਢੰਗ ਨਾਲ ਲਾਗੂ ਕਰਨ ਵਿੱਚ ਪਾਏ ਗਏ ਵਡਮੁੱਲੇ ਯੋਗਦਾਨ ਦੀ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਪੇਂਡੂ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਅਤੇ ਪੰਜਾਬ ਦੇ ਪਿੰਡਾਂ 'ਚ ਵਸਦੇ ਲੋਕਾਂ ਦੇ ਜੀਵਨ ਨੂੰ ਬਿਹਤਰ ਬਣਾਉਣ ਵਿੱਚ ਇਨ੍ਹਾਂ ਕਾਮਿਆਂ ਨੇ ਅਹਿਮ ਭੂਮਿਕਾ ਨਿਭਾਈ ਹੈ। ਉਨ੍ਹਾਂ



ਭਰੋਸਾ ਦਿੱਤਾ ਕਿ ਸੂਬਾ ਸਰਕਾਰ ਉਨ੍ਹਾਂ ਦੀਆਂ ਜਾਇਜ਼ ਮੰਗਾਂ ਨੂੰ ਸਮਾਂਬੱਧ ਢੰਗ ਨਾਲ ਹੱਲ ਕਰਨ ਲਈ ਹਰ ਸੰਭਵ ਯਤਨ ਕਰੇਗੀ। ਮੰਤਰੀ ਨੇ ਯੂਨੀਅਨ ਦੇ ਨੁਮਾਇੰਦਿਆਂ ਨੂੰ ਭਰੋਸਾ ਦਿਵਾਇਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਦੂਰਅੰਦੇਸ਼ ਤੇ ਗਤੀਸ਼ੀਲ ਅਗਵਾਈ ਹੇਠ ਪੰਜਾਬ ਸਰਕਾਰ ਮਨਰੇਗਾ ਕਾਮਿਆਂ ਦੇ ਹਿੱਤਾਂ ਦੀ ਰਾਖੀ ਕਰਨ ਅਤੇ ਉਨ੍ਹਾਂ ਦੀ ਭਲਾਈ ਨੂੰ ਯਕੀਨੀ ਬਣਾਉਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਉਨ੍ਹਾਂ ਜ਼ੋਰ ਦਿੰਦਿਆਂ ਕਿਹਾ ਕਿ ਸਰਕਾਰ ਪਾਰਦਰਸ਼ੀ, ਕਰਮਚਾਰੀ-ਪੱਖੀ ਤੇ ਜਵਾਬਦੇਹ ਪ੍ਰਸ਼ਾਸਨ ਬਣਾਈ ਰੱਖਣ 'ਚ ਭਰੋਸਾ ਰੱਖਦੀ ਹੈ ਤੇ ਆਪਣੇ ਕਰਮਚਾਰੀਆਂ ਨੂੰ ਦਰਪੇਸ਼ ਸਮੱਸਿਆਵਾਂ ਨੂੰ ਦੂਰ ਕਰਨ ਲਈ ਲਗਾਤਾਰ ਕੰਮ ਕਰ ਰਹੀ ਹੈ।

ਪੰਜਾਬ ਸਰਕਾਰ ਦੀ ਲੋਕ-ਪੱਖੀ ਪਹੁੰਚ ਦਾ ਹਵਾਲਾ ਦਿੰਦਿਆਂ ਮੰਤਰੀ ਨੇ ਕਿਹਾ ਕਿ ਮੌਜੂਦਾ ਸਰਕਾਰ ਵੱਲੋਂ ਕਿਸਾਨਾਂ, ਮਜ਼ਦੂਰਾਂ, ਨੌਜਵਾਨਾਂ, ਔਰਤਾਂ, ਸਰਕਾਰੀ ਕਰਮਚਾਰੀਆਂ ਤੇ ਪੇਂਡੂ ਭਾਈਚਾਰਿਆਂ ਸਮੇਤ ਸਮਾਜ ਦੇ ਹਰ ਵਰਗ ਦੀ ਭਲਾਈ ਲਈ ਅਣਥੱਕ ਯਤਨ ਕੀਤੇ ਜਾ ਰਹੇ ਹਨ। ਉਨ੍ਹਾਂ ਅੱਗੇ ਕਿਹਾ ਕਿ ਸਰਕਾਰ ਸਮੁੱਚੇ ਵਿਕਾਸ ਨੂੰ ਯਕੀਨੀ ਬਣਾਉਣ, ਪੇਂਡੂ ਸ਼ਾਸਨ ਨੂੰ ਮਜ਼ਬੂਤ ਕਰਨ, ਰੁਜ਼ਗਾਰ ਦੇ ਬਿਹਤਰ ਮੌਕੇ ਪੈਦਾ ਕਰਨ ਤੇ ਸੂਬੇ ਭਰ ਵਿੱਚ ਨਾਗਰਿਕ-ਕੇਂਦ੍ਰਿਤ ਸੇਵਾਵਾਂ ਪ੍ਰਦਾਨ ਕਰਨ ਲਈ ਪੂਰੀ ਤਰ੍ਹਾਂ ਵਚਨਬੱਧ ਹੈ।

ਇਸ ਦੌਰਾਨ ਪੇਂਡੂ ਵਿਕਾਸ ਤੇ ਪੰਚਾਇਤ ਵਿਭਾਗ ਦੇ ਸਕੱਤਰ ਅਜਿਤ ਬਾਲਾਜੀ ਜੋਸ਼ੀ ਨੇ ਵੀ ਵਫ਼ਦ ਨੂੰ ਭਰੋਸਾ ਦਿੱਤਾ ਕਿ ਮੀਟਿੰਗ ਦੌਰਾਨ ਉਠਾਏ ਗਏ ਸਾਰੇ ਮੁੱਦਿਆਂ ਦੀ ਸਬੰਧਤ ਵਿਭਾਗਾਂ ਨਾਲ ਸਲਾਹ-ਮਸ਼ਵਰਾ ਕਰਕੇ ਚੰਗੀ ਤਰ੍ਹਾਂ ਜਾਂਚ ਕੀਤੀ ਜਾਵੇਗੀ। ਉਨ੍ਹਾਂ ਅੱਗੇ ਕਿਹਾ ਕਿ ਨੀਤੀਗਤ ਫੈਸਲਿਆਂ ਅਤੇ ਵਿੱਤੀ ਪ੍ਰਭਾਵਾਂ ਨਾਲ ਜੁੜੇ ਮਾਮਲਿਆਂ ਦੇ ਵਿਹਾਰਕ ਤੇ ਟਿਕਾਊ ਹੱਲ ਲੱਭਣ ਲਈ ਵਿੱਤ ਵਿਭਾਗ ਨਾਲ ਵੀ ਚਰਚਾ ਕੀਤੀ ਜਾਵੇਗੀ। ਮੀਟਿੰਗ ਦੌਰਾਨ ਮੌਜੂਦ ਪਤਵੰਤਿਆਂ ਵਿੱਚ ਯੂਨੀਅਨ ਦੇ ਨੁਮਾਇੰਦੇ ਗੁਰਸੇਵਕ ਸਿੰਘ, ਪ੍ਰੇਮ ਸੁਖਦਰ ਗੁਰਦੀਪ ਦਾਸ, ਸੁਖਪ੍ਰਤਾਪ ਦਵਿੰਦਰ ਸਿੰਘ, ਅਮਰੀਕ ਸਿੰਘ ਮਹਿਰਾਜ, ਰਣਜੀਤ ਸਿੰਘ, ਅੰਮ੍ਰਿਤਪਾਲ ਸਿੰਘ ਅਤੇ ਸੰਦੀਪ ਕੱਕੜ ਸ਼ਾਮਲ ਸਨ।

# ਪੰਜਾਬ ਸਰਕਾਰ ਸਟੋਰੇਜ ਸਪੇਸ ਦੇ ਮੁੱਦੇ ਨੂੰ ਹੱਲ ਕਰਨ ਲਈ ਪੂਰੀ ਤਰ੍ਹਾਂ ਯਤਨਸ਼ੀਲ : ਕਟਾਰੂਚੱਕ

## ਮਾਨ ਵੱਲੋਂ ਕੇਂਦਰ ਕੋਲ ਲਗਾਤਾਰ ਸਟੋਰੇਜ ਸਪੇਸ ਦਾ ਮੁੱਦਾ ਉਠਾਇਆ ਜਾ ਰਿਹੈ



ਚੰਡੀਗੜ੍ਹ, 2 ਜੂਨ (ਚ.ਨ.ਸ.): ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਵੱਲੋਂ ਸਟੋਰੇਜ ਸਪੇਸ ਦੇ ਅਹਿਮ ਮੁੱਦੇ ਨੂੰ ਹੱਲ ਕਰਨ 'ਚ ਕੋਈ ਕਸਰ ਨਹੀਂ ਛੱਡੀ ਜਾ ਰਹੀ ਕਿਉਂਕਿ ਇਹ ਮੁੱਦਾ ਸੂਬੇ ਦੇ ਖਰੀਦ ਕਾਰਜਾਂ ਨਾਲ ਮੁੱਖ ਤੌਰ 'ਤੇ ਜੁੜਿਆ ਹੋਇਆ ਹੈ। ਖੁਰਾਕ, ਸਿਵਲ ਸਪਲਾਈ ਤੇ ਖਪਤਕਾਰ ਮਾਮਲਿਆਂ ਦੇ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਇੱਕ ਮੀਟਿੰਗ ਦੌਰਾਨ ਕਿਹਾ ਕਿ ਮੁੱਖ ਮੰਤਰੀ ਵੱਲੋਂ ਸਮੇਂ-ਸਮੇਂ 'ਤੇ ਕੇਂਦਰੀ ਖਪਤਕਾਰ ਮਾਮਲੇ, ਖੁਰਾਕ ਤੇ ਜਨਤਕ ਵੰਡ ਮੰਤਰੀ ਪ੍ਰਹਿਲਾਦ ਜੋਸ਼ੀ ਨਾਲ ਕਈ ਮੁਲਾਕਾਤਾਂ ਕੀਤੀਆਂ ਗਈਆਂ ਹਨ ਤੇ ਉਨ੍ਹਾਂ ਨੂੰ ਪੰਜਾਬ 'ਚ ਢੁਕਵੀਂ ਸਟੋਰੇਜ ਸਪੇਸ ਦੇ ਮੁੱਦੇ ਬਾਰੇ ਜਾਣੂ ਕਰਵਾਇਆ ਗਿਆ ਹੈ। ਮੰਤਰੀ ਨੇ ਅੱਗੇ ਕਿਹਾ ਕਿ ਸੂਬਾ ਸਰਕਾਰ ਹਮੇਸ਼ਾ ਖਰੀਦ ਪ੍ਰਕਿਰਿਆ ਨਾਲ ਜੁੜੇ ਸਾਰੇ ਭਾਈਵਾਲਾਂ ਦੇ ਹਿੱਤਾਂ ਨੂੰ ਧਿਆਨ ਵਿੱਚ ਰੱਖਦੀ ਹੈ ਤੇ ਇਸ ਮੁੱਦੇ ਨੂੰ ਕੇਂਦਰ ਸਰਕਾਰ ਕੋਲ ਦੁਬਾਰਾ ਉਠਾਉਣ 'ਚ ਕੋਈ ਢਿੱਲ ਨਹੀਂ ਵਰਤੀ ਜਾਵੇਗੀ। ਮੰਤਰੀ ਨੇ ਕਿਹਾ ਕਿ ਮੌਜੂਦਾ ਸਮੇਂ ਸੂਬੇ ਕੋਲ 181 ਲੱਖ ਮੀਟਰਿਕ ਟਨ (ਐਲ.ਐਮ.ਟੀ.) ਸਟੋਰੇਜ ਸਪੇਸ ਉਪਲੱਬਧ ਹੈ ਪਰ ਭੰਡਾਰ ਕੀਤੇ ਗਏ ਅਨਾਜ ਦੀ ਮਾਤਰਾ 190 ਐਲ.ਐਮ.ਟੀ. ਹੈ ਜੋ ਕਿ ਕੁੱਲ ਸਟੋਰੇਜ ਸਪੇਸ ਦਾ 105 ਫ਼ੀਸਦ ਹੈ।

ਕਟਾਰੂਚੱਕ ਨੇ ਦੱਸਿਆ ਕਿ ਸੂਬੇ ਕੋਲ ਚੌਲਾਂ ਦਾ ਪਿਛਲਾ ਸਟਾਕ 37.76 ਐਲ.ਐਮ.ਟੀ. ਹੈ ਜਦੋਂ ਕਿ ਕਣਕ ਦਾ ਸਟਾਕ 40 ਐਲ.ਐਮ.ਟੀ. ਹੈ। ਉਨ੍ਹਾਂ ਅੱਗੇ ਕਿਹਾ ਕਿ ਹਾਲਤਾਂ ਦੀ ਸਥਿਰਤਾ ਨੂੰ ਯਕੀਨੀ ਬਣਾਉਣ ਲਈ ਸੂਬੇ ਵਿੱਚੋਂ ਹਰ ਮਹੀਨੇ ਘੱਟੋ-ਘੱਟ 10 ਐਲ.ਐਮ.ਟੀ. ਚੌਲ ਤੇ 10 ਐਲ.ਐਮ.ਟੀ. ਕਣਕ ਦੀ ਚੁਕਾਈ ਕੀਤੀ ਜਾਣੀ ਲਾਜ਼ਮੀ ਹੈ ਤੇ ਇਸ ਸਬੰਧ 'ਚ ਅਗਲੇ 4 ਮਹੀਨੇ ਬੇਹੱਦ ਅਹਿਮ ਹਨ। ਇਸ ਮੌਕੇ ਹੋਰਨਾਂ ਤੋਂ ਇਲਾਵਾ ਪ੍ਰਮੁੱਖ ਸਕੱਤਰ ਰਾਹੁਲ ਤਿਵਾੜੀ, ਵਧੀਕ ਸਕੱਤਰ ਕਮਲ ਕੁਮਾਰ ਗਰਗ, ਵਧੀਕ ਡਾਇਰੈਕਟਰ ਡਾ. ਅੰਜੁਮਨ ਭਾਸਕਰ ਤੇ ਅਜੈਵੀਰ ਸਿੰਘ ਸਰਾਓ ਤੇ ਜੀਐਮ (ਵਿੱਤ) ਸਰਵੇਸ਼ ਕੁਮਾਰ ਮੌਜੂਦ ਸਨ।

### ਕਟਾਰੂਚੱਕ ਵੱਲੋਂ ਕਣਕ ਦੇ ਖਰੀਦ ਸੀਜ਼ਨ ਦੀ ਸਫ਼ਲਤਾ ਲਈ ਵਿਭਾਗ ਦੀ ਸ਼ਲਾਘਾ

ਚੰਡੀਗੜ੍ਹ, 2 ਜੂਨ (ਚ.ਨ.ਸ.): ਸੂਬੇ ਦੇ ਗਰੀਬ ਤਬਕੇ ਨੂੰ ਪੌਸ਼ਟਿਕ ਭੋਜਨ ਪ੍ਰਦਾਨ ਕਰਨ ਸਬੰਧੀ ਪੰਜਾਬ ਸਰਕਾਰ ਦੀ ਅਹਿਮ "ਮੇਰੀ ਰਸੋਈ ਯੋਜਨਾ" ਤਹਿਤ ਹੁਣ ਤੱਕ 4.50 ਲੱਖ ਫੂਡ ਕਿੱਟਾਂ ਵੰਡੀਆਂ ਜਾ ਚੁੱਕੀਆਂ ਹਨ ਜੋ ਇਸ ਸਕੀਮ ਦੀ ਸਫ਼ਲਤਾ ਦਾ ਪ੍ਰਤੱਖ ਪ੍ਰਮਾਣ ਹੈ। ਇਸ ਸਕੀਮ ਤਹਿਤ ਸੂਬੇ ਦੇ 40 ਲੱਖ ਗਰੀਬ ਪਰਿਵਾਰਾਂ ਨੂੰ ਅਜਿਹੀਆਂ ਕਿੱਟਾਂ ਪ੍ਰਦਾਨ ਕੀਤੀਆਂ ਜਾ ਰਹੀਆਂ ਹਨ। ਇੱਕ ਮੀਟਿੰਗ ਦੌਰਾਨ ਇਸ ਬਾਰੇ ਜਾਣਕਾਰੀ ਦਿੰਦਿਆਂ ਖੁਰਾਕ, ਸਿਵਲ ਸਪਲਾਈ ਤੇ ਖਪਤਕਾਰ ਮਾਮਲੇ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਕਿਹਾ ਕਿ ਹਰੇਕ ਕਿੱਟ 'ਚ ਮਹੀਨਾਵਾਰ ਖਪਤ ਲਈ ਦੋ ਕਿਲੋ ਦਾਲ, ਦੋ ਕਿਲੋ ਖੰਡ, ਇੱਕ ਕਿਲੋ ਨਮਕ, 200 ਗ੍ਰਾਮ ਹਲਦੀ ਪਾਊਡਰ ਤੇ ਇੱਕ ਲੀਟਰ ਸਰ੍ਹੋਂ ਦਾ ਤੇਲ ਸ਼ਾਮਲ ਹੈ। ਇਹ ਫੂਡ ਕਿੱਟਾਂ ਰਾਸ਼ਟਰੀ ਖੁਰਾਕ ਸੁਰੱਖਿਆ ਐਕਟ ਤਹਿਤ ਯੋਗ ਲਾਭਪਾਤਰੀਆਂ ਨੂੰ ਪਹਿਲਾਂ ਹੀ ਵੰਡੀ ਜਾ ਰਹੀ ਕਣਕ ਤੋਂ ਇਲਾਵਾ ਪ੍ਰਦਾਨ ਕੀਤੀਆਂ ਜਾ ਰਹੀਆਂ ਹਨ।

ਮੰਤਰੀ ਨੇ ਅੱਗੇ ਕਿਹਾ ਕਿ ਯੋਗ ਲਾਭਪਾਤਰੀਆਂ ਨੂੰ ਰੋਜ਼ਾਨਾ 50,000 ਅਜਿਹੀਆਂ ਫੂਡ ਕਿੱਟਾਂ ਵੰਡੀਆਂ ਜਾ ਰਹੀਆਂ ਹਨ। ਮੀਟਿੰਗ ਦੌਰਾਨ, ਮੰਤਰੀ ਨੇ ਮੁਕੰਮਲ ਹੋਏ ਕਣਕ ਦੇ ਖਰੀਦ ਸੀਜ਼ਨ ਦੀ ਸਫਲਤਾ ਲਈ ਵਿਭਾਗ ਦੀ ਪ੍ਰਸ਼ੰਸਾ ਵੀ ਕੀਤੀ ਅਤੇ ਇਸ ਸ਼ਾਨਦਾਰ ਸਫਲਤਾ ਦਾ ਸਿਹਰਾ ਮੰਡੀਆਂ ਵਿੱਚਲੇ ਮਜ਼ਬੂਤ ਬੁਨਿਆਦੀ ਢਾਂਚੇ ਨੂੰ ਦਿੱਤਾ। ਮੰਤਰੀ ਨੇ ਵਿਭਾਗ ਦੇ ਅਧਿਕਾਰੀਆਂ ਨੂੰ ਕਣਕ ਦੇ ਖਰੀਦ ਸੀਜ਼ਨ ਦੀ ਤਰ੍ਹਾਂ ਝੋਨੇ ਦੇ ਅਗਾਮੀ ਖਰੀਦ ਸੀਜ਼ਨ ਨੂੰ ਸਫ਼ਲ ਬਣਾਉਣ ਲਈ ਅਗਾਊਂ ਤਿਆਰੀਆਂ ਸ਼ੁਰੂ ਕਰਨ ਲਈ ਕਿਹਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਪ੍ਰਮੁੱਖ ਸਕੱਤਰ ਰਾਹੁਲ ਤਿਵਾੜੀ, ਵਧੀਕ ਸਕੱਤਰ ਕਮਲ ਕੁਮਾਰ ਗਰਗ, ਵਧੀਕ ਡਾਇਰੈਕਟਰ ਡਾ. ਅੰਜੁਮਨ ਭਾਸਕਰ ਤੇ ਅਜੈਵੀਰ ਸਿੰਘ ਸਰਾਓ, ਤੇ ਜੀਐਮ (ਵਿੱਤ) ਸਰਵੇਸ਼ ਕੁਮਾਰ ਸ਼ਾਮਲ ਸਨ।

# ਗੈਂਗਸਟਰਾਂ 'ਤੇ ਵਾਰ ਦੇ 133ਵੇਂ ਦਿਨ 499 ਥਾਵਾਂ ਉੱਤੇ ਛਾਪੇਮਾਰੀ ਦੌਰਾਨ 221 ਕਾਬੂ

ਚੰਡੀਗੜ੍ਹ, 2 ਜੂਨ (ਚ.ਨ.ਸ.): ਸੂਬੇ ਵਿੱਚ ਚੱਲ ਰਹੀ ਫੈਸਲਾਕੁੰਨ ਮੁਹਿੰਮ "ਗੈਂਗਸਟਰਾਂ ਤੇ ਵਾਰ" ਦੇ 133ਵੇਂ ਦਿਨ ਪੰਜਾਬ ਪੁਲਿਸ ਨੇ ਅੱਜ ਸੂਬੇ ਭਰ 'ਚ




ਗੈਂਗਸਟਰਾਂ ਦੇ ਸਾਥੀਆਂ ਦੇ ਪਛਾਣੇ ਗਏ ਤੇ ਮੈਪ ਕੀਤੇ 499 ਟਿਕਾਣਿਆਂ 'ਤੇ ਛਾਪੇਮਾਰੀ ਕੀਤੀ। ਜ਼ਿਕਰਯੋਗ ਹੈ ਕਿ "ਗੈਂਗਸਟਰਾਂ ਤੇ ਵਾਰ" ਪੰਜਾਬ ਨੂੰ ਗੈਂਗਸਟਰ ਮੁਕਤ ਸੂਬਾ ਬਣਾਉਣ ਲਈ ਫੈਸਲਾਕੁੰਨ ਜੰਗ ਹੈ, ਜੋ 20 ਜਨਵਰੀ, 2026 ਨੂੰ ਪੁਲਿਸ ਡਾਇਰੈਕਟਰ ਜਨਰਲ ਪੰਜਾਬ ਗੌਰਵ ਯਾਦਵ ਵੱਲੋਂ ਸ਼ੁਰੂ ਕੀਤੀ ਗਈ ਸੀ। ਐਂਟੀ-ਗੈਂਗਸਟਰ ਟਾਸਕ ਫੋਰਸ (ਏਜੀਟੀਐਫ) ਪੰਜਾਬ ਦੇ ਤਾਲਮੇਲ ਨਾਲ ਸਾਰੇ ਜ਼ਿਲਿਆਂ ਦੀਆਂ ਪੁਲਿਸ ਟੀਮਾਂ ਸੂਬੇ ਭਰ ਵਿੱਚ ਵਿਸ਼ੇਸ਼ ਕਾਰਵਾਈਆਂ ਕਰ ਰਹੀਆਂ ਹਨ। 133ਵੇਂ ਦਿਨ ਪੁਲਿਸ ਟੀਮਾਂ ਨੇ 221 ਵਿਅਕਤੀਆਂ ਨੂੰ ਗ੍ਰਿਫ਼ਤਾਰ ਕਰਨ ਦੇ ਨਾਲ-ਨਾਲ 2 ਹਥਿਆਰ ਬਰਾਮਦ ਕੀਤੇ, ਜਿਸ ਨਾਲ ਮੁਹਿੰਮ ਦੀ ਸ਼ੁਰੂਆਤ ਤੋਂ ਬਾਅਦ ਕੁੱਲ ਗ੍ਰਿਫ਼ਤਾਰੀਆਂ 33,340 ਹੋ ਗਈਆਂ। ਇਸ ਤੋਂ ਇਲਾਵਾ 81 ਵਿਅਕਤੀਆਂ ਵਿਰੁੱਧ ਇਹਤਿਆਤੀ ਕਾਰਵਾਈ ਕੀਤੀ ਗਈ ਹੈ, ਜਦੋਂ ਕਿ 10 ਵਿਅਕਤੀਆਂ ਨੂੰ ਪੁੱਛਗਿੱਛ ਤੋਂ ਬਾਅਦ ਛੱਡ ਦਿੱਤਾ ਗਿਆ। ਪੁਲਿਸ ਟੀਮਾਂ ਨੇ ਕਾਰਵਾਈ ਦੌਰਾਨ 3 ਭਗੌੜੇ ਅਪਰਾਧੀ (ਪੀਓ) ਨੂੰ ਵੀ ਗ੍ਰਿਫ਼ਤਾਰ ਕੀਤਾ ਹੈ।

ਲੋਕ, ਐਂਟੀ ਗੈਂਗਸਟਰ ਹੈਲਪਲਾਈਨ ਨੰਬਰ 93946-93946 ਰਾਹੀਂ ਗੁਪਤ ਰੂਪ ਵਿੱਚ ਲੋੜੀਂਦੇ ਅਪਰਾਧੀਆਂ ਅਤੇ ਗੈਂਗਸਟਰਾਂ ਬਾਰੇ ਰਿਪੋਰਟ ਕਰ ਸਕਦੇ ਹਨ ਅਤੇ ਅਪਰਾਧ ਅਤੇ ਅਪਰਾਧਿਕ ਗਤੀਵਿਧੀਆਂ ਬਾਰੇ ਸੂਹ ਵੀ ਦਿੱਤੀ ਜਾ ਸਕਦੀ ਹੈ। ਇਸ ਦੌਰਾਨ ਪੁਲਿਸ ਟੀਮਾਂ ਨੇ ਨਸ਼ਿਆਂ ਵਿਰੁੱਧ ਆਪਣੀ ਮੁਹਿੰਮ "ਯੁੱਧ ਨਸ਼ਿਆਂ ਵਿਰੁੱਧ" ਨੂੰ 458ਵੇਂ ਦਿਨ ਵੀ ਜਾਰੀ ਰੱਖਦਿਆਂ ਅੱਜ 91 ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕੀਤਾ ਤੇ ਉਨ੍ਹਾਂ ਦੇ ਕਬਜ਼ੇ ਵਿੱਚੋਂ 910 ਗ੍ਰਾਮ ਹੈਰੋਇਨ, 285 ਨਸ਼ੀਲੀਆਂ ਗੋਲੀਆਂ ਤੇ 5.07 ਲੱਖ ਰੁਪਏ ਦੀ ਡਰੱਗ ਮਨੀ ਬਰਾਮਦ ਕੀਤੀ ਗਈ। ਇਸ ਨਾਲ ਸਿਰਫ 458 ਦਿਨਾਂ ਵਿੱਚ ਗ੍ਰਿਫ਼ਤਾਰ ਕੀਤੇ ਗਏ ਕੁੱਲ ਨਸ਼ਾ ਤਸਕਰਾਂ ਦੀ ਗਿਣਤੀ 66,282 ਹੋ ਗਈ ਹੈ। ਨਸ਼ਾ ਛੁਡਾਊ ਮੁਹਿੰਮ ਦੇ ਹਿੱਸੇ ਵਜੋਂ, ਪੰਜਾਬ ਪੁਲਿਸ ਨੇ ਅੱਜ 11 ਵਿਅਕਤੀਆਂ ਨੂੰ ਨਸ਼ਾ ਛੁਡਾਊ ਅਤੇ ਮੁੜ ਵਸੇਬੇ ਦਾ ਇਲਾਜ ਕਰਵਾਉਣ ਲਈ ਰਾਜ਼ੀ ਕੀਤਾ ਹੈ।

# ਸ਼ਹੀਦਾਂ ਦੀਆਂ ਕੁਰਬਾਨੀਆਂ ਪ੍ਰਤੀ ਸੰਗਤਾਂ ਦੀ ਅਟੁੱਟ ਸ਼ਰਧਾ ਕੌਮੀ ਜਾਗਰੂਕਤਾ ਦੀ ਨਿਸ਼ਾਨੀ : ਗਿ. ਹਰਨਾਮ ਸਿੰਘ ਖ਼ਾਲਸਾ

ਚੌਕ ਮਹਿਤਾ, 2 ਜੂਨ (ਬਲਜਿੰਦਰ ਸਿੰਘ ਰੰਧਾਵਾ): ਦਮਦਮੀ ਟਕਸਾਲ ਮੁਖੀ ਤੇ ਸੰਤ ਸਮਾਜ ਦੇ ਪ੍ਰਧਾਨ ਸੰਤ ਗਿ. ਹਰਨਾਮ ਸਿੰਘ ਖਾਲਸਾ ਦੀ ਰਹਿਨੁਮਾਈ ਹੇਠ ਗੁ. ਗੁਰਦਰਸ਼ਨ ਪ੍ਰਕਾਸ਼ ਮਹਿਤਾ ਵਿਖੇ ਜੂਨ 1984 ਦੇ ਤੀਸਰੇ ਘੱਲੂਘਾਰੇ ਦੇ ਸਮੂਹ ਸ਼ਹੀਦਾਂ ਦੀ ਪਵਿੱਤਰ ਯਾਦ ਨੂੰ ਸਮਰਪਿਤ 42ਵੇਂ ਸ਼ਹੀਦੀ ਜੋੜ ਮੇਲੇ ਦੀ ਆਰੰਭਤਾ ਤੋਂ ਬਾਅਦ ਸ਼ਹੀਦੀ ਹਫ਼ਤੇ ਦੇ ਅੱਜ ਦੂਜੇ ਦਿਨ ਸ਼ਾਮ ਦੇ ਗੁਰਮਤਿ ਸਮਾਗਮ ਬੜੀ ਸ਼ਰਧਾ ਨਾਲ ਸਜਾਏ ਗਏ।ਇਸ ਦੌਰਾਨ ਹਜ਼ਾਰਾਂ ਦੀ ਗਿਣਤੀ 'ਚ ਦਮਦਮੀ ਟਕਸਾਲ ਪੁੱਜੀਆਂ ਸੰਗਤਾਂ ਨੇ ਸ਼ਹੀਦਾਂਨੂੰ ਸ਼ਰਧਾਂਜਲੀ ਭੇਟ ਕਰਦੇ ਹੋਏ ਗੁਰੂ ਘਰ ਵਿੱਚ ਨਤਮਸਤਕ ਹੋ ਕੇ ਆਪਣੀ ਸ਼ਰਧਾ ਦਾ ਪ੍ਰਗਟਾਵਾ ਕੀਤਾ। ਸ਼ਹੀਦੀ ਸਮਾਗਮ 'ਚ ਸੰਗਤਾਂ ਦੀ ਵੱਡੀ ਆਮਦ ਇਸ ਗੱਲ ਦਾ ਸਪੱਸ਼ਟ ਪ੍ਰਮਾਣ ਸੀ ਕਿ ਸਿੱਖ ਕੌਮ ਦੇ ਮਹਾਨ ਸ਼ਹੀਦਾਂ ਪ੍ਰਤੀ ਲੋਕਾਂ ਦੇ ਦਿਲਾਂ ਵਿੱਚ ਅੱਜ ਵੀ ਅਥਾਹ ਪਿਆਰ, ਸਤਿਕਾਰ ਤੇ ਸਮਰਪਣ ਦੀ ਭਾਵਨਾ ਮੌਜੂਦ ਹੈ। ਗੁਰਦੁਆਰਾ ਸਾਹਿਬ ਦੇ ਦੀਵਾਨ ਹਾਲ ਵਿੱਚ ਸਜੇ ਅੱਜ ਸ਼ਾਮ ਦੇ ਗੁਰਮਤਿ ਦੀਵਾਨ ਦੀ ਆਰੰਭਤਾ ਮੌਕੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਸ਼ੁੱਭਦੀਪ ਸਿੰਘ ਦੇ ਜਥੇ ਨੇ ਗੁਰਬਾਣੀ ਦੇ ਮਨੋਹਰ ਤੇ ਆਤਮਕ ਰਸ ਨਾਲ ਭਰਪੂਰ ਸ਼ਬਦਾਂ ਦਾ ਗਾਇਨ ਕਰਕੇ ਸੰਗਤਾਂ ਨੂੰ ਗੁਰੂ ਚਰਨਾਂ ਨਾਲ ਜੋੜਿਆ। ਉਪਰੰਤ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਨੇ ਚੱਲ ਰਹੀ ਲੜੀਵਾਰ ਕਥਾ ਨੂੰ ਅੱਗੇ ਵਧਾਉਂਦੇ ਹੋਏ ਗੁਰ ਪ੍ਰਤਾਪ ਸੂਰਜ ਗ੍ਰੰਥ ਵਿੱਚ ਦਰਜ ਛੇਵੇਂ ਪਾਤਸ਼ਾਹ ਜੀ ਦੇ ਜੀਵਨ ਨਾਲ ਸਬੰਧਤ ਮਹੱਤਵਪੂਰਨ ਪ੍ਰਸੰਗ ਦਾ ਬੜੇ ਭਾਵਪੂਰ ਤੇ ਰੂਹਾਨੀ ਅੰਦਾਜ਼ 'ਚ ਵਰਣਨ ਕੀਤਾ।ਉਨ੍ਹਾਂ




ਨੇ ਜੂਨ 1984 ਦੇ ਘੱਲੂਘਾਰੇ ਨਾਲ ਸੰਬੰਧਿਤ ਇਤਿਹਾਸਕ ਘਟਨਾਵਾਂ ਦੀ ਗੱਲ ਕਰਦੇ ਹੋਏ ਕਿਹਾ ਕਿ ਸਿੱਖ ਇਤਿਹਾਸ ਸ਼ਹਾਦਤਾਂ, ਸੰਘਰਸ਼ਾਂ ਅਤੇ ਧਰਮ ਦੀ ਰੱਖਿਆ ਲਈ ਦਿੱਤੀਆਂ ਬੇਮਿਸਾਲ ਕੁਰਬਾਨੀਆਂ ਨਾਲ ਭਰਿਆ ਪਿਆ ਹੈ। ਇਸ ਮੌਕੇ ਪ੍ਰਿੰ. ਗੁਰਦੀਪ ਸਿੰਘ ਰੰਧਾਵਾ ਨੇ ਮੰਚ ਸੰਚਾਲਨ ਦੀ ਸੇਵਾ ਕਰਦਿਆਂ ਹਾਜ਼ਰ ਧਾਰਮਿਕ ਸ਼ਖਸੀਅਤਾਂ ਤੇ ਦੂਰ-ਦੁਰਾਡੇ ਤੋਂ ਪਹੁੰਚੀਆਂ ਸੰਗਤਾਂ ਦਾ ਧੰਨਵਾਦ ਕੀਤਾ ਤੇ ਚੱਲ ਰਹੇ ਸ਼ਹੀਦੀ ਸਮਾਗਮਾਂ ਦੇ ਅਗਲੇ ਪ੍ਰੋਗਰਾਮਾਂ, ਅੰਮ੍ਰਿਤ ਸੰਚਾਰ, ਗੁਰਮਤਿ ਸਮਾਗਮਾਂ ਤੇ ਵਿਸ਼ੇਸ਼ ਦੀਵਾਨਾਂ ਬਾਰੇ ਜਾਣਕਾਰੀ ਸਾਂਝੀ ਕੀਤੀ।

ਸਮਾਗਮ ਦੇ ਅੰਤ 'ਚ ਸਮੂਹ ਸੰਗਤਾਂ ਨੇ ਸ਼ਹੀਦਾਂ ਦੀ ਯਾਦ ਵਿੱਚ ਅਰਦਾਸ ਕੀਤੀ ਤੇ ਕੌਮ ਦੀ ਚੜ੍ਹਦੀ ਕਲਾ, ਸਰਬੱਤ ਦੇ ਭਲੇ ਅਤੇ ਪੰਥਕ ਏਕਤਾ ਲਈ ਪ੍ਰਾਰਥਨਾ ਕੀਤੀ।ਇਸ ਮੌਕੇ ਸਾਰਾ ਵਾਤਾਵਰਣ ਗੁਰਬਾਣੀ, ਸ਼ਹੀਦੀ ਯਾਦਾਂ ਤੇ ਗੁਰੂ ਚਰਨਾਂ ਨਾਲ ਜੁੜੀ ਆਤਮਕਤਾ ਨਾਲ ਰੰਗਿਆ ਹੋਇਆ ਦਿਖਾਈ ਦਿੱਤਾ, ਜਿਸ ਨੇ ਹਾਜ਼ਰ ਸੰਗਤਾਂ ਦੇ ਮਨਾਂ ਉੱਤੇ ਡੂੰਘਾ ਪ੍ਰਭਾਵ ਛੱਡਿਆ। ਇਸ ਮੌਕੇ ਸੰਤ ਬਾਬਾ ਗੁਰਦੇਵ ਸਿੰਘ ਤਰਸਿੱਕਾ, ਬਾਬਾ ਗੁਰਭੇਜ ਸਿੰਘ ਖੁਜਾਲਾ, ਬਾਬਾ ਨਵਤੇਜ ਸਿੰਘ ਚੇਲੇਆਣਾ ਸਾਹਿਬ, ਬਾਬਾ ਸਵਿੰਦਰ ਸਿੰਘ ਟਾਹਲੀ ਸਾਹਿਬ, ਬਾਬਾ ਗੁਰਮੀਤ ਸਿੰਘ ਬੱਦੋਵਾਲ,ਬਾਬਾ ਬਲਵਿੰਦਰ ਸਿੰਘ ਕੈਲਿਆ ਵਾਲੇ, ਬਾਬਾ ਸੁਖਵੰਤ ਸਿੰਘ ਚੰਨਣਕੇ, ਭਾਈ ਅਜੈਬ ਸਿੰਘ ਅਭਿਆਸੀ, ਜਥੇ. ਬਾਬਾ ਅਜੀਤ ਸਿੰਘ, ਜਥੇ. ਸੁਖਦੇਵ ਸਿੰਘ, ਪ੍ਰਿੰ. ਹਰਸ਼ਦੀਪ ਸਿੰਘ ਰੰਧਾਵਾ ਤੇ ਡਾ. ਅਵਤਾਰ ਸਿੰਘ ਬੁੱਟਰ (ਦੋਵੇਂ ਮੈਂਬਰ ਚੀਫ ਖਾਲਸਾ ਦੀਵਾਨ),ਗਿਆਨੀ ਸਾਹਬ ਸਿੰਘ, ਸਰਪੰਚ ਕਸ਼ਮੀਰ ਸਿੰਘ ਮਹਿਤਾ, ਹਰਜਿੰਦਰ ਸਿੰਘ ਜੱਜ, ਜਗਤਾਰ ਸਿੰਘ ਪੱਡਾ, ਜੇ.ਡੀ. ਪੱਡਾ, ਇਕਬਾਲ ਸਿੰਘ ਸ਼ਾਹ ਮਹਿਤਾ, ਚੇਅਰਮੈਨ ਲਖਵਿੰਦਰ ਸਿੰਘ ਸੋਨਾ, ਇਕਬਾਲ ਸਿੰਘ ਮਾਨ, ਰਜਿੰਦਰ ਸਿੰਘ ਸ਼ਾਹ, ਮਨਜੋਤ ਸਿੰਘ ਮਲਕਨੰਗਲ, ਪ੍ਰਿੰ. ਤੇਜਬੀਰ ਸਿੰਘ ਸੋਹਲ, ਪ੍ਰਿੰ. ਗੁਰਦੀਪ ਸਿੰਘ ਜਲਾਲਉਸਮਾਂ, ਪਲਵਿੰਦਰ ਸਿੰਘ ਪੱਪਾ, ਗੁਰਭਿੰਦਰ ਸਿੰਘ ਮਹਿਤਾ, ਕਰਮਜੀਤ ਸਿੰਘ ਲਾਲੀ, ਰਿੰਕੂ ਮਹਿਤਾ, ਮਨਜੀਤ ਸਿੰਘ ਮੰਡ, ਸੁੱਚਾ ਸਿੰਘ ਮਹਿਤਾ, ਗੁਰਜਿੰਦਰ ਸਿੰਘ ਭੋਮਾ, ਹਰਗੋਪਾਲ ਸਿੰਘ ਰੰਧਾਵਾ, ਜਥੇ. ਬੋਹੜ ਸਿੰਘ, ਭਾਈ ਸ਼ਮਸ਼ੇਰ ਸਿੰਘ ਜੇਠੂਵਾਲ, ਭਾਈ ਹਰਚੰਦ ਸਿੰਘ, ਪ੍ਰੋ. ਜੋਬਨਪ੍ਰੀਤ ਸਿੰਘ ਆਦਿ ਤੋਂ ਇਲਾਵਾ ਵੱਡੀ ਗਿਣਤੀ 'ਚ ਸੰਗਤਾਂ ਹਾਜ਼ਰ ਸਨ।

# ਅੰਤਰਰਾਸ਼ਟਰੀ ਕਬੱਡੀ ਸਟਾਰ 'ਆਪ' ਵਿੱਚ ਹੋਏ ਸ਼ਾਮਲ, ਪਾਰਟੀ ਦੀਆਂ ਲੋਕ-ਪੱਖੀ ਨੀਤੀਆਂ 'ਚ ਪ੍ਰਗਟਾਇਆ ਭਰੋਸਾ



ਚੰਡੀਗੜ੍ਹ, 2 ਜੂਨ (ਅੰਮ੍ਰਿਤਪਾਲ ਸਿੰਘ): ਆਮ ਆਦਮੀ ਪਾਰਟੀ (ਆਪ) ਨੂੰ ਉਸ ਵੇਲੇ ਵੱਡਾ ਹੁੰਗਾਰਾ ਮਿਲਿਆ ਜਦੋਂ ਕਬੱਡੀ ਜਗਤ ਵਿੱਚ "ਚੀਤਾ" ਦੇ ਨਾਂ ਨਾਲ ਜਾਣੇ ਜਾਂਦੇ ਮਸ਼ਹੂਰ ਅੰਤਰਰਾਸ਼ਟਰੀ ਕਬੱਡੀ ਖਿਡਾਰੀ ਕਿੰਦਾ ਬਿਹਾਰੀਪੁਰੀਆ ਮੰਗਲਵਾਰ ਨੂੰ ਕਈ ਹੋਰ ਪ੍ਰਮੁੱਖ ਖੇਡ ਹਸਤੀਆਂ ਤੇ ਸਮਾਜਿਕ ਆਗੂਆਂ ਸਮੇਤ ਪਾਰਟੀ ਵਿੱਚ ਸ਼ਾਮਲ ਹੋ ਗਏ। ਮੁੱਖ ਮੰਤਰੀ ਭਗਵੰਤ ਮਾਨ ਦੇ ਓਐਸਡੀ ਰਾਜਬੀਰ ਸਿੰਘ ਘੁੰਮਣ ਨੇ ਨਵੇਂ ਸ਼ਾਮਲ ਹੋਏ ਮੈਂਬਰਾਂ ਦਾ ਪਾਰਟੀ 'ਚ ਰਸਮੀ ਤੌਰ 'ਤੇ ਸਵਾਗਤ ਕੀਤਾ। ਉਨ੍ਹਾਂ ਕਿਹਾ ਕਿ ਸਤਿਕਾਰਤ ਖਿਡਾਰੀਆਂ ਤੇ ਨੌਜਵਾਨ ਆਗੂਆਂ ਵੱਲੋਂ ਮਿਲ ਰਿਹਾ ਲਗਾਤਾਰ ਸਮਰਥਨ 'ਆਪ' ਸਰਕਾਰ ਦੀਆਂ ਨੀਤੀਆਂ ਤੇ ਸ਼ਾਸਨ ਵਿੱਚ ਲੋਕਾਂ ਦੇ ਭਰੋਸੇ ਨੂੰ ਦਰਸਾਉਂਦਾ ਹੈ। ਪਾਰਟੀ ਵਿੱਚ ਸ਼ਾਮਲ ਹੋਣ ਵਾਲਿਆਂ ਵਿੱਚ ਅੰਤਰਰਾਸ਼ਟਰੀ ਕਬੱਡੀ ਖਿਡਾਰੀ ਕਿੰਦਾ ਬਿਹਾਰੀਪੁਰੀਆ, ਜੀਤਾ ਬਾਦਲਗੜ੍ਹ, ਬੱਬੂ ਝਨੇੜੀ ਤੇ ਸੀਮਾ ਘਰਾਚੋਂ ਸ਼ਾਮਲ ਸਨ। ਕਬੱਡੀ ਖਿਡਾਰੀ ਮਲਕੀਤ ਸਿੰਘ ਤੇ ਬਰਿੰਦਰ ਸਿੰਘ ਵੀ ਪਾਰਟੀ 'ਚ ਸ਼ਾਮਲ ਹੋਏ। ਇਸ ਤੋਂ ਇਲਾਵਾ ਨਾਮਵਰ ਰੈਫਰੀ ਸਤਗੁਰ ਝਨੇੜੀ, ਅੰਤਰਰਾਸ਼ਟਰੀ ਕਮੈਂਟੇਟਰ ਕੁਲਬੀਰ ਟਿੰਬਰਵਾਲ, ਨੌਜਵਾਨ ਆਗੂ ਅਮਰਿੰਦਰ ਸਿੰਘ ਰੋੜੀਆਂ ਤੇ ਸਤਨਾਮ ਸਿੰਘ ਵਿਰਕ ਦੇ ਨਾਲ-ਨਾਲ ਮਨਜੋਤ ਸਿੰਘ ਤੇ ਹਰਦੀਪ ਸਿੰਘ ਨੇ ਵੀ ਆਪ ਦਾ ਪੱਲਾ ਫੜਿਆ।

ਨਵੇਂ ਮੈਂਬਰਾਂ ਦਾ ਸਵਾਗਤ ਕਰਦਿਆਂ ਰਾਜਬੀਰ ਸਿੰਘ ਘੁੰਮਣ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ 'ਆਪ' ਸਰਕਾਰ ਨੌਜਵਾਨਾਂ ਅਤੇ ਖੇਡ ਜਗਤ ਸਮੇਤ ਸਮਾਜ ਦੇ ਹਰ ਵਰਗ ਦੀ ਭਲਾਈ ਲਈ ਅਣਥੱਕ ਕਾਰਜ ਕਰ ਰਹੀ ਹੈ। ਉਨ੍ਹਾਂ ਭਰੋਸਾ ਪ੍ਰਗਟਾਇਆ ਕਿ ਇਨ੍ਹਾਂ ਪ੍ਰਮੁੱਖ ਸ਼ਖਸੀਅਤਾਂ ਦੇ ਪਾਰਟੀ ਵਿੱਚ ਸ਼ਾਮਲ ਹੋਣ ਨਾਲ ਜ਼ਮੀਨੀ ਪੱਧਰ 'ਤੇ ਪਾਰਟੀ ਹੋਰ ਮਜ਼ਬੂਤ ਹੋਵੇਗੀ ਤੇ ਇਸ ਦਾ ਸੁਨੇਹਾ ਲੋਕਾਂ ਤੱਕ ਪਹੁੰਚਾਉਣ 'ਚ ਮਦਦ ਮਿਲੇਗੀ। ਨਵੇਂ ਸ਼ਾਮਲ ਹੋਏ ਮੈਂਬਰਾਂ ਨੇ ਕਿਹਾ ਕਿ ਉਹ ਭਗਵੰਤ ਮਾਨ ਸਰਕਾਰ ਦੇ ਪਾਰਦਰਸ਼ੀ ਤੇ ਲੋਕ-ਪੱਖੀ ਸ਼ਾਸਨ ਤੋਂ ਬਹੁਤ ਪ੍ਰਭਾਵਿਤ ਹਨ। ਉਨ੍ਹਾਂ ਕਿਹਾ ਕਿ ਸਿੱਖਿਆ, ਸਿਹਤ, ਰੁਜ਼ਗਾਰ, ਖੇਡਾਂ ਤੇ ਜਨ ਭਲਾਈ ਦੇ ਖੇਤਰਾਂ ਵਿੱਚ ਸਰਕਾਰ ਵੱਲੋਂ ਕੀਤੇ ਜਾ ਰਹੇ ਯਤਨਾਂ ਨੇ ਉਨ੍ਹਾਂ ਨੂੰ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਣ ਅਤੇ ਪੰਜਾਬ ਦੇ ਵਿਕਾਸ ਵਿੱਚ ਆਪਣਾ ਯੋਗਦਾਨ ਪਾਉਣ ਲਈ ਪ੍ਰੇਰਿਤ ਕੀਤਾ ਹੈ।

# ਬਾਦਲ ਦਲ ਨੂੰ ਇੱਕ ਹੋਰ ਝਟਕਾ ਸੀਨੀ. ਆਗੂ ਜਸਵੰਤ ਸਿੰਘ ਬਿੱਟੂ ਸਾਥੀਆਂ ਸਮੇਤ ਸ਼੍ਰੋਮਣੀ ਅਕਾਲੀ ਦਲ ਦਿੱਲੀ ਸਟੇਟ 'ਚ ਸ਼ਾਮਲ

ਨਵੀਂ ਦਿੱਲੀ, 2 ਜੂਨ (ਅੰਮ੍ਰਿਤਪਾਲ ਸਿੰਘ): ਦਿੱਲੀ ਦੀ ਪੰਥਕ ਰਾਜਨੀਤੀ 'ਚ ਸ਼੍ਰੋਮਣੀ ਅਕਾਲੀ ਦਲ ਦਿੱਲੀ ਸਟੇਟ ਨੂੰ ਉਸ ਵੇਲੇ ਵੱਡਾ ਹੁਲਾਰਾ ਮਿਲਿਆ ਜਦੋਂ ਬਾਦਲ ਦਲ ਦੇ ਸੀਨੀਅਰ ਆਗੂ ਜਸਵੰਤ ਸਿੰਘ ਬਿੱਟੂ ਆਪਣੇ ਸੈਂਕੜੇ ਸਾਥੀਆਂ ਸਮੇਤ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਦੀ ਹਾਜ਼ਰੀ ਵਿਚ ਪਾਰਟੀ ਵਿਚ ਸ਼ਾਮਲ ਹੋ ਗਏ। ਅਮਰ ਕਲੋਨੀ, ਗ੍ਰੇਟਸ ਕੈਲਾਸ਼ ਤੇ ਲਾਜਪਤ ਨਗਰ ਵਾਰਡਾਂ ਦੇ ਇਲਾਕੇ ਦੇ ਸਾਂਝੇ ਸਮਾਗਮ ਵਿਚ ਜਸਵੰਤ ਸਿੰਘ ਬਿੱਟੂ ਤੇ ਸਾਥੀਆਂ ਨੂੰ ਪਾਰਟੀ ਵਿਚ ਸ਼ਾਮਲ ਹੋਣ 'ਤੇ ਹਰਮੀਤ ਸਿੰਘ ਕਾਲਕਾ ਤੇ ਜਗਦੀਪ ਸਿੰਘ ਕਾਹਲੋਂ ਨੇ ਸਿਰੋਪਾਓ ਦੇ ਕੇ ਸਨਮਾਨਤ ਕੀਤਾ। ਉਨ੍ਹਾਂ ਨੂੰ ਪਾਰਟੀ ਵਿਚ ਲਿਆਉਣ 'ਚ ਸਰਪ੍ਰਸਤ ਸ਼ਮਸ਼ੇਰ ਸਿੰਘ ਸੰਧੂ ਨੇ ਅਹਿਮ ਭੂਮਿਕਾ ਅਦਾ ਕੀਤੀ। ਇਸ ਮੌਕੇ ਕਾਲਕਾ ਤੇ ਕਾਹਲੋਂ ਨੇ ਕਿਹਾ ਕਿ ਕਮੇਟੀ ਦੀ ਮੌਜੂਦਾ ਟੀਮ ਵੱਲੋਂ ਕੀਤੀ ਜਾ ਰਹੀ ਸੇਵਾ ਨੂੰ ਵੇਖਦਿਆਂ ਅੱਜ ਵੱਧ ਤੋਂ ਵੱਧ ਲੋਕ ਸਾਡੀ ਪਾਰਟੀ ਨਾਲ ਜੁੜ ਰਹੇ ਹਨ। ਉਹਨਾਂ ਕਿਹਾ ਕਿ ਸਾਡੀ ਪਾਰਟੀ ਦਾ ਇਕ ਨੁਕਾਤੀ ਏਜੰਡਾ ਧਾਰਮਿਕ ਸੇਵਾ ਹੈ ਤੇ ਇਸਦਾ ਰਾਜਨੀਤੀ ਨਾਲ ਕੋਈ ਲੈਣ ਦੇਣ ਨਹੀਂ ਹੈ।

ਉਨ੍ਹਾਂ ਦੱਸਿਆ ਕਿ ਕਮੇਟੀ ਦੇ ਯਤਨਾਂ ਦੀ ਬਦੌਲਤ ਦਿੱਲੀ ਦੇ ਵੱਖ-ਵੱਖ ਇਲਾਕਿਆਂ ਵਿਚ ਗੁਰਮਤਿ ਦੀਆਂ ਛੁੱਟੀਆਂ ਵਿਚ ਗੁਰਮਤਿ ਕੈਂਪ ਸ਼ੁਰੂ ਹੋਏ ਹਨ ਜਿਹਨਾਂ ਦਾ ਮੁੱਖ ਮਕਸਦ ਸਾਡੀ ਨੌਜਵਾਨ ਤੇ ਅਗਲੀ ਪੀੜ੍ਹੀ ਨੂੰ ਸਾਡੇ ਅਮੀਰ ਇਤਿਹਾਸ, ਵਿਰਸੇ, ਗੁਰਸਿੱਖੀ ਜੀਵਨ ਤੇ ਗੁਰਮੁੱਖੀ ਨਾਲ ਜੋੜਨਾ ਹੈ। ਉਹਨਾਂ ਕਿਹਾ




ਕਿ ਦਿੱਲੀ ਕਮੇਟੀ ਦੀ ਮੌਜੂਦਾ ਟੀਮ ਨੇ ਲਾਲ ਕਿਲ੍ਹੇ 'ਤੇ ਦਿੱਲੀ ਫਤਿਹ ਦਿਵਸ ਮਨਾ ਕੇ ਲਾਲ ਕਿਲ੍ਹੇ 'ਤੇ ਬਾਬਾ ਬਘੇਲ ਸਿੰਘ, ਬਾਬਾ ਜੱਸਾ ਸਿੰਘ ਆਹਲੂਵਾਲੀਆ ਤੇ ਬਾਬਾ ਜੱਸਾ ਸਿੰਘ ਰਾਮਗੜ੍ਹੀਆ ਵੱਲੋਂ ਕੀਤੀ ਫਤਿਹ ਦੇ ਇਤਿਹਾਸ ਤੋਂ ਜਾਣੂ ਕਰਵਾਇਆ। ਉਹਨਾਂ ਕਿਹਾ ਕਿ ਸਾਡੇ ਜਰਨੈਲਾਂ ਨੇ ਆਪਣਾ ਰਾਜ ਭਾਗ ਕਾਇਮ ਕਰਨ ਵਾਸਤੇ ਨਹੀਂ ਬਲਕਿ ਦਿੱਲੀ ਵਿਚ ਗੁਰੂ ਸਾਹਿਬ ਨਾਲ ਜੁੜੇ ਅਸਥਾਨਾਂ ਨੂੰ ਛੁਡਵਾਉਣ ਵਾਸਤੇ ਇਹ ਫਤਿਹ ਹਾਸਲ ਕੀਤੀ ਸੀ ਜਿਸਦੀ ਬਦੌਲਤ ਗੁਰਦੁਆਰਾ ਸ਼ੀਸ਼ਗੰਜ ਸਾਹਿਬ, ਗੁਰਦੁਆਰਾ ਰਕਾਬਗੰਜ ਸਾਹਿਬ, ਗੁਰਦੁਆਰਾ ਬੰਗਲਾ ਸਾਹਿਬ ਤੇ ਹੋਰ ਇਤਿਹਾਸਕ ਗੁਰੂ ਘਰਾਂ ਦੀ ਸਥਾਪਨਾ ਹੋਈ।

ਉਨ੍ਹਾਂ ਕਿਹਾ ਕਿ ਦੇਸ਼ ਦੇ ਇਤਿਹਾਸ ਵਿਚ ਇਹ ਪਹਿਲੀ ਵਾਰ ਹੋਇਆ ਹੈ ਜਦੋਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਲਾਲ ਕਿਲ੍ਹੇ ਤੋਂ ਸਿਰਫ 15 ਅਗਸਤ ਨੂੰ ਨਹੀਂ ਬਲਕਿ ਦਿੱਲੀ ਫਤਿਹ ਦਿਵਸ ਤੇ ਹੋਰ ਇਤਿਹਾਸਕ ਦਿਹਾੜਿਆਂ 'ਤੇ ਸੰਗਤਾਂ ਨੂੰ ਸੰਬੋਧਨ ਕੀਤਾ। ਉਹਨਾਂ ਕਿਹਾ ਕਿ ਇਸੇ ਤਰੀਕੇ ਅਸੀਂ ਲਾਲ ਕਿਲ੍ਹੇ 'ਤੇ ਗੁਰੂ ਤੇਗ ਬਹਾਦਰ ਸਾਹਿਬ ਜੀ ਦਾ 350 ਸਾਲਾ ਸ਼ਹੀਦੀ ਸ਼ਤਾਬਦੀ ਮਨਾਈ ਤਾਂ ਦਿੱਲੀ ਕਮੇਟੀ ਤੇ ਦਿੱਲੀ ਸਰਕਾਰ ਵੱਲੋਂ ਸਾਂਝੇ ਤੌਰ 'ਤੇ ਕੀਤੇ ਯਤਨਾਂ ਨਾਲ ਹੋਏ ਸਮਾਗਮਾਂ ਵਿਚ ਲੱਖਾਂ ਦੀ ਗਿਣਤੀ ਵਿਚ ਸੰਗਤਾਂ ਸ਼ਾਮਲ ਹੋਈਆਂ। ਉਹਨਾਂ ਕਿਹਾ ਕਿ ਸਫਲ ਆਯੋਜਨਾਂ ਵਾਸਤੇ ਦੁਨੀਆਂ ਭਰ ਤੋਂ ਸੰਗਤਾਂ ਨੇ ਸਾਨੂੰ ਆਸ਼ੀਰਵਾਦ ਦਿੱਤਾ।

ਉਹਨਾਂ ਕਿਹਾ ਕਿ ਇਸੇ ਤਰੀਕੇ ਦਿੱਲੀ ਕਮੇਟੀ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਵਿਚ ਗੁਰੂ ਸਾਹਿਬਾਨ ਦੇ ਨਾਲ ਨਾਲ ਜਿਹਨਾਂ 36 ਵੱਖ-ਵੱਖ ਭਗਤਾਂ ਤੇ ਭੱਟਾਂ ਦੀ ਬਾਣੀ ਦਰਜ ਹੈ, ਉਹਨਾਂ ਦੇ ਦਿਹਾੜੇ ਮਨਾ ਕੇ ਉਹਨਾਂ ਦੇ ਇਤਿਹਾਸ ਤੋਂ ਆਪਣੀ ਨੌਜਵਾਨ ਪੀੜ੍ਹੀ ਨੂੰ ਜਾਣੂ ਕਰਵਾਇਆ। ਉਨ੍ਹਾਂ ਕਿਹਾ ਕਿ ਇਸੇ ਤਰੀਕੇ ਕਮੇਟੀ ਦੇ ਕਾਲਜਾਂ ਨੂੰ ਅੱਜ ਦਿੱਲੀ ਵਿਚ ਏ ਪਲੱਸ ਪਲੱਸ ਰੈਂਕਿੰਗ ਮਿਲੀ ਹੈ ਜੋ ਸਾਡੇ ਲਈ ਮਾਣ ਵਾਲੀਗੱਲ ਹੈ। ਉਨ੍ਹਾਂ ਕਿਹਾ ਕਿ ਇਹਨਾਂ ਕਾਲਜਾਂ ਵਿਚ ਅਸੀਂ ਘੱਟ ਗਿਣਤੀਆਂ ਵਾਸਤੇ ਕੋਟਾ ਰੱਖਿਆ ਜਿਸਦਾ ਲਾਭ ਸਿੱਖ ਭਾਈਚਾਰੇ ਸਮੇਤ ਘੱਟ ਗਿਣਤੀਆਂ ਦੇ ਵਿਦਿਆਰਥੀਆਂ ਨੂੰ ਮਿਲਿਆ ਜਦੋਂ ਕਿ ਪਹਿਲਾਂ ਚੱਲਦਾ ਮੈਨੇਜਮੈਂਟ ਕੋਟਾ ਅਸੀਂ ਖਤਮ ਕੀਤਾ ਜਿਸਦੀ ਕਿ ਪਹਿਲਾਂ ਦੁਰਵਰਤੋਂ ਹੋ ਰਹੀ ਸੀ। ਉਨ੍ਹਾਂ ਨੇ ਸੰਗਤਾਂ ਨੂੰ ਅਪੀਲ ਕੀਤੀਕਿ ਉਹ ਦਿੱਲੀ ਗੁਰਦੁਆਰਾ ਕਮੇਟੀ ਵੱਲੋਂ ਗੁਰੂ ਘਰਾਂ ਦੀ ਸੇਵਾ ਦੇ ਨਾਲ-ਨਾਲ ਸਿੱਖਿਆ ਤੇ ਸਿਹਤ ਖੇਤਰ ਵਿਚ ਕੀਤੇ ਜਾ ਰਹੇ ਉਪਰਾਲਿਆਂ ਵਾਸਤੇ ਹੋਰ ਡਟਵਾਂ ਸਹਿਯੋਗ ਦੇਣ ਤਾਂ ਜੋ ਸੰਗਤ ਦਾ ਵੱਧ ਤੋਂ ਵੱਧ ਭਲਾ ਹੋ ਸਕੇ। ਇਸ ਮੌਕੇ ਐਮ ਪੀ ਐਸ ਚੱਢਾ ਪ੍ਰਧਾਨ, ਸ਼ਮਸ਼ੇਰ ਸਿੰਘ ਸੰਧੂ ਸਰਪ੍ਰਸਤ, ਭੁਪਿੰਦਰ ਸਿੰਘ ਭੁੱਲਰ ਚੇਅਰਮੈਨ, ਜਸਵਿੰਦਰ ਸਿੰਘ ਜੌਲੀ ਚੇਅਰਮੈਨ ਘੱਟ ਗਿਣਤੀ ਸੈਲ, ਆਤਮਾ ਸਿੰਘ ਲੁਬਾਣਾ ਸਮੇਤ ਹੋਰ ਸ਼ਖਸੀਅਤਾਂ ਵੀ ਹਾਜ਼ਰ ਸਨ।

# ਕੇਂਦਰੀ ਸਿਹਤ ਮੰਤਰੀ ਜੇ.ਪੀ. ਨੱਡਾ ਵੱਲੋਂ ਏਮਜ਼ ਬਠਿੰਡਾ ਦੇ ਡਿਗਰੀ ਵੰਡ ਸਮਾਰੋਹ 'ਚ ਸ਼ਿਰਕਤ, ਕਈ ਨਵੀਆਂ ਸਹੂਲਤਾਂ ਦੀ ਕੀਤੀ ਸ਼ੁਰੂਆਤ

ਬਠਿੰਡਾ, 2 ਜੂਨ (ਦੀਪਕ ਸ਼ਰਮਾ): ਕੇਂਦਰੀ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਜਗਤ ਪ੍ਰਕਾਸ਼ ਨੱਡਾ ਅੱਜ ਏਮਜ਼ ਬਠਿੰਡਾ ਦੇ ਦੂਜੇ ਡਿਗਰੀ ਵੰਡ ਸਮਾਰੋਹ ਵਿੱਚ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ। ਇਸ ਦੌਰਾਨ ਉਨ੍ਹਾਂ ਨੇ ਕੈਂਸਰ ਦੇ ਇਲਾਜ, ਬਾਲ ਸਿਹਤ ਅਤੇ ਗੰਭੀਰ ਮਰੀਜ਼ਾਂ ਦੀ ਦੇਖਭਾਲ ਨਾਲ ਜੁੜੀਆਂ ਕਈ ਨਵੀਆਂ ਅਤਿ-ਆਧੁਨਿਕ ਸਿਹਤ ਸਹੂਲਤਾਂ ਦਾ ਉਦਘਾਟਨ ਕੀਤਾ। ਇਸ ਦੇ ਨਾਲ ਹੀ ਉਨ੍ਹਾਂ ਨੇ ਪੜ੍ਹਾਈ ਮੁਕੰਮਲ ਕਰਨ ਵਾਲੇ ਵਿਦਿਆਰਥੀਆਂ ਨੂੰ ਡਿਗਰੀਆਂ ਤੇ ਮੋਹਰੀ ਰਹਿਣ ਵਾਲੇ ਬੱਚਿਆਂ ਨੂੰ ਮੈਡਲ ਦੇ ਕੇ ਸਨਮਾਨਿਤ ਕੀਤਾ। ਆਪਣੇ ਇਸ ਦੌਰੇ ਦੌਰਾਨ ਕੇਂਦਰੀ ਮੰਤਰੀ ਨੇ ਸੰਸਥਾ ਵਿੱਚ ਨਵੀਂ ਸਥਾਪਿਤ ਕੀਤੀ ਪੀਈਟੀ-ਸੀਟੀ ਮਸ਼ੀਨ ਤੇ ਦੂਜੀ ਹਾਈ ਐਨਰਜੀ ਲੀਨੀਅਰ ਐਕਸਲੇਰੇਟਰ ਸਹੂਲਤ ਦਾ ਉਦਘਾਟਨ ਕੀਤਾ। ਇਨ੍ਹਾਂ ਸਹੂਲਤਾਂ ਦੇ ਸ਼ੁਰੂ ਹੋਣ ਨਾਲ ਕੈਂਸਰ ਦੇ ਮਰੀਜ਼ਾਂ ਦੀ ਜਾਂਚ ਤੇ ਇਲਾਜ ਪ੍ਰਣਾਲੀ ਨੂੰ ਵੱਡੀ ਮਜ਼ਬੂਤੀ ਮਿਲੇਗੀ, ਜਿਸ ਦਾ ਫਾਇਦਾ ਮਾਲਵਾ ਖੇਤਰ ਸਮੇਤ ਗੁਆਂਢੀ ਸੂਬਿਆਂ ਦੇ ਮਰੀਜ਼ਾਂ ਨੂੰ ਵੀ ਹੋਵੇਗਾ।

ਕੇਂਦਰੀ ਮੰਤਰੀ ਨੇ ਬੱਚਿਆਂ ਦੇ ਵਿਕਾਸ ਨਾਲ ਜੁੜੀਆਂ ਸਮੱਸਿਆਵਾਂ ਅਤੇ ਬਿਮਾਰੀਆਂ ਦੀ ਸਮੇਂ ਸਿਰ ਪਛਾਣ ਤੇ ਇਲਾਜ ਲਈ ਚਾਈਲਡ ਡਿਵੈਲਪਮੈਂਟ ਐਂਡ ਅਰਲੀ ਇੰਟਰਵੈਂਸ਼ਨ ਸੈਂਟਰ ਦਾ ਵੀ ਉਦਘਾਟਨ ਕੀਤਾ। ਸੰਸਥਾ ਦੇ ਪ੍ਰਬੰਧਕਾਂ ਮੁਤਾਬਕ ਇਹ ਸਹੂਲਤ ਇਸ




ਇਲਾਕੇ ਵਿੱਚ ਬਾਲ ਸਿਹਤ ਸੇਵਾਵਾਂ ਨੂੰ ਹੋਰ ਬਿਹਤਰ ਬਣਾਉਣ ਦੀ ਦਿਸ਼ਾ ਵਿੱਚ ਇੱਕ ਅਹਿਮ ਕਦਮ ਸਾਬਤ ਹੋਵੇਗੀ। ਇਸ ਤੋਂ ਇਲਾਵਾ ਕੇਂਦਰੀ ਮੰਤਰੀ ਵੱਲੋਂ ਗੰਭੀਰ ਰੂਪ ਵਿੱਚ ਝੁਲਸੇ ਮਰੀਜ਼ਾਂ ਦੇ ਇਲਾਜ ਲਈ ਬਣਾਏ ਗਏ ਵਿਸ਼ੇਸ਼ ਬਰਨਜ਼ ਆਈਸੀਯੂ ਤੇ ਵਿਦਿਆਰਥੀਆਂ ਤੇ ਮੁਲਾਜ਼ਮਾਂ ਲਈ ਤਿਆਰ ਕੀਤੇ ਗਏ ਜਿਮਨੇਜ਼ੀਅਮ ਤੇ ਵੈਲਨੈਸ ਸੈਂਟਰ ਦੀ ਵੀ ਸ਼ੁਰੂਆਤ ਕੀਤੀ ਗਈ। ਨਵੀਆਂ ਸਹੂਲਤਾਂ ਦੇ ਉਦਘਾਟਨ ਤੋਂ ਬਾਅਦ ਕਰਵਾਏ ਗਏ ਦੂਜੇ ਡਿਗਰੀ ਵੰਡ ਸਮਾਰੋਹ ਵਿੱਚ ਵੱਡੀ ਗਿਣਤੀ ਵਿੱਚ ਵਿਦਿਆਰਥੀ, ਫੈਕਲਟੀ ਮੈਂਬਰ ਤੇ ਸਿਹਤ ਖੇਤਰ ਦੇ ਮਾਹਰ ਸ਼ਾਮਲ ਹੋਏ। ਸਮਾਰੋਹ ਦੌਰਾਨ ਐਮਬੀਬੀਐਸ ਕੋਰਸ ਪੂਰਾ ਕਰਨ ਵਾਲੇ ਵਿਦਿਆਰਥੀਆਂ ਨੂੰ ਡਿਗਰੀਆਂ ਦਿੱਤੀਆਂ ਗਈਆਂ, ਜਦਕਿ ਪੜ੍ਹਾਈ ਵਿੱਚ ਮੋਹਰੀ ਰਹਿਣ ਵਾਲੇ ਹੋਣਹਾਰਾਂ ਨੂੰ ਸੋਨੇ ਦੇ ਤਗਮੇ ਤੇ ਹੋਰ ਸਨਮਾਨ ਭੇਟ ਕੀਤੇ ਗਏ।

ਸਮਾਰੋਹ ਨੂੰ ਸੰਬੋਧਨ ਕਰਦਿਆਂ ਕੇਂਦਰੀ ਸਿਹਤ ਮੰਤਰੀ ਜਗਤ ਪ੍ਰਕਾਸ਼ ਨੱਡਾ ਨੇ ਕਿਹਾ ਕਿ ਡਾਕਟਰੀ ਖੇਤਰ ਸਿਰਫ਼ ਇੱਕ ਕਿੱਤਾ ਨਹੀਂ, ਸਗੋਂ ਸਮਾਜ ਸੇਵਾ ਦਾ ਸਭ ਤੋਂ ਵੱਡਾ ਜ਼ਰੀਆ ਹੈ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਆਪਣੇ ਪੇਸ਼ੇਵਰ ਜੀਵਨ ਵਿੱਚ ਹਮਦਰਦੀ, ਇਮਾਨਦਾਰੀ ਅਤੇ ਉੱਤਮਤਾ ਦੇ ਮੁੱਲਾਂ ਨੂੰ ਬਣਾਈ ਰੱਖਣ ਦੀ ਪ੍ਰੇਰਨਾ ਦਿੱਤੀ। ਉਨ੍ਹਾਂ ਕਿਹਾ ਕਿ ਦੇਸ਼ ਨੂੰ ਬਿਹਤਰ ਸਿਹਤ ਸੇਵਾਵਾਂ ਪ੍ਰਦਾਨ ਕਰਨ ਵਿੱਚ ਡਾਕਟਰਾਂ ਤੇ ਸਿਹਤ ਕਰਮਚਾਰੀਆਂ ਦੀ ਭੂਮਿਕਾ ਬੇਹੱਦ ਅਹਿਮ ਹੈ। ਇਸ ਮੌਕੇ ਸਿਹਤ ਤੇ ਪਰਿਵਾਰ ਭਲਾਈ ਮੰਤਰਾਲੇ ਦੇ ਪੀਐਮਐਸਐਸਵਾਈ ਵਿਭਾਗ ਦੇ ਵਧੀਕ ਸਕੱਤਰ ਵਿਜੇ ਨੇਹਰਾ ਵੀ ਹਾਜ਼ਰ ਸਨ। ਪ੍ਰੋਗਰਾਮ ਵਿੱਚ ਸੰਸਥਾ ਦੀ ਗਵਰਨਿੰਗ ਬਾਡੀ ਦੇ ਮੈਂਬਰ ਪ੍ਰੋਫ਼ੈਸਰ ਰਾਜੀਵ ਆਹੂਜਾ, ਡਾ. ਯੋਗਿੰਦਰ ਮਲਿਕ ਤੇ ਪ੍ਰੋਫ਼ੈਸਰ ਕਮਲੇਸ਼ ਉਪਾਧਿਆਏ ਨੇ ਵੀ ਸ਼ਿਰਕਤ ਕੀਤੀ। ਏਮਜ਼ ਬਠਿੰਡਾ ਦੀ ਪ੍ਰਧਾਨ ਪ੍ਰੋਫ਼ੈਸਰ ਡਾਕਟਰ ਨੀਰਜਾ ਭਾਟਲਾ ਨੇ ਮੁੱਖ ਮਹਿਮਾਨ ਤੇ ਹੋਰ ਪਤਵੰਤਿਆਂ ਦਾ ਸਵਾਗਤ ਕੀਤਾ ਤੇ ਵਿਦਿਆਰਥੀਆਂ ਨੂੰ ਉਨ੍ਹਾਂ ਦੀਆਂ ਪ੍ਰਾਪਤੀਆਂ 'ਤੇ ਵਧਾਈ ਦਿੰਦਿਆਂ ਉੱਜਵਲ ਭਵਿੱਖ ਦੀ ਕਾਮਨਾ ਕੀਤੀ।

ਸੰਸਥਾ ਦੇ ਕਾਰਜਕਾਰੀ ਨਿਰਦੇਸ਼ਕ ਪ੍ਰੋਫ਼ੈਸਰ ਡਾਕਟਰ ਰਤਨ ਗੁਪਤਾ ਨੇ ਸਾਲਾਨਾ ਪ੍ਰਗਤੀ ਰਿਪੋਰਟ ਪੇਸ਼ ਕਰਦਿਆਂ ਦੱਸਿਆ ਕਿ ਏਮਜ਼ ਮਰੀਜ਼ਾਂ ਦੀ ਦੇਖਭਾਲ, ਡਾਕਟਰੀ ਸਿੱਖਿਆ ਅਤੇ ਖੋਜ ਦੇ ਖੇਤਰ ਵਿੱਚ ਲਗਾਤਾਰ ਅੱਗੇ ਵਧ ਰਿਹਾ ਹੈ। ਇਨ੍ਹਾਂ ਨਵੀਆਂ ਸਹੂਲਤਾਂ ਦੇ ਸ਼ੁਰੂ ਹੋਣ ਨਾਲ ਪੰਜਾਬ ਸਮੇਤ ਆਸ-ਪਾਸ ਦੇ ਇਲਾਕਿਆਂ ਦੇ ਮਰੀਜ਼ਾਂ ਨੂੰ ਆਧੁਨਿਕ ਅਤੇ ਸੁਲਭ ਸਿਹਤ ਸੇਵਾਵਾਂ ਦਾ ਵੱਡਾ ਲਾਭ ਮਿਲੇਗਾ।




## ਸੰਪਾਦਕੀ

# ਔਰਤਾਂ ਨੂੰ ਸਹਾਇਤਾ ਰਾਸ਼ੀ

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਇਹ ਐਲਾਨ ਕੀਤਾ ਗਿਆ ਹੈ ਕਿ ਜੁਲਾਈ ਮਹੀਨੇ ਤੋਂ ਸੂਬੇ ਦੀਆਂ ਔਰਤਾਂ ਨੂੰ ਹਰ ਮਹੀਨੇ 1000 ਰੁਪਏ ਅਤੇ ਦਲਿਤ ਵਰਗ ਦੀਆਂ ਔਰਤਾਂ ਨੂੰ 1500 ਰੁਪਏ ਪ੍ਰਤੀ ਮਹੀਨਾ ਦਿੱਤੇ ਜਾਣਗੇ। ਸਰਕਾਰ ਦਾ ਕਹਿਣਾ ਹੈ ਕਿ ਇਹ ਆਮ ਆਦਮੀ ਪਾਰਟੀ ਵੱਲੋਂ 2022 ਦੀਆਂ ਵਿਧਾਨ ਸਭਾ ਚੋਣਾਂ ਦੌਰਾਨ ਕੀਤਾ ਗਿਆ ਇੱਕ ਮਹੱਤਵਪੂਰਨ ਵਾਅਦਾ ਸੀ, ਜਿਸ ਨੂੰ ਹੁਣ ਪੂਰਾ ਕੀਤਾ ਜਾ ਰਿਹਾ ਹੈ। ਪਰ ਇਸ ਐਲਾਨ ਤੋਂ ਬਾਅਦ ਸਿਆਸੀ ਅਤੇ ਆਰਥਿਕ ਪੱਧਰ ’ਤੇ ਇੱਕ ਨਵੀਂ ਬਹਿਸ ਛਿੜ ਗਈ ਹੈ। ਮੁੱਖ ਮੰਤਰੀ ਭਗਵੰਤ ਮਾਨ ਅਤੇ ਆਮ ਆਦਮੀ ਪਾਰਟੀ ਦਾ ਦਾਅਵਾ ਹੈ ਕਿ ਇਹ ਯੋਜਨਾ ਔਰਤਾਂ ਨੂੰ ਆਰਥਿਕ ਤੌਰ ’ਤੇ ਮਜ਼ਬੂਤ ਬਣਾਏਗੀ। ਪੇਂਡੂ ਅਤੇ ਗਰੀਬ ਪਰਿਵਾਰਾਂ ਦੀਆਂ ਮਹਿਲਾਵਾਂ ਨੂੰ ਘਰੇਲੂ ਖਰਚਿਆਂ ਵਿੱਚ ਮਦਦ ਮਿਲੇਗੀ ਅਤੇ ਉਹ ਆਪਣੀਆਂ ਛੋਟੀਆਂ-ਮੋਟੀਆਂ ਲੋੜਾਂ ਲਈ ਕਿਸੇ ਹੋਰ ’ਤੇ ਨਿਰਭਰ ਨਹੀਂ ਰਹਿਣਗੀਆਂ। ਸਰਕਾਰ ਦਾ ਇਹ ਵੀ ਕਹਿਣਾ ਹੈ ਕਿ ਜਦੋਂ ਹੋਰ ਰਾਜਾਂ ਵਿੱਚ ਇਸ ਤਰ੍ਹਾਂ ਦੀਆਂ ਸਕੀਮਾਂ ਚੱਲ ਸਕਦੀਆਂ ਹਨ ਤਾਂ ਪੰਜਾਬ ਵਿੱਚ ਵੀ ਇਹ ਯੋਜਨਾ ਲਾਗੂ ਕੀਤੀ ਜਾ ਸਕਦੀ ਹੈ। ਦੂਜੇ ਪਾਸੇ ਵਿਰੋਧੀ ਧਿਰਾਂ ਨੇ ਇਸ ਐਲਾਨ ’ਤੇ ਸਵਾਲ ਖੜ੍ਹੇ ਕੀਤੇ ਹਨ। ਕਾਂਗਰਸ, ਸ਼੍ਰੋਮਣੀ ਅਕਾਲੀ ਦਲ ਅਤੇ ਭਾਜਪਾ ਦਾ ਕਹਿਣਾ ਹੈ ਕਿ ਜੇਕਰ ਸਰਕਾਰ ਸੱਚਮੁੱਚ ਆਪਣਾ ਵਾਅਦਾ ਪੂਰਾ ਕਰਨਾ ਚਾਹੁੰਦੀ ਹੈ ਤਾਂ 2022 ਤੋਂ ਹੁਣ ਤੱਕ ਦਾ ਬਕਾਇਆ ਵੀ ਔਰਤਾਂ ਨੂੰ ਦਿੱਤਾ ਜਾਣਾ ਚਾਹੀਦਾ ਹੈ। ਵਿਰੋਧੀ ਆਗੂਆਂ ਦਾ ਦੋਸ਼ ਹੈ ਕਿ ਸਰਕਾਰ ਨੇ ਚਾਰ ਸਾਲ ਤੱਕ ਵਾਅਦਾ ਪੂਰਾ ਨਹੀਂ ਕੀਤਾ ਅਤੇ ਹੁਣ ਚੋਣਾਂ ਨੇੜੇ ਆਉਣ ਕਾਰਨ ਇਹ ਐਲਾਨ ਕੀਤਾ ਗਿਆ ਹੈ। ਉਨ੍ਹਾਂ ਦਾ ਮੰਨਣਾ ਹੈ ਕਿ ਇਹ ਲੋਕ ਭਲਾਈ ਤੋਂ ਵੱਧ ਇੱਕ ਚੁਣਾਵੀ ਹੱਥਕੰਡਾ ਹੈ। ਸਿਆਸੀ ਮਾਹਿਰ ਵੀ ਇਸ ਮਾਮਲੇ ਨੂੰ ਵੱਖ-ਵੱਖ ਨਜ਼ਰੀਏ ਨਾਲ ਦੇਖ ਰਹੇ ਹਨ। ਕੁਝ ਮਾਹਿਰਾਂ ਦਾ ਮੰਨਣਾ ਹੈ ਕਿ ਸਮਾਜ ਦੇ ਕਮਜ਼ੋਰ ਵਰਗਾਂ ਨੂੰ ਸਿੱਧੀ ਆਰਥਿਕ ਸਹਾਇਤਾ ਦੇਣਾ ਇੱਕ ਲੋਕ-ਭਲਾਈ ਵਾਲਾ ਕਦਮ ਹੈ। ਇਸ ਨਾਲ ਗਰੀਬ ਪਰਿਵਾਰਾਂ ਦੀ ਆਮਦਨ ਵਿੱਚ ਕੁਝ ਵਾਧਾ ਹੋ ਸਕਦਾ ਹੈ ਅਤੇ ਮਹਿਲਾਵਾਂ ਦੀ ਆਰਥਿਕ ਭਾਗੀਦਾਰੀ ਵੀ ਵਧ ਸਕਦੀ ਹੈ। ਪਰ ਦੂਜੇ ਮਾਹਿਰ ਇਸ ਗੱਲ ਤੋਂ ਚਿੰਤਤ ਹਨ ਕਿ ਪੰਜਾਬ ਪਹਿਲਾਂ ਹੀ ਭਾਰੀ ਕਰਜ਼ੇ ਹੇਠ ਦੱਬਿਆ ਹੋਇਆ ਹੈ। ਅਜਿਹੀਆਂ ਯੋਜਨਾਵਾਂ ’ਤੇ ਹਰ ਸਾਲ ਹਜ਼ਾਰਾਂ ਕਰੋੜ ਰੁਪਏ ਖਰਚ ਹੋਣਗੇ, ਜਿਸ ਨਾਲ ਸਰਕਾਰੀ ਖ਼ਜ਼ਾਨੇ ’ਤੇ ਵਾਧੂ ਬੋਝ ਪਵੇਗਾ। ਆਰਥਿਕ ਵਿਸ਼ਲੇਸ਼ਕਾਂ ਦਾ ਕਹਿਣਾ ਹੈ ਕਿ ਜੇਕਰ ਸਰਕਾਰ ਦੀ ਆਮਦਨ ਵਿੱਚ ਵਾਧਾ ਨਹੀਂ ਹੁੰਦਾ ਤਾਂ ਅਜਿਹੀਆਂ ਸਕੀਮਾਂ ਕਾਰਨ ਵਿਕਾਸ ਕਾਰਜ ਪ੍ਰਭਾਵਿਤ ਹੋ ਸਕਦੇ ਹਨ। ਸੜਕਾਂ, ਸਿਹਤ ਸੇਵਾਵਾਂ, ਸਿੱਖਿਆ, ਉਦਯੋਗ ਅਤੇ ਰੋਜ਼ਗਾਰ ਸਿਰਜਣ ਵਰਗੇ ਖੇਤਰਾਂ ਲਈ ਘੱਟ ਪੈਸਾ ਬਚੇਗਾ। ਲੰਬੇ ਸਮੇਂ ਵਿੱਚ ਇਸ ਦਾ ਅਸਰ ਰਾਜ ਦੀ ਆਰਥਿਕਤਾ ’ਤੇ ਪੈ ਸਕਦਾ ਹੈ। ਉਨ੍ਹਾਂ ਦਾ ਮੰਨਣਾ ਹੈ ਕਿ ਲੋਕਾਂ ਨੂੰ ਸਿੱਧੀ ਨਕਦੀ ਦੇਣ ਦੀ ਬਜਾਏ ਰੋਜ਼ਗਾਰ ਦੇ ਮੌਕੇ ਪੈਦਾ ਕਰਨ ਅਤੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ’ਤੇ ਵੱਧ ਧਿਆਨ ਦੇਣਾ ਚਾਹੀਦਾ ਹੈ। ਇਸ ਸਾਰੇ ਮਾਮਲੇ ਨੂੰ 2027 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ ਨਾਲ ਵੀ ਜੋੜ ਕੇ ਦੇਖਿਆ ਜਾ ਰਿਹਾ ਹੈ। ਸਿਆਸੀ ਵਿਸ਼ਲੇਸ਼ਕਾਂ ਦਾ ਮੰਨਣਾ ਹੈ ਕਿ ਹਰ ਪਾਰਟੀ ਚੋਣਾਂ ਤੋਂ ਪਹਿਲਾਂ ਆਪਣੇ ਵਾਅਦਿਆਂ ਅਤੇ ਲੋਕ-ਲੁਭਾਵਨ ਯੋਜਨਾਵਾਂ ਰਾਹੀਂ ਵੋਟਰਾਂ ਨੂੰ ਪ੍ਰਭਾਵਿਤ ਕਰਨ ਦੀ ਕੋਸ਼ਿਸ਼ ਕਰਦੀ ਹੈ। ਇਸ ਲਈ ਇਹ ਐਲਾਨ ਵੀ ਆਉਣ ਵਾਲੀਆਂ ਚੋਣਾਂ ਦੇ ਸੰਦਰਭ ਵਿੱਚ ਇੱਕ ਮਹੱਤਵਪੂਰਨ ਸਿਆਸੀ ਕਦਮ ਮੰਨਿਆ ਜਾ ਰਿਹਾ ਹੈ। ਅੰਤ ਵਿੱਚ ਔਰਤਾਂ ਨੂੰ ਆਰਥਿਕ ਸਹਾਇਤਾ ਦੇਣ ਦੀ ਯੋਜਨਾ ਨੂੰ ਇੱਕ ਪਾਸੇ ਲੋਕ ਭਲਾਈ ਅਤੇ ਸਮਾਜਿਕ ਸੁਰੱਖਿਆ ਦੇ ਨਜ਼ਰੀਏ ਨਾਲ ਦੇਖਿਆ ਜਾ ਸਕਦਾ ਹੈ, ਜਦਕਿ ਦੂਜੇ ਪਾਸੇ ਇਸ ਦੀ ਆਰਥਿਕ ਵਿਵਹਾਰਿਕਤਾ ਅਤੇ ਸਿਆਸੀ ਮਕਸਦਾਂ ’ਤੇ ਵੀ ਸਵਾਲ ਉਠ ਰਹੇ ਹਨ। ਇਸ ਯੋਜਨਾ ਦੀ ਅਸਲ ਸਫਲਤਾ ਇਸ ਗੱਲ ’ਤੇ ਨਿਰਭਰ ਕਰੇਗੀ ਕਿ ਸਰਕਾਰ ਇਸ ਲਈ ਲੋੜੀਂਦੇ ਵਿੱਤੀ ਸਰੋਤ ਕਿਵੇਂ ਇਕੱਠੇ ਕਰਦੀ ਹੈ ਅਤੇ ਕੀ ਇਸ ਨਾਲ ਰਾਜ ਦੇ ਵਿਕਾਸ ਕਾਰਜ ਪ੍ਰਭਾਵਿਤ ਹੁੰਦੇ ਹਨ ਜਾਂ ਨਹੀਂ।

-ਜਗਜੀਤ ਸਿੰਘ ਦਰਦੀ

# ਅੱਜ ਸੋਸ਼ਲ ਮੀਡੀਆ, ਇਨਫਲੂਐਂਸਰ ਅਤੇ ਨੈਰੇਟਿਵ ਦੀ ਰਾਜਨੀਤੀ : ਭਾਰਤੀ ਲੋਕਤੰਤਰ ਸਾਹਮਣੇ ਸਭ ਤੋਂ ਵੱਡੀ ਚੁਣੌਤੀ



ਪ੍ਰੋ. ਡਾ. ਕ੍ਰਿਸ਼ਨ ਕੁਮਾਰ ਰੱਤੂ
ਮੋ: 9478730156
ਉੱਘੇ ਲੇਖਕ ਤੇ ਮੀਡੀਆ ਵਿਸ਼ਲੇਸ਼ਕ

ਅੱਜ ਇੱਕੀਵੀਂ ਸਦੀ ਦੇ ਤੀਜੇ ਦਹਾਕੇ ਵਿੱਚ ਦੁਨੀਆ ਦੀ ਰਾਜਨੀਤੀ, ਸਮਾਜ ਅਤੇ ਲੋਕਤੰਤਰ ਨੂੰ ਜੇ ਕਿਸੇ ਇੱਕ ਤਾਕਤ ਨੇ ਸਭ ਤੋਂ ਵੱਧ ਪ੍ਰਭਾਵਿਤ ਕੀਤਾ ਹੈ ਤਾਂ ਉਹ ਹੈ ਸੋਸ਼ਲ ਮੀਡੀਆ। ਅੱਜ ਅਖਬਾਰ, ਟੈਲੀਵਿਜ਼ਨ ਅਤੇ ਰਵਾਇਤੀ ਪ੍ਰਚਾਰ ਮਾਧਿਅਮਾਂ ਦੇ ਨਾਲ-ਨਾਲ ਫੇਸਬੁੱਕ, ਯੂਟਿਊਬ, ਇੰਸਟਾਗ੍ਰਾਮ, ਐਕਸ (ਟਵਿੱਟਰ), ਵਟਸਐਪ ਅਤੇ ਹੋਰ ਡਿਜ਼ੀਟਲ ਪਲੇਟਫਾਰਮ ਲੋਕਾਂ ਦੀ ਸੋਚ, ਵਿਵਹਾਰ ਅਤੇ ਰਾਜਨੀਤਿਕ ਫੈਸਲਿਆਂ ਨੂੰ ਪ੍ਰਭਾਵਿਤ ਕਰਨ ਵਾਲੇ ਸਭ ਤੋਂ ਸ਼ਕਤੀਸ਼ਾਲੀ ਸਾਧਨ ਬਣ ਚੁੱਕੇ ਹਨ।

ਹੁਣ ਭਾਰਤ ਜੋ ਦੁਨੀਆ ਦਾ ਸਭ ਤੋਂ ਵੱਡਾ ਲੋਕਤੰਤਰ ਹੈ, ਇਸ ਡਿਜ਼ੀਟਲ ਕ੍ਰਾਂਤੀ ਦੇ ਕੇਂਦਰ ਵਿੱਚ ਖੜ੍ਹਾ ਹੈ। ਲਗਭਗ 145 ਕਰੋੜ ਦੀ ਅਬਾਦੀ ਵਾਲੇ ਇਸ ਦੇਸ਼ ਵਿੱਚ ਇੰਟਰਨੈੱਟ ਉਪਭੋਗਤਾਵਾਂ ਦੀ ਗਿਣਤੀ 95 ਤੋਂ 100 ਕਰੋੜ ਦੇ ਵਿਚਕਾਰ ਪਹੁੰਚ ਚੁੱਕੀ ਹੈ। ਵੱਖ-ਵੱਖ ਸਰਵੇਖਣਾਂ ਅਨੁਸਾਰ 70 ਤੋਂ 75 ਕਰੋੜ ਲੋਕ ਨਿਯਮਿਤ ਤੌਰ ’ਤੇ ਸੋਸ਼ਲ ਮੀਡੀਆ ਦੀ ਵਰਤੋਂ ਕਰਦੇ ਹਨ। ਇਸ ਦਾ ਅਰਥ ਹੈ ਕਿ ਭਾਰਤ ਦੀ ਲਗਭਗ 50 ਪ੍ਰਤੀਸ਼ਤ ਆਬਾਦੀ ਸਿੱਧੇ ਤੌਰ ’ਤੇ ਅਤੇ 80 ਪ੍ਰਤੀਸ਼ਤ ਤੋਂ ਵੱਧ ਲੋਕ ਅਸਿੱਧੇ ਤੌਰ ’ਤੇ ਡਿਜ਼ੀਟਲ ਨੈਰੇਟਿਵ ਦੇ ਪ੍ਰਭਾਵ ਹੇਠ ਹਨ।

ਅੱਜ ਇਹ ਅੰਕੜੇ ਕੀ ਕਹਿੰਦੇ ਹਨ?

ਜੇ ਅਸੀਂ ਭਾਰਤ ਦੀ ਜਨਸੰਖਿਆ ਦੇ ਅਨੁਪਾਤ ਵਿੱਚ ਵੇਖੀਏ ਤਾਂ—

ਅੱਜ ਕੁੱਲ ਆਬਾਦੀ 145 ਕਰੋੜ ਅਤੇ ਇੰਟਰਨੈੱਟ ਉਪਭੋਗਤਾ : ਲਗਭਗ 100 ਕਰੋੜ (ਕਰੀਬ 69%)

ਅੱਜ ਸੋਸ਼ਲ ਮੀਡੀਆ ਉਪਭੋਗਤਾ : 70-75 ਕਰੋੜ (50-52%) ਅਤੇ ਸਮਾਰਟਫੋਨ ਵਰਤੋਂਕਾਰ : 85-90 ਕਰੋੜ (60% ਤੋਂ ਵੱਧ) ਇਸ ਦੇ ਨਾਲ ਹੀ 18 ਤੋਂ 35 ਸਾਲ ਦੇ ਨੌਜਵਾਨ ਵੋਟਰਾਂ ਵਿੱਚ ਸੋਸ਼ਲ ਮੀਡੀਆ ਪਹੁੰਚ : 80% ਤੋਂ ਵੱਧ ਹੈ।

ਅੱਜ ਇਹ ਅੰਕੜੇ ਦਰਸਾਉਂਦੇ ਹਨ ਕਿ ਅੱਜ ਲੋਕਤੰਤਰਿਕ ਚਰਚਾ ਦਾ ਵੱਡਾ ਹਿੱਸਾ ਡਿਜ਼ੀਟਲ ਮਾਧਿਅਮਾਂ ਉੱਤੇ ਤਬਦੀਲ ਹੋ ਚੁੱਕਾ ਹੈ। 2024 ਅਤੇ ਉਸ ਤੋਂ ਬਾਅਦ ਹੋਈਆਂ ਕਈ ਚੋਣਾਂ ਨੇ ਇਹ ਸਾਬਤ ਕੀਤਾ ਕਿ ਸੋਸ਼ਲ ਮੀਡੀਆ ਹੁਣ ਕੇਵਲ ਜਾਣਕਾਰੀ ਦਾ ਮਾਧਿਅਮ ਨਹੀਂ, ਸਗੋਂ ਰਾਜਨੀਤਿਕ ਧਾਰਨਾ ਬਣਾਉਣ ਵਾਲੀ ਪ੍ਰਯੋਗਸ਼ਾਲਾ ਬਣ ਗਿਆ ਹੈ।

ਅੱਜ ਇਹ ਨੈਰੇਟਿਵ ਦੀ ਨਵੀਂ ਜੰਗ ਵਿੱਚ ਰਾਜਨੀਤੀ ਵਿੱਚ ਪਹਿਲਾਂ ਵਿਚਾਰਧਾਰਾਵਾਂ ਟਕਰਾਉਂਦੀਆਂ ਸਨ, ਅੱਜ ਨੈਰੇਟਿਵ ਟਕਰਾਉਂਦੇ ਹਨ। ਇੱਕ ਪਾਸੇ ਸਰਕਾਰ ਆਪਣੀਆਂ ਉਪਲਬਧੀਆਂ, ਵਿਕਾਸ, ਕੂਟਨੀਤਿਕ ਸਫਲਤਾਵਾਂ ਅਤੇ ਰਾਸ਼ਟਰਵਾਦ ਦੇ ਮੁੱਦਿਆਂ ਨੂੰ ਅੱਗੇ ਰੱਖਦੀ ਹੈ, ਜਦਕਿ ਦੂਜੇ ਪਾਸੇ ਵਿਰੋਧੀ ਧਿਰ ਬੇਰੁਜ਼ਗਾਰੀ, ਮਹਿੰਗਾਈ, ਸਮਾਜਿਕ ਅਸਮਾਨਤਾ, ਸੰਸਥਾਵਾਂ ਦੀ ਖੁਦਮੁਖਤਿਆਰੀ ਅਤੇ ਲੋਕਤੰਤਰਿਕ ਮੁੱਲਾਂ ਦੇ ਸਵਾਲ ਉਠਾਉਂਦੀ ਹੈ।

ਅੱਜ ਦੋਵੇਂ ਧਿਰਾਂ ਆਪਣੇ-ਆਪਣੇ ਹੱਕ ਵਿੱਚ ਡਿਜ਼ੀਟਲ ਮਾਹੌਲ ਬਣਾਉਣ ਦੀ ਕੋਸ਼ਿਸ਼ ਕਰਦੀਆਂ ਹਨ। ਇਸ ਪ੍ਰਕਿਰਿਆ ਵਿੱਚ ਇਨਫਲੂਐਂਸਰ, ਯੂਟਿਊਬਰ, ਪੌਡਕਾਸਟਰ ਅਤੇ ਡਿਜ਼ੀਟਲ ਪੱਤਰਕਾਰ ਨਵੇਂ ਰਾਜਨੀਤਿਕ ਅਦਾਕਾਰ ਬਣ ਕੇ ਉਭਰੇ ਹਨ।

ਅੱਜ ਕਈ ਅਜਿਹੇ ਇਨਫਲੂਐਂਸਰ ਹਨ, ਜਿਨ੍ਹਾਂ ਦੇ ਇੱਕ ਵੀਡੀਓ ਨੂੰ ਇੱਕ ਜਾਂ ਦੋ ਕਰੋੜ ਲੋਕ ਦੇਖ ਲੈਂਦੇ ਹਨ। ਇਹ ਗਿਣਤੀ ਕਈ ਰਾਸ਼ਟਰੀ ਅਖਬਾਰਾਂ ਦੀ ਰੋਜ਼ਾਨਾ ਪਾਠਕ ਗਿਣਤੀ ਨਾਲੋਂ ਵੱਧ ਹੈ।

ਕੀ ਸੋਸ਼ਲ ਮੀਡੀਆ ਲੋਕਤੰਤਰ ਨੂੰ ਪ੍ਰਭਾਵਿਤ ਕਰ ਸਕਦਾ ਹੈ? ਇਸ ਦਾ ਜਵਾਬ ਹੈ—ਹਾਂ, ਪਰ ਸੀਮਤ ਹੱਦ ਤੱਕ।

ਅੱਜ ਸਮਾਜ ਵਿਗਿਆਨੀਆਂ ਦੇ ਅਧਿਐਨ ਦੱਸਦੇ ਹਨ ਕਿ ਚੋਣਾਂ ਵਿੱਚ ਸਿੱਧੇ ਤੌਰ ’ਤੇ ਵੋਟ ਬਦਲਣ ਦੀ ਸਮਰੱਥਾ ਸੋਸ਼ਲ ਮੀਡੀਆ ਦੀ 5 ਤੋਂ 15 ਪ੍ਰਤੀਸ਼ਤ ਦੇ ਵਿਚਕਾਰ ਹੋ ਸਕਦੀ ਹੈ, ਪਰ ਧਾਰਨਾਵਾਂ ਅਤੇ ਵਿਚਾਰਾਂ ਨੂੰ ਪ੍ਰਭਾਵਿਤ ਕਰਨ ਦੀ ਸਮਰੱਥਾ 30 ਤੋਂ 40 ਪ੍ਰਤੀਸ਼ਤ ਤੱਕ ਪਹੁੰਚ ਸਕਦੀ ਹੈ ਅਰਥਾਤ ਲੋਕਾਂ ਦੀ ਸੋਚ, ਸਰਕਾਰ ਪ੍ਰਤੀ ਭਰੋਸਾ, ਵਿਰੋਧੀ ਧਿਰ ਪ੍ਰਤੀ ਧਾਰਨਾ ਜਾਂ ਕਿਸੇ ਖਾਸ ਮੁੱਦੇ ਬਾਰੇ ਜਨਮਤ ਬਣਾਉਣ ਵਿੱਚ ਸੋਸ਼ਲ ਮੀਡੀਆ ਦਾ ਵੱਡਾ ਯੋਗਦਾਨ ਹੈ, ਪਰ ਅੰਤਿਮ ਵੋਟ ਫੈਸਲੇ ਵਿੱਚ ਸਥਾਨਕ ਮੁੱਦੇ, ਜਾਤੀ ਸਮੀਕਰਨ, ਆਰਥਿਕ ਹਾਲਾਤ ਅਤੇ ਉਮੀਦਵਾਰ ਦੀ ਸਾਖ ਵੀ ਮਹੱਤਵਪੂਰਨ ਰਹਿੰਦੀ ਹੈ।

ਅੱਜ ਇਹ ਧਰੁੱਵੀਕਰਨ ਦਾ ਵਧਦਾ ਖਤਰਾ ਹੈ। ਅੱਜ ਸੋਸ਼ਲ ਮੀਡੀਆ ਦੀ ਸਭ ਤੋਂ ਵੱਡੀ ਸਮੱਸਿਆ ਇਕੋ ਚੈਂਬਰ (Echo Chamber) ਹੈ। ਐਲਗੋਰਿਦਮ ਉਹੀ ਸਮੱਗਰੀ ਵਾਰ-ਵਾਰ ਦਿਖਾਉਂਦੇ ਹਨ ਜਿਸ ਨਾਲ ਉਪਭੋਗਤਾ ਸਹਿਮਤ ਹੁੰਦਾ ਹੈ। ਨਤੀਜੇ ਵਜੋਂ ਵਿਅਕਤੀ ਸਿਰਫ਼ ਉਹੀ ਜਾਣਕਾਰੀ ਦੇਖਦਾ ਹੈ ਜੋ ਉਸਦੇ ਪੂਰਵਗ੍ਰਹਿਆਂ ਨੂੰ ਮਜ਼ਬੂਤ ਕਰਦੀ ਹੈ।

ਅੱਜ ਇਸ ਨਾਲ ਸਮਾਜ ਵਿੱਚ ਵਿਚਾਰਾਂ ਦਾ ਸੰਵਾਦ ਘੱਟ ਅਤੇ ਧਰੁੱਵੀਕਰਨ ਵੱਧਦਾ ਹੈ ਅਤੇ ਅੱਜ ਭਾਰਤ ਵਿੱਚ ਵੀ ਅਜਿਹੀ ਸਥਿਤੀ ਬਣ ਰਹੀ ਹੈ, ਜਿੱਥੇ ਇੱਕ ਵਰਗ ਨੂੰ ਲੱਗਦਾ ਹੈ ਕਿ ਸਰਕਾਰ ਹਰ ਪੱਖੋਂ ਸਫਲ ਹੈ ਅਤੇ ਦੂਜੇ ਵਰਗ ਨੂੰ ਲੱਗਦਾ ਹੈ ਕਿ ਹਰ ਖੇਤਰ ਵਿੱਚ ਅਸਫਲਤਾ ਹੈ। ਸੱਚਾਈ ਅਕਸਰ ਇਨ੍ਹਾਂ ਦੋ ਧੁਰਿਆਂ ਦੇ ਵਿਚਕਾਰ ਹੁੰਦੀ ਹੈ, ਪਰ ਸੋਸ਼ਲ ਮੀਡੀਆ ਇਸ ਸੰਤੁਲਨ ਨੂੰ ਕਮਜ਼ੋਰ ਕਰ ਦਿੰਦਾ ਹੈ।

ਅੱਜ ਇਹ ਵਿਰੋਧ ਦੀ ਰਾਜਨੀਤੀ ਜਾਂ ਭਾਰਤ ਵਿਰੋਧ ਹੈ ?

ਇੱਥੇ ਸਭ ਤੋਂ ਵੱਡਾ ਸਵਾਲ ਖੜ੍ਹਾ ਹੁੰਦਾ ਹੈ। ਲੋਕਤੰਤਰ ਵਿੱਚ ਸਰਕਾਰ ਦੀ ਆਲੋਚਨਾ ਕਰਨਾ ਲੋਕਤੰਤਰਿਕ ਅਧਿਕਾਰ ਹੈ। ਪਰ ਜਦੋਂ ਕੋਈ ਨੈਰੇਟਿਵ ਦੇਸ਼ ਦੀਆਂ ਸੰਸਥਾਵਾਂ, ਸੰਵਿਧਾਨਕ ਢਾਂਚੇ ਜਾਂ ਰਾਸ਼ਟਰੀ ਹਿੱਤਾਂ ਨੂੰ ਨੁਕਸਾਨ ਪਹੁੰਚਾਉਣ ਲਈ ਜਾਣਬੁੱਝ ਕੇ ਝੂਠ, ਅੱਧ-ਸੱਚ ਜਾਂ ਗਲਤ ਜਾਣਕਾਰੀ ਦਾ ਸਹਾਰਾ ਲੈਂਦਾ ਹੈ, ਤਾਂ ਉਹ ਸਿਹਤਮੰਦ ਵਿਰੋਧ ਨਹੀਂ ਰਹਿੰਦਾ।

ਅੱਜ ਇਸੇ ਤਰ੍ਹਾਂ ਕਿਸੇ ਵੀ ਸਰਕਾਰ ਦੇ ਹੱਕ ਵਿੱਚ ਅੰਨ੍ਹਾ ਸਮਰਥਨ ਵੀ ਲੋਕਤੰਤਰ ਲਈ ਉਤਨਾ ਹੀ ਖ਼ਤਰਨਾਕ ਹੋ ਸਕਦਾ ਹੈ, ਜਿੰਨਾ ਅੰਨ੍ਹਾ ਵਿਰੋਧ ਅਤੇ ਲੋਕਤੰਤਰ ਦੀ ਸਫਲਤਾ ਸਰਕਾਰ ਅਤੇ ਵਿਰੋਧ ਦੋਹਾਂ ਦੀ ਜਵਾਬਦੇਹੀ ’ਤੇ ਨਿਰਭਰ ਕਰਦੀ ਹੈ ਅਤੇ ਆਉਣ ਵਾਲੇ ਦਹਾਕੇ ਦੀ ਤਸਵੀਰ ਵਿਚ 2030 ਤੱਕ ਭਾਰਤ ਵਿੱਚ ਇੰਟਰਨੈੱਟ ਉਪਭੋਗਤਾਵਾਂ ਦੀ ਗਿਣਤੀ 120 ਕਰੋੜ ਤੋਂ ਵੱਧ ਹੋਣ ਦਾ ਅਨੁਮਾਨ ਹੈ। ਏਆਈ, ਡੀਪਫੇਕ ਵੀਡੀਓ, ਵਰਚੁਅਲ ਪ੍ਰਚਾਰ ਅਤੇ ਐਲਗੋਰਿਦਮ ਅਧਾਰਿਤ ਰਾਜਨੀਤਿਕ ਮੁਹਿੰਮਾਂ ਆਮ ਹੋ ਜਾਣਗੀਆਂ।

ਅੱਜ ਸੰਭਾਵਨਾ ਹੈ ਕਿ ਭਵਿੱਖ ਦੀਆਂ ਚੋਣਾਂ ਵਿੱਚ 25 ਤੋਂ 30 ਪ੍ਰਤੀਸ਼ਤ ਤੱਕ ਪ੍ਰਚਾਰ ਬਜਟ ਡਿਜ਼ੀਟਲ ਮਾਧਿਅਮਾਂ ’ਤੇ ਖਰਚਿਆ ਜਾਵੇ। ਰਾਜਨੀਤਿਕ ਪਾਰਟੀਆਂ ਦੇ ‘ਆਈ.ਟੀ. ਸੈੱਲ’ ਅਤੇ ਡਿਜ਼ੀਟਲ ਵਾਰ ਰੂਮ ਚੋਣੀ ਰਣਨੀਤੀ ਦੇ ਕੇਂਦਰ ਬਣਨਗੇ। ਸੋਸ਼ਲ ਮੀਡੀਆ ਅੱਜ ਨਾ ਤਾਂ ਲੋਕਤੰਤਰ ਦਾ ਦੁਸ਼ਮਣ ਹੈ ਅਤੇ ਨਾ ਹੀ ਮੁਕੰਮਲ ਰੱਖਿਆਕਾਰ। ਇਹ ਇੱਕ ਅਜਿਹਾ ਸਾਧਨ ਹੈ, ਜਿਸਦੀ ਤਾਕਤ ਉਸਦੇ ਵਰਤੋਂਕਾਰਾਂ ਦੀ ਨੀਅਤ ਅਤੇ ਸੂਝ-ਬੂਝ ’ਤੇ ਨਿਰਭਰ ਕਰਦੀ ਹੈ।

ਅੱਜ ਭਾਰਤ ਵਰਗੇ ਵਿਸ਼ਾਲ ਲੋਕਤੰਤਰ ਵਿੱਚ ਕੋਈ ਇੱਕ ਇਨਫਲੂਐਂਸਰ, ਇੱਕ ਪਾਰਟੀ ਜਾਂ ਇੱਕ ਨੈਰੇਟਿਵ ਪੂਰੇ ਦੇਸ਼ ਦੀ ਸੋਚ ਨੂੰ ਨਿਯੰਤਰਿਤ ਨਹੀਂ ਕਰ ਸਕਦਾ ਪਰ ਉਹ ਜਨਮਤ ਨੂੰ ਪ੍ਰਭਾਵਿਤ ਜ਼ਰੂਰ ਕਰ ਸਕਦਾ ਹੈ। ਇਸ ਲਈ ਆਉਣ ਵਾਲੇ ਸਮੇਂ ਵਿੱਚ ਲੋਕਤੰਤਰ ਦੀ ਅਸਲ ਤਾਕਤ ਸਿਰਫ਼ ਵੋਟ ਪਾਉਣ ਵਿੱਚ ਨਹੀਂ, ਸਗੋਂ ਤੱਥ ਅਤੇ ਪ੍ਰਚਾਰ ਵਿੱਚ ਫ਼ਰਕ ਕਰਨ ਦੀ ਸਮਰੱਥਾ ਵਿੱਚ ਹੋਵੇਗੀ।

ਅੱਜ ਦੀ ਦੁਨੀਆ ਵਿੱਚ ਰਾਜਨੀਤਿਕ ਜੰਗ ਸੰਸਦਾਂ ਅਤੇ ਚੋਣ ਮੈਦਾਨਾਂ ਨਾਲੋਂ ਵੱਧ ਮੋਬਾਈਲ ਸਕ੍ਰੀਨਾਂ ’ਤੇ ਲੜੀ ਜਾ ਰਹੀ ਹੈ। ਜਿਸ ਸਮਾਜ ਕੋਲ ਸੂਚਨਾ ਨੂੰ ਪਰਖਣ ਦੀ ਸਮਰੱਥਾ ਹੋਵੇਗੀ, ਉਹੀ ਲੋਕਤੰਤਰ ਸਭ ਤੋਂ ਮਜ਼ਬੂਤ ਸਾਬਤ ਹੋਵੇਗਾ। ਇਹੀ 21ਵੀਂ ਸਦੀ ਦੇ ਭਾਰਤੀ ਲੋਕਤੰਤਰ ਦੀ ਸਭ ਤੋਂ ਵੱਡੀ ਚੁਣੌਤੀ ਅਤੇ ਸਭ ਤੋਂ ਵੱਡੀ ਆਸ ਵੀ ਹੈ।



# ਜੂਨ,1984 ਵਿੱਚ ਪੁਰਾਤਨ ਸਿੱਖੀ ਸਿਦਕ ਦਾ ਦੁਹਰਾਓ



ਬਘੇਲ ਸਿੰਘ ਧਾਲੀਵਾਲ
99142-58142

ਜੂਨ ਦਾ ਮਹੀਨਾ ਆਉਂਦਿਆਂ ਹੀ 1984 ਦੇ ਉਹਨਾਂ ਦਿਨਾਂ ਦੀ ਯਾਦ ਪੰਜਾਬ ਦੀ ਫਿਜ਼ਾ ਨੂੰ ਗਮਗੀਨ ਬਣਾ ਦਿੰਦੀ ਹੈ, ਜਦੋਂ ਭਾਰਤੀ ਫੌਜਾਂ ਵੱਲੋਂ ਸਿੱਖਾਂ ਦੇ ਸਭ ਤੋਂ ਪਵਿੱਤਰ ਅਤੇ ਸਰਬਉੱਚ ਅਸਥਾਨ ਨੂੰ ਟੈਂਕਾਂ, ਤੋਪਾਂ ਨਾਲ ਢਹਿ ਢੇਰੀ ਕਰ ਦਿੱਤਾ ਗਿਆ ਸੀ। ਇਹ ਉਹ ਅਭਾਗੇ ਦਿਨ ਸਨ, ਜਦੋਂ ਭਾਰਤੀ ਤੰਤਰ ਵੱਲੋਂ ਇੱਕ ਗੈਰਤਮੰਦ ਕੌਮ ਦੀ ਗੈਰਤ ਅਤੇ ਉਸਦੇ ਸਵੈ-ਮਾਣ ਨੂੰ ਕੁਚਲਣ ਲਈ ਉਹਨਾਂ ਦੇ ਸਰਬ ਉੱਚ ਅਸਥਾਨ ’ਤੇ ਹਮਲਾ ਕਰਕੇ ਢਹਿ ਢੇਰੀ ਕੀਤਾ ਅਤੇ ਲੱਖਾਂ ਸ਼ਰਧਾਲੂਆਂ ਦਾ ਬੜੀ ਬੇਰਹਿਮੀ ਨਾਲ ਕਤਲੇਆਮ ਕਰਕੇ ਮੁਗਲਾਂ ਦੁਰਾਨੀਆਂ ਦੇ ਜ਼ੁਲਮਾਂ ਨੂੰ ਬੌਣਾ ਕਰ ਦਿੱਤਾ। ਜਿਸ ਪਵਿੱਤਰ ਅਸਥਾਨ ਤੋਂ ਸਿੱਖਾਂ ਨੂੰ ਹਰ ਸਵੇਰ, ਹਰ ਸਮੇਂ ਅਜ਼ਾਦ ਸਿੱਖ ਪ੍ਰਭੂਸੱਤਾ ਦਾ ਸੁਨੇਹਾ ਮਿਲਦਾ ਹੈ, ਉਸ ਸਿਧਾਂਤਕ ਸੰਸਥਾ ਨੂੰ ਅਸਲੋਂ ਬਰਬਾਦ ਕਰਨ ਲਈ ਰੂਸ ਅਤੇ ਬਰਤਾਨੀਆਂ ਦੀ ਮਦਦ ਨਾਲ ਭਾਰਤ ਫੌਜੀ ਨੂੰ ਪੂਰੀ ਤਾਕਤ ਨਾਲ ਝੋਕਿਆ ਗਿਆ। ਦੁਨੀਆਂ ਨੇ ਸਿੱਖਾਂ ਵੱਲੋਂ ਆਪਣੇ ਇਤਿਹਾਸ ਨੂੰ ਦੁਹਰਾਏ ਜਾਣ ਵਾਲੇ ਵਰਤਾਰੇ ਨੂੰ ਪ੍ਰਤੱਖ ਰੂਪ ’ਚ ਦੇਖਿਆ ਕਿ ਖਾਲਸਾ ਕਿਵੇਂ ਗਿਣਤੀਆਂ ਮਿਣਤੀਆਂ ਤੋਂ ਪਰੇ, ਸਿਦਕ ਨਾਲ ਲੜਦਾ ਹੈ। ਇਹ ਉਹ ਦਿਨ ਸਨ ਜਦੋਂ ਸਵਾ-ਸਵਾ ਲੱਖ ਨਾਲ ਲੜ ਜਾਣ ਵਾਲੀ ਪਰੰਪਰਾ ਨੂੰ ਮੁੜ ਦੁਹਰਾਇਆ ਗਿਆ। ਜੂਨ ਚੁਰਾਸੀ ਦੀ ਗੱਲ ਕੋਈ ਆਮ ਸਿਆਸੀ ਘਟਨਾ ਨਹੀਂ ਅਤੇ ਨਾ ਹੀ ਇਹ ਕਿਸੇ ਜਾਂਬਾਜ਼ ਜਰਨੈਲ ਸਿੰਘ ਭਿੰਡਰਾਂਵਾਲੇ ਨੂੰ ਗ੍ਰਿਫਤਾਰ ਕਰਨ ਜਾਂ ਖਤਮ ਕਰਨ ਲਈ ਕੀਤਾ ਗਿਆ ਹਮਲਾ ਸੀ, ਸਗੋਂ ਇਹ ਇੱਕ ਬਹਾਦਰ ਕੌਮ ਦੀ ਗੈਰਤ ਅਤੇ ਉਹਦੀ ਰੂਹਾਨੀ ਤਾਕਤ ਨੂੰ ਖਤਮ ਕਰਨ ਲਈ ਉਹਦੀ ਰੂਹ ਉੱਤੇ ਕੀਤਾ ਗਿਆ ਅਨੈਤਿਕ ਹਮਲਾ ਸੀ। ਇਹ ਉਸ ਕੌਮ ਨੂੰ ਡਰਾਉਣ ਦੀ ਕੋਸ਼ਿਸ਼ ਸੀ, ਜਿਸਨੇ ਕਦੇ ਮੁਗਲਾਂ ਦੇ ਤਖ਼ਤ ਹਿਲਾਏ, ਅਬਦਾਲੀਆਂ, ਈਰਾਨੀਆਂ ਦੇ ਰਾਹ ਰੋਕੇ ਅਤੇ ਫਿਰੰਗੀਆਂ ਨੂੰ ਭਜਾਇਆ ਸੀ। ਜਦੋਂ ਭਾਰਤੀ ਹਕੂਮਤ ਨੇ ਪਵਿੱਤਰ ਹਰਿਮੰਦਰ ਸਾਹਿਬ ਵੱਲ ਟੈਂਕਾਂ, ਤੋਪਾਂ ਅਤੇ ਮਸ਼ੀਨਗੰਨਾਂ ਦੇ ਮੂੰਹ ਮੋੜੇ, ਉਦੋਂ ਆਪਣੇ ਪਵਿੱਤਰ ਧਰਮ ਅਸਥਾਨ ਦੀ ਰਾਖੀ ਲਈ ਖਾਲਸਾ ਅਡੋਲਤਾ ਨਾਲ ਹਿੱਕ ਡਾਹ ਕੇ ਡਟਿਆ ਹੋਇਆ ਸੀ, ਜਿਵੇਂ ਕੱਚੀ ਗੜ੍ਹੀ ਵਿੱਚ ਚਾਲੀ ਸਿੰਘ ਲੱਖਾਂ ਦੇ ਸਾਹਮਣੇ ਡੱਟੇ ਹੋਏ ਸਨ। ਉਸ ਕੱਚੀ ਗੜ੍ਹੀ ਤੋਂ ਪ੍ਰੇਰਨਾ ਲੈ ਕੇ ਮੁੱਠੀ ਭਰ ਸਿੰਘਾਂ ਨੇ ਦੁਨੀਆ ਦੀਆਂ ਵੱਡੀਆਂ ਫੌਜੀ ਤਾਕਤਾਂ ਵਿੱਚ ਗਿਣੀ ਜਾਣ ਵਾਲੀ ਭਾਰਤੀ ਫੌਜ ਦਾ ਟਾਕਰਾ ਹੀ ਨਹੀਂ ਕੀਤਾ, ਸਗੋਂ ਉਹਨਾਂ ਦੇ ਮਨਾਂ ਅੰਦਰ ਅਜਿਹਾ ਡਰ ਬਿਠਾ ਦਿੱਤਾ ਕਿ ਵੱਡੀ ਗਿਣਤੀ ਵਿੱਚ ਭਾਰਤੀ ਫੌਜੀ ਨੌਕਰੀਆਂ ਛੱਡਣ ਲਈ ਦਰਖਾਸਤਾਂ ਦੇਣ ਲੱਗ ਪਏ। ਇਕ ਪਾਸੇ ਲੱਖਾਂ ਦੀ ਗਿਣਤੀ ਵਿੱਚ ਭਾਰਤੀ ਫੌਜ ਸਮੇਤ ਟੈਂਕ, ਤੋਪਾਂ ਜ਼ਹਿਰੀਲਾ ਗੋਲਾ-ਬਾਰੂਦ, ਹੈਲੀਕਾਪਟਰ ਅਤੇ ਮਸ਼ੀਨਗੰਨਾਂ ਨਾਲ ਲੈਸ ਹਮਲੇ ਲਈ ਉਤਾਵਲੇ ਸਨ, ਦੂਜੇ ਪਾਸੇ ਉਹ ਮੁੱਠੀ ਭਰ ਸਿੰਘ ਸਨ, ਜਿਨ੍ਹਾਂ ਕੋਲ ਗੁਰੂ ਦਾ ਭਰੋਸਾ, ਕੌਮ ਲਈ ਮਰ ਮਿੱਟਣ ਦਾ ਜਜ਼ਬਾ ਅਤੇ ਜ਼ੁਲਮ ਦੇ ਖਿਲਾਫ਼ ਖੜ੍ਹਨ ਦੀ ਹਿੰਮਤ ਸੀ। ਉਸ ਵੇਲੇ ਸੰਤ ਜਰਨੈਲ ਸਿੰਘ ਭਿੰਡਰਾਂਵਾਲਿਆਂ ਦੀ ਸ਼ਖਸੀਅਤ ਸਿਰਫ਼ ਇੱਕ ਧਾਰਮਿਕ ਪ੍ਰਚਾਰਕ ਦੀ ਨਹੀਂ ਰਹੀ ਸੀ। ਉਹ ਸੰਤ ਤੋਂ ਜਾਂਬਾਜ਼ ਸਿਪਾਹੀ ਬਣ ਚੁੱਕੇ ਸਨ। ਉਹਨਾਂ ਦੀ ਵਿਚਾਰਧਾਰਕ ਪਰਿਪੱਕਤਾ, ਜ਼ੁਲਮ ਖਿਲਾਫ ਲੜਨ ਦਾ ਜਜ਼ਬਾ, ਕੌਮ ਨੂੰ ਆਪਣੇ ਧਰਮ ਦੀ ਰਾਖੀ ਲਈ ਖੜ੍ਹੇ ਹੋਣ ਦੀ ਹਿੰਮਤ ਬਖਸ਼ਦਾ ਸੀ। ਇਹੀ ਕਾਰਨ ਸੀ ਕਿ ਹਕੂਮਤ ਨੂੰ ਸਭ ਤੋਂ ਵੱਧ ਡਰ ਉਹਨਾਂ ਦੇ ਹਥਿਆਰਾਂ ਤੋਂ ਨਹੀਂ, ਸਗੋਂ ਉਸ ਅਜ਼ਾਦਾਨਾ ਸੋਚ ਤੋਂ ਸੀ ਜੋ ਬੇਹੱਦ ਤਾਕਤਵਰ ਹਾਕਮ ਅੱਗੇ ਝੁਕਣ ਤੋਂ ਇਨਕਾਰੀ ਸੀ, ਉਹਨਾਂ ਦੇ ਹੱਦ ਦਰਜੇ ਦੇ ਜਬਰ ਜ਼ੁਲਮ ਅੱਗੇ ਗੋਡੇ ਟੇਕਣ ਤੋਂ ਇਨਕਾਰੀ ਸੀ। ਜਦੋਂ ਭਾਰਤੀ ਹਕੂਮਤ ਨੇ ਹਰਿਮੰਦਰ ਸਾਹਿਬ ਉੱਤੇ ਹਮਲਾ ਕਰਨ ਦਾ ਫ਼ੈਸਲਾ ਕੀਤਾ, ਉਹ ਸੰਤ ਜਰਨੈਲ ਸਿੰਘ ਭਿੰਡਰਾਂਵਾਲਿਆਂ ਨੂੰ ਗ੍ਰਿਫ਼ਤਾਰ ਕਰਨ ਦੀ ਕਾਰਵਾਈ ਹੀ ਨਹੀਂ ਸੀ, ਉਸ ਦਿਨ ਭਾਰਤੀ ਤਖਤ ਵੱਲੋਂ, ਸਮੁੱਚੀ ਸਿੱਖ ਕੌਮ ਨੂੰ ਸੁਨੇਹਾ ਸੀ ਕਿ ਜੇਕਰ ਕੋਈ ਹਕੂਮਤ ਦੇ ਖਿਲਾਫ਼ ਆਪਣੀ ਪਛਾਣ, ਆਪਣੇ ਹੱਕ ਜਾਂ ਆਪਣੇ ਸਵੈਮਾਨ ਦੀ ਗੱਲ ਕਰੇਗਾ ਤਾਂ ਉਸਦਾ ਅੰਜ਼ਾਮ ਕੀ ਹੋ ਸਕਦਾ ਹੈ। ਪਰੰਤੂ ਸਿੱਖ ਸੂਰਮਿਆਂ ਨੇ ਇਹ ਸਾਬਤ ਕਰ ਦਿੱਤਾ ਕਿ ਜ਼ਬਰ ਨਾਲ ਜਾਨੀ ਮਾਲੀ ਨੁਕਸਾਨ ਤਾਂ ਕੀਤਾ ਜਾ ਸਕਦਾ ਹੈ, ਪਰ ਗੁਰੂ ਸਾਹਿਬਾਨ ਦੇ ਫਲਸਫੇ ਅਤੇ ਸਿਧਾਂਤਕ ਵਿਚਾਰਾਂ ਨੂੰ ਕਦੇ ਨਹੀਂ ਮਾਰਿਆ ਜਾ ਸਕਦਾ। ਉਸ ਵੇਲੇ ਇਹ ਵੀ ਸਾਫ਼ ਹੋਇਆ ਕਿ ਕੌਮ ਦੇ ਨਾਲ ਖੜ੍ਹਨ ਵਾਲੇ ਕੌਣ ਸਨ ਅਤੇ ਸੱਤਾ ਦੀ ਚਮਕ ਦਮਕ ਵਿੱਚ ਆਪਣੀ ਜ਼ਮੀਰ ਵੇਚਣ ਵਾਲੇ ਕੌਣ ਲੋਕ ਸਨ। ਇਸ ਲੜਾਈ ਨੇ ਖਰੇ ਅਤੇ ਖੋਟੇ ਦੀ ਪਰਖ ਕੀਤੀ ਸੀ। ਜਿਵੇਂ ਹਰ ਯੁੱਗ ਵਿੱਚ ਗੁਲਾਬੇ ਅਤੇ ਧਿਆਨੇ ਮੌਜੂਦ ਹੁੰਦੇ ਹਨ, ਓਸੇ ਤਰ੍ਹਾਂ 1984 ਵਿੱਚ ਵੀ ਗੁਲਾਬੇ ਧਿਆਨੇ ਦੀਆਂ ਰੂਹਾਂ ਸਿੱਖਾਂ ਦੇ ਭੇਖ ਵਿੱਚ ਵੱਡੀ ਗਿਣਤੀ ਵਿੱਚ ਪੈਦਾ ਹੋ ਚੁੱਕੀਆਂ ਸਨ। ਉਸ ਭੇਖ ਵਿੱਚ ਅਜਿਹੇ ਲੋਕ ਵੀ ਮੌਜੂਦ ਸਨ, ਜਿਨ੍ਹਾਂ ਨੇ ਕੇਂਦਰੀ ਹਕੂਮਤ ਨੂੰ ਹਮਲਾ ਕਰਨ ਵਿੱਚ ਸਹਿਯੋਗ ਹੀ ਨਹੀਂ ਦਿੱਤਾ, ਬਲਕਿ ਜਲਦੀ ਹਮਲਾ ਕਰਨ ਲਈ ਚਿੱਠੀਆਂ ਵੀ ਲਿਖੀਆਂ ਸਨ ਅਤੇ ਬਾਅਦ ਵਿੱਚ ਸਿੱਖ ਸੂਰਮਿਆਂ ਦੀਆਂ ਸ਼ਹਾਦਤਾਂ ਦਾ ਮੁੱਲ ਵੱਟ ਕੇ ਸੱਤਾ ਦੇ ਸਮਝੌਤੇ ਕੀਤੇ ਗਏ ਸਨ। ਇਹ ਸੱਚ ਹੈ ਕਿ ਇਤਿਹਾਸ ਦੇ ਪੰਨਿਆਂ ਨੇ ਕੌਮ ਧਰੋਹੀਆਂ ਨੂੰ ਕਾਲੇ ਪੰਨੇ ਹੀ ਦਿੱਤੇ ਹਨ ਅਤੇ ਕੌਮ ਲਈ ਮਰਨ ਵਾਲਿਆਂ ਨੂੰ ਸੁਨਹਿਰੇ ਪੰਨਿਆਂ ਨੇ ਸਿਰ ਮੱਥੇ ’ਤੇ ਰੱਖਿਆ ਹੋਇਆ ਹੈ। ਜਦੋਂ ਜੂਨ ਚੁਰਾਸੀ ਦੀ ਗੱਲ ਹੁੰਦੀ ਹੈ ਤਾਂ ਸਿਫਤੀ ਦੇ ਘਰ ਵਿੱਚ ਹਜ਼ਾਰਾਂ ਬੇਗੁਨਾਹ ਸ਼ਰਧਾਲੂ, ਬੱਚੇ, ਬੱਚੀਆਂ, ਨੌਜਵਾਨਾਂ, ਮਾਤਾਵਾਂ ਅਤੇ ਬਜ਼ੁਰਗਾਂ ਦਾ ਜ਼ੁਲਮੀ ਹਸ਼ਰ ਅੱਖਾਂ ਸਾਹਮਣੇ ਸਾਕਾਰ ਰੂਪ ਵਿੱਚ ਪ੍ਰਗਟ ਹੋ ਜਾਂਦਾ ਹੈ, ਜਿਹੜੇ ਆਪਣੇ ਗੁਰੂ ਨੂੰ ਸ਼ਹਾਦਤ ਦੇ ਦਿਨ ’ਤੇ ਯਾਦ ਕਰਨ ਲਈ ਸ੍ਰੀ ਅੰਮ੍ਰਿਤਸਰ ਸਾਹਿਬ ਸਮੇਤ ਵੱਖ ਵੱਖ ਅਸਥਾਨਾਂ ’ਤੇ ਪਹੁੰਚੇ ਹੋਏ ਸਨ। ਮਨੁੱਖੀ ਅਧਿਕਾਰਾਂ ਦਾ ਢੰਡੋਰਾ ਪਿੱਟਣ ਵਾਲੀ ਹਕੂਮਤ ਨੇ ਆਪਣੇ ਹੀ ਲੋਕਾਂ ਉੱਤੇ ਅਜਿਹਾ ਕਹਿਰ ਢਾਹਿਆ ਕਿ ਇਨਸਾਨੀਅਤ ਵੀ ਸ਼ਰਮਸਾਰ ਹੋ ਗਈ। ਹਰਿਮੰਦਰ ਸਾਹਿਬ ਦੀ ਹਦੂਦ ਵਿੱਚ ਲਾਸ਼ਾਂ ਦੇ ਢੇਰ ਲਾ ਦਿੱਤੇ ਗਏ। ਪਵਿੱਤਰ ਸਰੋਵਰ ਖ਼ੂਨੀ ਰੰਗ ਵਿੱਚ ਰੰਗਿਆ ਗਿਆ। ਇਸ ਘਟਨਾ ਨੇ ਸਿੱਖ ਮਨ ਨੂੰ ਕਦੇ ਨਾ ਭਰ ਸਕਣ ਵਾਲੇ ਡੂੰਘੇ ਜ਼ਖ਼ਮ ਦਿੱਤੇ, ਉਹ ਜ਼ਖ਼ਮ ਜੋ ਹਮੇਸ਼ਾ ਲਈ ਨਸੂਰ ਬਣ ਗਏ। ਕਿਉਂਕਿ ਇਹ ਮਹਿਜ਼ ਇੱਕ ਸਧਾਰਨ ਹਮਲਾ ਨਹੀਂ ਸੀ, ਬਲਕਿ ਸਿੱਖਾਂ ਦੇ ਕੌਮੀ ਸਵੈਮਾਨ ਉੱਤੇ ਹਮਲਾ ਸੀ। ਦਰਬਾਰ ਸਾਹਿਬ ਸਿਰਫ਼ ਇਕ ਇਮਾਰਤ ਨਹੀਂ, ਸਿੱਖ ਕੌਮ ਦੀ ਰੂਹ ਹੈ। ਜਦੋਂ ਉਸ ਰੂਹ ਉੱਤੇ ਹਮਲਾ ਹੁੰਦਾ ਹੈ ਤਾਂ ਦਰਦ ਸਦੀਵ ਕਾਲ ਤੱਕ ਰਹਿਣਾ ਸੁਭਾਵਿਕ ਹੈ। ਖਾਲਸੇ ਦਾ ਇਤਿਹਾਸ ਕਿਸੇ ਧਰਮ ਜਾਂ ਨਸਲ ਦੇ ਖਿਲਾਫ਼ ਲੜਾਈ ਦਾ ਨਹੀ ਹੈ, ਬਲਕਿ ਖਾਲਸਾ ਤਾਂ ਹਮੇਸ਼ਾ ਜ਼ੁਲਮ ਦੇ ਖਿਲਾਫ਼ ਖੜ੍ਹਿਆ ਤੇ ਲੜਿਆ ਹੈ। ਜੇ ਜ਼ੁਲਮ ਕਰਨ ਵਾਲਾ ਔਰੰਗਜ਼ੇਬ ਸੀ ਤਾਂ ਖਾਲਸਾ ਉਸਦੇ ਸਾਹਮਣੇ ਡੱਟਿਆ ਅਤੇ ਜੇ ਵੀਹਵੀਂ ਸਦੀ ਵਿੱਚ ਕੱਟੜਵਾਦੀ ਹਿੰਦੂ ਹਕੂਮਤ ਨੇ ਜ਼ਬਰ ਕੀਤਾ ਤਾਂ ਉਸਦੇ ਸਾਹਮਣੇ ਵੀ ਹਿੱਕ ਤਾਣ ਕੇ ਖੜ੍ਹਿਆ। ਖਾਲਸੇ ਦੀ ਲੜਾਈ ਕਿਸੇ ਮਜ਼ਹਬ ਦੇ ਖਿਲਾਫ਼ ਕਦੇ ਵੀ ਨਹੀਂ ਰਹੀ, ਜ਼ੁਲਮ ਦੇ ਖਿਲਾਫ਼ ਰਹੀ ਹੈ, ਜਦੋਂਕਿ ਭਾਰਤੀ ਤਖਤ ਹਮੇਸ਼ਾ ਮੁਤੱਸਬੀ ਸੋਚ ਦਾ ਪ੍ਰਤੀਕ ਰਿਹਾ ਹੈ, ਉਹ ਭਾਵੇਂ ਜਹਾਂਗੀਰ ਹੋਵੇ, ਔਰੰਗਜ਼ੇਬ ਹੋਵੇ, ਫਰੱਖਸ਼ੀਅਰ ਹੋਵੇ ਜਾਂ ਅਖੌਤੀ ਲੋਕ ਤੰਤਰਿਕ ਢਾਂਚੇ ’ਚ ਤਬਦੀਲ ਹੋਏ ਤਖਤ ’ਤੇ ਬੈਠੀ ਵੀਹਵੀਂ ਸਦੀ ਦੀ ਭਾਰਤੀ ਹਿੰਦੂ ਹੁਕਮਰਾਨ ਹੋਵੇ। ਆਪਣੇ ਹੀ ਲੋਕਾਂ ਦੇ ਧਾਰਮਿਕ ਅਸਥਾਨਾਂ ’ਤੇ ਟੈਂਕਾਂ, ਤੋਪਾਂ ਨਾਲ ਹਮਲੇ ਅਤੇ ਫਿਰ ਹਮਲੇ ਨੂੰ ਜਾਇਜ਼ ਠਹਿਰਾਉਣ ਵਾਲੇ ਨਫਰਤੀ ਪ੍ਰਚਾਰ ਨੇ ਸਿੱਖਾਂ ਦੇ ਅੱਲੇ ਜ਼ਖ਼ਮਾਂ ਨੂੰ ਹੋਰ ਕਰੂਰਤਾ ਨਾਲ ਕੁਰੇਦਣ ਦਾ ਕੰਮ ਕੀਤਾ। ਸਿੱਖ ਸੂਰਮਿਆਂ ਨੇ ਗੁਰੂ ’ਤੇ ਅਟੱਲ ਭਰੋਸੇ ਨੂੰ ਕਾਇਮ ਰੱਖਦਿਆਂ, ਕੌਮੀ ਅਣਖ ਅਤੇ ਧਾਰਮਿਕ ਆਜ਼ਾਦੀ ਲਈ ਲਾਸਾਨੀ ਸ਼ਹਾਦਤਾਂ ਦੇ ਕੇ ਕੌਮੀ ਦਸਤਾਰ ਦਾ ਮਾਣ ਵਧਾਇਆ। ਅੱਜ ਜਦੋਂ ਨਵੀਂ ਪੀੜ੍ਹੀ ਨੂੰ ਇਤਿਹਾਸ ਤੋਂ ਦੂਰ ਕਰਨ ਦੀ ਕੋਸ਼ਿਸ਼ ਹੋ ਰਹੀ ਹੈ, ਉਦੋਂ ਜੂਨ ਚੁਰਾਸੀ ਦੇ ਘੱਲੂਘਾਰੇ ਨੂੰ ਸ਼ਿੱਦਤ ਨਾਲ ਯਾਦ ਕਰਨਾ ਹੋਰ ਵੀ ਜ਼ਰੂਰੀ ਹੋ ਜਾਂਦਾ ਹੈ, ਕਿਉਂਕਿ ਜਿਹੜੀਆਂ ਕੌਮਾਂ ਆਪਣਾ ਇਤਿਹਾਸ ਭੁੱਲ ਜਾਂਦੀਆਂ ਹਨ, ਉਹ ਆਪਣਾ ਭਵਿੱਖ ਵੀ ਗੁਆ ਬੈਠਦੀਆਂ ਹਨ। ਇਹ ਹਫਤਾ ਜਬਰ ਦੇ ਸਾਹਮਣੇ ਹਿੱਕ ਡਾਹ ਕੇ ਡੱਟਣ ਦੀ ਪ੍ਰੇਰਨਾ ਦੇਣ ਵਾਲਾ ਹਫਤਾ ਹੈ। ਇਹਨਾਂ ਦਿਨਾਂ ਵਿੱਚ ਕੌਮ ਉਹਨਾਂ ਸਿਰੜੀ ਸੂਰਮਿਆਂ ਨੂੰ ਸਿਜ਼ਦਾ ਕਰਦੀ ਹੈ ਜਿਨ੍ਹਾਂ ਨੇ ਆਪਣੇ ਖ਼ੂਨ ਨਾਲ ਸੂਹੇ ਸਿੱਖ ਇਤਿਹਾਸ ਨੂੰ ਹੋਰ ਗੂਹੜੇ ਅੱਖਰਾਂ ਵਿੱਚ ਲਿਖਿਆ ਅਤੇ ਉਹਨਾਂ ਬੇਗੁਨਾਹਾਂ ਲਈ ਖ਼ੂਨ ਦੇ ਅੱਥਰੂ ਵਹਾਉਂਦੀ ਹੈ ਜੋ ਹਕੂਮਤੀ ਜ਼ਬਰ ਦੀ ਭੇਟ ਚੜ੍ਹ ਗਏ। ਤਾਕਤ ਦੇ ਨਸ਼ੇ ਵਿੱਚ ਡੁੱਬੀਆਂ ਹਕੂਮਤਾਂ ਅਕਸਰ ਇਹ ਭੁੱਲ ਜਾਂਦੀਆਂ ਹਨ ਕਿ ਡਰ ਨਾਲ ਲੋਕਾਂ ਦੇ ਸਰੀਰ ਜਿੱਤੇ ਜਾ ਸਕਦੇ ਹਨ, ਪਰ ਉਹਨਾਂ ਦੀ ਸੋਚ ਨੂੰ ਨਹੀਂ ਮਾਰਿਆ ਜਾ ਸਕਦਾ। ਟੈਂਕ, ਤੋਪਾਂ ਦਰਬਾਰ ਸਾਹਿਬ ਨੂੰ ਨੁਕਸਾਨ ਪਹੁੰਚਾ ਸਕਦੇ ਸਨ, ਸ੍ਰੀ ਅਕਾਲ ਤਖਤ ਸਾਹਿਬ ਨੂੰ ਢਹਿ ਢੇਰੀ ਕਰ ਸਕਦੇ ਹਨ, ਪਰ ਖਾਲਸੇ ਦੀ ਰੂਹ ਨੂੰ ਤੋੜ ਸਕਣਾ ਬੇਹੱਦ ਅਸੰਭਵ ਹੈ। ਅੱਜ ਵੀ ਜਦੋਂ ਜੂਨ ਦਾ ਮਹੀਨਾ ਚੜ੍ਹਦਾ ਹੈ ਤਾਂ ਪੰਜਾਬ ਦੀ ਹਵਾ ਵਿੱਚ ਇਕ ਅਜੀਬ ਚੁੱਪ ਫੈਲ ਜਾਂਦੀ ਹੈ। ਲੋਕ ਸ਼ਹੀਦਾਂ ਨੂੰ ਯਾਦ ਕਰਦੇ ਹਨ ਅਤੇ ਦਿਲਾਂ ਦੇ ਉਹ ਜ਼ਖ਼ਮ ਮੁੜ ਤਾਜ਼ਾ ਹੋ ਕੇ ਫਿਰ ਕੁਰੇਦੇ ਜਾਂਦੇ ਹਨ। ਮੇਰੀ ਕਲਮ ਸਿਜ਼ਦਾ ਕਰਦੀ ਹੈ ਉਹਨਾਂ ਕੌਮੀ ਯੋਧਿਆਂ ਨੂੰ, ਜਿਨ੍ਹਾਂ ਨੇ ਜ਼ਬਰ ਦੇ ਸਾਹਮਣੇ ਝੁਕਣ ਦੀ ਬਜਾਏ ਸ਼ਹਾਦਤ ਚੁਣੀ, ਜਿਨ੍ਹਾਂ ਨੇ ਆਉਣ ਵਾਲੀਆਂ ਸਿੱਖ ਨਸਲਾਂ ਨੂੰ ਧਰਮ ਤੋਂ ਕੁਰਬਾਨ ਹੋਣ ਦੀ ਜਾਚ ਦੱਸੀ ਹੈ, ਜਿਨ੍ਹਾਂ ਨੇ ਕੌਮ ਦੀ ਗੈਰਤ ਨੂੰ ਜਿਊਂਦਾ ਰੱਖਣ ਬਦਲੇ ਆਪਣੀਆਂ ਸ਼ਹਾਦਤਾਂ ਦਾ ਸੌਦਾ ਸਸਤਾ ਅਤੇ ਫਾਇਦੇਮੰਦ ਸਮਝਿਆ। ਇਤਿਹਾਸ ਹਮੇਸ਼ਾਂ ਯਾਦ ਰੱਖੇਗਾ ਕਿ ਜੂਨ 1984 ਵਿੱਚ ਸਿੱਖ ਕੌਮ ਦੇ ਸੂਰਮਿਆਂ ਨੇ ਜ਼ਬਰ ਦੇ ਸਾਹਮਣੇ ਆਪਣਾ ਸਿਰ ਉੱਚਾ ਰੱਖਿਆ ਸੀ।



ਵਿੰਕਲਜੀਤ ਸਿੰਘ ਸਰਾ
9501477889

### ਜਨਤਕ ਸੰਵਾਦ ਦਾ ਪਤਨ

# ਗੁਰੂ ਦੀ ਤੌਹੀਨ ਅਤੇ ਮੀਡੀਆ ਦੀ ਭਟਕਦੀ ਜ਼ਿੰਮੇਵਾਰੀ

## ਕੀ ਟੀਆਰਪੀ ਤੇ ਅਹੰਕਾਰ ਦੇ ਸ਼ੋਰ ਵਿੱਚ ਅਸੀਂ ਕੌਮੀ ਸੰਸਕਾਰ ਗੁਆ ਚੁੱਕੇ ਹਾਂ ?

ਅਜੋਕੇ ਦੌਰ ਵਿੱਚ ਭਾਰਤ ਦਾ ਜਨਤਕ ਅਤੇ ਬੌਧਿਕ ਸੰਵਾਦ ਇੱਕ ਅਜਿਹੇ ਨਿਰਾਸ਼ਾਜਨਕ ਮੋੜ ’ਤੇ ਆ ਖੜ੍ਹਾ ਹੋਇਆ ਹੈ, ਜਿੱਥੇ ਨੈਤਿਕਤਾ, ਮਰਿਆਦਾ ਅਤੇ ਸੰਸਕਾਰਾਂ ਦੀ ਬਲੀ ਸ਼ਰੇਆਮ ਦਿੱਤੀ ਜਾ ਰਹੀ ਹੈ। ਲੋਕਤੰਤਰ ਦੇ ਜਿਨ੍ਹਾਂ ਮੰਚਾਂ ਤੋਂ ਸਮਾਜ ਨੂੰ ਸੇਧ ਮਿਲਣੀ ਚਾਹੀਦੀ ਸੀ, ਉੱਥੋਂ ਅੱਜ ਅਹੰਕਾਰ, ਸਸਤੀ ਪ੍ਰਸਿੱਧੀ ਅਤੇ ਭਾਸ਼ਾਈ ਦੀਵਾਲੀਆਪਨ ਦੀ ਬੂ ਆ ਰਹੀ ਹੈ। ਜਦੋਂ ਮੈਂ ਦੇਸ਼ ਦੇ ਮੌਜੂਦਾ ਹਾਲਾਤ, ਮੀਡੀਆ ਦੀ ਕਾਰਗੁਜ਼ਾਰੀ ਅਤੇ ਪ੍ਰਮੁੱਖ ਹਸਤੀਆਂ ਦੀ ਸ਼ਬਦਾਵਲੀ ਦਾ ਗੰਭੀਰ ਵਿਸ਼ਲੇਸ਼ਣ ਕਰਦਾ ਹਾਂ ਤਾਂ ਮਨ ਅੰਦਰ ਇੱਕ ਡੂੰਘੀ ਚਿੰਤਾ ਅਤੇ ਰੋਸ ਪੈਦਾ ਹੁੰਦਾ ਹੈ।

ਹਾਲ ਹੀ ਵਿੱਚ ਦੇਸ਼ ਦੇ ਇੱਕ ਵੱਡੇ ਨਿਊਜ਼ ਚੈਨਲ ਦੀ ਪ੍ਰਮੁੱਖ ਟੀਵੀ ਐਂਕਰ **ਅੰਜਨਾ ਓਮ ਕਸ਼ਯਪ** ਵੱਲੋਂ ਅਧਿਆਪਕਾਂ, ਵਿਸ਼ੇਸ਼ ਕਰਕੇ ਯੂਟਿਊਬ ਅਤੇ ਆਨਲਾਈਨ ਮਾਧਿਅਮ ਰਾਹੀਂ ਲੱਖਾਂ ਬੱਚਿਆਂ ਨੂੰ ਪੜ੍ਹਾਉਣ ਵਾਲੇ ਸਿੱਖਿਅਕਾਂ ਪ੍ਰਤੀ ਵਰਤੀ ਗਈ ਬੇਹੱਦ ਗਲਤ ਅਤੇ ਅਪਮਾਨਜਨਕ ਸ਼ਬਦਾਵਲੀ ਨੇ ਦੇਸ਼ ਭਰ ਦੇ ਸਿੱਖਿਆ ਜਗਤ ਅਤੇ ਆਮ ਸ਼ਹਿਰੀਆਂ ਨੂੰ ਵਲੂੰਧਰ ਕੇ ਰੱਖ ਦਿੱਤਾ ਹੈ। ਇਸ ਟਿੱਪਣੀ ਖ਼ਿਲਾਫ਼ ਦੇਸ਼ ਭਰ ਦੇ ਅਧਿਆਪਕਾਂ ਵਿੱਚ ਭਾਰੀ ਗੁੱਸਾ ਅਤੇ ਰੋਸ ਦੀ ਲਹਿਰ ਹੈ। ਇਹ ਕੋਈ ਪਹਿਲੀ ਘਟਨਾ ਨਹੀਂ ਹੈ; ਇਸ ਤੋਂ ਪਹਿਲਾਂ ਜਸਟਿਸ ਸੂਰਿਆ ਕਾਂਤ ਵੱਲੋਂ ਦੇਸ਼ ਦੇ ਬੇਰੁਜ਼ਗਾਰ ਨੌਜਵਾਨਾਂ ਦੀ ਤੁਲਨਾ ‘ਕਾਕਰੋਚ’ (**Cockroach**) ਨਾਲ ਕਰਨ ਦੀ ਟਿੱਪਣੀ ਨੇ ਵੀ ਦੇਸ਼ ਭਰ ਵਿੱਚ ਇੱਕ ਵੱਡਾ ਬਵਾਲ ਖੜ੍ਹਾ ਕੀਤਾ ਸੀ, ਜਿਸ ਦੇ ਵਿਰੋਧ ਵਿੱਚ ਨੌਜਵਾਨਾਂ ਨੇ ਸੜਕਾਂ ਤੇ ਸੋਸ਼ਲ ਮੀਡੀਆ ’ਤੇ ਵੱਡੇ ਅੰਦੋਲਨ ਛੇੜ ਦਿੱਤੇ। ਸਵਾਲ ਇਹ ਪੈਦਾ ਹੁੰਦਾ ਹੈ ਕਿ ਆਖਰ ਸਾਡੇ ਸਮਾਜ ਦੀ ਸੋਚ ਕਿਹੜੇ ਪਾਸੇ ਜਾ ਰਹੀ ਹੈ? ਜਿਨ੍ਹਾਂ ਜ਼ਿੰਮੇਵਾਰ ਅਹੁਦਿਆਂ, ਸੰਸਥਾਵਾਂ ਤੇ ਕੁਰਸੀਆਂ ’ਤੇ ਬੈਠੇ ਲੋਕਾਂ ਦੀ ਭਾਸ਼ਾ ਸਮਾਜ ਲਈ ਚਾਨਣ ਮੁਨਾਰਾ ਹੋਣੀ ਚਾਹੀਦੀ ਸੀ, ਜੇ ਉਹੀ ਲੋਕ ਦੇਸ਼ ਦੇ ਨਿਰਮਾਤਾਵਾਂ (ਅਧਿਆਪਕਾਂ) ਤੇ ਦੇਸ਼ ਦੇ ਭਵਿੱਖ (ਨੌਜਵਾਨਾਂ) ਦੇ ਚਰਿੱਤਰ ’ਤੇ ਭੈੜੀਆਂ ਟਿੱਪਣੀਆਂ ਕਰਨ ਲੱਗ ਪੈਂਦੇ ਹਨ, ਤਾਂ ਸਮਾਜ ਦੇ ਆਮ ਨਾਗਰਿਕ ਤੋਂ ਸੱਭਿਅਕ ਹੋਣ ਦੀ ਉਮੀਦ ਕਿਵੇਂ ਕੀਤੀ ਜਾ ਸਕਦੀ ਹੈ? ਅੱਜ ਮੀਡੀਆ ਤੇ ਸਿਸਟਮ ਦੇਸ਼ ਦੇ ਅਸਲ ਮੁੱਦਿਆਂ ਤੋਂ ਭਟਕ ਕੇ ਲੋਕਾਂ ਦੀ ਤੌਹੀਨ ਤੇ ਚਰਿੱਤਰ-ਹਨਨ (Character Assassination) ਵੱਲ ਵੱਧ ਰੁਚਿਤ ਦਿਖਾਈ ਦੇ ਰਿਹਾ ਹੈ। ਜੇਕਰ ਸੋਚ ਦਾ ਇਹ ਮਿਆਰ ਇਸੇ ਤਰ੍ਹਾਂ ਡਿੱਗਦਾ ਰਿਹਾ, ਤਾਂ ਆਉਣ ਵਾਲੀਆਂ ਨਸਲਾਂ ਦਾ ਕੀ ਬਣੇਗਾ, ਇਹ ਸੋਚ ਕੇ ਹੀ ਰੂਹ ਕੰਬ ਜਾਂਦੀ ਹੈ।

**ਭਲੇ ਯੁੱਗ ਦੇ ਸੰਸਕਾਰ ਬਨਾਮ ਅਜੋਕਾ ਅਹੰਕਾਰ; ਕੀ ਅਸੀਂ ਆਪਣਾ ਅਤੀਤ ਭੁੱਲ ਗਏ ਹਾਂ?** : ਸਾਨੂੰ ਉਸ ਭਲੇ ਯੁੱਗ ਦੀ ਯਾਦ ਦੁਹਰਾਉਣ ਦੀ ਲੋੜ ਹੈ, ਜਿੱਥੇ ਅਧਿਆਪਕ ਨੂੰ ਕੇਵਲ ਇੱਕ ਨੌਕਰੀ ਪੇਸ਼ਾ ਇਨਸਾਨ ਨਹੀਂ, ਸਗੋਂ ‘**ਗੁਰੂ**’ ਦਾ ਦਰਜਾ ਦੇ ਕੇ ਉੱਪਰ ਬਿਠਾਇਆ ਜਾਂਦਾ ਸੀ। ਭਾਰਤੀ ਸਭਿਆਚਾਰ ਵਿੱਚ ਗੁਰੂ ਦੇ ਮੁਖਾਰਬਿੰਦ ਤੋਂ ਨਿਕਲਿਆ ਹਰ ਬੋਲ ਵਿਦਿਆਰਥੀ ਲਈ ਪੱਥਰ ’ਤੇ ਲਕੀਰ ਹੁੰਦਾ ਸੀ। ਵੱਡੇ-ਵੱਡੇ ਸੱਤਾਧਾਰੀ, ਸ਼ਾਸਕ ਅਤੇ ਰਾਜੇ ਵੀ ਆਪਣੀ ਤਾਕਤ ਦੇ ਹੰਕਾਰ ਨੂੰ ਗੁਰੂ ਦੇ ਚਰਨਾਂ ਵਿੱਚ ਤਿਆਗ ਕੇ ਬੈਠਦੇ ਸਨ। ਅੱਜ ਏਅਰ-ਕੰਡੀਸ਼ਨਡ ਸਟੂਡੀਓਜ਼ ਵਿੱਚ ਬੈਠ ਕੇ ਲੱਖਾਂ-ਕਰੋੜਾਂ ਰੁਪਏ ਦੇ ਪੈਕੇਜ ਲੈਣ ਵਾਲੇ ਐਂਕਰ ਜਦੋਂ ਗਿਆਨ ਵੰਡਣ ਵਾਲੇ ਅਧਿਆਪਕਾਂ ਨੂੰ ਹਲਕਾ ਦਿਖਾਉਣ ਦੀ ਕੋਸ਼ਿਸ਼ ਕਰਦੇ ਹਨ ਤਾਂ ਉਨ੍ਹਾਂ ਦੇ ਅੰਦਰਲੇ ਅਹੰਕਾਰ ਦਾ ਪਰਦਾਫਾਸ਼ ਹੁੰਦਾ ਹੈ। ਕੀ ਅਜਿਹੀ ਨਕਾਰਾਤਮਕ ਸੋਚ ਰੱਖਣ ਵਾਲੇ ਲੋਕ ਇੱਕ ਪਲ ਲਈ ਵੀ ਇਹ ਨਹੀਂ ਸੋਚਦੇ ਕਿ ਉਹ ਖ਼ੁਦ ਕਿਸ ਤਰ੍ਹਾਂ ਪੜ੍ਹ ਕੇ ਇਸ ਮੁਕਾਮ ਤੱਕ ਪਹੁੰਚੇ ਹਨ? ਅੱਜ ਜੋ ਐਂਕਰ ਕੈਮਰੇ ਦੇ ਸਾਹਮਣੇ ਬੈਠ ਕੇ ਟੈਲੀਪ੍ਰੌਂਪਟਰ ਤੋਂ ਫਰਾਟੇਦਾਰ ਭਾਸ਼ਾ ਬੋਲ ਰਿਹਾ ਹੈ, ਕੀ ਉਸ ਨੂੰ ਭਾਸ਼ਾ ਦਾ ਪਹਿਲਾ ਅੱਖਰ, ਸ਼ਬਦਾਂ ਦੀ ਬਣਤਰ ਅਤੇ ਬੋਲਣ ਦਾ ਸਲੀਕਾ ਕਿਸੇ ਅਧਿਆਪਕ ਨੇ ਨਹੀਂ ਸਿਖਾਇਆ ਸੀ? ਦੁਨੀਆ ਦਾ ਕੋਈ ਵੀ ਜੱਜ, ਡਾਕਟਰ, ਨੇਤਾ, ਅਫ਼ਸਰ, ਵਿਗਿਆਨੀ ਜਾਂ ਪੱਤਰਕਾਰ, ਕਿਸੇ ਨਾ ਕਿਸੇ ਗੁਰੂ ਦੀ ਮਿਹਨਤ ਤੇ ਤਪੱਸਿਆ ਦੀ ਹੀ ਦੇਣ ਹੁੰਦਾ ਹੈ। ਆਪਣੇ ਅਤੀਤ ਨੂੰ ਭੁੱਲ ਕੇ, ਆਪਣੀ ਬੁਨਿਆਦ ’ਤੇ ਹੀ ਕੁਹਾੜਾ ਚਲਾਉਣਾ ਸਿਰਫ਼ ਅਕ੍ਰਿਤਘਣਤਾ (Ungratefulness) ਨਹੀਂ, ਸਗੋਂ ਬੌਧਿਕ ਅੰਨ੍ਹੇਪਣ ਦੀ ਨਿਸ਼ਾਨੀ ਹੈ।

**ਮੀਡੀਆ ’ਤੇ ਲੱਗਦੇ ਕਲੰਕ; ਜਦੋਂ ਚੌਥਾ ਸਤੰਭ ਸੱਤਾ ਤੇ ਕਾਰਪੋਰੇਟ ਦੀ ਕਠਪੁਤਲੀ ਬਣਿਆ**: ਮੀਡੀਆ ਨੂੰ ਲੋਕਤੰਤਰ ਦਾ ਚੌਥਾ ਸਤੰਭ ਮੰਨਿਆ ਜਾਂਦਾ ਹੈ, ਜਿਸ ਦਾ ਮੁੱਖ ਕੰਮ ਸਰਕਾਰਾਂ ਨੂੰ ਸਵਾਲ ਪੁੱਛਣਾ, ਪ੍ਰਸ਼ਾਸਨ ਦੀ ਜਵਾਬਦੇਹੀ ਤੈਅ ਕਰਨਾ ਤੇ ਜਨਤਾ ਦੇ ਹੱਕਾਂ ਦੀ ਰਾਖੀ ਕਰਨਾ ਹੈ। ਪਰ ਅੱਜ ਭਾਰਤੀ ਮੀਡੀਆ ਦੇ ਇੱਕ ਵੱਡੇ ਹਿੱਸੇ ’ਤੇ ਜੋ “**ਗੋਦੀ ਮੀਡੀਆ**” ਜਾਂ “**ਕਾਰਪੋਰੇਟ ਦਾ ਗੁਲਾਮ**” ਹੋਣ ਦੇ ਇਲਜ਼ਾਮ ਲੱਗ ਰਹੇ ਹਨ, ਉਹ ਬਿਲਕੁਲ ਸੱਚ ਸਾਬਤ ਹੋ ਰਹੇ ਹਨ। ਅੱਜ ਦੇ ਮੁੱਖ ਧਾਰਾ ਦੇ ਚੈਨਲ ਜਨਤਾ ਦੇ ਅਸਲ ਮੁੱਦਿਆਂ ਨੂੰ ਉਠਾਉਣ ਦੀ ਬਜਾਏ ਸਰਕਾਰਾਂ ਦੀਆਂ ਨੀਤੀਆਂ ਦੀ ਵਕਾਲਤ ਕਰਨ, ਕਾਰਪੋਰੇਟ ਘਰਾਣਿਆਂ ਦੇ ਇਸ਼ਤਿਹਾਰਾਂ ਨੂੰ ਚਮਕਾਉਣ ਤੇ ਦਿਨ-ਰਾਤ ਨਫ਼ਰਤ ਭਰੇ ਵਿਵਾਦ ਜਾਂ ਸਨਸਨੀਖੇਜ਼ ਖ਼ਬਰਾਂ ਵੇਚਣ ਵਿੱਚ ਲੱਗੇ ਹੋਏ ਹਨ। ਖ਼ਬਰਾਂ ਨੂੰ ਵਧਾ-ਚੜ੍ਹਾ ਕੇ ਪੇਸ਼ ਕਰਨਾ, ਨਕਾਰਾਤਮਕਤਾ ਨੂੰ ਗਲੈਮਰਾਈਜ਼ ਕਰਨਾ ਅਤੇ ਖ਼ੁਦ ਹੀ ਜਾਂਚ ਏਜੰਸੀਆਂ ਬਣ ਕੇ ਟੀਵੀ ਅਦਾਲਤਾਂ (Media Trials) ਰਾਹੀਂ ਨਿਰਦੋਸ਼ਾਂ ਨੂੰ ਦੋਸ਼ੀ ਸਾਬਤ ਕਰਨਾ ਅੱਜ-ਕੱਲ੍ਹ ਦਾ ਨਵਾਂ ਦਸਤੂਰ ਬਣ ਗਿਆ ਹੈ। ਜਦੋਂ ਟੀਵੀ ਐਂਕਰ ਅਧਿਆਪਕਾਂ ਜਾਂ ਬੇਰੁਜ਼ਗਾਰ ਨੌਜਵਾਨਾਂ ’ਤੇ ਤਿੱਖੇ ਤੀਰ ਛੱਡਦੇ ਹਨ, ਤਾਂ ਦੇਖ ਕੇ ਇੰਜ ਲੱਗਦਾ ਹੈ ਜਿਵੇਂ ਸਾਡਾ ਦੇਸ਼ ਇੰਨੀ ਜ਼ਿਆਦਾ ਤਰੱਕੀ ਕਰ ਚੁੱਕਾ ਹੈ ਕਿ ਹੁਣ ਮੀਡੀਆ ਕੋਲ ਪੁੱਛਣ ਲਈ ਕੋਈ ਅਸਲ ਸਮੱਸਿਆ ਹੀ ਨਹੀਂ ਬਚੀ! ਕੀ ਸਾਡੇ ਦੇਸ਼ ਵਿੱਚੋਂ ਗਰੀਬੀ, ਭੁੱਖਮਰੀ, ਕਿਸਾਨਾਂ ਦੀਆਂ ਖ਼ੁਦਕੁਸ਼ੀਆਂ, ਸਿੱਖਿਆ ਦਾ ਬਜਟ, ਪੇਪਰ ਲੀਕ ਹੋਣ ਕਾਰਨ ਨੌਜਵਾਨਾਂ ਦੀ ਬਰਬਾਦ ਹੁੰਦੀ ਜ਼ਿੰਦਗੀ ਅਤੇ ਮਹਿੰਗਾਈ ਵਰਗੇ ਮੁੱਦੇ ਖ਼ਤਮ ਹੋ ਗਏ ਹਨ? ਬਿਲਕੁਲ ਨਹੀਂ। ਪਰ ਮੀਡੀਆ ਸੱਤਾ ਤੋਂ ਸਵਾਲ ਪੁੱਛਣ ਦੀ ਹਿੰਮਤ ਗੁਆ ਚੁੱਕਾ ਹੈ, ਇਸ ਲਈ ਉਹ ਆਪਣੀ ਭੜਾਸ ਦੇਸ਼ ਦੇ ਸਭ ਤੋਂ ਨਰਮ ਤੇ ਸ਼ਾਂਤ ਵਰਗ ਅਧਿਆਪਕਾਂ ਤੇ ਵਿਦਿਆਰਥੀਆਂ ’ਤੇ ਕੱਢ ਰਿਹਾ ਹੈ। ਇੱਥੇ ਇਹ ਜ਼ਿਕਰ ਕਰਨਾ ਵੀ ਬੇਹੱਦ ਲਾਜ਼ਮੀ ਹੈ ਕਿ ਸਾਰਾ ਮੀਡੀਆ ਇੱਕੋ ਜਿਹਾ ਨਹੀਂ ਹੈ। ਅੱਜ ਵੀ ਦੇਸ਼ ’ਚ ਬਹੁਤ ਸਾਰੇ ਅਜਿਹੇ ਪੱਤਰਕਾਰ, ਸੰਪਾਦਕ ਤੇ ਆਜ਼ਾਦ ਮੀਡੀਆ ਸੰਸਥਾਵਾਂ ਮੌਜੂਦ ਹਨ ਜੋ ਬਿਨਾਂ ਕਿਸੇ ਲਾਲਚ ਜਾਂ ਡਰ ਦੇ, ਅਸੂਲਾਂ ’ਤੇ ਪਹਿਰਾ ਦੇ ਰਹੇ ਹਨ। ਉਹ ਸੱਚ ਦੇ ਨਾਲ ਖੜ੍ਹੇ ਹਨ ਤੇ ਜਨਤਾ ਦੀ ਆਵਾਜ਼ ਬਣ ਰਹੇ ਹਨ। ਪਰ ਅੰਜਨਾ ਓਮ ਕਸ਼ਯਪ ਵਰਗੇ ਚਿਹਰਿਆਂ ਦੀ ਛੋਟੀ ਸੋਚ, ਹੰਕਾਰ ਤੇ ਗੈਰ-ਜ਼ਿੰਮੇਵਾਰਾਨਾ ਵਤੀਰੇ ਕਾਰਨ ਪੂਰੇ ਪੱਤਰਕਾਰਤਾ ਜਗਤ ਦੇ ਮੱਥੇ ’ਤੇ ਕਲੰਕ ਲੱਗਦਾ ਹੈ, ਜਿਸ ਨਾਲ ਇਮਾਨਦਾਰ ਪੱਤਰਕਾਰਾਂ ਦੀ ਮਿਹਨਤ ਵੀ ਸ਼ੱਕ ਦੇ ਘੇਰੇ ਵਿੱਚ ਆ ਜਾਂਦੀ ਹੈ।

**ਬੱਚਿਆਂ ਦੇ ਮਨਾਂ ’ਤੇ ਅਸਰ; ਇੱਕ ਅਦ੍ਰਿਸ਼ਟ ‘ਮਾਨਸਿਕ ਹਿੰਸਾ’ ਦਾ ਜਨਮ** : ਜਦੋਂ ਟੀਵੀ ਸਕ੍ਰੀਨਾਂ ’ਤੇ ਦੇਸ਼ ਦੇ ਮਸ਼ਹੂਰ ਐਂਕਰਾਂ ਵੱਲੋਂ ਅਧਿਆਪਕਾਂ ਪ੍ਰਤੀ ਅਜਿਹੀ ਬਦਜ਼ੁਬਾਨੀ ਕੀਤੀ ਜਾਂਦੀ ਹੈ, ਤਾਂ ਇਸ ਦਾ ਸਭ ਤੋਂ ਵੱਡਾ ਖ਼ਮਿਆਜ਼ਾ ਸਾਡੇ ਸਕੂਲਾਂ-ਕਾਲਜਾਂ ਵਿੱਚ ਪੜ੍ਹ ਰਹੇ ਕੋਮਲ ਬੱਚਿਆਂ ਨੂੰ ਭੁਗਤਣਾ ਪੈਂਦਾ ਹੈ। ਬੱਚਿਆਂ ਦੇ ਅਵਚੇਤਨ ਮਨ (Subconscious Mind) ਵਿੱਚ ਆਪਣੇ ਗੁਰੂ ਪ੍ਰਤੀ ਨਫ਼ਰਤ, ਅਵਿਸ਼ਵਾਸ ਤੇ ਅਪਮਾਨ ਦੀ ਭਾਵਨਾ ਘਰ ਕਰ ਜਾਂਦੀ ਹੈ। ਉਹ ਸੋਚਣ ਲੱਗ ਪੈਂਦੇ ਹਨ ਕਿ ਜੇਕਰ ਟੀਵੀ ’ਤੇ ਦਿਖਣ ਵਾਲੇ ਵੱਡੇ ਲੋਕ ਅਧਿਆਪਕਾਂ ਦੀ ਬੇਇੱਜ਼ਤੀ ਕਰ ਸਕਦੇ ਹਨ, ਤਾਂ ਉਨ੍ਹਾਂ ਨੂੰ ਵੀ ਆਪਣੇ ਅਧਿਆਪਕ ਦਾ ਸਤਿਕਾਰ ਕਰਨ ਦੀ ਕੋਈ ਲੋੜ ਨਹੀਂ। ਜਿੱਥੇ ਗੁਰੂ ਦਾ ਸਤਿਕਾਰ ਖ਼ਤਮ ਹੋ ਜਾਂਦਾ ਹੈ, ਉੱਥੇ ਗਿਆਨ ਦਾ ਚਾਨਣ ਮੁੱਕ ਜਾਂਦਾ ਹੈ। ਸਿੱਖਿਆ ਜਦੋਂ ਸਿਰਫ਼ ਇੱਕ ਵਪਾਰਕ ਸੌਦਾ ਬਣ ਕੇ ਰਹਿ ਜਾਵੇ, ਤਾਂ ਸਮਾਜ ਨੈਤਿਕ ਤੇ ਬੌਧਿਕ ਤੌਰ ’ਤੇ ਕੰਗਾਲ ਹੋ ਜਾਂਦਾ ਹੈ। ਇਹ ਸਥਿਤੀ ਹੌਲੀ-ਹੌਲੀ ਸਮਾਜ ’ਚ ਇੱਕ ਅਦ੍ਰਿਸ਼ਟ **‘ਮਾਨਸਿਕ ਹਿੰਸਾ’** (Psychological Violence) ਦਾ ਰੂਪ ਲੈ ਲੈਂਦੀ ਹੈ। ਇਹ ਉਹ ਖ਼ਤਰਨਾਕ ਹਿੰਸਾ ਹੈ, ਜਿੱਥੇ ਵਿਦਿਆਰਥੀ ਅਧਿਆਪਕ ’ਤੇ ਸਰੀਰਕ ਹਮਲਾ ਭਾਵੇਂ ਨਾ ਕਰੇ, ਪਰ ਉਹ ਆਪਣੇ ਵਿਹਾਰ, ਆਪਣੀ ਭਾਸ਼ਾ ਅਤੇ ਆਪਣੇ ਲਹਿਜੇ ਰਾਹੀਂ ਅਧਿਆਪਕ ਦੀ ਹਸਤੀ ਤੇ ਮਾਣ-ਸਨਮਾਨ ਨੂੰ ਲਗਾਤਾਰ ਸੱਟ ਪਹੁੰਚਾਉਂਦਾ ਹੈ। ਜਿਸ ਦੇਸ਼ ਵਿੱਚ ਵਿਦਿਆਰਥੀ ਤੇ ਅਧਿਆਪਕ ਵਿਚਕਾਰਲਾ ਪਵਿੱਤਰ ਰਿਸ਼ਤਾ ਨਫ਼ਰਤ ਤੇ ਹਿੰਸਾ ਦੀ ਭੇਟ ਚੜ੍ਹ ਜਾਵੇ, ਉਸ ਦੇਸ਼ ਦਾ ਸਮਾਜਿਕ ਢਾਂਚਾ ਬਹੁਤ ਜਲਦੀ ਢਹਿ-ਢੇਰੀ ਹੋ ਜਾਂਦਾ ਹੈ। ਬੱਚਿਆਂ ਦੇ ਦਿਲਾਂ ਨੂੰ ਇਸ ਮਾਨਸਿਕ ਪ੍ਰਦੂਸ਼ਣ ਤੋਂ ਬਚਾਉਣਾ ਅੱਜ ਦੇ ਸਮੇਂ ਦੀ ਸਭ ਤੋਂ ਵੱਡੀ ਲੋੜ ਹੈ।

**ਸੱਚਾਈ ਦਾ ਦੂਜਾ ਪਾਸਾ; ਸਿੱਖਿਆ ਦੇ ਵਪਾਰੀਕਰਨ ਦੀ ਬੀਮਾਰੀ** : ਇੱਕ ਨਿਰਪੱਖ ਅਤੇ ਸੱਚੇ ਸੰਪਾਦਕ ਵਜੋਂ ਸਾਨੂੰ ਸੱਚਾਈ ਦੇ ਦੂਜੇ ਪਾਸੇ ਨੂੰ ਵੀ ਸਵੀਕਾਰ ਕਰਨਾ ਪਵੇਗਾ। ਇਸ ਵਿੱਚ ਕੋਈ ਸ਼ੱਕ ਨਹੀਂ ਕਿ ਅੱਜ ਮੀਡੀਆ ਵਾਂਗ ਸਿੱਖਿਆ ਦੇ ਖੇਤਰ ਵਿੱਚ ਵੀ ਕੁਝ ਅਜਿਹੇ ਅਧਿਆਪਕ ਤੇ ਕੋਚਿੰਗ ਸੰਸਥਾਵਾਂ ਆ ਚੁੱਕੀਆਂ ਹਨ ਜੋ ਛੋਟੀ ਸੋਚ ਤੇ ਪੈਸੇ ਦੀ ਅੰਨ੍ਹੀ ਭੁੱਖ ਦੀਆਂ ਮਰੀਜ਼ ਹਨ। ਬਹੁਤ ਸਾਰੇ ਆਨਲਾਈਨ ਪਲੇਟਫਾਰਮਾਂ ’ਤੇ ਸਿੱਖਿਆ ਨੂੰ ਇੱਕ **‘ਕੰਟੈਂਟ ਮਸ਼ੀਨ’** ਜਾਂ **‘ਸਰਕਸ’** ਬਣਾ ਕੇ ਪੇਸ਼ ਕੀਤਾ ਜਾਂਦਾ ਹੈ, ਜਿੱਥੇ ਵਿਦਿਆਰਥੀਆਂ ਨੂੰ ਸਿਰਫ਼ ਗਾਹਕ ਸਮਝਿਆ ਜਾਂਦਾ ਹੈ। ਫ਼ਰਜ਼ੀ ਦਾਅਵੇ, ਕਰੋੜਾਂ ਰੁਪਏ ਦੀ ਕਮਾਈ ਦਾ ਦਿਖਾਵਾ ਅਤੇ ਸਿੱਖਿਆ ਦੇ ਨਾਂ ’ਤੇ ਚੱਲ ਰਹੇ ਮਾਫ਼ੀਆ ਦੀ ਆਲੋਚਨਾ ਹੋਣੀ ਬੇਹੱਦ ਜ਼ਰੂਰੀ ਹੈ। ਪਰ ਕੀ ਕੁਝ ਲਾਲਚੀ ਲੋਕਾਂ ਦੀਆਂ ਗਲਤੀਆਂ ਕਰਕੇ ਦੇਸ਼ ਦੇ ਲੱਖਾਂ ਇਮਾਨਦਾਰ, ਮਿਹਨਤੀ ਤੇ ਦਿਨ-ਰਾਤ ਰਾਸ਼ਟਰ ਨਿਰਮਾਣ ਵਿੱਚ ਜੁੜੇ ਹੋਏ ਅਧਿਆਪਕਾਂ ਨੂੰ ਬਦਨਾਮ ਕੀਤਾ ਜਾ ਸਕਦਾ ਹੈ? ਬਿਲਕੁਲ ਨਹੀਂ। ਸਾਡੇ ਦੇਸ਼ ਵਿੱਚ ਅੱਜ ਵੀ ਅਜਿਹੇ ਹਜ਼ਾਰਾਂ ਅਧਿਆਪਕ ਹਨ ਜੋ ਆਪਣੀ ਜੇਬ ਵਿੱਚੋਂ ਪੈਸੇ ਖਰਚ ਕਰਕੇ ਗਰੀਬ ਬੱਚਿਆਂ ਨੂੰ ਪੜ੍ਹਾਉਂਦੇ ਹਨ, ਜੋ ਦੂਰ-ਦੁਰਾਡੇ ਦੇ ਪਿੰਡਾਂ ਵਿੱਚ ਬਿਨਾਂ ਬਿਜਲੀ-ਪੱਖਿਆਂ ਦੇ ਵੀ ਬੱਚਿਆਂ ਦਾ ਭਵਿੱਖ ਰੌਸ਼ਨ ਕਰ ਰਹੇ ਹਨ। ਜਿਵੇਂ ਕੁਝ ਨੇਤਾਵਾਂ ਜਾਂ ਡਾਕਟਰਾਂ ਦੇ ਭ੍ਰਿਸ਼ਟ ਹੋਣ ਨਾਲ ਪੂਰਾ ਪੇਸ਼ਾ ਗਲਤ ਨਹੀਂ ਹੁੰਦਾ, ਉਵੇਂ ਹੀ ਕੁਝ ਕਾਲੀਆਂ ਭੇਡਾਂ ਕਰਕੇ ਪੂਰੇ ਅਧਿਆਪਕ ਵਰਗ ਨੂੰ ਇੱਕੋ ਕਟਹਿਰੇ ਵਿੱਚ ਖੜ੍ਹਾ ਕਰਨਾ ਨਾ ਸਿਰਫ਼ ਘੋਰ ਨਾਇਨਸਾਫ਼ੀ ਹੈ, ਸਗੋਂ ਪਾਪ ਹੈ।

**ਅਸਲ ਮੁੱਦਿਆਂ ਵੱਲ ਪਰਤਣ ਦਾ ਵੇਲਾ** : ਦੇਸ਼ ਦੇ ਮੌਜੂਦਾ ਹਾਲਾਤ ਇਹ ਮੰਗ ਕਰਦੇ ਹਨ ਕਿ ਅਸੀਂ ਸਸਤੀ ਸਨਸਨੀ ਅਤੇ ਨਿੱਜੀ ਦੂਸ਼ਣਬਾਜ਼ੀ ਦੇ ਇਸ ਚਿੱਕੜ ਵਿੱਚੋਂ ਬਾਹਰ ਨਿਕਲੀਏ। ਅੱਜ ਦੇਸ਼ ਦੇ ਸਾਹਮਣੇ ਸਭ ਤੋਂ ਵੱਡੇ ਸਵਾਲ ਇਹ ਹਨ ਕਿ ਸਾਡੀ ਪ੍ਰੀਖਿਆ ਪ੍ਰਣਾਲੀ ਇੰਨੀ ਖੋਖਲੀ ਕਿਉਂ ਹੋ ਗਈ ਹੈ ਕਿ ਵਾਰ-ਵਾਰ ਪੇਪਰ ਲੀਕ ਹੋ ਰਹੇ ਹਨ? ਡਿਗਰੀਆਂ ਹੱਥਾਂ ਵਿੱਚ ਲੈ ਕੇ ਸੜਕਾਂ ’ਤੇ ਰੁਲ ਰਹੇ ਯੋਗ ਨੌਜਵਾਨਾਂ ਨੂੰ ਰੁਜ਼ਗਾਰ ਕਦੋਂ ਮਿਲੇਗਾ? ਗਰੀਬ ਦੇ ਬੱਚੇ ਲਈ ਚੰਗੀ ਤੇ ਮੁਫ਼ਤ ਸਿੱਖਿਆ ਦੇ ਅਸਲ ਪ੍ਰਬੰਧ ਕਿਉਂ ਨਹੀਂ ਹੋ ਰਹੇ? ਤੇ ਸਰਕਾਰੀ ਸਕੂਲਾਂ ਦੇ ਬੁਨਿਆਦੀ ਢਾਂਚੇ ਨੂੰ ਪ੍ਰਾਈਵੇਟ ਸਕੂਲਾਂ ਦੇ ਮੁਕਾਬਲੇ ਬਿਹਤਰ ਕਿਵੇਂ ਬਣਾਇਆ ਜਾਵੇ? ਇਹ ਉਹ ਮੁੱਦੇ ਹਨ ਜਿਨ੍ਹਾਂ ’ਤੇ ਸਰਕਾਰਾਂ ਨੂੰ ਘੇਰਿਆ ਜਾਣਾ ਚਾਹੀਦਾ ਹੈ, ਜਿਨ੍ਹਾਂ ’ਤੇ ਦੇਸ਼ ਦੀਆਂ ਸੰਸਦਾਂ ਤੇ ਟੀਵੀ ਸਟੂਡੀਓਜ਼ ਵਿੱਚ ਗੰਭੀਰ ਨੀਤੀਗਤ ਬਹਿਸ ਹੋਣੀ ਚਾਹੀਦੀ ਹੈ। ਪਰ ਜਦੋਂ ਮੀਡੀਆ ਇਹ ਸਭ ਛੱਡ ਕੇ ਕਿਸੇ ਪੇਸ਼ੇ, ਕਿਸੇ ਦੇ ਚਰਿੱਤਰ ਜਾਂ ਕਿਸੇ ਦੀ ਬੈਕਗਰਾਊਂਡ ’ਤੇ ਨੀਵੇਂ ਪੱਧਰ ਦੇ ਹਮਲੇ ਕਰਨ ਲੱਗ ਪੈਂਦਾ ਹੈ ਤਾਂ ਲੋਕਤੰਤਰ ਦੀ ਨੀਂਹ ਕਮਜ਼ੋਰ ਹੋ ਜਾਂਦੀ ਹੈ। ਅਸੀਂ ਅਸਲ ਮੁੱਦਿਆਂ ਨੂੰ ਗੁਆ ਕੇ ਸਿਰਫ਼ ਵਿਅਕਤੀਗਤ ਨਫ਼ਰਤ ਦਾ ਵਪਾਰ ਕਰ ਰਹੇ ਹਾਂ।

**ਸਿੱਖਿਆ** : ਕਿਸੇ ਵੀ ਮਹਾਨ ਰਾਸ਼ਟਰ ਦੀ ਪਛਾਣ ਉਸ ਦੇ ਆਰਥਿਕ ਗ੍ਰਾਫ਼ ਤੋਂ ਹੀ ਨਹੀਂ, ਸਗੋਂ ਉਸ ਦੇ ਨੈਤਿਕ ਅਤੇ ਸਮਾਜਿਕ ਮਿਆਰਾਂ ਤੋਂ ਹੋਣੀ ਚਾਹੀਦੀ ਹੈ। ਜੇਕਰ ਅਸੀਂ ਜਨਤਕ ਮੰਚਾਂ ’ਤੇ ਬੈਠ ਕੇ ਦੇਸ਼ ਦੇ ਗੁਰੂਆਂ ਅਤੇ ਨੌਜਵਾਨਾਂ ਦਾ ਅਪਮਾਨ ਕਰਦੇ ਰਹੇ ਹਾਂ, ਤਾਂ ਅਸੀਂ ਸਿਰਫ਼ ਇੱਕ ਆਰਥਿਕ ਸੰਕਟ ਵੱਲ ਨਹੀਂ, ਸਗੋਂ ਇੱਕ ਵੱਡੇ ‘ਨੈਤਿਕ ਦੀਵਾਲੀਆਪਨ’ (Moral Crisis) ਵੱਲ ਵਧ ਰਹੇ ਹੋਵਾਂਗੇ। ਆਲੋਚਨਾ ਕਰਨਾ ਲੋਕਤੰਤਰ ਦਾ ਅਧਿਕਾਰ ਹੈ, ਪਰ ਆਲੋਚਨਾ ਅਤੇ ਅਪਮਾਨ ਦੇ ਵਿਚਕਾਰ ਇੱਕ ਬਹੁਤ ਬਾਰੀਕ ਲਕੀਰ ਹੁੰਦੀ ਹੈ, ਜਿਸ ਨੂੰ ਪਾਰ ਨਹੀਂ ਕੀਤਾ ਜਾਣਾ ਚਾਹੀਦਾ। ਅੱਜ ਵੇਲਾ ਹੈ ਕਿ ਦੇਸ਼ ਦੇ ਪ੍ਰਮੁੱਖ ਐਂਕਰ, ਜੱਜ, ਸਿਆਸਤਦਾਨ ਤੇ ਆਮ ਨਾਗਰਿਕ ਆਪਣੀ ਭਾਸ਼ਾ ਦੀ ਜ਼ਿੰਮੇਵਾਰੀ ਨੂੰ ਸਮਝਣ। ਸਵਾਲ ਪੁੱਛਣਾ ਲੋਕਤੰਤਰ ਦੀ ਸਭ ਤੋਂ ਵੱਡੀ ਤਾਕਤ ਹੈ, ਪਰ ਕਿਸੇ ਦੀ ਤੌਹੀਨ ਕਰਨਾ ਉਸ ਦੀ ਸਭ ਤੋਂ ਵੱਡੀ ਕਮਜ਼ੋਰੀ। ਸਾਨੂੰ ਇੱਕ ਅਜਿਹਾ ਸਮਾਜ ਸਿਰਜਣਾ ਪਵੇਗਾ ਜਿੱਥੇ ਅਧਿਆਪਕ ਦੀ ਕੁਰਸੀ ਦਾ ਆਦਰ ਬਹਾਲ ਰਹੇ, ਮੀਡੀਆ ਆਪਣੀ ਗੁਆਚੀ ਹੋਈ ਸਾਖ ਨੂੰ ਮੁੜ ਹਾਸਲ ਕਰੇ ਤੇ ਸਾਡੇ ਦੇਸ਼ ਦੇ ਨੌਜਵਾਨਾਂ ਨੂੰ ‘ਕਾਕਰੋਚ’ ਵਰਗੇ ਸ਼ਬਦਾਂ ਦੀ ਬਜਾਏ ਰੁਜ਼ਗਾਰ ਤੇ ਸਨਮਾਨ ਮਿਲੇ। ਜੇਕਰ ਅਸੀਂ ਅੱਜ ਵੀ ਨਾ ਸੰਭਲੇ, ਤਾਂ ਇਤਿਹਾਸ ਸਾਨੂੰ ਕਦੇ ਮੁਆਫ਼ ਨਹੀਂ ਕਰੇਗਾ, ਕਿਉਂਕਿ ਸੋਚ ਦਾ ਪਤਨ ਹੀ ਕਿਸੇ ਵੀ ਸਭਿਅਤਾ ਦੇ ਅੰਤ ਦੀ ਸ਼ੁਰੂਆਤ ਹੁੰਦਾ ਹੈ।

# ਡਾਇੰਗ ਫੈਕਟਰੀਆਂ ਦੀ ਜ਼ਹਿਰੀਲੀ ਸਲੱਜ ਨਾਲ ਲੋਕਾਂ ਦੀ ਸਿਹਤ ਖਤਰੇ 'ਚ

## ਪ੍ਰਦੂਸ਼ਨ ਵਿਭਾਗ ਦੀ ਮਿਲੀ ਭੁਗਤ ਨਾਲ ਖਾਲੀ ਪਲਾਟਾਂ ਵਿੱਚ ਸੁੱਟਿਆ ਜਾ ਰਿਹਾ ਕੈਮੀਕਲ ਵਾਲਾ ਕਚਰਾ



ਸਾਹਨੇਵਾਲ, ਕੁਹਾੜਾ, 2 ਜੂਨ (ਕੁਲਦੀਪ ਸਿੰਘ ਕੁਹਾੜਾ) : ਵਿਧਾਨ ਸਭਾ ਹਲਕਾ ਸਾਹਨੇਵਾਲ ਅਧੀਨ ਪੈਂਦੇ ਪਿੰਡ ਲੱਖੋਵਾਲ ਤੋਂ ਕੁਹਾੜਾ ਰੋਡ ਕਿਨਾਰੇ ਇੱਕ ਖਾਲੀ ਪਲਾਟ ਵਿੱਚ ਆਸ-ਪਾਸ ਦੇ ਉਦਯੋਗਿਕ ਇਲਾਕਿਆਂ ਵਿੱਚ ਚੱਲ ਰਹੀਆਂ ਕੁਝ ਡਾਇੰਗ ਫੈਕਟਰੀਆਂ ਵੱਲੋਂ ਵਾਤਾਵਰਨ ਸੁਰੱਖਿਆ ਨਿਯਮਾਂ ਦੀ ਉਲੰਘਣਾ ਕਰਦੇ ਹੋਏ ਜ਼ਹਿਰੀਲੀ ਸਲੱਜ ਅਤੇ ਕੈਮੀਕਲ ਭਰਿਆ ਕਚਰਾ ਸੁੱਟੇ ਜਾਣ ਦੇ ਦੋਸ਼ ਸਾਹਮਣੇ ਆਏ ਹਨ। ਇਸ ਕਾਰਨ ਇਲਾਕੇ ਵਿੱਚ ਪ੍ਰਦੂਸ਼ਨ, ਬਦਬੂ ਅਤੇ ਲੋਕਾਂ ਦੀ ਸਿਹਤ ਲਈ ਗੰਭੀਰ ਖਤਰੇ ਪੈਦਾ ਹੋ ਰਹੇ ਹਨ।

ਸਥਾਨਕ ਲੋਕਾਂ ਅਨੁਸਾਰ ਕੁਝ ਫੈਕਟਰੀ ਮਾਲਕ ਆਪਣੀਆਂ ਇਕਾਈਆਂ ਵਿੱਚੋਂ ਨਿਕਲਣ ਵਾਲੀ ਜ਼ਹਿਰੀਲੀ ਸਲੱਜ ਨੂੰ ਨਿਯਮਾਂ ਅਨੁਸਾਰ ਆਪਣੀ ਫੈਕਟਰੀ ਅੰਦਰ ਬਣਾਏ ਸਲੱਜ ਰੂਮਾਂ ਵਿੱਚ ਰੱਖਣ ਦੀ ਬਜਾਏ ਟਰਾਲੀਆਂ ਰਾਹੀਂ ਚੋਰੀ-ਛੁਪੇ ਨੇੜਲੇ ਖਾਲੀ ਪਲਾਟਾਂ ਵਿੱਚ ਸੁੱਟ ਰਹੇ ਹਨ। ਇਹ ਕੰਮ ਜ਼ਿਆਦਾਤਰ ਰਾਤ ਦੇ ਸਮੇਂ ਕੀਤਾ ਜਾਂਦਾ ਹੈ ਤਾਂ ਜੋ ਪ੍ਰਸ਼ਾਸਨ ਅਤੇ ਲੋਕਾਂ ਦੀ ਨਿਗਾਹ ਤੋਂ ਬਚਿਆ ਜਾ ਸਕੇ।

ਇਲਾਕਾ ਵਾਸੀਆਂ ਦਾ ਕਹਿਣਾ ਹੈ ਕਿ ਇਸ ਜ਼ਹਿਰੀਲੇ ਕਚਰੇ ਕਾਰਨ ਹਵਾ ਅਤੇ ਮਿੱਟੀ ਲਗਾਤਾਰ ਪ੍ਰਦੂਸ਼ਿਤ ਹੋ ਰਹੀ ਹੈ। ਮੀਂਹ ਦੇ ਮੌਸਮ ਦੌਰਾਨ ਇਹ ਕੈਮੀਕਲ ਧਰਤੀ ਹੇਠਲੇ ਪਾਣੀ ਵਿੱਚ ਰਲ ਕੇ ਵਾਤਾਵਰਨ ਅਤੇ ਮਨੁੱਖੀ ਸਿਹਤ ਲਈ ਹੋਰ ਵੀ ਵੱਡਾ ਖਤਰਾ ਤੇ ਕੈਂਸਰ ਵਰਗੀਆਂ ਬਿਮਾਰੀਆਂ ਪੈਦਾ ਕਰ ਸਕਦੇ ਹਨ। ਲੋਕਾਂ ਨੇ ਦੋਸ਼ ਲਗਾਇਆ ਕਿ ਇਸ ਗੈਰ-ਕਾਨੂੰਨੀ ਕਾਰਵਾਈ ਬਾਰੇ ਸਬੰਧਤ ਵਿਭਾਗਾਂ ਨੂੰ ਜਾਣਕਾਰੀ ਹੋਣ ਦੇ ਬਾਵਜੂਦ ਕੋਈ ਢੁੱਕਵੀਂ ਕਾਰਵਾਈ ਨਹੀਂ ਕੀਤੀ ਜਾ ਰਹੀ, ਜਿਸ ਕਾਰਨ ਵਿਭਾਗੀ ਮਿਲੀਭੁਗਤ ਦੇ ਸ਼ੱਕ ਪੈਦਾ ਹੋ ਰਹੇ ਹਨ।

ਸਮਾਜਿਕ ਸੰਸਥਾਵਾਂ ਅਤੇ ਇਲਾਕਾ ਨਿਵਾਸੀਆਂ ਨੇ ਪੰਜਾਬ ਸਰਕਾਰ ਅਤੇ ਪ੍ਰਦੂਸ਼ਣ ਕੰਟਰੋਲ ਬੋਰਡ ਦੇ ਉੱਚ ਅਧਿਕਾਰੀਆਂ ਤੋਂ ਮੰਗ ਕੀਤੀ ਹੈ ਕਿ ਮਾਮਲੇ ਦੀ ਤੁਰੰਤ ਜਾਂਚ ਕਰਵਾ ਕੇ ਦੋਸ਼ੀ ਫੈਕਟਰੀ ਮਾਲਕਾਂ ਖ਼ਿਲਾਫ਼ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇ। ਨਾਲ ਹੀ ਜਿੱਥੇ-ਜਿੱਥੇ ਜ਼ਹਿਰੀਲੀ ਸਲੱਜ ਸੁੱਟੀ ਗਈ ਹੈ, ਉੱਥੇ ਵਿਗਿਆਨਕ ਢੰਗ ਨਾਲ ਸਫ਼ਾਈ ਕਰਵਾ ਕੇ ਲੋਕਾਂ ਨੂੰ ਪ੍ਰਦੂਸ਼ਣ ਅਤੇ ਬਿਮਾਰੀਆਂ ਦੇ ਖ਼ਤਰੇ ਤੋਂ ਬਚਾਇਆ ਜਾਵੇ।

**ਟੀਮ ਭੇਜ ਕੇ ਕਰਵਾਈ ਜਾਵੇਗੀ ਜਾਂਚ: ਐੱਸ.ਈ. -**

ਇਸ ਸਬੰਧੀ ਜਦੋਂ ਪੰਜਾਬ ਪ੍ਰਦੂਸ਼ਨ ਕੰਟਰੋਲ ਬੋਰਡ ਦੇ ਐੱਸ.ਈ. ਵਿਜੇ ਕੁਮਾਰ ਨਾਲ ਉਨ੍ਹਾਂ ਦੇ ਮੋਬਾਇਲ ਫੋਨ 'ਤੇ ਸੰਪਰਕ ਕੀਤਾ ਗਿਆ ਤਾਂ ਉਨ੍ਹਾਂ ਕਿਹਾ ਕਿ ਮਾਮਲੇ ਦੀ ਜਾਂਚ ਲਈ ਵਿਭਾਗੀ ਟੀਮ ਭੇਜੀ ਜਾਵੇਗੀ। ਉਨ੍ਹਾਂ ਕਿਹਾ ਕਿ ਜੇਕਰ ਮੌਕੇ 'ਤੇ ਡਾਇੰਗ ਫੈਕਟਰੀਆਂ ਦੀ ਸਲੱਜ ਸੁੱਟੀ ਜਾਣ ਦੀ ਪੁਸ਼ਟੀ ਹੁੰਦੀ ਹੈ ਤਾਂ ਰਾਤ ਸਮੇਂ ਵੀ ਵਿਸ਼ੇਸ਼ ਚੈਕਿੰਗ ਮੁਹਿੰਮ ਚਲਾਈ ਜਾਵੇਗੀ ਅਤੇ ਦੋਸ਼ੀ ਪਾਏ ਜਾਣ ਵਾਲਿਆਂ ਖਿਲਾਫ ਸਖਤ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।

# ਗਿਆਸਪੁਰਾ ਵੱਲੋਂ ਰਾਣੋ ਦੀ ਕੋਠੀ ਉੱਪਰ ਬੁਲਡੋਜ਼ਰ ਐਕਸ਼ਨ ਦੀ ਸ਼ਲਾਘਾ

## ਮਾਨ ਸਰਕਾਰ ਕਿਸੇ ਦੋਸ਼ੀ ਨੂੰ ਨਹੀਂ ਬਖ਼ਸ਼ੇਗੀ : ਵਿਧਾਇਕ



ਪਾਇਲ, ਖੰਨਾ, 2 ਜੂਨ, (ਵਿਕਾਸ ਸ਼ਰਮਾ/ ਸੰਜੀਵ ਲਹਿਲ) : ਬਹੁਚਰਚਿਤ ਨਸ਼ਾ ਤਸਕਰ ਗੁਰਦੀਪ ਸਿੰਘ ਰਾਣੋ ਦੀ ਗੈਰ-ਕਾਨੂੰਨੀ ਕੋਠੀ 'ਤੇ ਹੋਈ ਬੁਲਡੋਜ਼ਰ ਕਾਰਵਾਈ ਨੂੰ ਲੈ ਕੇ ਪਾਇਲ ਤੋਂ ਆਮ ਆਦਮੀ ਪਾਰਟੀ ਦੇ ਵਿਧਾਇਕ ਮਨਵਿੰਦਰ ਸਿੰਘ ਗਿਆਸਪੁਰਾ ਨੇ ਪੰਜਾਬ ਸਰਕਾਰ ਦੀ ਭਰਪੂਰ ਸ਼ਲਾਘਾ ਕੀਤੀ ਹੈ। ਉਨ੍ਹਾਂ ਕਿਹਾ ਕਿ ਉਹ ਲੰਬੇ ਸਮੇਂ ਤੋਂ ਇਸ ਮਾਮਲੇ ਨੂੰ ਉਠਾਉਂਦੇ ਆ ਰਹੇ ਸਨ ਅਤੇ ਹੁਣ ਸਰਕਾਰ ਨੇ ਕਾਨੂੰਨੀ ਪ੍ਰਕਿਰਿਆ ਪੂਰੀ ਕਰਕੇ ਕਾਰਵਾਈ ਕੀਤੀ ਅਤੇ ਸਾਬਤ ਕਰ ਦਿੱਤਾ ਹੈ ਕਿ ਨਸ਼ਿਆਂ ਦੇ ਮਾਮਲੇ ਵਿੱਚ ਕਿਸੇ ਵੀ ਵਿਅਕਤੀ ਨਾਲ ਕੋਈ ਸਮਝੌਤਾ ਨਹੀਂ ਕੀਤਾ ਜਾਵੇਗਾ।

ਵਿਧਾਇਕ ਗਿਆਸਪੁਰਾ ਨੇ ਕਿਹਾ ਕਿ ਗੁਰਦੀਪ ਸਿੰਘ ਰਾਣੋ ਅਕਾਲੀ ਸਰਕਾਰ ਦੇ ਸਮੇਂ ਦੌਰਾਨ ਇੱਕ ਵੱਡੇ ਨਸ਼ਾ ਤਸਕਰ ਵਜੋਂ ਉਭਰਿਆ ਸੀ ਅਤੇ ਕਾਂਗਰਸ ਸਰਕਾਰ ਦੇ ਕਾਰਜਕਾਲ ਦੌਰਾਨ ਵੀ ਉਸ ਦਾ ਨਸ਼ਿਆਂ ਦਾ ਕਥਿਤ ਕਾਰੋਬਾਰ ਚੱਲਦਾ ਰਿਹਾ ਸੀ। ਉਨ੍ਹਾਂ ਕਿਹਾ ਕਿ ਸਾਲ 2020 ਵਿੱਚ ਵੱਡੀ ਮਾਤਰਾ ਵਿੱਚ ਹੈਰੋਇਨ ਸਮੇਤ ਗ੍ਰਿਫ਼ਤਾਰ ਹੋਣ ਦੇ ਬਾਵਜੂਦ ਉਸ ਦੀਆਂ ਗੈਰ-ਕਾਨੂੰਨੀ ਜਾਇਦਾਦਾਂ ਖ਼ਿਲਾਫ਼ ਕੋਈ ਠੋਸ ਕਾਰਵਾਈ ਨਹੀਂ ਕੀਤੀ ਗਈ ਸੀ।

ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਨੇ ਨਸ਼ਾ ਤਸਕਰਾਂ ਖ਼ਿਲਾਫ਼ ਜ਼ੀਰੋ ਟਾਲਰੈਂਸ ਦੀ ਨੀਤੀ ਅਪਣਾਈ ਹੋਈ ਹੈ ਅਤੇ ਹੁਣ ਨਸ਼ਿਆਂ ਦੇ ਕਾਰੋਬਾਰ ਨਾਲ ਜੁੜੇ ਲੋਕਾਂ ਦੀਆਂ ਗੈਰ-ਕਾਨੂੰਨੀ ਜਾਇਦਾਦਾਂ ਨੂੰ ਵੀ ਨਿਸ਼ਾਨਾ ਬਣਾਇਆ ਜਾ ਰਿਹਾ ਹੈ। ਇਹ ਕਾਰਵਾਈ ਨਸ਼ਾ ਤਸਕਰਾਂ ਲਈ ਇੱਕ ਸਪੱਸ਼ਟ ਅਤੇ ਸਖ਼ਤ ਸੰਦੇਸ਼ ਹੈ ਕਿ ਕਾਨੂੰਨ ਤੋਂ ਉੱਪਰ ਕੋਈ ਨਹੀਂ।

ਗਿਆਸਪੁਰਾ ਨੇ ਇਸ ਕਾਰਵਾਈ ਲਈ ਖੰਨਾ ਦੇ ਐੱਸ.ਐੱਸ.ਪੀ. ਡਾ. ਦਰਪਣ ਆਹਲੂਵਾਲੀਆ ਅਤੇ ਗਲਾਡਾ ਦੇ ਅਧਿਕਾਰੀਆਂ ਦੀ ਵੀ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਖੰਨਾ ਪੁਲਿਸ ਅਤੇ ਪ੍ਰਸ਼ਾਸਨ ਨੇ ਪੂਰੀ ਯੋਜਨਾਬੱਧ ਢੰਗ ਨਾਲ ਕਾਰਵਾਈ ਨੂੰ ਅੰਜਾਮ ਦੇ ਕੇ ਸਰਕਾਰ ਦੀ ਨਸ਼ਿਆਂ ਖ਼ਿਲਾਫ਼ ਵਚਨਬੱਧਤਾ ਨੂੰ ਦਰਸਾਇਆ ਹੈ।

ਵਿਧਾਇਕ ਨੇ ਕਿਹਾ ਕਿ ਪੰਜਾਬ ਨੂੰ ਨਸ਼ਾ ਮੁਕਤ ਬਣਾਉਣ ਲਈ ਸਰਕਾਰ ਵੱਲੋਂ ਲਗਾਤਾਰ ਠੋਸ ਕਦਮ ਚੁੱਕੇ ਜਾ ਰਹੇ ਹਨ ਅਤੇ ਆਉਣ ਵਾਲੇ ਸਮੇਂ ਵਿੱਚ ਵੀ ਨਸ਼ਾ ਤਸਕਰਾਂ ਅਤੇ ਉਨ੍ਹਾਂ ਦੀਆਂ ਗੈਰ-ਕਾਨੂੰਨੀ ਸੰਪਤੀਆਂ ਖ਼ਿਲਾਫ਼ ਅਜਿਹੀਆਂ ਕਾਰਵਾਈਆਂ ਜਾਰੀ ਰਹਿਣਗੀਆਂ। ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕਾਂ ਨੇ ਬਦਲਾਅ ਲਈ ਵੋਟ ਦਿੱਤੀ ਸੀ ਅਤੇ ਸਰਕਾਰ ਉਸ ਭਰੋਸੇ 'ਤੇ ਪੂਰੀ ਤਰ੍ਹਾਂ ਖਰਾ ਉਤਰ ਰਹੀ ਹੈ।

# ਸੰਯੁਕਤ ਕਿਸਾਨ ਮੋਰਚਾ ਜ਼ਿਲ੍ਹਾ ਇਕਾਈ ਵੱਲੋਂ ਡੀ.ਸੀ. ਦਫ਼ਤਰ ਦੇ ਅੱਗੇ ਧਰਨਾ



ਲੁਧਿਆਣਾ, 2 ਜੂਨ (ਰਵਿੰਦਰ ਸਿੰਘ ਨਿੱਝਰ): ਸੰਯੁਕਤ ਕਿਸਾਨ ਮੋਰਚਾ, ਪੰਜਾਬ ਵੱਲੋਂ ਪੰਜਾਬ ਦੇ ਸਾਰੇ ਜ਼ਿਲ੍ਹਿਆਂ 'ਤੇ ਧਰਨੇ ਦਿੱਤੇ ਗਏ ਅਤੇ ਡਿਪਟੀ ਕਮਿਸ਼ਨਰਾਂ ਰਾਹੀਂ ਪ੍ਰਧਾਨ ਮੰਤਰੀ ਦੇ ਨਾਂ 'ਤੇ ਕੇਂਦਰ ਸਰਕਾਰ ਦੇ ਪੱਧਰ ਦੀਆਂ ਮੰਗਾਂ ਅਤੇ ਸੂਬੇ ਦੀਆਂ ਮੰਗਾਂ ਸਬੰਧੀ ਮੁੱਖ ਮੰਤਰੀ ਪੰਜਾਬ ਦੇ ਨਾਂ ਮੰਗ ਪੱਤਰ ਦਿੱਤੇ ਗਏ। ਇਸੇ ਸੱਦੇ ਦੇ ਹਿੱਸੇ ਵਜੋਂ ਅੱਜ ਲੁਧਿਆਣਾ ਵਿਖੇ ਡਿਪਟੀ ਕਮਿਸ਼ਨਰ ਦਫਤਰ ਦੇ ਸਾਹਮਣੇ ਧਰਨਾ ਦਿੱਤਾ ਗਿਆ। ਮੋਰਚੇ ਨੇ ਕਿਹਾ ਕਿ ਖੇਤੀਬਾੜੀ, ਕਿਸਾਨਾਂ, ਖੇਤ ਮਜ਼ਦੂਰਾਂ ਅਤੇ ਪੇਂਡੂ ਅਰਥਚਾਰੇ ਨਾਲ ਜੁੜੇ ਮੁੱਦਿਆਂ ਨੂੰ ਲੰਬੇ ਸਮੇਂ ਤੋਂ ਅਣਗੌਲਿਆ ਕੀਤਾ ਜਾ ਰਿਹਾ ਹੈ, ਜਿਸ ਕਾਰਨ ਕਿਸਾਨ ਭਾਰੀ ਆਰਥਿਕ ਸੰਕਟ ਦਾ ਸਾਹਮਣਾ ਕਰ ਰਹੇ ਹਨ।ਮੰਗ-ਪੱਤਰ ਵਿੱਚ ਸਭ ਤੋਂ ਪਹਿਲਾਂ ਭਾਖੜਾ ਬਿਆਸ ਮੈਨੇਜਮੈਂਟ ਬੋਰਡ (ਬੀਬੀਐਮਬੀ) ਵਿੱਚ ਪੰਜਾਬ ਦੀ ਪੱਕੀ ਨੁਮਾਇੰਦਗੀ ਦੇ ਅਧਿਕਾਰ ਨੂੰ ਪ੍ਰਭਾਵਿਤ ਕਰਨ ਵਾਲਾ ਨੋਟੀਫਿਕੇਸ਼ਨ ਤੁਰੰਤ ਰੱਦ ਕਰਨ ਦੀ ਮੰਗ ਕੀਤੀ ਗਈ ਹੈ ।

ਇਸ ਦੇ ਨਾਲ ਹੀ ਖੇਤੀ ਲਈ ਖਾਦਾਂ ਦੀ ਨਿਰਵਿਘਨ ਸਪਲਾਈ ਯਕੀਨੀ ਬਣਾਉਣ, ਯੂਰੀਆ ਖਾਦ ਦੀ ਕੀਮਤ ਵਿੱਚ ਕੀਤੇ ਵਾਧੇ ਨੂੰ ਵਾਪਸ ਲੈਣ, ਸਬਸਿਡੀ ਬਹਾਲ ਕਰਨ ਅਤੇ ਯੂਰੀਆ ਦੇ ਥੈਲੇ ਦਾ ਭਾਰ ਮੁੜ 50 ਕਿਲੋ ਕਰਨ ਦੀ ਮੰਗ ਵੀ ਕੀਤੀ ਗਈ ਹੈ। ਡੀਜ਼ਲ, ਪੈਟਰੋਲ ਅਤੇ ਰਸੋਈ ਗੈਸ ਦੀਆਂ ਵਧੀਆਂ ਕੀਮਤਾਂ ਨੂੰ ਰੱਦ ਕਰਨ ਦੀ ਮੰਗ ਵੀ ਉਠਾਈ ਗਈ ਹੈ।

ਸੰਯੁਕਤ ਕਿਸਾਨ ਮੋਰਚੇ ਨੇ ਸਾਰੀਆਂ ਫਸਲਾਂ ਦੀ ਘੱਟੋ-ਘੱਟ ਸਮਰਥਨ ਮੁੱਲ (ਐਮਐਸਪੀ) 'ਤੇ ਖਰੀਦ ਦੀ ਕਾਨੂੰਨੀ ਗਾਰੰਟੀ ਦੇਣ ਅਤੇ ਸਵਾਮੀਨਾਥਨ ਕਮਿਸ਼ਨ ਦੀਆਂ ਸਿਫ਼ਾਰਸ਼ਾਂ ਅਨੁਸਾਰ ਸੀ-2 ਪਲੱਸ 50 ਫੀਸਦੀ ਫਾਰਮੂਲੇ ਦੇ ਆਧਾਰ 'ਤੇ ਐਮਐਸਪੀ ਨਿਰਧਾਰਤ ਕਰਨ ਦੀ ਮੰਗ ਕੀਤੀ ਹੈ।ਮੋਰਚੇ ਨੇ ਕਾਰਪੋਰੇਟ ਘਰਾਣਿਆਂ ਵਾਂਗ ਕਿਸਾਨਾਂ ਅਤੇ ਮਜ਼ਦੂਰਾਂ ਦੇ ਕਰਜ਼ੇ ਮੁਆਫ਼ ਕਰਨ ਅਤੇ ਸਹਿਕਾਰੀ ਤੇ ਲੈਂਡ ਮਾਰਗੇਜ਼ ਬੈਂਕਾਂ ਵਿੱਚ ਵਨ ਟਾਈਮ ਸੈਟਲਮੈਂਟ ਸਕੀਮ ਲਾਗੂ ਕਰਨ ਦੀ ਮੰਗ ਕੀਤੀ ਹੈ।ਮੰਗ-ਪੱਤਰ ਵਿੱਚ ਅਮਰੀਕਾ ਦੇ ਦਬਾਅ ਹੇਠ ਕੀਤੇ ਜਾ ਰਹੇ ਮੁਕਤ ਵਪਾਰ ਸਮਝੌਤਿਆਂ ਨੂੰ ਰੱਦ ਕਰਨ, ਖੇਤੀਬਾੜੀ ਨੂੰ ਅਜਿਹੇ ਸਮਝੌਤਿਆਂ ਦੇ ਦਾਇਰੇ ਤੋਂ ਬਾਹਰ ਰੱਖਣ, ਬਿਜਲੀ ਸੋਧ ਬਿੱਲ 2025 ਅਤੇ ਬੀਜ ਬਿੱਲ 2025 ਨੂੰ ਵਾਪਸ ਲੈਣ ਦੀ ਮੰਗ ਵੀ ਸ਼ਾਮਲ ਹੈ। ਇਸ ਤੋਂ ਇਲਾਵਾ ਭਾਰਤ ਮਾਲਾ ਪ੍ਰੋਜੈਕਟ ਤਹਿਤ ਅਧਿਗ੍ਰਹਿਣ ਕੀਤੀਆਂ ਜ਼ਮੀਨਾਂ ਦਾ ਮੁਆਵਜ਼ਾ 2013 ਦੇ ਜ਼ਮੀਨ ਅਧਿਗ੍ਰਹਿਣ ਕਾਨੂੰਨ ਅਨੁਸਾਰ ਬਜ਼ਾਰੀ ਕੀਮਤ ਦੇ ਆਧਾਰ 'ਤੇ ਦੇਣ ਦੀ ਮੰਗ ਕੀਤੀ ਗਈ ਹੈ।ਧਰਨੇ ਦੇ ਅੰਤ ਵਿੱਚ ਡਿਪਟੀ ਕਮਿਸ਼ਨਰ ਨੂੰ ਪ੍ਰਧਾਨ ਮੰਤਰੀ ਦੇ ਨਾਂ ਦਾ ਮੰਗ ਪੱਤਰ ਸੌਂਪਿਆ ਗਿਆ।

# ਸ਼ਿੰਗਾਰ ਸਿਨੇਮਾ ਰੋਡ 'ਤੇ ਦਿਨ-ਦਿਹਾੜੇ ਹੋਈ ਗੋਲੀਬਾਰੀ ਦੀ ਘਟਨਾ ਬਹੁਤ ਹੀ ਚਿੰਤਾਜਨਕ : ਧੀਮਾਨ



ਲੁਧਿਆਣਾ, 2 ਜੂਨ (ਰਵਿੰਦਰ ਸਿੰਘ ਨਿੱਝਰ): ਲੁਧਿਆਣਾ ਦੇ ਸ਼ਿੰਗਾਰ ਸਿਨੇਮਾ ਰੋਡ ਖੇਤਰ ਵਿੱਚ ਦਿਨ ਦਿਹਾੜੇ ਹੋਈ ਗੋਲੀਬਾਰੀ ਦੀ ਘਟਨਾ 'ਤੇ ਗਹਿਰੀ ਚਿੰਤਾ ਜ਼ਾਹਰ ਕਰਦਿਆਂ ਭਾਰਤੀ ਜਨਤਾ ਪਾਰਟੀ ਲੁਧਿਆਣਾ ਦੇ ਜ਼ਿਲ੍ਹਾ ਪ੍ਰਧਾਨ ਰਜਨੀਸ਼ ਧੀਮਾਨ ਨੇ ਕਿਹਾ ਕਿ ਅਜਿਹੀਆਂ ਘਟਨਾਵਾਂ ਆਮ ਨਾਗਰਿਕਾਂ ਵਿੱਚ ਡਰ ਅਤੇ ਅਸੁਰੱਖਿਆ ਦੀ ਭਾਵਨਾ ਪੈਦਾ ਕਰਦੀਆਂ ਹਨ ਅਤੇ ਮੌਜੂਦਾ ਮਾਨ ਸਰਕਾਰ ਦੇ ਵੱਡੇ-ਵੱਡੇ ਦਾਵਿਆਂ 'ਤੇ ਸਵਾਲ ਖੜ੍ਹੇ ਕਰਦੀਆਂ ਹਨ।

ਉਨ੍ਹਾਂ ਕਿਹਾ ਕਿ ਇੱਕ ਰੁੱਝੇ ਹੋਏ ਬਾਜ਼ਾਰ ਅਤੇ ਰਿਹਾਇਸ਼ੀ ਇਲਾਕੇ ਵਿੱਚ ਇਸ ਤਰ੍ਹਾਂ ਦੀ ਘਟਨਾ ਵਾਪਰਨਾ ਬਹੁਤ ਹੀ ਗੰਭੀਰ ਮਾਮਲਾ ਹੈ। ਇਸ ਘਟਨਾ ਦੀ ਨਿਰਪੱਖ ਅਤੇ ਤੁਰੰਤ ਜਾਂਚ ਕੀਤੀ ਜਾਣੀ ਚਾਹੀਦੀ ਹੈ। ਦੋਸ਼ੀਆਂ ਦੀ ਪਛਾਣ ਕਰਕੇ ਉਨ੍ਹਾਂ ਨੂੰ ਜਲਦੀ ਤੋਂ ਜਲਦੀ ਗ੍ਰਿਫ਼ਤਾਰ ਕੀਤਾ ਜਾਵੇ ਅਤੇ ਕਾਨੂੰਨ ਅਨੁਸਾਰ ਸਖ਼ਤ ਕਾਰਵਾਈ ਯਕੀਨੀ ਬਣਾਈ ਜਾਵੇ।

ਰਜਨੀਸ਼ ਧੀਮਾਨ ਨੇ ਪੁਲਿਸ ਪ੍ਰਸ਼ਾਸਨ ਤੋਂ ਮੰਗ ਕੀਤੀ ਕਿ ਇਲਾਕੇ ਵਿੱਚ ਸੁਰੱਖਿਆ ਪ੍ਰਬੰਧ ਹੋਰ ਮਜ਼ਬੂਤ ਕੀਤੇ ਜਾਣ, ਨਿਯਮਿਤ ਗਸ਼ਤ ਵਧਾਈ ਜਾਵੇ ਅਤੇ ਵਪਾਰੀਆਂ ਅਤੇ ਸਥਾਨਕ ਨਿਵਾਸੀਆਂ ਦੀ ਸੁਰੱਖਿਆ ਯਕੀਨੀ ਬਣਾਉਣ ਲਈ ਪ੍ਰਭਾਵਸ਼ਾਲੀ ਕਦਮ ਚੁੱਕੇ ਜਾਣ।

ਜ਼ਿਲ੍ਹਾ ਪ੍ਰਧਾਨ ਧੀਮਾਨ ਨੇ ਕਿਹਾ ਕਿ ਲਗਾਤਾਰ ਵੱਧ ਰਹੀਆਂ ਅਪਰਾਧਿਕ ਘਟਨਾਵਾਂ ਕਾਰਨ ਲੋਕਾਂ ਦਾ ਕਾਨੂੰਨ-ਵਿਵਸਥਾ ਅਤੇ ਸਰਕਾਰ ਉੱਤੇ ਭਰੋਸਾ ਘਟਦਾ ਜਾ ਰਿਹਾ ਹੈ। ਸਰਕਾਰ ਨੂੰ ਲੋਕਾਂ ਵਿੱਚ ਸੁਰੱਖਿਆ ਦੀ ਭਾਵਨਾ ਮੁੜ ਕਾਇਮ ਕਰਨ ਲਈ ਠੋਸ ਕਦਮ ਚੁੱਕਣੇ ਚਾਹੀਦੇ ਹਨ।

# ਜ਼ਿਲ੍ਹਾ ਟ੍ਰੇਡਰਜ਼ ਕਮਿਸ਼ਨ ਦੇ ਚੇਅਰਮੈਨ ਤੇ ਹੋਰ ਆਗੂ ਪੁਲਿਸ ਕਮਿਸ਼ਨਰ ਨੂੰ ਮਿਲੇ



ਲੁਧਿਆਣਾ, 2 ਜੂਨ (ਰਵਿੰਦਰ ਸਿੰਘ ਨਿੱਝਰ) : ਆਮ ਆਦਮੀ ਪਾਰਟੀ ਦੇ ਜ਼ਿਲ੍ਹਾ ਟ੍ਰੇਡਰਜ਼ ਕਮਿਸ਼ਨ ਐਕਸਾਈਜ਼ ਐਂਡ ਟੈਕਸੇਸ਼ਨ ਲੁਧਿਆਣਾ ਦੇ ਚੇਅਰਮੈਨ ਪਰਮਪਾਲ ਸਿੰਘ ਬਾਵਾ, ਪੰਜਾਬ ਟਰੇਡਰ ਕਮਿਸ਼ਨ ਦੇ ਸਕੱਤਰ ਧਰਮਿੰਦਰ ਰੂਪ ਰਾਏ, ਜ਼ਿਲ੍ਹਾ ਉਪ ਚੇਅਰਮੈਨ, ਹਲਕਾ ਚੇਅਰਮੈਨ ਅਤੇ ਹੋਰ ਆਗੂਆਂ ਨੇ ਲੁਧਿਆਣੇ ਜ਼ਿਲ੍ਹੇ ਦੇ ਪੁਲਿਸ ਕਮਿਸ਼ਨਰ ਨਾਲ ਇੱਕ ਵਿਸ਼ੇਸ਼ ਮੁਲਾਕਾਤ ਕੀਤੀ। ਇਸ ਮੌਕੇ ਕਮਿਸ਼ਨਰ ਸਾਹਿਬ ਤੋਂ ਇਲਾਵਾ ਹੋਰ ਸਟਾਫ ਵੀ ਮੌਜੂਦ ਸੀ।ਸ੍ਰੀ ਬਾਵਾ ਨੇ ਦੱਸਿਆ ਕਿ ਇਸ ਮੁਲਾਕਾਤ ਦੌਰਾਨ ਲੁਧਿਆਣਾ ਦੇ ਵਪਾਰੀਆਂ ਦੀ ਸੁਰੱਖਿਆ ਬਾਰੇ ਵਿਸਥਾਰ ਪੂਰਵਕ ਚਰਚਾ ਕੀਤੀ ਗਈ। ਉਹਨਾਂ ਦੱਸਿਆ ਕਿ ਉਨ੍ਹਾਂ ਨੇ ਅਤੇ ਬਾਕੀ ਆਗੂਆਂ ਨੇ ਕਮਿਸ਼ਨਰ ਪੁਲਿਸ ਨੂੰ ਦੱਸਿਆ ਕਿ ਵਪਾਰੀਆਂ ਦੀ ਸੁਰੱਖਿਆ ਨੂੰ ਕਿਹੜੇ ਕਿਹੜੇ ਖਤਰੇ ਹਨ ਅਤੇ ਇਹਨਾਂ ਨੂੰ ਕਿਵੇਂ ਟਾਲਿਆ ਜਾ ਸਕਦਾ ਹੈ। ਉਹਨਾਂ ਦੱਸਿਆ ਕਿ ਉਹਨਾਂ ਨੇ ਪੂਰੀ ਸੁਹਿਰਦਤਾ ਨਾਲ ਵਪਾਰੀਆਂ ਦੀ ਸੁਰੱਖਿਆ ਦਾ ਪੱਖ ਪੁਲਿਸ ਕਮਿਸ਼ਨਰ ਅੱਗੇ ਰੱਖਿਆ ਅਤੇ ਬਾਅਦ ਵਿੱਚ ਇਸ ਸਬੰਧੀ ਕਈ ਅਹਿਮ ਫੈਸਲੇ ਲਏ ਗਏ ਤਾਂ ਕਿ ਵਪਾਰੀਆਂ ਵਿੱਚ ਕਿਸੇ ਤਰ੍ਹਾਂ ਨਾਲ ਵੀ ਅਸੁਰੱਖਿਅਤਾ ਦੀ ਭਾਵਨਾ ਮਹਿਸੂਸ ਨਾ ਹੋਵੇ। ਉਹਨਾਂ ਦੱਸਿਆ ਕਿ ਨਵੇਂ ਲੈ ਗਏ ਫੈਸਲਿਆਂ ਨੂੰ ਜਲਦੀ ਹੀ ਲਾਗੂ ਕੀਤਾ ਜਾਵੇਗਾ। ਉਹਨਾਂ ਕਿਹਾ ਕਿ ਜੇਕਰ ਵਪਾਰੀ ਸੁਰੱਖਿਅਤ ਨਹੀਂ ਹੋਣਗੇ ਤਾਂ ਇਸਦਾ ਪੰਜਾਬ ਦੇ ਵਪਾਰ 'ਤੇ ਵੱਡਾ ਅਸਰ ਪਵੇਗਾ, ਜਿਸ ਨਾਲ ਪੰਜਾਬ ਦੀ ਆਰਥਿਕਤਾ ਨੂੰ ਵੱਡੀ ਢਾਹ ਲੱਗੇਗੀ। ਉਹਨਾਂ ਆਖਿਆ ਕਿ ਪੰਜਾਬ ਦੇ ਵਪਾਰੀਆਂ ਦੀ ਹਰ ਸੰਭਵ ਸਹਾਇਤਾ ਕੀਤੀ ਜਾਵੇਗੀ ਤਾਂ ਕਿ ਉਹ ਪੰਜਾਬ ਦੇ ਵਿਕਾਸ ਵਿੱਚ ਵੱਧ ਤੋਂ ਵੱਧ ਯੋਗਦਾਨ ਪਾ ਸਕਣ ਅਤੇ ਪੰਜਾਬ ਹੋਰ ਤਰੱਕੀ ਕਰ ਸਕੇ। ਇਸ ਮੌਕੇ ਰੋਹਿਤ ਵਰਮਾ ਅਤੇ ਰਮਨਦੀਪ ਸ਼ਰਮਾ ਆਦਿ ਵੀ ਮੌਜੂਦ ਸਨ।

# ਐਸ.ਐਸ.ਪੀ. ਨੇ ਵਪਾਰਕ ਸੰਗਠਨਾਂ ਨਾਲ ਕੀਤੀ ਮੀਟਿੰਗ



ਲੁਧਿਆਣਾ, 2 ਜੂਨ (ਵਿਸ਼ਾਲ ਸ਼ਰਮਾ/ਸੰਜੀਵ ਲਹਿਲ) : ਪੁਲਿਸ ਵੱਲੋਂ ਲੋਕਾਂ ਅਤੇ ਵੱਖ-ਵੱਖ ਵਰਗਾਂ ਨਾਲ ਸਿੱਧਾ ਸੰਵਾਦ ਕਾਇਮ ਕਰਨ ਦੀ ਲੜੀ ਤਹਿਤ ਐਸ.ਐਸ.ਪੀ ਖੰਨਾ ਡਾ. ਦਰਪਣ ਆਹਲੂਵਾਲੀਆ ਨੇ ਸ਼ਹਿਰ ਦੇ ਵੱਖ-ਵੱਖ ਬਜ਼ਾਰਾਂ ਦਾ ਦੌਰਾ ਕਰਕੇ ਵਪਾਰਕ ਸੰਗਠਨਾਂ ਦੇ ਨੁਮਾਇੰਦਿਆਂ ਨਾਲ ਇੱਕ ਅਹਿਮ ਮੀਟਿੰਗ ਕੀਤੀ। ਇਸ ਮੀਟਿੰਗ ਦੌਰਾਨ ਵਪਾਰੀਆਂ ਨੇ ਆਪਣੇ ਕਾਰੋਬਾਰਾਂ ਨਾਲ ਸਬੰਧਤ ਮੁੱਦੇ, ਸੁਰੱਖਿਆ ਚਿੰਤਾਵਾਂ ਅਤੇ ਹੋਰ ਸਮੱਸਿਆਵਾਂ ਐਸਐਸਪੀ ਸਾਹਮਣੇ ਰੱਖੀਆਂ, ਜਿਨ੍ਹਾਂ ਨੂੰ ਉਨ੍ਹਾਂ ਬਹੁਤ ਹੀ ਧਿਆਨ ਅਤੇ ਗੰਭੀਰਤਾ ਨਾਲ ਸੁਣਿਆ।ਮੀਟਿੰਗ ਦੌਰਾਨ ਐਸ.ਐਸ.ਪੀ ਨੇ ਕਿਹਾ ਕਿ ਖੰਨਾ ਪੁਲਿਸ ਦਾ ਮੁੱਖ ਉਦੇਸ਼ ਲੋਕਾਂ ਨੂੰ ਸੁਰੱਖਿਅਤ ਅਤੇ ਭਰੋਸੇਯੋਗ ਮਾਹੌਲ ਪ੍ਰਦਾਨ ਕਰਨਾ ਹੈ। ਉਨ੍ਹਾਂ ਕਿਹਾ ਕਿ ਵਪਾਰੀ ਵਰਗ ਸਮਾਜ ਅਤੇ ਆਰਥਿਕਤਾ ਦਾ ਇੱਕ ਮਹੱਤਵਪੂਰਨ ਹਿੱਸਾ ਹੈ ਅਤੇ ਉਨ੍ਹਾਂ ਦੀਆਂ ਸਮੱਸਿਆਵਾਂ ਦਾ ਹੱਲ ਕਰਨਾ ਪੁਲਿਸ ਦੀ ਪਹਿਲਕਦਮੀ ਹੈ। ਉਨ੍ਹਾਂ ਭਰੋਸਾ ਦਿਵਾਇਆ ਕਿ ਵਪਾਰਕ ਸੰਗਠਨਾਂ ਵੱਲੋਂ ਉਠਾਏ ਗਏ ਅਸਲ ਮੁੱਦਿਆਂ ਨੂੰ ਤੁਰੰਤ ਵਿਚਾਰ ਕੇ ਉਨ੍ਹਾਂ ਦੇ ਹੱਲ ਲਈ ਲੋੜੀਂਦੀ ਕਾਰਵਾਈ ਕੀਤੀ ਜਾਵੇਗੀ। ਵਪਾਰਕ ਸੰਗਠਨਾਂ ਦੇ ਨੁਮਾਇੰਦਿਆਂ ਨੇ ਵੀ ਐਸ.ਐਸ.ਪੀ ਦੀ ਇਸ ਪਹਿਲ ਦੀ ਖੁੱਲ੍ਹ ਕੇ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਪੁਲਿਸ ਵੱਲੋਂ ਸਮੇਂ-ਸਮੇਂ 'ਤੇ ਵਪਾਰੀਆਂ ਨਾਲ ਸਿੱਧਾ ਸੰਵਾਦ ਕਰਨ ਨਾਲ ਨਾ ਸਿਰਫ਼ ਸਮੱਸਿਆਵਾਂ ਦਾ ਹੱਲ ਆਸਾਨ ਹੁੰਦਾ ਹੈ, ਸਗੋਂ ਪੁਲਿਸ ਅਤੇ ਜਨਤਾ ਵਿਚਕਾਰ ਭਰੋਸਾ ਵੀ ਹੋਰ ਮਜ਼ਬੂਤ ਹੁੰਦਾ ਹੈ। ਉਨ੍ਹਾਂ ਕਿਹਾ ਕਿ ਡਾ. ਦਰਪਣ ਆਹਲੂਵਾਲੀਆ ਦੀ ਅਗਵਾਈ ਹੇਠ ਖੰਨਾ ਪੁਲਿਸ ਲੋਕਾਂ ਦੀਆਂ ਮੁਸ਼ਕਲਾਂ ਨੂੰ ਸਮਝਣ ਅਤੇ ਉਨ੍ਹਾਂ ਦੇ ਹੱਲ ਲਈ ਸਰਗਰਮ ਭੂਮਿਕਾ ਨਿਭਾ ਰਹੀ ਹੈ। ਡਾ. ਆਹਲੂਵਾਲੀਆ ਨੇ ਕਿਹਾ ਕਿ ਖੰਨਾ ਪੁਲਿਸ ਹਮੇਸ਼ਾ ਲੋਕਾਂ ਲਈ ਉਪਲਬਧ ਹੈ ਅਤੇ ਕਿਸੇ ਵੀ ਵਰਗ ਦੀ ਜਾਇਜ਼ ਸਮੱਸਿਆ ਨੂੰ ਅਣਦੇਖਾ ਨਹੀਂ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਪੁਲਿਸ-ਪਬਲਿਕ ਭਾਈਚਾਰਾ ਮਜ਼ਬੂਤ ਹੋਣ ਨਾਲ ਅਪਰਾਧਾਂ 'ਤੇ ਕਾਬੂ ਪਾਉਣ ਅਤੇ ਸਮਾਜ ਵਿੱਚ ਸ਼ਾਂਤੀ ਅਤੇ ਸੁਰੱਖਿਆ ਬਣਾਈ ਰੱਖਣ ਵਿੱਚ ਵੱਡੀ ਮਦਦ ਮਿਲਦੀ ਹੈ। ਮੀਟਿੰਗ ਦੇ ਅੰਤ ਵਿੱਚ ਵਪਾਰਕ ਸੰਗਠਨਾਂ ਦੇ ਨੁਮਾਇੰਦਿਆਂ ਨੇ ਖੰਨਾ ਪੁਲਿਸ ਦੀ ਕਾਰਗੁਜ਼ਾਰੀ ਅਤੇ ਐਸ.ਐਸ.ਪੀ ਦੀ ਲੋਕ-ਪੱਖੀ ਸੋਚ ਦੀ ਪ੍ਰਸ਼ੰਸਾ ਕਰਦਿਆਂ ਆਸ ਪ੍ਰਗਟਾਈ ਕਿ ਭਵਿੱਖ ਵਿੱਚ ਵੀ ਇਸ ਤਰ੍ਹਾਂ ਦੇ ਸੰਵਾਦ ਜਾਰੀ ਰਹਿਣਗੇ।

# ਨੌਜਵਾਨ ਨਸ਼ਿਆਂ ਤੋਂ ਬਚਣ ਲਈ ਪਹਿਲਵਾਨੀ ਨਾਲ ਜੁੜਨ : ਬਾਲੀ ਪਹਿਲਵਾਨ



ਲੁਧਿਆਣਾ, 2 ਜੂਨ (ਰਵਿੰਦਰ ਸਿੰਘ ਨਿੱਝਰ) : ਅੱਜ ਦੇ ਦੌਰ ਵਿੱਚ ਜਿੱਥੇ ਪੰਜਾਬ ਦੀ ਜਵਾਨੀ ਨਸ਼ਿਆਂ ਦੀ ਦਲਦਲ ਵਿੱਚ ਫਸ ਕੇ ਆਪਣੇ-ਆਪ ਨੂੰ ਤਬਾਹ ਕਰਨ ਵਿੱਚ ਲੱਗੀ ਹੋਈ ਹੈ, ਓਥੇ ਹੀ ਧਾਂਦਰਾ ਰੋੜ ਆਲਮਗੀਰ ਵਿੱਚ ਚੱਲ ਰਿਹਾ ਉਸਤਾਦ ਬਾਲੀ ਪਹਿਲਵਾਨ ਦਾ ਅਖਾੜਾ ਨੌਜਵਾਨਾਂ ਨੂੰ ਨਸ਼ੇ ਦੀ ਦਲਦਲ ਤੋਂ ਬਚਾਉਣ ਦੇ ਨਾਲ-ਨਾਲ ਉਹਨਾਂ ਨੂੰ ਮੁਫਤ ਟਰੇਨਿੰਗ ਦੇ ਰਿਹਾ ਹੈ। ਸਾਬਕਾ ਸਰਪੰਚ ਮੇਸ਼ੀ ਪਹਿਲਵਾਨ, ਰਵੀ ਪਹਿਲਵਾਨ, ਅਮਨ ਪਹਿਲਵਾਨ ਅਤੇ ਹੋਰਨਾਂ ਦੇ ਸਹਿਯੋਗ ਨਾਲ ਚੱਲ ਰਹੇ ਇਸ ਅਖਾੜੇ ਵਿੱਚੋਂ ਟਰੇਨਿੰਗ ਪ੍ਰਾਪਤ ਕਰਕੇ ਕਈ ਪਹਿਲਵਾਨ ਜ਼ਿਲ੍ਹਾ ਪੱਧਰ, ਪੰਜਾਬ ਪੱਧਰ ਅਤੇ ਰਾਸ਼ਟਰ ਪੱਧਰ 'ਤੇ ਆਪਣੀ ਕੁਸ਼ਤੀ ਦਾ ਜ਼ੌਹਰ ਦਿਖਾ ਚੁੱਕੇ ਹਨ। ਅਖਾੜੇ ਦਾ ਸੰਚਾਲਨ ਕਰ ਰਹੇ ਕੁਲਦੀਪ ਕਾਲਾ ਪਹਿਲਵਾਨ ਨੇ ਦੱਸਿਆ ਕਿ ਇਸ ਵੇਲੇ ਇਸ ਅਖਾੜੇ ਦੇ 20-25 ਬੱਚੇ ਜ਼ਿਲ੍ਹਾ ਅਤੇ ਰਾਜ ਪੱਧਰ 'ਤੇ ਕੁਸ਼ਤੀ ਲੜ ਚੁੱਕੇ ਹਨ। ਇਸ ਮੌਕੇ ਸੁਰਿੰਦਰ ਕੁਮਾਰ, ਪਵਨ ਪਹਿਲਵਾਨ, ਕਮਲੇਸ਼ ਪਹਿਲਵਾਨ ਨਾਰੰਗਵਾਲ ਅਤੇ ਜਗਦੀਪ ਕੁਮਾਰ ਜੰਗੀ ਸਮੇਤ ਕਈ ਪਹਿਲਵਾਨ ਮੌਜੂਦ ਸਨ।

# ਮੁਸ਼ਾਇਰਾ ਅਤੇ ਕਵੀ ਸੰਮੇਲਨ ਕਰਵਾਇਆ



ਲੁਧਿਆਣਾ, 2 ਜੂਨ (ਰਵਿੰਦਰ ਸਿੰਘ ਨਿੱਝਰ): ਸ਼ੇਰੀਅਤ ਸੰਸਥਾ ਦੀ ਪਹਿਲੀ ਵਰ੍ਹੇਗੰਢ ਤੇ ਇਕ ਮੁਸ਼ਾਇਰਾ ਤੇ ਕਵੀ ਸੰਮੇਲਨ ਹੋਇਆ, ਜਿਸ ਵਿੱਚ ਪ੍ਰਸਿੱਧ ਰਚਨਾਕਾਰਾਂ ਨੇ ਭਾਗ ਲਿਆ। ਇਸ ਮੌਕੇ 'ਤੇ ਪੇਂਟਿੰਗ ਪ੍ਰਦਰਸ਼ਨੀ ਅਤੇ ਬੁਕਸਟਾਲ ਵੀ ਲਗਾਏ ਗਏ।

ਦਰਸ਼ਕਾਂ ਨੇ ਪ੍ਰੋਗ੍ਰਾਮ ਵਿੱਚ ਮੁੱਖ ਮਹਿਮਾਨ ਡਾ. ਮਾਧਵ ਕੌਸ਼ਿਕ, ਗੇਸਟ ਆਫ਼ ਆਨਰ ਡਾ. ਮਨਮੋਹਨ ਸਿੰਘ, ਆਈ ਪੀ ਐੱਸ ਅਤੇ ਵਿਸ਼ੇਸ਼ ਮਹਿਮਾਨ ਜਗਦੀਪ ਸਿੱਧੂ ਅਤੇ ਹੋਰ ਕਵੀ ਅਤੇ ਸ਼ਾਇਰਾਂ ਰਾਜਵੀਰ ਰਾਜ, ਰਜਨੀਸ਼ ਕੁਮਾਰ, ਰਾਮ, ਰੇਖਾ ਮਿੱਤਲ, ਵਿਜੇ ਅਖਤਾਰ, ਮੁਕੇਸ਼, ਸ਼ਮਸ ਤਬਰਜ਼ੀ, ਮੁੱਸਵੀਰ, ਮਹਿੰਦਰ ਸਾਨੀ, ਸਿਮਰ ਗੋਜ਼ਰਾ, ਕੁਸਮ ਧੀਮਾਨ, ਮਹੇਸ਼ਵਰ ਸਿੰਘ ਅਤੇ ਸ਼ਮਸ਼ੇਰ ਸਾਹਿਲ ਦੀਆਂ ਰਚਨਾਵਾਂ ਦਾ ਆਨੰਦ ਲਿਆ। ਰਵਿੰਦਰ ਪੀਤੰਬਰੀ ਦੁਆਰਾ ਸਾਰੇ ਮਹਿਮਾਨਾਂ ਨੂੰ ਸਨਮਾਨਿਤ ਕੀਤਾ ਗਿਆ। ਵਿਸ਼ੇਸ਼ ਮਹਿਮਾਨ, ਪੰਚਕੁਲਾ ਕਲਾ ਅਤੇ ਸਾਹਿਤ ਸਮੂਹ ਦੀ ਕਾਰਜਕਾਰੀ ਮੈਂਬਰ ਰੇਨੂ ਅਭਿ ਅਤੇ ਸ ਰਵਿੰਦਰ ਪੀਤਾਮਬਰੀ ਨੇ ਸ਼ੇਰੀਅਤ ਨੂੰ ਇੱਕ ਚਿੱਤਰਕਲਾ ਅਤੇ ਨਕਦ ਰਾਸ਼ੀ ਨਾਲ ਸਨਮਾਨਿਤ ਕੀਤਾ।ਮਹਿਲਾ ਕਲਾਕਾਰ ਵਿਨੋਦ ਕਪੂਰ, ਰਵਿੰਦਰ ਕੌਰ ਅਤੇ ਪੁਨੀਤ ਮਦਾਨ ਨੇ ਵੀ ਸਮਾਗਮ ਦਾ ਆਨੰਦ ਲਿਆ।

# 600 ਯੂਨਿਟ ਮੁਫ਼ਤ ਬਿਜਲੀ ਸਕੀਮ ਵਿੱਚ ਘਪਲੇ ਦੇ ਦੋਸ਼, ਮੀਟਰ ਰੀਡਰਾਂ ਦੀ ਮਿਲੀਭੁਗਤ ਨਾਲ ਸਰਕਾਰੀ ਖ਼ਜ਼ਾਨੇ ਨੂੰ ਕਰੋੜਾਂ ਦਾ ਨੁਕਸਾਨ



ਸਾਹਨੇਵਾਲ, ਕੁਹਾੜਾ, 2 ਜੂਨ, (ਕੁਲਦੀਪ ਸਿੰਘ ਕੁਹਾੜਾ) : ਪੰਜਾਬ ਸਰਕਾਰ ਵੱਲੋਂ ਆਮ ਲੋਕਾਂ ਨੂੰ ਰਾਹਤ ਦੇਣ ਲਈ ਚਲਾਈ ਜਾ ਰਹੀ 600 ਯੂਨਿਟ ਮੁਫ਼ਤ ਬਿਜਲੀ ਸਕੀਮ ਹੁਣ ਕਥਿਤ ਬੇਨਿਯਮੀਆਂ ਅਤੇ ਭ੍ਰਿਸ਼ਟਾਚਾਰ ਦੇ ਦੋਸ਼ਾਂ ਕਾਰਨ ਚਰਚਾ ਦਾ ਵਿਸ਼ਾ ਬਣ ਗਈ ਹੈ। ਸੂਤਰਾਂ ਅਨੁਸਾਰ ਸਬ ਡਵੀਜ਼ਨ ਸਾਹਨੇਵਾਲ ਦੇ ਕੁਝ ਇਲਾਕਿਆਂ ਵਿੱਚ ਮੀਟਰ ਰੀਡਰਾਂ ਅਤੇ ਕੁਝ ਖਪਤਕਾਰਾਂ ਦੀ ਕਥਿਤ ਮਿਲੀਭੁਗਤ ਨਾਲ ਅਸਲ ਬਿਜਲੀ ਖਪਤ ਤੋਂ ਘੱਟ ਰੀਡਿੰਗ ਦਰਜ ਕੀਤੀ ਜਾ ਰਹੀ ਹੈ, ਜਿਸ ਨਾਲ ਸਰਕਾਰ ਅਤੇ ਬਿਜਲੀ ਵਿਭਾਗ ਨੂੰ ਵੱਡਾ ਆਰਥਿਕ ਨੁਕਸਾਨ ਹੋ ਰਿਹਾ ਹੈ।

ਜਾਣਕਾਰੀ ਮੁਤਾਬਕ ਗਰਮੀ ਦੇ ਮੌਸਮ ਦੌਰਾਨ ਏ.ਸੀ, ਕੂਲਰ ਅਤੇ ਹੋਰ ਬਿਜਲੀ ਉਪਕਰਣਾਂ ਦੀ ਵੱਧ ਵਰਤੋਂ ਕਾਰਨ ਬਿਜਲੀ ਖਪਤ ਆਮ ਤੌਰ 'ਤੇ 600 ਯੂਨਿਟ ਤੋਂ ਉੱਪਰ ਜਾਣੀ ਸੁਭਾਵਿਕ ਹੈ। ਇਸ ਦੇ ਬਾਵਜੂਦ ਕਈ ਘਰਾਂ ਦੀ ਖਪਤ ਹੈਰਾਨੀਜਨਕ ਢੰਗ ਨਾਲ 600 ਯੂਨਿਟ ਤੋਂ ਹੇਠਾਂ ਦਰਸਾਈ ਜਾ ਰਹੀ ਹੈ। ਦੋਸ਼ ਹਨ ਕਿ ਕੁਝ ਮੀਟਰ ਰੀਡਰ ਕਥਿਤ ਤੌਰ 'ਤੇ ਰਿਸ਼ਵਤ ਲੈ ਕੇ ਘੱਟ ਰੀਡਿੰਗ ਦਰਜ ਕਰਦੇ ਹਨ ਤਾਂ ਜੋ ਸਬੰਧਿਤ ਖਪਤਕਾਰਾਂ ਦੇ ਬਿੱਲ ਮੁਫ਼ਤ ਬਿਜਲੀ ਸਕੀਮ ਦੀ ਸੀਮਾ ਅੰਦਰ ਰਹਿਣ।

ਸਥਾਨਕ ਨਿਵਾਸੀਆਂ ਦਾ ਕਹਿਣਾ ਹੈ ਕਿ ਇਹ ਗੈਰਕਾਨੂੰਨੀ ਪ੍ਰਥਾ ਲੰਬੇ ਸਮੇਂ ਤੋਂ ਚੱਲ ਰਹੀ ਹੈ ਅਤੇ ਇਸ ਕਾਰਨ ਪੰਜਾਬ ਸਰਕਾਰ ਦੇ ਖ਼ਜ਼ਾਨੇ ਨੂੰ ਕਰੋੜਾਂ ਰੁਪਏ ਦਾ ਨੁਕਸਾਨ ਹੋ ਰਿਹਾ ਹੈ। ਉਨ੍ਹਾਂ ਦਾ ਦਾਅਵਾ ਹੈ ਕਿ ਜਿੱਥੇ ਕੁਝ ਲੋਕ ਗਲਤ ਤਰੀਕਿਆਂ ਨਾਲ ਸਕੀਮ ਦਾ ਲਾਭ ਲੈ ਰਹੇ ਹਨ, ਉੱਥੇ ਇਮਾਨਦਾਰ ਖਪਤਕਾਰ ਪੂਰੇ ਬਿੱਲ ਭਰਨ ਲਈ ਮਜਬੂਰ ਹਨ।

ਲੋਕਾਂ ਨੇ ਇਹ ਵੀ ਦੋਸ਼ ਲਗਾਇਆ ਹੈ ਕਿ ਕਈ ਇਲਾਕਿਆਂ ਵਿੱਚ ਇੱਕੋ ਜਿਹੀ ਬਿਜਲੀ ਵਰਤੋਂ ਵਾਲੇ ਘਰਾਂ ਦੇ ਬਿੱਲਾਂ ਵਿੱਚ ਵੱਡਾ ਅੰਤਰ ਦੇਖਣ ਨੂੰ ਮਿਲ ਰਿਹਾ ਹੈ, ਜਿਸ ਕਾਰਨ ਮਾਮਲੇ ਦੀ ਨਿਰਪੱਖ ਜਾਂਚ ਦੀ ਮੰਗ ਹੋਰ ਤੇਜ਼ ਹੋ ਗਈ ਹੈ। ਸਮਾਜਿਕ ਸੰਸਥਾਵਾਂ ਅਤੇ ਜਾਗਰੂਕ ਨਾਗਰਿਕਾਂ ਨੇ ਬਿਜਲੀ ਵਿਭਾਗ ਦੇ ਉੱਚ ਅਧਿਕਾਰੀਆਂ ਕੋਲੋਂ ਮੰਗ ਕੀਤੀ ਹੈ ਕਿ ਇਸ ਮਾਮਲੇ ਦੀ ਤੁਰੰਤ ਜਾਂਚ ਕਰਵਾਈ ਜਾਵੇ ਅਤੇ ਜਿੱਥੇ ਵੀ ਗਲਤ ਰੀਡਿੰਗ, ਰਿਸ਼ਵਤਖੋਰੀ ਜਾਂ ਵਿਭਾਗੀ ਮਿਲੀਭੁਗਤ ਸਾਹਮਣੇ ਆਵੇ, ਉੱਥੇ ਜ਼ਿੰਮੇਵਾਰ ਕਰਮਚਾਰੀਆਂ ਅਤੇ ਅਧਿਕਾਰੀਆਂ ਖ਼ਿਲਾਫ਼ ਸਖ਼ਤ ਵਿਭਾਗੀ ਅਤੇ ਕਾਨੂੰਨੀ ਕਾਰਵਾਈ ਕੀਤੀ ਜਾਵੇ।

ਲੋਕਾਂ ਦਾ ਕਹਿਣਾ ਹੈ ਕਿ ਜੇਕਰ ਸਮੇਂ ਸਿਰ ਅਜਿਹੀਆਂ ਕਥਿਤ ਬੇਨਿਯਮੀਆਂ 'ਤੇ ਰੋਕ ਨਾ ਲਗਾਈ ਗਈ ਤਾਂ ਸਰਕਾਰ ਦੀ ਲੋਕ-ਹਿਤੈਸ਼ੀ ਸਕੀਮ ਆਪਣਾ ਮਕਸਦ ਖੋ ਬੈਠੇਗੀ ਅਤੇ ਭ੍ਰਿਸ਼ਟਾਚਾਰ ਦੀ ਭੇਟ ਚੜ੍ਹ ਸਕਦੀ ਹੈ।

**ਕੀ ਕਹਿਣਾ ਬਿਜਲੀ ਵਿਭਾਗ ਦੇ ਐਕਸੀਅਨ ਦਾ -** ਜਦੋਂ ਇਸ ਮਾਮਲੇ ਸਬੰਧੀ ਬਿਜਲੀ ਵਿਭਾਗ ਦੇ ਐਕਸੀਅਨ ਗੁਰਮਨਪ੍ਰੀਤ ਸਿੰਘ ਸੋਮਲ ਨਾਲ ਉਨ੍ਹਾਂ ਦੇ ਮੋਬਾਈਲ ਫੋਨ 'ਤੇ ਸੰਪਰਕ ਕਰਨ ਦੀ ਕੋਸ਼ਿਸ਼ ਕੀਤੀ ਗਈ, ਪਰ ਵਾਰ-ਵਾਰ ਫੋਨ ਕਰਨ ਦੇ ਬਾਵਜੂਦ ਉਨ੍ਹਾਂ ਨੇ ਫੋਨ ਚੁੱਕਣਾ ਜਰੂਰੀ ਨਹੀਂ ਸਮਝਿਆ।ਉਨ੍ਹਾਂ ਦਾ ਪੱਖ ਮਿਲਣ 'ਤੇ ਪ੍ਰਮੁੱਖਤਾ ਨਾਲ ਪ੍ਰਕਾਸ਼ਿਤ ਕੀਤਾ ਜਾ ਸਕਦਾ ਸੀ।

# ਗੁ: ਸ੍ਰੀ ਗੁਰੂ ਸਿੰਘ ਸਭਾ ਵਿਖੇ 'ਜੂਨ '84 ਦੇ ਘੱਲੂਘਾਰੇ' ਨੂੰ ਸਮਰਪਿਤ ਸਮਾਗਮ ਭਲਕੇ ਤੋਂ : ਕੁਲਵਿੰਦਰ ਸਿੰਘ ਬੈਨੀਪਾਲ

ਲੁਧਿਆਣਾ, 2 ਜੂਨ, (ਕਰਨੈਲ ਸਿੰਘ ਐੱਮ.ਏ.) : ਜੂਨ 84 ਦੇ ਘੱਲੂਘਾਰੇ ਦੌਰਾਨ ਸ਼ਹੀਦ ਹੋਏ ਸਿੰਘਾਂ ਸਿੰਘਣੀਆਂ ਦੀ ਯਾਦ ਨੂੰ ਸਮਰਪਿਤ ਕਥਾ ਅਤੇ ਕੀਰਤਨ ਸਮਾਗਮ ਬੜੀ ਸ਼ਰਧਾ ਅਤੇ ਭਾਵਨਾ ਨਾਲ ਗੁਰਦੁਆਰਾ ਸ਼੍ਰੀ ਗੁਰੂ ਸਿੰਘ ਸਭਾ, ਅਰਬਨ ਅਸਟੇਟ, ਫੇਸ-1, ਦੁੱਗਰੀ ਲੁਧਿਆਣਾ ਵਿਖੇ ਗੁਰਦੁਆਰਾ ਸਾਹਿਬ ਦੀ ਪ੍ਰਬੰਧਕ ਕਮੇਟੀ ਅਤੇ ਸੰਗਤਾਂ ਦੇ ਨਿੱਘੇ ਸਹਿਯੋਗ ਸਦਕਾ ਮਨਾਏ ਜਾ ਰਹੇ ਹਨ। ਇਸ ਸਬੰਧੀ ਗੱਲਬਾਤ ਕਰਦਿਆਂ ਗੁਰੂ ਘਰ ਦੇ ਮੁੱਖ ਸੇਵਾਦਾਰ ਕੁਲਵਿੰਦਰ ਸਿੰਘ ਬੈਨੀਪਾਲ ਨੇ ਦੱਸਿਆ ਕਿ ਘੱਲੂਘਾਰਾ ਹਫਤਾ 4 ਜੂਨ ਦਿਨ ਵੀਰਵਾਰ ਤੋਂ ਲੈ ਕੇ 7 ਜੂਨ ਦਿਨ ਐਤਵਾਰ ਤੱਕ ਮਨਾਇਆ ਜਾ ਰਿਹਾ ਹੈ। ਜਿਸ ਵਿੱਚ ਪੰਥ ਪ੍ਰਸਿੱਧ ਕਥਾ ਵਾਚਕ ਅਤੇ ਮਹਾਨ ਕੀਰਤਨੀ ਜੱਥੇ ਹਾਜ਼ਰੀਆਂ ਭਰਨਗੇ। 4 ਜੂਨ ਨੂੰ 7:15 ਵਜੇ ਤੋਂ 8:30 ਵਜੇ ਤੱਕ ਭਾਈ ਅਵਤਾਰ ਸਿੰਘ ਜੀ ਧਾਰੋਵਾਲੀ ਜਲੰਧਰ ਵਾਲੇ, 5 ਜੂਨ ਨੂੰ 7:15 ਵਜੇ ਤੋਂ 8:30 ਵਜੇ ਤੱਕ ਭਾਈ ਅੰਮ੍ਰਿਤਪਾਲ ਸਿੰਘ ਜੀ ਹਜ਼ੂਰੀ ਰਾਗੀ ਸ਼੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਵਾਲੇ, 6 ਜੂਨ ਦਿਨ ਸ਼ਨੀਵਾਰ ਨੂੰ ਸ਼ਾਮ ਨੂੰ 7:15 ਵਜੇ ਤੋਂ 8:15 ਵਜੇ ਤੱਕ ਭਾਈ ਮਨਪ੍ਰੀਤ ਸਿੰਘ ਜੀ ਅੰਮ੍ਰਿਤਸਰ ਵਾਲੇ, 8:15 ਵਜੇ ਤੋਂ 9:15 ਵਜੇ ਤੱਕ ਗਿਆਨੀ ਕਿਰਨਜੀਤ ਸਿੰਘ ਪਟਿਆਲੇ ਵਾਲੇ ਜੂਨ 84 ਦੇ ਘੱਲੂਘਾਰੇ ਬਾਰੇ ਸੰਗਤਾਂ ਨਾਲ ਵਿਚਾਰ ਸਾਂਝੇ ਕਰਨਗੇ । 7 ਜੂਨ ਦਿਨ ਐਤਵਾਰ ਨੂੰ ਪੰਥ ਪ੍ਰਸਿੱਧ ਰਾਗੀ ਭਾਈ ਓਂਕਾਰ ਸਿੰਘ ਜੀ ਹਜ਼ੂਰੀ ਰਾਗੀ ਸ਼੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਵਾਲੇ ਸੰਗਤਾਂ ਨੂੰ ਸ਼ਾਮ 7:15 ਵਜੇ ਤੋਂ 8:30 ਵਜੇ ਤੱਕ ਇਲਾਹੀ ਬਾਣੀ ਦਾ ਰਸ-ਭਿੰਨਾ ਕੀਰਤਨ ਸ੍ਰਵਨ ਕਰਵਾਉਣਗੇ।

# ਪ੍ਰੋ. ਬਾਵਾ ਜੋਤਿਸ਼ ਅਤੇ ਸਮਾਜਿਕ ਸੇਵਾਵਾਂ ਲਈ ਸਨਮਾਨਿਤ




ਲੁਧਿਆਣਾ, 2 ਜੂਨ (ਰਵਿੰਦਰ ਸਿੰਘ ਨਿੱਝਰ) : ਕੈਥਲ ਵਿੱਚ ਸ਼੍ਰੀ ਮਐਸਟ੍ਰੋ ਟਰੱਸਟ, ਮਾਂ ਪੀਤਾਂਬਰਾ ਐਸਟ੍ਰੋ ਟਰੱਸਟ ਅਤੇ ਜੋਤਿਸ਼ ਪ੍ਰੁੰਜ ਗਲੋਬਲ ਫਾਊਂਡੇਸ਼ਨ ਦੇ ਸਾਂਝੇ ਸਹਿਯੋਗ ਨਾਲ ਇੱਕ ਸਮਾਗਮ ਜੋਤਿਸ਼ ਮਹਾਂ ਸੰਗਮ ਕਰਵਾਇਆ ਗਿਆ। ਇਸ ਸਮਾਗਮ ਵਿੱਚ ਦੇਸ਼ ਭਰ ਦੇ ਪ੍ਰਸਿੱਧ ਜੋਤਿਸ਼ੀਆਂ, ਵਾਸਤੂ ਮਾਹਿਰਾਂ, ਅਧਿਆਤਮਿਕ ਗੁਰੂਆਂ ਅਤੇ ਵਿਦਵਾਨਾਂ ਨੇ ਹਿੱਸਾ ਲਿਆ।ਪ੍ਰੋਗਰਾਮ ਦੀ ਸ਼ੁਰੂਆਤ ਵੈਦਿਕ ਜਾਪ, ਸਵਾਸਤੀ ਪਾਠ ਅਤੇ ਦੇਵੀ ਸਰਸਵਤੀ ਦੀ ਪੂਜਾ ਨਾਲ ਹੋਈ। ਸਵਾਸਤੀ ਪਾਠ ਦੌਰਾਨ, ਸੁਸ਼ੀਲ ਭਾਰਦਵਾਜ, ਸਤੀਸ਼ ਸ਼ਰਮਾ, ਸੁਸ਼ੀਲ ਮੋਦਗਿਲ, ਆਸ਼ੂ ਸ਼ਰਮਾ ਅਤੇ ਆਂਚਲ ਸ਼ਰਮਾ ਨੇ ਆਪਣੇ ਸੁਰੀਲੇ ਵੈਦਿਕ ਮੰਤਰਾਂ ਨਾਲ ਮਾਹੌਲ ਨੂੰ ਅਧਿਆਤਮਿਕ ਊਰਜਾ ਅਤੇ ਸਕਾਰਾਤਮਕਤਾ ਨਾਲ ਭਰ ਦਿੱਤਾ। ਸ਼੍ਰੀ ਧਰ ਕੌਸ਼ਿਕ ਨੇ ਸਰਸਵਤੀ ਵੰਦਨਾ ਕੀਤੀ। ਸਮਾਗਮ ਵਿੱਚ ਐਸਟ੍ਰੋ ਅਜੇ ਭਾਂਬੀ ਨੇ 'ਸ਼ਨੀ ਇੱਕ ਦੁਸ਼ਮਣ ਨਹੀਂ ਹੈ, ਸਗੋਂ ਇੱਕ ਦੋਸਤ ਹੈ' ਵਿਸ਼ੇ 'ਤੇ ਆਪਣੇ ਵਿਚਾਰ ਸਾਂਝੇ ਕੀਤੇ। ਐਸਟ੍ਰੋ ਅਸ਼ਵਨੀ ਗੌਤਮ ਨੇ ਜੋਤਿਸ਼ ਅਤੇ ਅੰਕ ਵਿਗਿਆਨ ਵਿਚਕਾਰ ਹੈਰਾਨੀਜਨਕ ਸਬੰਧ 'ਤੇ ਆਪਣੇ ਵਿਚਾਰ ਸਾਂਝੇ ਕੀਤੇ। ਜੋਤਸ਼ੀ ਸ਼ੈਲੇਂਦਰ ਪਾਂਡੇ ਨੇ 'ਕੁੰਡਲੀ ਦੇ ਰਹੱਸਮਈ ਘਰ' ਵਿਸ਼ੇ 'ਤੇ ਡੂੰਘਾਈ ਨਾਲ ਜਾਣਕਾਰੀ ਦਿੱਤੀ।

ਰਾਜ ਕੁਮਾਰ ਦਿਵੇਦੀ ਨੇ ਵੀ ਆਚਾਰੀਆ ਡੀ.ਪੀ. ਸ਼ਾਸਤਰੀ ਨੇ ਗ੍ਰਹਿਆਂ ਅਤੇ ਬਿਮਾਰੀਆਂ ਵਿਚਕਾਰ ਸਬੰਧ, ਵੱਖ-ਵੱਖ ਘਰਾਂ ਦੇ ਪ੍ਰਭਾਵ ਅਤੇ ਸਿਹਤ ਨਾਲ ਸਬੰਧਤ ਜੋਤਿਸ਼ ਚਿੰਨ੍ਹਾਂ ਬਾਰੇ ਵਿਸਥਾਰ ਨਾਲ ਦੱਸਿਆ।ਜੋਤਸ਼ੀ ਅਮਨ ਜੋਸ਼ੀ ਨੇ 'ਯੰਤਰ, ਮੰਤਰ ਅਤੇ ਤੰਤਰ ਵਿੱਚ ਅੰਤਰ' ਵਿਸ਼ੇ 'ਤੇ ਵਿਚਾਰ ਪੇਸ਼ ਕੀਤੇ। ਆਚਾਰੀਆ ਪਰਵੀਨ ਸੋਨੀ ਨੇ ਕੁੰਡਲੀ ਤੋਂ ਬਿਨਾਂ ਕੀਤੇ ਜਾ ਸਕਣ ਵਾਲੇ ਪ੍ਰਭਾਵਸ਼ਾਲੀ ਉਪਾਅ ਬਾਰੇ ਦੱਸਿਆ।ਡਾ. ਲਲਿਤ ਪੰਤ ਨੇ ਹਥੇਲੀ ਵਿਗਿਆਨ ਦੇ ਰਹੱਸਾਂ 'ਤੇ ਚਾਨਣਾ ਪਾਇਆ।ਆਚਾਰੀਆ ਸੁਰੇਸ਼ ਵਸ਼ਿਸ਼ਠ ਨੇ 'ਤਾਰੀਖ ਦੀ ਗਣਨਾ ਅਤੇ ਸਮਾਰਟ ਅਤੇ ਵੈਸ਼ਨਵ ਜੀਵਨ ਵਿੱਚ ਅੰਤਰ' ਵਿਸ਼ੇ 'ਤੇ ਵੈਦਿਕ ਕੈਲੰਡਰ ਅਤੇ ਤਾਰੀਖਾਂ ਦੀ ਮਹੱਤਤਾ ਬਾਰੇ ਵਿਸਥਾਰ ਨਾਲ ਦੱਸਿਆ। ਸਵਾਮੀ ਧਿਆਨ ਰਹੱਸਯ ਨੇ 'ਧਰਮ ਦੀ ਸੱਚੀ ਪਰਿਭਾਸ਼ਾ' ਵਿਸ਼ੇ 'ਤੇ ਆਪਣੇ ਅਧਿਆਤਮਿਕ ਵਿਚਾਰ ਸਾਂਝੇ ਕੀਤੇ।

ਸੰਬੋਧਨ ਕੀਤਾ। ਭਾਰਤ ਭੂਸ਼ਣ ਵਰਮਾ ਨੇ 'ਜੋਤਿਸ਼ ਵਿੱਚ ਸੰਸਕ੍ਰਿਤ-ਅਧਾਰਤ ਸਾਤਵਿਕ ਪ੍ਰਵਿਰਤੀਆਂ ਦੀ ਭੂਮਿਕਾ' ਵਿਸ਼ੇ 'ਤੇ ਸੰਸਕ੍ਰਿਤ ਦੀ ਮਹੱਤਤਾ ਅਤੇ ਸਾਤਵਿਕ ਜੀਵਨ ਸ਼ੈਲੀ ਬਾਰੇ ਦੱਸਿਆ।ਸਮਾਗਮ ਵਿੱਚ, ਵਾਸਤੂ ਮਾਹਿਰ ਪ੍ਰੋ ਬਖਸ਼ੀਸ਼ ਸਿੰਘ ਬਾਵਾ ਅਤੇ ਪੰਡਿਤ ਅਨਿਲ ਸ਼ਾਸਤਰੀ ਨੇ ਵਾਸਤੂ ਸ਼ਾਸਤਰ ਅਤੇ ਆਧੁਨਿਕ ਵਾਸਤੂ ਉਪਚਾਰਾਂ ਦੀ ਅਸਲੀਅਤ 'ਤੇ ਆਪਣੇ ਵਿਚਾਰ ਸਾਂਝੇ ਕੀਤੇ। ਕ੍ਰਿਸ਼ਨ ਨੇ ਵੈਦਿਕ ਜੋਤਿਸ਼ ਵਿੱਚ ਮੰਗਲਿਕ ਦੋਸ਼ ਅਤੇ ਮੰਗਲਿਕ ਯੋਗ ਦੇ ਅਸਲ ਭੇਦ ਪ੍ਰਗਟ ਕੀਤੇ। ਪੰਕਜ ਸ਼ਰਮਾ ਜੀ ਨੇ ਦੱਸਿਆ ਕਿ ਲਾਲ ਕਿਤਾਬ ਵਿੱਚ ਇੱਕੋ ਸਮੇਂ ਕਈ ਉਪਚਾਰ ਕਿਉਂ ਦਿੱਤੇ ਜਾਂਦੇ ਹਨ। ਪੰਡਿਤ ਸ਼੍ਰੀਨਿਵਾਸ ਕੁਸ਼ ਪ੍ਰਭਾਕਰ ਨੇ 'ਸਫਲਤਾ ਦਾ ਰਾਜ਼ - ਕੁੰਡਲੀ ਦਾ ਦੂਜਾ ਘਰ' ਬਾਰੇ ਜਾਣਕਾਰੀ ਪ੍ਰਦਾਨ ਕੀਤੀ। ਸਮਾਗਮ ਦੇ ਪ੍ਰਬੰਧਕ ਡਾ. ਸੁਮਨ ਅਤਰੀ ਨੇ ਆਏ ਸੱਜਣਾਂ ਦਾ ਧੰਨਵਾਦ ਕੀਤਾ।

# ਟਰਾਂਸਫ਼ਾਰਮਰ ਡਿੱਗਣ ਨਾਲ ਬੈਂਕ ਕਰਮਚਾਰੀਆਂ ਦੀਆਂ ਕਾਰਾਂ ਦਾ ਨੁਕਸਾਨ



ਲੁਧਿਆਣਾ, 2 ਜੂਨ (ਵਿਸ਼ਾਲ ਸ਼ਰਮਾ): ਅੱਜ ਲੁਧਿਆਣਾ ਦੇ ਫਵਾਰਾ ਚੌਂਕ ਨੇੜੇ ਸਥਿਤ ਸਟੇਟ ਬੈਂਕ ਆਫ ਇੰਡੀਆ ਦੀ ਮੁੱਖ ਬਰਾਂਚ ਦੇ ਬਾਹਰ ਉਸ ਸਮੇਂ ਹੜਕੰਪ ਮੱਚ ਗਿਆ, ਜਦੋਂ ਬਿਜਲੀ ਬੋਰਡ ਦਾ ਇੱਕ ਭਾਰੀ ਟਰਾਂਸਫਾਰਮਰ ਬੇਕਾਬੂ ਹੋ ਕੇ ਬਾਹਰ ਖੜ੍ਹੀਆਂ ਕਾਰਾਂ ਉੱਤੇ ਜਾ ਡਿੱਗਿਆ। ਹਾਦਸੇ ਵਿੱਚ ਬੈਂਕ ਮੁਲਾਜ਼ਮਾਂ ਦੀਆਂ 2 ਕਾਰਾਂ ਨੂੰ ਭਾਰੀ ਨੁਕਸਾਨ ਪਹੁੰਚਿਆ। ਮਿਲੀ ਜਾਣਕਾਰੀ ਅਨੁਸਾਰ ਇੱਕ ਬੁਲੈਰੋ ਗੱਡੀ ਦੇ ਪਿੱਛੇ ਟਰਾਲੀ ਨੂੰ ਮਾਂ ਸਪੋਰਟ ਨਾਲ ਕਰੀਬ 300 ਕਿਲੋਵਾਟ ਸਮਰਥਾ ਵਾਲਾ ਟ੍ਰਾਂਸਫਾਰਮਰ ਬਿਜਲੀ ਬੋਰਡ ਦੇ ਦਫਤਰ ਵੱਲ ਲਿਜਾਇਆ ਜਾ ਰਿਹਾ ਸੀ। ਜਦੋਂ ਗੱਡੀ ਫਵਾਰਾ ਚੌਂਕ ਨੇੜੇ ਪਹੁੰਚੀ ਤਾਂ ਅਚਾਨਕ ਟਰਾਂਸਫਰਮਰ ਦਾ ਸੰਤੁਲਨ ਵਿਗੜ ਗਿਆ ਅਤੇ ਉਹ ਸੜਕ ਕਿਨਾਰੇ ਖੜ੍ਹੀਆਂ ਕਾਰਾਂ ਉੱਤੇ ਜਾ ਡਿੱਗਿਆ ਹਾਦਸੇ ਵਿੱਚ ਇੱਕ ਵਿਟਾਰਾ ਅਤੇ ਇੱਕ ਇਲੈਕਟ੍ਰਿਕ ਕਾਰ ਬੁਰੀ ਤਰ੍ਹਾਂ ਨੁਕਸਾਨੀ ਗਈਆਂ।ਮੌਕੇ 'ਤੇ ਮੌਜੂਦ ਲੋਕਾਂ ਅਨੁਸਾਰ ਟਰਾਂਸਫਾਰਮਰ ਵਿੱਚੋਂ ਤੇਲ ਲੀਕ ਹੋਣਾ ਸ਼ੁਰੂ ਹੋ ਗਿਆ, ਜਿਸ ਕਾਰਨ ਇਲਾਕੇ ਵਿੱਚ ਕੁਝ ਸਮੇਂ ਲਈ ਦਹਿਸ਼ਤ ਦਾ ਮਾਹੌਲ ਬਣ ਗਿਆ ਦੱਸਿਆ ਜਾ ਰਿਹਾ ਕਿ ਟ੍ਰਾਂਸਫਾਰਮਰ ਨੂੰ ਬਲੈਰੋ ਨਾਲ ਜੋੜਨ ਵਾਲੀ ਕੁੰਡੀ ਟੁੱਟ ਜਾਣ ਕਾਰਨ ਇਹ ਹਾਦਸਾ ਵਾਪਰਿਆ। ਘਟਨਾ ਤੋਂ ਬਾਅਦ ਬੈਂਕ ਦੇ ਕਰਮਚਾਰੀ ਅਤੇ ਹੋਰ ਲੋਕ ਇਕੱਠੇ ਹੋ ਗਏ ਅਤੇ ਪੁਲਿਸ ਨੂੰ ਸੂਚਨਾ ਦਿੱਤੀ ਗਈ ਪੁਲਿਸ ਨੇ ਮੌਕੇ 'ਤੇ ਪਹੁੰਚ ਕੇ ਮਾਮਲੇ ਜਾਂਚ ਸ਼ੁਰੂ ਕਰ ਦਿੱਤੀ ਅਤੇ ਹਾਦਸੇ ਦੇ ਸਹੀ ਕਾਰਨਾਂ ਦਾ ਪਤਾ ਲਗਾਉਣ ਵਿੱਚ ਜੁੱਟ ਗਈ ਖੁਸ਼ਕਿਸਮਤੀ ਨਾਲ ਇਸ ਘਟਨਾ ਵਿੱਚ ਕਿਸੇ ਜਾਨੀ ਨੁਕਸਾਨ ਦੀ ਖਬਰ ਨਹੀਂ ਹੈ ਪਰ ਵਾਹਨਾਂ ਨੂੰ ਲੱਖਾਂ ਰੁਪਏ ਦੇ ਨੁਕਸਾਨ ਦਾ ਅੰਦਾਜ਼ਾ ਲਗਾਇਆ ਜਾ ਰਿਹਾ ਹੈ।

# ਸਰਕਾਰ ਸੂਬੇ ਦੀ ਜਵਾਨੀ ਨੂੰ ਖੇਡਾਂ ਪ੍ਰਤੀ ਉਤਸ਼ਾਹਿਤ ਕਰਨ ਲਈ ਵਚਨਬੱਧ : ਗਿੱਲ



ਲੁਧਿਆਣਾ, 2 ਜੂਨ (ਵਿਸ਼ਾਲ ਸ਼ਰਮਾ): ਪੰਜਾਬ ਸਰਕਾਰ ਰਾਜ ਦੇ ਨੌਜਵਾਨਾਂ ਨੂੰ ਖੇਡਾਂ ਪ੍ਰਤੀ ਉਤਸ਼ਾਹਿਤ ਕਰਨ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਤਾਂ ਜ਼ੋ ਖੇਡਾਂ ਦੇ ਖੇਤਰ ਵਿੱਚ ਪੰਜਾਬ ਨੂੰ ਮੋਹਰੀ ਸੂਬੇ ਵੱਜੋਂ ਉਭਾਰਿਆ ਜਾ ਸਕੇ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਪਨਗਰੇਨ ਦੇ ਚੇਅਰਮੈਨ ਡਾ. ਤੇਜਪਾਲ ਸਿੰਘ ਗਿੱਲ ਵੱਲੋਂ ਵਿਧਾਨ ਸਭਾ ਹਲਕਾ ਦਾਖਾ ਅਧੀਨ ਪਿੰਡ ਸਵੱਦੀ ਕਲਾਂ ਵਿਖੇ ਨੌਜਵਾਨਾਂ ਨੂੰ ਕ੍ਰਿਕਟ ਸਪੋਰਟਸ ਕਿੱਟਾਂ ਸਪੁਰਦ ਕਰਦਿਆਂ ਕੀਤਾ। ਚੇਅਰਮੈਨ ਗਿੱਲ ਨੇ ਕਿਹਾ ਕਿ ਪੰਜਾਬ ਦੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਅਤੇ ਖੇਡਾਂ ਵੱਲ ਰੁਚਿਤ ਕਰਨ ਹਿੱਤ ਖੇਡ ਮੇਲੇ ਕਰਵਾਏ ਜਾ ਰਹੇ ਹਨ। ਉਹਨਾਂ ਕਿਹਾ ਕਿ ਮੁੱਖ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਰਾਜ ਦੀ ਜਵਾਨੀ ਦੀ ਤਰੱਕੀ ਅਤੇ ਭਲਾਈ ਲਈ ਵਚਨਬੱਧ ਹੈ। ਉਹਨਾਂ ਕਿਹਾ ਕਿ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨਾ ਸਮੇਂ ਦੀ ਮੁੱਖ ਲੋੜ ਹੈ ਤਾਂ ਜ਼ੋ ਉਹ ਆਪਣਾ ਜੀਵਨ ਪੱਧਰ ਉੱਚਾ ਚੁੱਕ ਸਕਣ। ਉਹਨਾਂ ਸੂਬੇ ਦੇ ਨੌਜਵਾਨਾਂ ਨੂੰ ਵੀ ਅਪੀਲ ਕੀਤੀ ਕਿ ਉਹ ਨਸ਼ਿਆਂ ਤੋਂ ਦੂਰ ਰਹਿਣ ਅਤੇ ਖੇਡਾਂ ਵਿੱਚ ਵੱਧ ਚੜ੍ਹ ਕੇ ਹਿੱਸਾ ਲੈਣ, ਕਿਉਂਕਿ ਪੰਜਾਬ ਇੱਕ ਅਜਿਹਾ ਸੂਬਾ ਹੈ ਜਿਸ ਨੇ ਰਾਸ਼ਟਰੀ ਪੱਧਰ ਦੇ ਨਾਮਵਰ ਖਿਡਾਰੀ ਪੈਦਾ ਕੀਤੇ ਹਨ। ਉਹਨਾਂ ਕਿਹਾ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਦਾ ਸੁਪਨਾ ਹੈ ਕਿ ਪੰਜਾਬ ਇੱਕ ਨਸ਼ਾ ਮੁਕਤ ਸੂਬਾ ਹੋਵੇ। ਚੇਅਰਮੈਨ ਗਿੱਲ ਨੇ ਕਿਹਾ ਕਿ ਉਹ ਖੁੱਦ ਅਤੇ ਉਨ੍ਹਾਂ ਦੀ ਸਰਕਾਰ ਸਮੁੱਚੇ ਸੂਬੇ ਦੇ ਨੌਜਵਾਨਾਂ ਦੇ ਸਹਿਯੋਗ ਲਈ ਤੱਤਪਰ ਹਨ ਅਤੇ ਉਨ੍ਹਾਂ ਦੇ ਚੰਗੇਰੇ ਅਤੇ ਉੱਜਵਲ ਭਵਿੱਖ ਲਈ ਦ੍ਰਿੜ ਸੰਕਲਪ ਹਨ। ਚੇਅਰਮੈਨ ਗਿੱਲ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਵਿੱਢੀ ਗਈ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਨੂੰ ਵੀ ਭਰਵਾਂ ਹੁੰਗਾਰਾ ਮਿਲ ਰਿਹਾ ਹੈ ਜਿਸਦੇ ਤਹਿਤ ਬਹੁ-ਕਰੋੜੀ ਡਰੱਗ ਰੈਕਟਾਂ ਦਾ ਪਰਦਾਫਾਸ਼ ਕਰਕੇ ਨਸ਼ਾ ਤਸਕਰਾਂ ਨੂੰ ਸਲਾਖਾਂ ਪਿੱਛੇ ਡੱਕਿਆ ਜਾ ਰਿਹਾ ਹੈ।

## The Khalistan Conspiracy

*A Former R&AW Officer Unravels the Path to 1984"*




**ਪ੍ਰਧਾਨ ਮੰਤਰੀ ਇੰਦਰਾ ਗਾਂਧੀ ਦੇ ਨਜ਼ਦੀਕੀ ਆਗੂਆਂ ਦੀ ਇੱਕ ਮੰਡਲੀ (ਜਿਸ ਵਿੱਚ ਕਮਲ ਨਾਥ ਵਰਗੇ ਆਗੂ ਵੀ ਸ਼ਾਮਲ ਸਨ) ਨੇ ਇੱਕ ਗੁਪਤ ਯੋਜਨਾ ਬਣਾਈ ਸੀ। ਇਸ ਦਾ ਮਕਸਦ ਪੰਜਾਬ ਵਿੱਚ ਹਾਲਾਤ ਨੂੰ ਜਾਣਬੁੱਝ ਕੇ ਇਸ ਹੱਦ ਤੱਕ ਤਣਾਅਪੂਰਨ ਬਣਾਉਣਾ ਸੀ ਤਾਂ ਜੋ ਦੇਸ਼ ਦੇ ਬਹੁਗਿਣਤੀ ਹਿੰਦੂ ਵੋਟ ਬੈਂਕ ਨੂੰ ਕਾਂਗਰਸ ਦੇ ਹੱਕ ਵਿੱਚ ਇੱਕਜੁੱਟ ਕੀਤਾ ਜਾ ਸਕੇ।**

ਕਿਤਾਬ "The Khalistan Conspiracy: A Former R&AW Officer Unravels the Path to 1984" (ਦ ਖ਼ਾਲਿਸਤਾਨ ਕੰਸਪੀਰੇਸੀ) ਭਾਰਤ ਦੀ ਖ਼ੁਫ਼ੀਆ ਏਜੰਸੀ 'ਰਿਸਰਚ ਐਂਡ ਐਨਾਲਿਸਿਸ ਵਿੰਗ' (R&AW) ਦੇ ਸਾਬਕਾ ਵਿਸ਼ੇਸ਼ ਸਕੱਤਰ ਜੀ.ਬੀ.ਐਸ. ਸਿੱਧੂ ਦੁਆਰਾ ਲਿਖੀ ਗਈ ਹੈ। ਇਹ ਕਿਤਾਬ 1970 ਦੇ ਦਹਾਕੇ ਦੇ ਅਖੀਰ ਅਤੇ 1980 ਦੇ ਦਹਾਕੇ ਦੇ ਸ਼ੁਰੂ ਵਿੱਚ ਪੰਜਾਬ ਦੇ ਦੁਖਾਂਤਕ ਹਾਲਾਤ, ਖ਼ਾਲਿਸਤਾਨ ਲਹਿਰ ਦੇ ਉਭਾਰ ਅਤੇ ਇਸ ਦੇ ਸਿੱਟੇ ਵਜੋਂ ਹੋਏ 'ਆਪ੍ਰੇਸ਼ਨ ਬਲਿਊ ਸਟਾਰ' ਦੇ ਪਰਦੇ ਪਿੱਛੇ ਦੀਆਂ ਸਿਆਸੀ ਸਾਜ਼ਿਸ਼ਾਂ ਤੋਂ ਪਰਦਾ ਚੁੱਕਦੀ ਹੈ।

### ਸਿਆਸੀ ਹਿੱਤ ਅਤੇ ਅਕਾਲੀ ਦਲ ਨੂੰ ਕਮਜ਼ੋਰ ਕਰਨ ਦੀ ਸਾਜ਼ਿਸ਼

ਲੇਖਕ ਮੁਤਾਬਿਕ, ਪੰਜਾਬ ਸੰਕਟ ਕੋਈ ਅਚਾਨਕ ਪੈਦਾ ਹੋਈ ਸਮੱਸਿਆ ਨਹੀਂ ਸੀ, ਸਗੋਂ ਇਹ ਤਤਕਾਲੀਨ ਸੱਤਾਧਾਰੀ ਕਾਂਗਰਸ ਪਾਰਟੀ ਦੇ ਕੁਝ ਉੱਚ ਆਗੂਆਂ ਦੁਆਰਾ ਘੜੀ ਗਈ ਇੱਕ ਸਿਆਸੀ ਸਾਜ਼ਿਸ਼ ਸੀ। 1977 ਦੀਆਂ ਚੋਣਾਂ ਵਿੱਚ ਹਾਰ ਤੋਂ ਬਾਅਦ ਜਦੋਂ ਕੇਂਦਰ ਵਿੱਚ ਜਨਤਾ ਪਾਰਟੀ ਅਤੇ ਪੰਜਾਬ ਵਿੱਚ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਬਣੀ, ਤਾਂ ਕਾਂਗਰਸ ਦੁਬਾਰਾ ਸੱਤਾ ਹਾਸਲ ਕਰਨ ਲਈ ਤੜਫ ਰਹੀ ਸੀ। ਸੰਜੇ ਗਾਂਧੀ ਅਤੇ ਉਸ ਸਮੇਂ ਦੇ ਪੰਜਾਬ ਦੇ ਸੀਨੀਅਰ ਕਾਂਗਰਸੀ ਆਗੂ ਗਿਆਨੀ ਜ਼ੈਲ ਸਿੰਘ (ਜੋ ਬਾਅਦ ਵਿੱਚ ਦੇਸ਼ ਦੇ ਗ੍ਰਹਿ ਮੰਤਰੀ ਅਤੇ ਰਾਸ਼ਟਰਪਤੀ ਬਣੇ) ਨੇ ਪੰਜਾਬ ਵਿੱਚ ਅਕਾਲੀ ਦਲ ਦੇ ਵੋਟ ਬੈਂਕ ਨੂੰ ਕਮਜ਼ੋਰ ਕਰਨ ਲਈ ਇੱਕ ਖ਼ਤਰਨਾਕ ਯੋਜਨਾ ਬਣਾਈ।

### ਸੰਤ ਜਰਨੈਲ ਸਿੰਘ ਭਿੰਡਰਾਂਵਾਲਿਆਂ ਨੂੰ ਸ਼ੈਅ ਦੇਣੀ

ਸਿੱਧੂ ਆਪਣੀ ਕਿਤਾਬ ਵਿੱਚ ਦਾਅਵਾ ਕਰਦੇ ਹਨ ਕਿ ਗਿਆਨੀ ਜ਼ੈਲ ਸਿੰਘ ਅਤੇ ਸੰਜੇ ਗਾਂਧੀ ਨੇ ਅਕਾਲੀ ਦਲ ਦੇ ਮੁਕਾਬਲੇ ਇੱਕ ਅਜਿਹੇ ਕੱਟੜ ਧਾਰਮਿਕ ਚਿਹਰੇ ਨੂੰ ਅੱਗੇ ਲਿਆਉਣ ਦੀ ਕੋਸ਼ਿਸ਼ ਕੀਤੀ ਜੋ ਅਕਾਲੀਆਂ ਦੀ ਸਿਆਸੀ ਜ਼ਮੀਨ ਖਿਸਕਾ ਸਕੇ। ਇਸ ਮਕਸਦ ਲਈ ਉਨ੍ਹਾਂ ਨੇ ਸੰਤ ਜਰਨੈਲ ਸਿੰਘ ਭਿੰਡਰਾਂਵਾਲਿਆਂ ਨੂੰ ਚੁਣਿਆ। ਸ਼ੁਰੂਆਤੀ ਦੌਰ ਵਿੱਚ ਕਾਂਗਰਸ ਨੇ ਉਨ੍ਹਾਂ ਨੂੰ ਪਰਦੇ ਪਿੱਛਿਓਂ ਸਿਆਸੀ ਅਤੇ ਰਣਨੀਤਕ ਸ਼ੈਅ ਦਿੱਤੀ ਤਾਂ ਜੋ ਸਿੱਖ ਰਾਜਨੀਤੀ ਵਿੱਚ ਦੋਫਾੜ ਪੈਦਾ ਕੀਤੀ ਜਾ ਸਕੇ।

### 'ਆਪ੍ਰੇਸ਼ਨ 1' (Operation 1) ਅਤੇ ਹਾਲਾਤ ਦਾ ਹੱਥੋਂ ਨਿਕਲਣਾ

ਕਿਤਾਬ ਵਿੱਚ ਇੱਕ ਬਹੁਤ ਹੀ ਮਹੱਤਵਪੂਰਨ ਖ਼ੁਲਾਸਾ "Operation 1" ਦੇ ਨਾਮ ਹੇਠ ਕੀਤਾ ਗਿਆ ਹੈ। ਲੇਖਕ ਅਨੁਸਾਰ, ਪ੍ਰਧਾਨ ਮੰਤਰੀ ਇੰਦਰਾ ਗਾਂਧੀ ਦੇ ਨਜ਼ਦੀਕੀ ਆਗੂਆਂ ਦੀ ਇੱਕ ਮੰਡਲੀ (ਜਿਸ ਵਿੱਚ ਕਮਲ ਨਾਥ ਵਰਗੇ ਆਗੂ ਵੀ ਸ਼ਾਮਲ ਸਨ) ਨੇ ਇੱਕ ਗੁਪਤ ਯੋਜਨਾ ਬਣਾਈ ਸੀ। ਇਸ ਦਾ ਮਕਸਦ ਪੰਜਾਬ ਵਿੱਚ ਹਾਲਾਤ ਨੂੰ ਜਾਣਬੁੱਝ ਕੇ ਇਸ ਹੱਦ ਤੱਕ ਤਣਾਅਪੂਰਨ ਬਣਾਉਣਾ ਸੀ ਤਾਂ ਜੋ ਦੇਸ਼ ਦੇ ਬਹੁਗਿਣਤੀ ਹਿੰਦੂ ਵੋਟ ਬੈਂਕ ਨੂੰ ਕਾਂਗਰਸ ਦੇ ਹੱਕ ਵਿੱਚ ਇੱਕਜੁੱਟ ਕੀਤਾ ਜਾ ਸਕੇ।

ਪਰ, ਸਮੇਂ ਦੇ ਨਾਲ ਇਹ ਸਾਜ਼ਿਸ਼ ਉਲਟੀ ਪੈ ਗਈ। ਸੰਤ ਭਿੰਡਰਾਂਵਾਲੇ ਕਾਂਗਰਸ ਦੇ ਨਿਯੰਤਰਣ ਤੋਂ ਪੂਰੀ ਤਰ੍ਹਾਂ ਬਾਹਰ ਹੋ ਗਏ ਅਤੇ ਉਹ ਸਿੱਖ ਜਨਮਾਨਸ ਵਿੱਚ ਇੱਕ ਸ਼ਕਤੀਸ਼ਾਲੀ ਅਤੇ ਸੁਤੰਤਰ ਆਗੂ ਵਜੋਂ ਉੱਭਰੇ। ਪੰਜਾਬ ਵਿੱਚ ਹਿੰਸਾ, ਸਿਆਸੀ ਕਤਲ ਅਤੇ ਟਕਰਾਅ ਵਧਦਾ ਗਿਆ, ਜਿਸ ਨੇ ਪੂਰੇ ਸੂਬੇ ਨੂੰ ਅਰਾਜਕਤਾ ਵੱਲ ਧੱਕ ਦਿੱਤਾ।

### ਸਮਝੌਤੇ ਦੇ ਯਤਨਾਂ ਨੂੰ ਜਾਣਬੁੱਝ ਕੇ ਫੇਲ੍ਹ ਕਰਨਾ

ਜੀ.ਬੀ.ਐਸ. ਸਿੱਧੂ, ਜੋ ਉਸ ਸਮੇਂ ਬੈਂਕਾਕ ਅਤੇ ਹੋਰ ਥਾਵਾਂ 'ਤੇ R&AW ਦੇ ਅਧਿਕਾਰੀ ਵਜੋਂ ਤਾਇਨਾਤ ਸਨ, ਲਿਖਦੇ ਹਨ ਕਿ ਕੇਂਦਰ ਸਰਕਾਰ ਅਤੇ ਅਕਾਲੀ ਦਲ ਦੇ ਨਰਮ-ਖ਼ਿਆਲੀ ਆਗੂਆਂ ਵਿਚਕਾਰ ਕਈ ਵਾਰ ਸਮਝੌਤੇ ਦੇ ਬਹੁਤ ਨਜ਼ਦੀਕੀ ਹਾਲਾਤ ਬਣੇ। ਅਕਾਲੀ ਦਲ ਦੀਆਂ 'ਅਨੰਦਪੁਰ ਸਾਹਿਬ ਮਤੇ' ਦੀਆਂ ਜਾਇਜ਼ ਮੰਗਾਂ (ਜਿਵੇਂ ਪਾਣੀਆਂ ਦਾ ਮਸਲਾ ਅਤੇ ਰਾਜਾਂ ਨੂੰ ਵੱਧ ਅਧਿਕਾਰ) 'ਤੇ ਸਹਿਮਤੀ ਬਣਨ ਹੀ ਵਾਲੀ ਸੀ, ਪਰ ਹਰ ਵਾਰ ਪ੍ਰਧਾਨ ਮੰਤਰੀ ਦਫ਼ਤਰ (PMO) ਦੇ ਇਸ਼ਾਰੇ 'ਤੇ ਆਖਰੀ ਮੌਕੇ ਸਮਝੌਤੇ ਨੂੰ ਨਾਕਾਮ ਕਰ ਦਿੱਤਾ ਗਿਆ। ਇਸ ਦਾ ਮਕਸਦ ਸਮੱਸਿਆ ਨੂੰ ਸੁਲਝਾਉਣਾ ਨਹੀਂ, ਸਗੋਂ 1985 ਦੀਆਂ ਆਮ ਚੋਣਾਂ ਜਿੱਤਣ ਲਈ ਇਸ ਨੂੰ ਹੋਰ ਲਟਕਾਉਣਾ ਸੀ।

ਦੁਖਾਂਤਕ ਸਿੱਟਾ: ਆਪ੍ਰੇਸ਼ਨ ਬਲਿਊ ਸਟਾਰ

ਜਦੋਂ ਸੰਤ ਭਿੰਡਰਾਂਵਾਲਿਆਂ ਨੇ ਆਪਣੇ ਸਾਥੀਆਂ ਸਮੇਤ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਮੋਰਚਾਬੰਦੀ ਕਰ ਲਈ, ਤਾਂ ਸਥਿਤੀ ਬੇਕਾਬੂ ਹੋ ਚੁੱਕੀ ਸੀ। ਲੇਖਕ ਅਨੁਸਾਰ, ਫੌਜੀ ਕਾਰਵਾਈ ਦੀ ਯੋਜਨਾ ਕਈ ਮਹੀਨੇ ਪਹਿਲਾਂ ਹੀ ਤਿਆਰ ਕਰ ਲਈ ਗਈ ਸੀ। ਅਖੀਰ ਜੂਨ 1984 ਵਿੱਚ ਅੰਮ੍ਰਿਤਸਰ ਦੇ ਸ੍ਰੀ ਹਰਿਮੰਦਰ ਸਾਹਿਬ ਕੰਪਲੈਕਸ 'ਤੇ 'ਆਪ੍ਰੇਸ਼ਨ ਬਲਿਊ ਸਟਾਰ' ਕੀਤਾ ਗਿਆ। ਇਸ ਫੌਜੀ ਹਮਲੇ ਵਿੱਚ ਸ੍ਰੀ ਅਕਾਲ ਤਖ਼ਤ ਸਾਹਿਬ ਢਹਿ-ਢੇਰੀ ਹੋ ਗਿਆ, ਵੱਡੀ ਗਿਣਤੀ ਵਿੱਚ ਬੇਗੁਨਾਹ ਸ਼ਰਧਾਲੂ ਅਤੇ ਫੌਜੀ ਮਾਰੇ ਗਏ, ਜਿਸ ਨੇ ਸਿੱਖ ਮਾਨਸਿਕਤਾ ਨੂੰ ਅਜਿਹੇ ਡੂੰਘੇ ਜ਼ਖ਼ਮ ਦਿੱਤੇ ਜੋ ਅੱਜ ਵੀ ਅੱਲ੍ਹੇ ਹਨ।

ਇਹ ਕਿਤਾਬ ਸਪਸ਼ਟ ਕਰਦੀ ਹੈ ਕਿ 1984 ਦਾ ਪੰਜਾਬ ਦੁਖਾਂਤ ਕੇਵਲ ਇੱਕ ਅਮਨ-ਕਾਨੂੰਨ ਦੀ ਸਮੱਸਿਆ ਨਹੀਂ ਸੀ, ਸਗੋਂ ਇਹ ਦਿੱਲੀ ਦੇ ਸਿਆਸੀ ਹਾਕਮਾਂ ਦੀ ਨਿੱਜੀ ਸੱਤਾ ਦੀ ਭੁੱਖ, ਗਲਤ ਨੀਤੀਆਂ ਅਤੇ ਗਿਆਨੀ ਜ਼ੈਲ ਸਿੰਘ ਤੇ ਸੰਜੇ ਗਾਂਧੀ ਵਰਗੇ ਆਗੂਆਂ ਦੀਆਂ ਸ਼ੁਰੂਆਤੀ ਸਿਆਸੀ ਸਾਜ਼ਿਸ਼ਾਂ ਦਾ ਇੱਕ ਭਿਆਨਕ ਅਤੇ ਖ਼ੂਨੀ ਸਿੱਟਾ ਸੀ।



# ਖਾਲਿਸਤਾਨ, ਬਲਿਊ ਸਟਾਰ ਆਪ੍ਰੇਸ਼ਨ ਤੇ ਗਿਆਨੀ ਜ਼ੈਲ ਸਿੰਘ

## ਗਿਆਨੀ ਜ਼ੈਲ ਸਿੰਘ ਦੀ ਭੂਮਿਕਾ 'ਤੇ ਸਵਾਲ

ਆਪ੍ਰੇਸ਼ਨ ਬਲਿਊ ਸਟਾਰ ਨੂੰ ਵਾਪਰਿਆਂ 41 ਸਾਲ ਹੋ ਚੁੱਕੇ ਹਨ, ਗਿਆਨੀ ਜ਼ੈਲ ਸਿੰਘ ਦਾ ਵੀ 25 ਦਸੰਬਰ 1994 ਨੂੰ ਇੱਕ ਸੜਕ ਹਾਦਸੇ ਦੌਰਾਨ ਦੇਹਾਂਤ ਹੋ ਗਿਆ ਸੀ। ਪੰਜਾਬ ਵਿਚ ਚੱਲੀ ਖ਼ਾਲਿਸਤਾਨ ਲਹਿਰ, ਬਲਿਊ ਸਟਾਰ ਆਪ੍ਰੇਸ਼ਨ ਅਤੇ ਉਸ ਤੋਂ ਬਾਅਦ ਦਿੱਲੀ ਅਤੇ ਦੇਸ਼ ਦੇ ਹੋਰਨਾਂ ਸਥਾਨਾਂ ਉੱਤੇ ਸਿੱਖ ਵਿਰੋਧੀ ਕਤਲੇਆਮ ਨੂੰ ਲੈ ਕੇ ਗਿਆਨੀ ਜ਼ੈਲ ਸਿੰਘ ਦੇ ਸਟੈਂਡ ਉੱਤੇ ਵੱਡੇ ਸਵਾਲ ਖੜ੍ਹੇ ਹੁੰਦੇ ਹਨ। ਇਨ੍ਹਾਂ ਘਟਨਾਵਾਂ ਨੂੰ ਲੈ ਕੇ ਬਹੁਤ ਸਾਰੀਆਂ ਕਿਤਾਬਾਂ ਲਿਖੀਆਂ ਗਈਆਂ ਹਨ, ਜਿਨ੍ਹਾਂ ਵਿੱਚ ਕਿਤੇ ਨਾ ਕਿਤੇ ਗਿਆਨੀ ਜ਼ੈਲ ਸਿੰਘ ਦੀ ਭੂਮਿਕਾ ਨੂੰ ਲੈ ਕੇ ਸਵਾਲ ਉਠਦੇ ਰਹੇ ਹਨ। ਖ਼ਾਸ ਕਰਕੇ ਬਲਿਊ ਸਟਾਰ ਆਪ੍ਰੇਸ਼ਨ ਤੋਂ ਪਹਿਲਾਂ ਕਿਸ ਤਰ੍ਹਾਂ ਸੰਜੇ ਗਾਂਧੀ, ਉਸ ਦੇ ਸਾਥੀਆਂ ਅਤੇ ਗਿਆਨੀ ਜ਼ੈਲ ਸਿੰਘ ਨੇ ਰਲ ਕੇ ਪੰਜਾਬ ਵਿੱਚ ਸਿਆਸੀ ਤੌਰ ਉੱਤੇ ਵਿਰੋਧੀਆਂ ਨੂੰ ਕਮਜ਼ੋਰ ਕਰਨ ਲਈ ਕਿਸ ਤਰ੍ਹਾਂ ਕੱਟੜਵਾਦ ਦਾ ਸਹਾਰਾ ਲਿਆ ਜਿਸ ਦਾ ਬਾਅਦ ਵਿੱਚ ਪੰਜਾਬ ਦੇ ਲੋਕਾਂ ਨੂੰ ਖ਼ਮਿਆਜ਼ਾ ਭੁਗਤਣਾ ਪਿਆ।

ਉਨ੍ਹਾਂ ਆਪ੍ਰੇਸ਼ਨ ਬਲਿਊ ਸਟਾਰ ਤੋਂ ਬਾਅਦ ਆਪਣੀ ਯਾਤਰਾ ਸਮੇਂ ਅਕਾਲ ਤਖ਼ਤ ਸਾਹਿਬ ਅੱਗੇ ਖੜ੍ਹੇ ਹੋ ਕੇ ਕਿਹਾ ਸੀ, "ਇਸ ਮੰਦਭਾਗੀ ਘਟਨਾ ਲਈ ਮੈਂ ਗੁਰੂ ਸਾਹਿਬਾਨ ਤੋਂ ਮਾਫੀ ਮੰਗਦਾ ਹਾਂ।"

ਬਾਅਦ ਵਿੱਚ ਉਨ੍ਹਾਂ ਅਕਾਲ ਤਖ਼ਤ ਨੂੰ ਲਿਖਤੀ ਮਾਫੀਨਾਮਾ ਭੇਜ ਕੇ ਆਪਣੀ ਭੁੱਲ ਬਖ਼ਸ਼ਾਈ ਸੀ।

ਭਾਵੇਂ ਕਿ ਪਤਿਤ ਸਿੱਖ ਹੋਣ ਕਾਰਨ ਉਨ੍ਹਾਂ ਨੂੰ ਅਕਾਲ ਤਖ਼ਤ ਉੱਤੇ ਤਲਬ ਨਹੀਂ ਕੀਤਾ ਗਿਆ, ਪਰ ਚਿੱਠੀ ਦੇ ਰੂਪ ਵਿੱਚ ਭੇਜੇ ਮਾਫੀਨਾਮੇ ਨੂੰ ਸਵੀਕਾਰ ਕਰ ਲਿਆ ਗਿਆ ਸੀ।

ਜਿਹੜਾ ਸਿੱਖ ਦਾਹੜੀ-ਕੇਸ ਕੱਟਦਾ ਜਾਂ ਰੰਗਦਾ ਹੈ, ਉਸ ਨੂੰ ਪਤਿਤ ਸਿੱਖ ਕਿਹਾ ਜਾਂਦਾ ਹੈ।

ਆਪ੍ਰੇਸ਼ਨ ਬਲੂ ਸਟਾਰ ਮੌਕੇ ਗਿਆਨੀ ਜ਼ੈਲ ਸਿੰਘ ਭੂਮਿਕਾ ਬਾਰੇ ਕਈ ਸੀਨੀਅਰ ਪੱਤਰਕਾਰਾਂ ਅਤੇ ਲੇਖਕਾਂ ਨੇ ਆਪੋ-ਆਪਣੀਆਂ ਕਿਤਾਬਾਂ ਵਿੱਚ ਜ਼ਿਕਰ ਕੀਤਾ ਹੈ। ਪਰ ਇਹ ਸਵਾਲ ਅੱਜ ਵੀ ਪੁੱਛਿਆ ਜਾਂਦਾ ਹੈ ਕਿ ਗਿਆਨੀ ਜ਼ੈਲ ਸਿੰਘ ਰਾਸ਼ਟਰਪਤੀ ਹੁੰਦੇ ਹੋਏ ਵੀ ਆਪ੍ਰੇਸ਼ਨ ਬਲੂ ਸਟਾਰ ਨੂੰ ਕਿਉਂ ਨਾ ਰੋਕ ਸਕੇ? ਅੱਜ ਅਸੀਂ ਇਸੇ ਵਿਸ਼ੇ ਨੂੰ ਲੈ ਵੱਖ-ਵੱਖ ਲੋਕਾਂ ਦੇ ਵਿਚਾਰਾਂ ਨੂੰ ਲੈ ਰੂ ਬਰੂ ਹਾਂ।

ਦਰਸ਼ਨ ਸਿੰਘ ਦਰਸ਼ਕ
9855508918



## ਕੀ ਕਹਿੰਦੇ ਹਨ ਗਿਆਨੀ ਜ਼ੈਲ ਸਿੰਘ ਦੇ ਪ੍ਰੈੱਸ ਸਕੱਤਰ ਤਰਲੋਚਨ ਸਿੰਘ

ਗਿਆਨੀ ਜ਼ੈਲ ਸਿੰਘ ਦੇ ਕਰੀਬੀਆਂ ਵਿੱਚੋਂ ਇੱਕ ਤਰਲੋਚਨ ਸਿੰਘ ਦਾਅਵਾ ਕਰਦੇ ਹਨ, "ਰਾਸ਼ਟਰਪਤੀ ਹੋਣ ਦੇ ਬਾਵਜੂਦ ਗਿਆਨੀ ਜ਼ੈਲ ਸਿੰਘ ਕੋਲ ਉਹ ਤਾਕਤਾਂ ਨਹੀਂ ਸਨ ਕਿ ਉਹ ਇੰਦਰਾ ਗਾਂਧੀ ਦੇ ਫ਼ੈਸਲੇ ਨੂੰ ਬਦਲ ਸਕਦੇ। ਭਾਵੇਂ ਉਹ ਤਿੰਨ ਫ਼ੌਜਾਂ ਦੇ ਮੁਖੀ ਸਨ ਪਰ ਫੇਰ ਵੀ ਉਨ੍ਹਾਂ ਨੂੰ ਇਸ ਫੌਜੀ ਕਾਰਵਾਈ ਦੇ ਫ਼ੈਸਲੇ ਤੋਂ ਦੂਰ ਰੱਖਿਆ ਗਿਆ ਸੀ।"

ਤਰਲੋਚਨ ਸਿੰਘ ਸਾਬਕਾ ਸੰਸਦ ਮੈਂਬਰ, 2000 ਤੋਂ 2003 ਤੱਕ ਰਾਸ਼ਟਰੀ ਘੱਟ ਗਿਣਤੀ ਕਮਿਸ਼ਨ ਦੇ ਉਪ ਚੇਅਰਮੈਨ ਰਹਿ ਚੁੱਕੇ ਹਨ।

ਉਹ ਗਿਆਨੀ ਜ਼ੈਲ ਸਿੰਘ ਦੇ ਰਾਸ਼ਟਰਪਤੀ ਕਾਰਜਕਾਲ ਦੌਰਾਨ ਉਨ੍ਹਾਂ ਦੇ ਪ੍ਰੈੱਸ ਸਕੱਤਰ ਵੱਜੋਂ ਸੇਵਾਵਾਂ ਨਿਭਾ ਰਹੇ ਸਨ।

ਤਰਲੋਚਨ ਸਿੰਘ ਦਲੀਲ ਦਿੰਦੇ ਹਨ ਕਿ ਭਾਰਤ ਦਾ ਸੰਵਿਧਾਨ ਦੇਸ਼ ਦੇ ਰਾਸ਼ਟਰਪਤੀ ਨੂੰ ਉਹ ਤਾਕਤ ਨਹੀਂ ਦਿੰਦਾ ਜੋ ਪ੍ਰਧਾਨ ਮੰਤਰੀ ਦੇ ਫ਼ੈਸਲੇ ਨੂੰ ਬਦਲ ਸਕਣ। ਉਹ ਕਹਿੰਦੇ ਹਨ, "ਅੱਜ ਵੀ ਦੇਸ਼ ਦੇ ਪ੍ਰਧਾਨ ਮੰਤਰੀ ਦਾ ਫ਼ੈਸਲਾ ਰਾਸ਼ਟਰਪਤੀ ਨਹੀਂ ਬਦਲ ਸਕਦਾ ਫੇਰ ਅਸੀਂ ਇਹ ਆਸ ਕਿਵੇਂ ਰੱਖ ਸਕਦੇ ਹਾਂ ਕਿ ਇੰਦਰਾ ਗਾਂਧੀ ਦੇ ਫ਼ੈਸਲੇ ਨੂੰ ਗਿਆਨੀ ਜ਼ੈਲ ਸਿੰਘ ਬਦਲ ਸਕਦੇ ਸਨ।"

ਉਹ ਕਹਿੰਦੇ ਹਨ, "ਅਜਿਹਾ ਵੀ ਨਹੀਂ ਕਿ ਗਿਆਨੀ ਜ਼ੈਲ ਸਿੰਘ ਨੇ ਇੰਦਰਾ ਗਾਂਧੀ ਅੱਗੇ ਰੋਸ ਜ਼ਾਹਰ ਨਹੀਂ ਕੀਤਾ, ਉਨ੍ਹਾਂ ਨੇ ਹਰਿਮੰਦਰ ਸਾਹਿਬ ਦੇ ਦਰਸ਼ਨ ਕਰਨ ਮਗਰੋਂ ਤੁਰੰਤ ਇੰਦਰਾ ਗਾਂਧੀ ਨਾਲ ਗੱਲ ਕੀਤੀ ਅਤੇ ਕਿਹਾ ਕਿ ਉਹ ਇਸ ਕਾਰਵਾਈ ਤੋਂ ਬੇਹੱਦ ਦੁਖੀ ਹਨ।"

"ਉਨ੍ਹਾਂ ਨੇ ਇੰਦਰਾ ਗਾਂਧੀ ਨੂੰ ਪੰਜਾਬ ਦੇ ਗਵਰਨਰ ਬੀਡੀ ਪਾਂਡੇ ਨੂੰ ਹਟਾਉਣ ਦੀ ਸਿਫ਼ਾਰਿਸ਼ ਕੀਤੀ, ਕਿਉਂਕਿ ਗਿਆਨੀ ਜ਼ੈਲ ਸਿੰਘ ਨੇ ਕਿਹਾ ਇਹ ਸਭ ਪੰਜਾਬ ਪ੍ਰਸ਼ਾਸਨ ਦੀ ਅਸਫ਼ਲਤਾ ਕਾਰਨ ਹੋਇਆ ਹੈ।"

"ਜਿਸ ਤੋਂ ਬਾਅਦ ਇੰਦਰਾ ਗਾਂਧੀ ਨੇ ਗਰਵਨਰ ਨੂੰ ਤੁਰੰਤ ਪ੍ਰਭਾਵ ਨਾਲ ਹਟਾ ਦਿੱਤਾ ਸੀ।"

ਗਿਆਨੀ ਜੈਲ ਸਿੰਘ ਨਾਲ ਕੰਮ ਕਰ ਚੁੱਕੇ ਸਾਬਕਾ ਰਾਅ ਮੁਖੀ ਏ.ਐੱਸ ਦੁੱਲਤ ਨੇ 'ਗਿਆਨੀ ਜ਼ੈਲ ਸਿੰਘ ਨੂੰ ਤੇਜ਼-ਤਰਾਰ ਤੇ ਚੁਸਤ ਆਗੂ ਦੱਸਿਆ ਹੈ।

ਉਹ ਲਿਖਦੇ ਹਨ, "ਗਿਆਨੀ ਜ਼ੈਲ ਸਿੰਘ ਆਪਣੇ ਆਪ ਨੂੰ ਕਾਫੀ ਸਿੱਧੇ ਸਾਦੇ ਜਿਹੇ ਬੰਦੇ ਵੱਜੋਂ ਪੇਸ਼ ਕਰਦੇ ਸੀ,ਪਰ ਅਸਲ ਵਿੱਚ ਉਹ ਕਾਫ਼ੀ ਚੁਸਤ ਆਗੂ ਸਨ। ਜਿਨ੍ਹਾਂ ਨੇ ਸਿਆਸਤ ਵਿੱਚ ਸਾਧਾਰਨ ਸ਼ੁਰੂਆਤ ਦੇ ਬਾਵਜੂਦ ਆਪਣੀ ਸੂਝ ਬੂਝ ਸਦਕਾ ਦੇਸ ਦੇ ਸਭ ਤੋਂ ਉੱਚੇ ਰਾਸ਼ਟਰਪਤੀ ਦੇ ਅਹੁਦੇ ਤੱਕ ਦਾ ਸਫ਼ਰ ਸਫ਼ਲਤਾ ਨਾਲ ਤੈਅ ਕੀਤਾ ਸੀ।"

ਏਐੱਸ ਦੁਲਤ ਆਪਣੀ ਕਿਤਾਬ 'ਕਸ਼ਮੀਰ ਦੀ ਦਾਸਤਾਨ' ਵਿੱਚ ਦੱਸਦੇ ਹਨ ਕਿ 1984 ਵੇਲੇ ਉਹ ਗਿਆਨੀ ਜ਼ੈਲ ਸਿੰਘ ਦੇ ਨਾਲ ਸੁਰੱਖਿਆ ਅਫ਼ਸਰ (ਆਈ ਬੀ ਅਧਿਕਾਰੀ) ਵਜੋਂ ਸੇਵਾਵਾਂ ਨਿਭਾ ਰਹੇ ਸਨ।

ਉਹ ਆਪਣੀ ਕਿਤਾਬ ਵਿੱਚ 1984 ਦੀ ਘਟਨਾ ਦਾ ਜ਼ਿਕਰ ਕਰਦੇ ਲਿਖਦੇ ਹਨ, "1984 ਵਿੱਚ ਫੌਜ ਨੇ ਜਦੋਂ ਅਪਰੇਸ਼ਨ ਬਲੂ ਸਟਾਰ ਨੂੰ ਅੰਜਾਮ ਦਿੱਤਾ ਤਾਂ ਗਿਆਨੀ ਜੀ ਬਹੁਤ ਦੁਖੀ ਹੋਏ ਕਿਉਂਕਿ ਫੌਜ ਦੇ ਸਰਵਉੱਚ ਕਮਾਂਡਰ ਹੋਣ ਦੇ ਬਾਵਜੂਦ ਉਨ੍ਹਾਂ ਨੂੰ ਇਸ ਮੌਕੇ ਹਨੇਰੇ ਵਿੱਚ ਰੱਖਿਆ ਗਿਆ।"

"ਉਹ ਫੌਜੀ ਕਾਰਵਾਈ ਸ਼ੁਰੂ ਹੋਣ ਤੋਂ ਚਾਰ ਦਿਨ ਬਾਅਦ ਦਰਬਾਰ ਸਾਹਿਬ ਮੱਥਾ ਟੇਕਣ ਗਏ। ਇਸ ਮਗਰੋਂ ਉਨ੍ਹਾਂ ਦੇ ਗਾਂਧੀ ਪਰਿਵਾਰ ਨਾਲ ਰਿਸ਼ਤਿਆਂ ਵਿੱਚ ਵੀ ਪਹਿਲਾਂ ਵਾਲਾ ਨਿੱਘ ਨਹੀਂ ਰਿਹਾ ਸੀ। ਹਾਲਾਂਕਿ ਉਹ ਪਹਿਲਾ ਜਨਤਕ ਤੌਰ ਉੱਤੇ ਇਹ ਆਖਦੇ ਸਨ ਕਿ ਜੇਕਰ ਇੰਦਰਾ ਗਾਂਧੀ ਉਨ੍ਹਾਂ ਨੂੰ ਝਾੜੂ ਮਾਰਨ ਲਈ ਵੀ ਕਹਿਣਗੇ ਤਾਂ ਉਹ ਖੁਸ਼ੀ-ਖੁਸ਼ੀ ਉਸ ਹੁਕਮ ਦੀ ਪਾਲਣਾ ਕਰਨਗੇ।"

ਜੋਗਿੰਦਰਪਾਲ ਕੌਰ ਵੀ ਇਸ ਤੱਥ ਦੀ ਪੁਸ਼ਟੀ ਕਰਦੇ ਹਨ ਕਿ ਆਪ੍ਰੇਸ਼ਨ ਬਲੂ ਸਟਾਰ ਤੋਂ ਬਾਅਦ ਗਾਂਧੀ ਪਰਿਵਾਰ ਨਾਲ ਜ਼ੈਲ ਸਿੰਘ ਦੇ ਰਿਸ਼ਤੇ ਸੁਖਾਵੇਂ ਨਹੀ ਰਹੇ।

ਇੰਦਰਾ ਗਾਂਧੀ ਦਾ ਉਸ ਦੇ ਦੋ ਸਿੱਖ ਬਾਡੀਗਾਰਡਾਂ ਨੇ ਨਵੰਬਰ 1984 ਵਿੱਚ ਕਤਲ ਕਰ ਦਿੱਤਾ ਸੀ ਜਿਸ ਤੋਂ ਬਾਅਦ ਦੇਸ ਦੇ ਕਈ ਸ਼ਹਿਰਾਂ ਵਿੱਚ ਸਿੱਖ ਵਿਰੋਧੀ ਕਤਲੇਆਮ ਹੋਇਆ ਸੀ।

ਬੀਬੀਸੀ ਨਾਲ ਗੱਲਬਾਤ ਦੌਰਾਨ ਜੋਗਿੰਦਰਪਾਲ ਕੌਰ ਨੇ ਕਿਹਾ, "ਤੁਹਾਨੂੰ (ਰਾਜੀਵ ਗਾਂਧੀ) ਆਪਣੀ ਮਾਂ ਦਾ ਕਤਲ ਤਾਂ ਦਿਖਿਆ ਪਰ ਹਜ਼ਾਰਾਂ ਬੇਗੁਨਾਹ ਮਾਰੇ ਗਏ ਸਿੱਖਾਂ ਦੇ ਜੀਵਨ ਦੀ ਕੋਈ ਪਰਵਾਹ ਨਹੀਂ ਸੀ।"

'ਸਿੱਖ ਕਦੇ ਗਿਆਨੀ ਜ਼ੈਲ ਸਿੰਘ ਨੂੰ ਮਾਫ਼ ਨਹੀਂ ਕਰਨਗੇ'

ਦਰਬਾਰ ਸਾਹਿਬ ਉੱਤੇ ਹੋਏ ਹਮਲੇ ਨੂੰ ਲੈ ਕੇ ਗਿਆਨੀ ਜ਼ੈਲ ਸਿੰਘ ਪ੍ਰਤੀ ਸਿੱਖ ਭਾਈਚਾਰੇ ਦਾ ਗੁੱਸੇ ਦਾ ਸਭ ਤੋਂ ਮੁੱਖ ਕਾਰਨ ਸੀ ਕਿ ਇਹ ਹਮਲਾ ਸਿੱਖ ਰਾਸ਼ਟਰਪਤੀ ਦੀ ਕਮਾਂਡ ਹੇਠ ਕੰਮ ਕਰਨ ਵਾਲੀ ਫੌਜ ਨੇ ਕੀਤਾ ਸੀ।

ਸਿੱਖ ਚਿੰਤਕ ਗੁਰਦਰਸ਼ਨ ਸਿੰਘ ਕਹਿੰਦੇ ਹਨ, "ਸਿੱਖ ਭਾਈਚਾਰਾ ਉਨ੍ਹਾਂ ਤੋਂ ਆਸ ਕਰਦਾ ਸੀ ਕਿ ਜੇਕਰ ਉਨ੍ਹਾਂ ਤੋਂ ਓਹਲਾ ਰੱਖ ਕੇ ਇਹ ਹਮਲਾ ਹੋਇਆ ਤਾਂ ਉਹ ਇਸ ਖ਼ਿਲਾਫ਼ ਅਸਤੀਫ਼ਾ ਦੇਣ ਜਾਂ ਕੋਈ ਹੋਰ ਜਨਤਕ ਤੌਰ ਉੱਤੇ ਵਿਰੋਧ ਜ਼ਾਹਰ ਕਰਦੇ। ਪਰ ਉਨ੍ਹਾਂ ਅਜਿਹਾ ਨਹੀਂ ਕੀਤਾ।"

## ਅਕਾਲ ਤਖ਼ਤ ਢਹਿਣ ਉੱਤੇ ਪਿਤਾ ਜੀ ਨੂੰ ਰੋਂਦੇ ਦੇਖਿਆ: ਜੋਗਿੰਦਰਪਾਲ ਕੌਰ

ਗਿਆਨੀ ਜ਼ੈਲ ਸਿੰਘ ਵੱਲੋਂ ਲਏ ਗਏ ਫ਼ੈਸਲਿਆਂ ਦੀ ਪਿਛਲੀ ਕਹਾਣੀ ਕੀ ਸੀ ਇਹ ਤਾਂ ਸ਼ਾਇਦ ਹੀ ਕੋਈ ਦੱਸ ਸਕੇ ਪਰ ਅਸੀਂ ਉਸ ਵੇਲੇ ਗਿਆਨੀ ਜ਼ੈਲ ਸਿੰਘ ਦੇ ਕਰੀਬੀ ਰਹੇ ਅਤੇ ਕੁਝ ਸਿੱਖ ਸਿਆਸਤ ਦੇ ਜਾਣਕਾਰਾਂ ਨਾਲ ਗੱਲਬਾਤ ਕਰਕੇ ਇਨ੍ਹਾਂ ਸਵਾਲਾਂ ਦੇ ਜਵਾਬ ਲੱਭਣ ਦੀ ਕੋਸ਼ਿਸ਼ ਕੀਤੀ।

ਗਿਆਨੀ ਜ਼ੈਲ ਸਿੰਘ ਦੀ ਧੀ ਜੋਗਿੰਦਰਪਾਲ ਕੌਰ, ਜੋ ਹੁਣ ਆਪ ਜਿੰਦਗੀ ਦੇ 90ਵਿਆਂ ਨੂੰ ਢੁੱਕ ਚੁੱਕੇ ਹਨ, ਜੂਨ ਚੁਰਾਸੀ ਨੂੰ ਯਾਦ ਕਰਦਿਆਂ ਕਹਿੰਦੇ ਹਨ।

"ਮੈਂ ਆਪਣੀਆਂ ਅੱਖਾਂ ਸਾਹਮਣੇ ਆਪਣੇ ਪਿਤਾ ਨੂੰ ਕਦੇ ਰੋਂਦਾ ਨਹੀਂ ਦੇਖਿਆ ਸੀ, ਪਰ 1984 ਵਿੱਚ ਇੰਦਰਾ ਗਾਂਧੀ ਦੀ ਸਰਕਾਰ ਵੱਲੋਂ ਅਕਾਲ ਤਖ਼ਤ ਸਾਹਿਬ ਉੱਤੇ ਕੀਤੇ ਗਏ ਹਮਲੇ ਮੌਕੇ ਮੈਂ ਆਪਣੇ ਅੱਖੀਂ ਆਪਣੇ ਪਿਤਾ ਨੂੰ ਰੋਂਦੇ ਦੇਖਿਆ ਸੀ।"

ਜੋਗਿੰਦਰਪਾਲ ਕੌਰ ਹੁਣ ਚੰਡੀਗੜ੍ਹ ਵਿੱਚ ਰਹਿੰਦੇ ਹਨ। ਜਦੋਂ ਗਿਆਨੀ ਜ਼ੈਲ ਸਿੰਘ ਭਾਰਤ ਦੇ ਰਾਸ਼ਟਰਪਤੀ ਸਨ ਤਾਂ ਜੋਗਿੰਦਰਪਾਲ ਕੌਰ ਵੀ ਰਾਸ਼ਟਰਪਤੀ ਭਵਨ ਵਿੱਚ ਕਈ-ਕਈ ਦਿਨ ਰਹਿੰਦੇ ਸਨ।

ਜੋਗਿੰਦਰਪਾਲ ਕੌਰ ਕਹਿੰਦੇ ਹਨ, "ਜਦੋਂ ਹਮਲੇ ਤੋਂ ਬਾਅਦ ਗਿਆਨੀ ਜੀ ਦਰਬਾਰ ਸਾਹਿਬ ਦੇ ਹਾਲਾਤ ਦੇਖ ਕੇ ਆਏ ਤਾਂ ਉਨ੍ਹਾਂ ਨੇ ਸਾਨੂੰ ਆ ਕੇ ਦੱਸਿਆ ਕਿ ਫੌਜ ਦੇ ਹਮਲੇ ਦੌਰਾਨ ਅਕਾਲ ਤਖ਼ਤ ਦੀ ਇਮਾਰਤ ਬਿਲਕੁਲ ਤਬਾਹ ਕਰ ਦਿੱਤੀ ਗਈ ਹੈ।"

ਉਹ ਦੱਸਦੇ ਹਨ, "ਮੈਂ ਆਪਣੇ ਪੰਜਾਬ ਵਿਚਲੇ ਪਿੰਡ ਵਿੱਚ ਸੀ, ਜਦੋਂ ਸਾਨੂੰ ਪਤਾ ਲੱਗਿਆ ਕਿ ਦਰਬਾਰ ਸਾਹਿਬ ਉੱਤੇ ਫੌਜੀ ਕਾਰਵਾਈ ਕੀਤੀ ਗਈ ਹੈ, ਮੈਂ ਅਗਲੇ ਹੀ ਦਿਨ ਦਿੱਲੀ ਰਾਸ਼ਟਰਪਤੀ ਭਵਨ ਪਹੁੰਚ ਗਈ।"

"ਮੈਂ ਦੇਖਿਆ ਚਾਚਾ ਜੀ (ਗਿਆਨੀ ਜ਼ੈਲ ਸਿੰਘ) ਬਹੁਤ ਭਾਵੁਕ ਸਨ। ਉਹ ਇੰਦਰਾ ਗਾਂਧੀ ਨਾਲ ਨਾਰਾਜ਼ ਸਨ। ਕਿਉਂਕਿ ਤਿੰਨਾਂ ਸੈਨਾਵਾਂ ਦੇ ਮੁਖੀ ਹੋਣ ਦੇ ਨਾਤੇ ਵੀ ਗਿਆਨੀ ਜ਼ੈਲ ਸਿੰਘ ਨੂੰ ਦਰਬਾਰ ਸਾਹਿਬ ਉੱਤੇ ਕੀਤੇ ਜਾਣ ਵਾਲੇ ਫੌਜੀ ਹਮਲੇ ਬਾਰੇ ਕੋਈ ਜਾਣਕਾਰੀ ਨਹੀਂ ਦਿੱਤੀ ਗਈ ਸੀ।"

ਗਿਆਨੀ ਜ਼ੈਲ ਸਿੰਘ ਦੇ ਵੱਡੇ ਭਰਾ ਦੇ ਬੱਚੇ ਉਨ੍ਹਾਂ ਨੂੰ 'ਚਾਚਾ ਜੀ' ਕਹਿੰਦੇ ਹਨ ਤਾਂ ਉਨ੍ਹਾਂ ਦੀ ਰੀਸ ਉਨ੍ਹਾਂ ਦੇ ਆਪਣੇ ਬੱਚੇ ਵੀ 'ਚਾਚਾ ਜੀ' ਹੀ ਕਹਿੰਦੇ ਹਨ।

ਜੋਗਿੰਦਰਪਾਲ ਕੌਰ ਕਹਿੰਦੇ ਹਨ, "ਚਾਚਾ ਜੀ ਆਪਣੀ ਮੌਤ ਤੱਕ '84 ਦੀ ਚੀਸ ਆਪਣੇ ਸੀਨੇ ਵਿੱਚ ਲੈ ਕੇ ਗਏ। ਉਹ ਖ਼ੁਦ ਗੁਰਬਾਣੀ ਪੜ੍ਹਨ ਵਾਲੇ ਇਨਸਾਨ ਸਨ।"

"ਦਰਬਾਰ ਸਾਹਿਬ ਉੱਤੇ ਕੀਤੇ ਗਏ ਫੌਜੀ ਹਮਲੇ ਬਾਰੇ ਇੰਦਰਾ ਗਾਂਧੀ ਨੇ ਚਾਚਾ ਜੀ ਨੂੰ ਓਹਲੇ ਵਿੱਚ ਰੱਖਿਆ। ਉਨ੍ਹਾਂ ਨੂੰ ਦੱਸਿਆ ਹੀ ਨਹੀਂ ਗਿਆ ਕਿ ਇੰਦਰਾ ਗਾਂਧੀ ਕੁਝ ਅਜਿਹਾ ਕਰਨ ਜਾ ਰਹੀ ਹੈ।"

ਜੋਗਿੰਦਰਪਾਲ ਕੌਰ ਦਾ ਦਾਅਵਾ ਹੈ, "1984 ਦੇ ਅਪ੍ਰੇਸ਼ਨ ਬਲੂ ਸਟਾਰ ਤੋਂ ਬਾਅਦ ਉਹ (ਜ਼ੈਲ ਸਿੰਘ) ਬਹੁਤ ਨਾਰਾਜ਼ ਸਨ, ਉਨ੍ਹਾਂ ਨੇ ਇੰਦਰਾ ਗਾਂਧੀ ਅੱਗੇ ਆਪਣਾ ਰੋਸ ਜ਼ਾਹਰ ਕਰਦਿਆਂ ਕਿਹਾ ਸੀ ਕਿ ਇਹ ਗ਼ਲਤ ਹੋਇਆ ਹੈ।"

ਜੋਗਿੰਦਰਪਾਲ ਕੌਰ ਮੰਨਦੇ ਹਨ ਕਿ ਗਿਆਨੀ ਜ਼ੈਲ ਸਿੰਘ ਅਕਾਲ ਤਖ਼ਤ ਉੱਤੇ ਹੋਏ ਹਮਲੇ ਨੂੰ ਦੇਖਣ ਮਗਰੋਂ ਦੁਵਿਧਾ ਵਿੱਚ ਸਨ ਅਤੇ ਬੇਵੱਸ ਵੀ ਸਨ।

### ਦੁਵਿਧਾ ਵਿੱਚ ਸਨ ਗਿਆਨੀ ਜ਼ੈਲ ਸਿੰਘ

ਭਾਰਤੀ ਫੌਜ ਨੇ 7 ਜੂਨ 1984 ਨੂੰ ਆਪ੍ਰੇਸ਼ਨ ਬਲੂ ਸਟਾਰ ਦੇ ਪੂਰਾ ਹੋ ਜਾਣ ਦਾ ਐਲਾਨ ਕੀਤਾ ਸੀ। ਹਰਿਮੰਦਰ ਸਾਹਿਬ ਨੂੰ ਪੂਰੀ ਤਰ੍ਹਾਂ ਸਾਫ਼ ਕਰਨ ਮਗਰੋਂ ਗੁਰਬਾਣੀ ਦਾ ਪਾਠ ਆਰੰਭ ਕਰਵਾ ਦਿੱਤਾ ਗਿਆ ਸੀ। ਇਸ ਆਪ੍ਰੇਸ਼ਨ ਦੀ ਅਗਵਾਈ ਲੈਫੀਨੈਂਟ ਜਨਰਲ ਕੇਐੱਸ ਬਰਾੜ ਨੇ ਕੀਤੀ ਸੀ। ਇਸ ਬਾਰੇ ਉਨ੍ਹਾਂ ਬਾਅਦ ਵਿੱਚ ✉ਆਪ੍ਰੇਸ਼ਨ ਬਲੂ ਸਟਾਰ ਅਸਲ ਕਹਾਣੀ' ਕਿਤਾਬ ਲਿਖੀ ਸੀ।



ਜਨਰਲ ਬਰਾੜ ਲਿਖਦੇ ਹਨ, "ਗਿਆਨੀ ਜ਼ੈਲ ਸਿੰਘ 8 ਜੂਨ 1984 ਦੀ ਸਵੇਰ ਹਰਿਮੰਦਰ ਸਾਹਿਬ ਆਏ ਅਤੇ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਗਿਆਨੀ ਸਾਹਿਬ ਸਿੰਘ ਅਤੇ ਲੈਫੀਨੈਂਟ ਜਨਰਲ ਕੇਐੱਸ ਬਰਾੜ ਨੇ ਘੰਟਾ ਘਰ ਪ੍ਰਵੇਸ਼ ਦੁਆਰ ਉੱਤੇ ਉਨ੍ਹਾਂ ਦਾ ਸਵਾਗਤ ਕੀਤਾ। ਜਰਨਲ ਬਰਾੜ ਲਿਖਦੇ ਹਨ, "ਗਿਆਨੀ ਜ਼ੈਲ ਸਿੰਘ ਅਕਾਲ ਤਖ਼ਤ ਦੀ ਨੁਕਸਾਨੀ ਇਮਾਰਤ ਦੇਖ ਕੇ ਉਦਾਸ ਸਨ, ਉਨ੍ਹਾਂ ਦੇ ਕਦਮ ਚਲਦੇ-ਚਲਦੇ ਰੁਕ ਰਹੇ ਸਨ।"

"ਮੁੱਖ ਗ੍ਰੰਥੀ ਨੇ ਕੰਧਾਂ ਉੱਤੇ ਵੱਜੀਆਂ ਗੋਲੀਆਂ ਦੇ ਨਿਸ਼ਾਨਾਂ ਵੱਲ ਇਸ਼ਾਰਾ ਕਰਦਿਆਂ ਗਿਆਨੀ ਜ਼ੈਲ ਸਿੰਘ ਨੂੰ ਦੱਸਿਆ ਕਿ ਭਾਰਤੀ ਫੌਜ ਨੇ ਹਰਿਮੰਦਰ ਸਾਹਿਬ ਦੀ ਬੇਅਦਬੀ ਕੀਤੀ ਹੈ।"

ਜੋਗਿੰਦਰਪਾਲ ਕੌਰ ਕਹਿੰਦੇ ਹਨ, "ਮੈਨੂੰ ਪਤਾ ਹੈ ਕਿ ਜਦੋਂ ਗਿਆਨੀ ਜ਼ੈਲ ਸਿੰਘ ਨੂੰ ਪਤਾ ਲੱਗਿਆ ਕਿ ਇੰਦਰਾ ਗਾਂਧੀ ਦੇ ਹੁਕਮ ਅਨੁਸਾਰ ਹਰਿਮੰਦਰ ਸਾਹਿਬ ਉੱਤੇ ਹਮਲਾ ਕਰ ਦਿੱਤਾ ਗਿਆ ਹੈ ਤਾਂ ਉਨ੍ਹਾਂ ਨੇ ਇੰਦਰਾ ਗਾਂਧੀ ਨੂੰ ਕਹਿ ਦਿੱਤਾ ਸੀ ਕਿ ਉਹ ਆਪਣੇ ਅੱਖੀਂ ਹਰਿਮੰਦਰ ਸਾਹਿਬ ਦੇਖਣਾ ਚਾਹੁੰਦੇ ਹਨ।"

"ਉੱਥੋਂ ਦਿੱਲੀ ਵਾਪਸ ਆ ਕੇ ਹੀ ਉਨ੍ਹਾਂ ਇੰਦਰਾ ਗਾਂਧੀ ਨਾਲ ਸਖ਼ਤ ਨਰਾਜ਼ਗੀ ਜਾਹਰ ਕੀਤੀ ਸੀ।"

ਗਿਆਨੀ ਜ਼ੈਲ ਸਿੰਘ ਵੱਲੋਂ ਇੰਦਰਾ ਗਾਂਧੀ ਸਾਹਮਣੇ ਪ੍ਰਗਟ ਕੀਤੀ ਨਾਰਾਜ਼ਗੀ ਦਾ ਜ਼ਿਕਰ ਕਿਤਾਬ "ਅੰਮ੍ਰਿਤਸਰ-ਸ਼੍ਰੀਮਤੀ ਗਾਂਧੀ ਦੀ ਆਖ਼ਰੀ ਲੜ੍ਹਾਈ "ਵਿੱਚ ਵੀ ਕੀਤਾ ਗਿਆ ਹੈ।

ਇਹ ਕਿਤਾਬ ਬੀਬੀਸੀ ਪੱਤਰਕਾਰ ਮਾਰਕ ਟਲੀ ਅਤੇ ਉਨ੍ਹਾਂ ਦੇ ਸਾਥੀ ਸਤੀਸ਼ ਜੈਕਬ ਨੇ ਲਿਖੀ ਸੀ।

ਕਿਤਾਬ ਵਿੱਚ ਲਿਖਿਆ ਗਿਆ ਹੈ, "ਹਮਲੇ ਮਗਰੋਂ ਗਿਆਨੀ ਜ਼ੈਲ ਸਿੰਘ ਨੇ ਇੰਦਰਾ ਗਾਂਧੀ ਨੂੰ ਸਾਫ਼ ਦੱਸ ਦਿੱਤਾ ਸੀ ਕਿ ਉਹ ਹਰਿਮੰਦਰ ਸਾਹਿਬ ਉੱਤੇ ਹੋਏ ਹਮਲੇ ਤੋਂ ਬਹੁਤ ਦੁਖੀ ਹਨ।"

"ਜਿਸ ਤੋਂ ਬਾਅਦ ਦੇਸ਼ ਦਾ ਪਹਿਲਾ ਸਿੱਖ ਰਾਸ਼ਟਰਪਤੀ ਆਪਣੇ ਅਹੁਦੇ ਤੋਂ ਅਸਤੀਫ਼ਾ ਦੇਣ ਬਾਰੇ ਸੋਚ ਰਿਹਾ ਸੀ। ਜਿਸ ਨਾਲ ਦੇਸ਼ ਵਿਚ ਸੰਵਿਧਾਨਿਕ ਸੰਕਟ ਪੈਦਾ ਹੋ ਜਾਂਦਾ ਅਤੇ ਵਿਰੋਧੀ ਧਿਰ ਇੰਦਰਾ ਗਾਂਧੀ ਨੂੰ ਪ੍ਰਧਾਨ ਮੰਤਰੀ ਦੇ ਅਹੁਦੇ ਤੋਂ ਅਸਤੀਫ਼ਾ ਦੇਣ ਲਈ ਮਜ਼ਬੂਰ ਵੀ ਕਰ ਸਕਦੀ ਸੀ।"

'ਇੰਦਰਾ ਗਾਂਧੀ ਨੇ ਗਿਆਨੀ ਜ਼ੈਲ ਸਿੰਘ ਤੋਂ ਮੰਗੀ ਮਾਫੀ'

ਜੋਗਿੰਦਰਪਾਲ ਕੌਰ ਇਹ ਵੀ ਦਾਅਵਾ ਕਰਦੇ ਹਨ ਕਿ ਇੱਕ ਪਾਸੇ ਜਿੱਥੇ ਜੂਨ 1984 ਵਿੱਚ ਅਕਾਲ ਤਖ਼ਤ ਉੱਤੇ ਹਮਲਾ ਅਤੇ ਅੰਮ੍ਰਿਤਸਰ ਵਿੱਚ ਕਰਫ਼ਿਊ ਲੱਗਿਆ ਹੋਇਆ ਸੀ, ਉਸ ਸਮੇਂ ਰਾਸ਼ਟਰਪਤੀ ਭਵਨ ਦੇ ਸਾਰੇ ਟੈਲੀਫੋਨ ਕਨੈਕਸ਼ਨ ਕਟਵਾ ਦਿੱਤੇ ਗਏ ਸਨ। ਰਾਸ਼ਟਰਪਤੀ ਅਮਲੇ ਨੂੰ ਨਹੀਂ ਪਤਾ ਸੀ ਕਿ ਪੰਜਾਬ ਵਿੱਚ ਕੀ ਹੋ ਰਿਹਾ ਹੈ।

ਜੋਗਿੰਦਰਪਾਲ ਕੌਰ ਮੁਤਾਬਕ, "ਜਦੋਂ ਇੰਦਰਾ ਗਾਂਧੀ ਨੂੰ ਪਤਾ ਲੱਗਿਆ ਕਿ ਗਿਆਨੀ ਜ਼ੈਲ ਸਿੰਘ ਉਨ੍ਹਾਂ ਤੋਂ ਨਾਰਾਜ਼ ਹਨ ਤਾਂ ਉਹ ਫੌਜੀ ਹਮਲੇ ਦੇ ਅਗਲੇ ਹੀ ਦਿਨ ਰਾਸ਼ਟਰਪਤੀ ਭਵਨ ਆਏ। ਉਨ੍ਹਾਂ ਨੇ ਆ ਕੇ ਗਿਆਨੀ ਜ਼ੈਲ ਸਿੰਘ ਤੋਂ ਮੁਆਫ਼ੀ ਮੰਗੀ।"

"ਪਰ ਇੰਦਰਾ ਗਾਂਧੀ ਨੂੰ ਸਿਵਾਏ ਅਫਸੋਸ ਤੋਂ ਹੋਰ ਕੋਈ ਗੱਲ ਨਹੀਂ ਔੜ ਸਕੀ। ਉਨ੍ਹਾਂ ਨੇ ਗਿਆਨੀ ਜ਼ੈਲ ਸਿੰਘ ਨੂੰ ਬਸ ਇਹ ਕਿਹਾ ਕਿ ਮੈਂ ਇਸ ਸਭ ਦੇ ਲਈ ਮਾਫ਼ੀ ਮੰਗਦੀ ਹਾਂ।"

ਗਿਆਨੀ ਜ਼ੈਲ ਸਿੰਘ ਨੇ ਕਿਉਂ ਨਹੀਂ ਦਿੱਤਾ ਅਸਤੀਫ਼ਾ?

ਜੋਗਿੰਦਰਪਾਲ ਕੌਰ ਕਹਿੰਦੇ ਹਨ ਕਿ ਸਿੱਖ ਅਕਸਰ ਇਹ ਸ਼ਿਕਵਾ ਕਰਦੇ ਹਨ ਕਿ ਗਿਆਨੀ ਜ਼ੈਲ ਸਿੰਘ ਨੇ ਅਕਾਲ ਤਖ਼ਤ ਉੱਤੇ ਫੌਜੀ ਕਾਰਵਾਈ ਦੇ ਵਿਰੋਧ ਵਿੱਚ ਆਪਣੇ ਅਹੁਦੇ ਤੋਂ ਅਸਤੀਫ਼ਾ ਕਿਉਂ ਨਹੀਂ ਦਿੱਤਾ। ਪਰ ਉਹ ਗਿਆਨੀ ਜੀ ਦੀ ਦੁਵਿਧਾ ਨੂੰ ਨਹੀਂ ਸਮਝ ਪਾਉਂਦੇ।

"ਗਿਆਨੀ ਜ਼ੈਲ ਸਿੰਘ ਸਿਰਫ਼ ਸਿੱਖਾਂ ਦੇ ਨੁਮਾਇੰਦੇ ਨਹੀਂ ਸਨ, ਉਹ ਸਾਰੇ ਧਰਮਾਂ ਦੇ ਰਾਸ਼ਟਰਪਤੀ ਸਨ।"

ਜੋਗਿੰਦਰਪਾਲ ਕੌਰ ਦਾਅਵਾ ਕਰਦੇ ਹਨ ਕਿ ਉਹ ਆਪਣੇ ਅਹੁਦੇ ਤੋਂ ਅਸਤੀਫ਼ਾ ਦੇਣਾ ਚਾਹੁੰਦੇ ਸਨ ਪਰ ਉਨ੍ਹਾਂ ਨੂੰ ਕਰੀਬੀਆਂ ਨੇ ਇਹੀ ਸਲਾਹ ਦਿੱਤੀ ਕਿ ਜੇਕਰ ਤੁਸੀਂ ਅਸਤੀਫ਼ਾ ਦੇ ਦਿੱਤਾ ਤਾਂ ਪੂਰੇ ਦੇਸ਼ ਵਿੱਚ ਲੋਕ ਸਿੱਖਾਂ ਦੇ ਖ਼ਿਲਾਫ਼ ਹੋ ਜਾਣਗੇ।

ਜੋਗਿੰਦਰਪਾਲ ਕਹਿੰਦੇ ਹਨ ਕਿ ਜਦੋਂ ਸਿੱਖ ਫੌਜੀ ਅਫਸਰਾਂ ਨੇ ਇਹ ਚਿਤਾਵਨੀ ਦਿੱਤੀ ਕਿ ਫੌਜ ਵਿੱਚ ਜਿੰਨੇ ਵੀ ਸਿੱਖ ਹਨ ਸਾਰੇ ਅਸਤੀਫ਼ਾ ਦੇਣਗੇ, ਇਸ ਤੋਂ ਬਾਅਦ ਉਹ ਦੁਵਿਧਾ ਵਿੱਚ ਪੈ ਗਏ ਸਨ।

"ਦੇਸ ਅੰਦਰ ਸਿੱਖਾਂ ਲਈ ਨਫ਼ਰਤ ਨਾ ਵੱਧ ਜਾਵੇ ਇਸ ਕਰ ਕੇ ਉਨ੍ਹਾਂ ਨੂੰ ਅਸਤੀਫ਼ਾ ਦੇਣਾ ਸਹੀ ਨਾ ਲੱਗਿਆ। ਉਹ ਕਹਿੰਦੇ ਸਨ ਕਿ ਸਿੱਖ ਵਿਦੇਸ਼ਾਂ ਵਿੱਚ ਵੀ ਬੈਠੇ ਹਨ, ਮੇਰਾ ਅਸਤੀਫ਼ਾ ਸਿੱਖਾਂ ਦੀਆਂ ਮੁਸ਼ਕਲਾਂ ਹੋਰ ਵਧਾ ਨਾ ਦੇਵੇ।"

'ਅੰਮ੍ਰਿਤਸਰ- ਇੰਦਰਾ ਗਾਂਧੀ ਦੀ ਆਖ਼ਰੀ ਲੜਾਈ' ਕਿਤਾਬ ਵਿੱਚ ਵੀ ਲੇਖਕ ਨੇ ਲਿਖਿਆ ਹੈ ਕਿ ਹਰਿਮੰਦਰ ਸਾਹਿਬ ਦੇ ਦਰਸ਼ਨ ਕਰਨ ਮਗਰੋਂ ਜਦੋਂ ਗਿਆਨੀ ਜ਼ੈਲ ਸਿੰਘ ਦਿੱਲੀ ਵਾਪਸ ਪਰਤੇ ਤਾਂ ਉਨ੍ਹਾਂ ਨੇ ਆਪਣੇ ਅਹੁਦੇ ਤੋਂ ਅਸਤੀਫ਼ਾ ਨਾ ਦੇਣ ਦਾ ਫ਼ੈਸਲਾ ਕੀਤਾ ਸੀ।





# ਮਾਝਾ-ਦੁਆਬਾ

ਆਸ ਪਾਸ



## ਵੋਟਰ ਸੂਚੀਆਂ ਦੀ ਸਪੈਸ਼ਲ ਇੰਟੈਂਸਿਵ ਰਿਵੀਜ਼ਨ ਸਬੰਧੀ ਸੋਧੀ ਹੋਈ ਸਮਾਂ ਸਾਰਨੀ ਜਾਰੀ



ਅੰਮ੍ਰਿਤਸਰ, 2 ਜੂਨ (ਗੁਰਦਿਆਲ ਸਿੰਘ/ਬਬਲੂ ਮਹਾਜਨ) : ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਦਲਵਿੰਦਰਜੀਤ ਸਿੰਘ ਨੇ ਅਧਿਕਾਰੀਆਂ ਨਾਲ ਮੀਟਿੰਗ ਦੌਰਾਨ ਦੱਸਿਆ ਕਿ ਸੋਧੇ ਹੋਏ ਪ੍ਰੋਗਰਾਮ ਅਨੁਸਾਰ ਜ਼ਿਲ੍ਹੇ ਵਿੱਚ ਵੋਟਰ ਸੂਚੀਆਂ ਦਾ ਖਰੜਾ ਹੁਣ 3 ਅਗਸਤ 2026 ਨੂੰ ਪ੍ਰਕਾਸ਼ਿਤ ਕੀਤਾ ਜਾਵੇਗਾ ਅਤੇ ਦਾਅਵੇ ਤੇ ਇਤਰਾਜ਼ 3 ਅਗਸਤ ਤੋਂ 2 ਸਤੰਬਰ 2026 ਤੱਕ ਪ੍ਰਾਪਤ ਕੀਤੇ ਜਾਣਗੇ। ਨੋਟਿਸ ਪੜਾਅ/ਦਾਅਵਿਆਂ ਤੇ ਇਤਰਾਜ਼ਾਂ ਦਾ ਨਿਪਟਾਰਾ 3 ਅਗਸਤ ਤੋਂ 28 ਸਤੰਬਰ 2026 ਤੱਕ ਕੀਤਾ ਜਾਵੇਗਾ।ਜ਼ਿਲ੍ਹਾ ਚੋਣ ਅਧਿਕਾਰੀ ਨੇ ਦੱਸਿਆ ਕਿ ਬਾਕੀ ਸਮਾਂ ਸਾਰਣੀ 14 ਮਈ 2026 ਨੂੰ ਜਾਰੀ ਨੋਟੀਫਿਕੇਸ਼ਨ ਅਨੁਸਾਰ ਹੀ ਰਹੇਗੀ, ਜਿਸ ਤਹਿਤ 15 ਜੂਨ ਤੋਂ 24 ਜੂਨ 2026 ਤੱਕ ਤਿਆਰੀ, ਸਿਖ਼ਲਾਈ ਅਤੇ ਛਪਾਈ ਦਾ ਕੰਮ ਕੀਤਾ ਜਾਵੇਗਾ ਅਤੇ 25 ਜੂਨ ਤੋਂ 24 ਜੁਲਾਈ 2026 ਤੱਕ ਬੂਥ ਲੈਵਲ ਅਫ਼ਸਰ (ਬੀ.ਐਲ.ਓ.) ਵੱਲੋਂ ਘਰ-ਘਰ ਜਾ ਕੇ ਵੋਟਰਾਂ ਪਾਸੋਂ ਫਾਰਮ ਭਰਵਾਏ ਜਾਣਗੇ। ਅੰਤਿਮ ਵੋਟਰ ਸੂਚੀ ਦੀ ਪ੍ਰਕਾਸ਼ਨਾ 1 ਅਕਤੂਬਰ 2026 ਨੂੰ ਕੀਤੀ ਜਾਵੇਗੀ।ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਦੇ 1971179 ਵੋਟਰਾਂ ਵਿੱਚੋਂ ਐੱਸ.ਆਈ.ਆਰ ਮੈਪਿੰਗ ਤਹਿਤ 1739946 ਵੋਟਰ (88.27 ਫੀਸਦੀ) ਵੋਟਰ ਸੂਚੀ ਨਾਲ ਮੈਪ ਕੀਤੇ ਜਾ ਚੁੱਕੇ ਹਨ। ਉਨ੍ਹਾਂ ਦੱਸਿਆ ਕਿ ਸੀ.ਈ.ਓ. ਪੰਜਾਬ ਦੀਆਂ ਹਦਾਇਤਾਂ ਅਨੁਸਾਰ 2003 ਦੀ ਵੋਟਰ ਸੂਚੀ ਨਾਲ ਵੋਟਰ ਮੈਪਿੰਗ ਦੀ ਵਿਸ਼ੇਸ਼ ਸਹੂਲਤ ਦੇਣ ਲਈ 7 ਜੂਨ 2026 ਨੂੰ ਸਵੇਰੇ 10 ਤੋਂ ਸ਼ਾਮ 4 ਵਜੇ ਤੱਕ ਬੂਥ ਪੱਧਰ 'ਤੇ ਵਿਸ਼ੇਸ਼ ਕੈਂਪ ਲਗਾਇਆ ਜਾ ਰਿਹਾ ਹੈ, ਜਿਸ ਦੌਰਾਨ ਬੀ.ਐਲ.ਓਜ਼ ਵੋਟਰਾਂ ਦੀ ਸਹੂਲਤ ਲਈ ਆਪਣੇ ਬੂਥਾਂ 'ਤੇ ਮੌਜੂਦ ਰਹਿਣਗੇ।

## ਨਵੀਆਂ ਵਿਕਸਿਤ ਹੋ ਰਹੀਆਂ ਅਣ ਅਧਿਕਾਰਿਤ ਕਲੋਨੀਆਂ 'ਤੇ ਚੱਲਿਆ ਪੀਲਾ ਪੰਜਾ

### *ਅੰਮ੍ਰਿਤਸਰ ਵਿਕਾਸ ਅਥਾਰਟੀ, ਪੁੱਡਾ ਦੇ ਰੈਗੂਲੇਟਰੀ ਵਿੰਗ ਵੱਲੋਂ ਕੀਤੀ ਗਈ ਕਾਰਵਾਈ*



ਅੰਮ੍ਰਿਤਸਰ, 2 ਜੂਨ (ਗੁਰਦਿਆਲ ਸਿੰਘ/ਬਬਲੂ ਮਹਾਜਨ) : ਪੰਜਾਬ ਸਰਕਾਰ ਵੱਲੋਂ ਜਾਰੀ ਦਿਸ਼ਾ ਨਿਰਦੇਸ਼ਾਂ ਤਹਿਤ ਏਡੀਏ ਦੇ ਮੁੱਖ ਪ੍ਰਸ਼ਾਸਕ ਨਿਤੇਸ਼ ਕੁਮਾਰ ਜੈਨ, ਆਈ.ਏ.ਐਸ ਅਤੇ ਵਧੀਕ ਮੁੱਖ ਪ੍ਰਸ਼ਾਸਕ ਇਨਾਯਤ, ਪੀ.ਸੀ.ਐਸ ਵੱਲੋਂ ਜਾਰੀ ਹੁਕਮਾਂ ਦੀ ਪਾਲਣਾ ਕਰਦੇ ਹੋਏ ਸਹਾਇਕ ਨਗਰ ਯੋਜਨਕਾਰ ਸਮੇਤ ਰੈਗੂਲੇਟਰੀ ਵਿੰਗ ਵੱਲੋਂ ਪਿੰਡ ਚਾਟੀਵਿੰਡ ਵਿਖੇ ਲਿੰਕ ਰੋਡ ਉੱਪਰ ਕਿੰਗ ਐਵੀਨਿਊ ਅਤੇ ਇੱਕ ਹੋਰ ਅਣ-ਅਧਿਕਾਰਤ ਕਲੋਨੀ ਵਿਰੁੱਧ ਕਾਰਵਾਈ ਕਰਦੇ ਹੋਏ ਦੋਨੋਂ ਕਲੋਨੀਆਂ ਨੂੰ ਢਾਹ ਦਿੱਤਾ ਗਿਆ।ਰੈਗੂਲੇਟਰੀ ਵਿੰਗ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਭਵਿੱਖ ਦੇ ਵਿਕਾਸ ਨੂੰ ਨਿਯੰਤਰਣ ਕਰਨ ਲਈ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਪਿੰਡ ਚਾਟੀਵਿੰਡ ਵਿਖੇ ਵਿਕਸਿਤ ਕੀਤੀਆਂ ਜਾ ਰਹੀਆਂ ਨਵੀਆਂ ਅਣ-ਅਧਿਕਾਰਤ ਕਲੋਨੀਆਂ ਨੂੰ ਪਾਪਰਾ ਐਕਟ-1995 ਅਧੀਨ ਨੋਟਿਸ ਜਾਰੀ ਕਰਦਿਆਂ ਕੰਮ ਬੰਦ ਕਰਵਾਉਂਦੇ ਹੋਏ ਇਹਨਾਂ ਵਿਰੁੱਧ 02 ਜੂਨ 2026 ਰਾਹੀਂ ਡੈਮੋਲੀਸ਼ਨ ਦੀ ਕਾਰਵਾਈ ਕੀਤੀ ਗਈ ਹੈ। ਉਹਨਾਂ ਦੱਸਿਆ ਕਿ ਇਹਨਾਂ ਅਣ-ਅਧਿਕਾਰਤ ਕਲੋਨੀਆਂ ਦੇ ਮਾਲਕਾਂ ਨੇ ਸਰਕਾਰੀ ਨਿਯਮਾਂ ਦੀਆਂ ਧੱਜੀਆਂ ਉਡਾਈਆਂ ਅਤੇ ਨੋਟਿਸ ਜਾਰੀ ਹੋਣ ਦੇ ਬਾਵਜੂਦ ਉਕਤ ਅਣ-ਅਧਿਕਾਰਤ ਕਲੋਨੀਆਂ ਸਬੰਧੀ ਸਪੱਸ਼ਟੀਕਰਨ ਦੇਣ ਦੀ ਬਜਾਏ ਮੌਕੇ ਤੇ ਵਿਕਾਸ ਦੇ ਕੰਮਾਂ ਨੂੰ ਜਾਰੀ ਰੱਖਿਆ ਗਿਆ, ਜਿਸ ਦੇ ਤਹਿਤ ਉੱਚ ਅਧਿਕਾਰੀਆਂ ਦੇ ਹੁਕਮਾਂ ਤਹਿਤ ਉਕਤ ਕਾਰਵਾਈ ਅਮਲ ਵਿੱਚ ਲਿਆਂਦੀ ਗਈ। ਰੈਗੂਲੇਟਰੀ ਵਿੰਗ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਪਿੰਡ ਚਾਟੀਵਿੰਡ ਵਿਖੇ ਬਣ ਰਹੀ ਅਣ-ਅਧਿਕਾਰਤ ਕਲੋਨੀ ਨੂੰ ਵਿਭਾਗ ਵੱਲੋਂ ਨੋਟਿਸ ਜਾਰੀ ਕਰਦੇ ਹੋਏ ਕਈ ਵਾਰ ਉਸਾਰੀ ਦਾ ਕੰਮ ਰੋਕਿਆ ਗਿਆ ਸੀ, ਜਿਸਦੇ ਬਾਵਜੂਦ ਕਲੋਨੀਕਾਰ ਵੱਲੋਂ ਮੌਕੇ 'ਤੇ ਉਸਾਰੀ ਦਾ ਕੰਮ ਜਾਰੀ ਰੱਖਿਆ ਜਾ ਰਿਹਾ ਸੀ, ਜਿਸ ਕਰਕੇ ਉੱਚ ਅਧਿਕਾਰੀਆਂ ਵੱਲੋਂ ਇਸ ਅਣ-ਅਧਿਕਾਰਤ ਕਲੋਨੀ ਨੂੰ ਢਾਹੁਣ ਸਬੰਧੀ ਹੁਕਮ ਜਾਰੀ ਕੀਤੇ ਗਏ ਸਨ। ਉਕਤ ਹੁਕਮਾਂ ਨੂੰ ਅਮਲ ਵਿੱਚ ਲਿਆਉਣ ਅਤੇ ਮੌਕੇ 'ਤੇ ਲਾਅ ਅਤੇ ਆਰਡਰ ਦੀ ਸਥਿਤੀ ਨੂੰ ਬਹਾਲ ਰੱਖਣ ਹਿੱਤ ਲੋੜੀਂਦੀ ਪੁਲਿਸ ਫੋਰਸ ਮੁਹੱਈਆ ਕਰਵਾਉਣ ਲਈ ਸੀਨੀਅਰ ਪੁਲਿਸ ਕਪਤਾਨ ਨੂੰ ਉਕਤ ਹੁਕਮਾ ਦੀ ਕਾਪੀ ਕਰਦੇ ਹੋਏ ਲਿਖਿਆ ਗਿਆ ਸੀ, ਪਰੰਤੂ ਇਸ ਸਬੰਧੀ ਡਿਪਟੀ ਕਮਿਸ਼ਨਰ ਅਤੇ ਥਾਣਾ ਚਾਟੀਵਿੰਡ ਦੇ ਅਧਿਕਾਰੀਆਂ ਨਾਲ ਵਾਰ-ਵਾਰ ਸੰਪਰਕ ਕਰਨ ਦੇ ਬਾਵਜੂਦ ਉਹਨਾ ਵੱਲੋਂ ਲੋੜੀਂਦੀ ਪੁਲਿਸ ਫੋਰਸ ਮੁਹੱਈਆ ਨਾ ਕਰਵਾਉਣ ਦੇ ਕਾਰਨ ਉਕਤ ਕਲੋਨੀ ਖਿਲਾਫ ਡੈਮੋਲੀਸ਼ਨ ਦੀ ਕਾਰਵਾਈ ਅਮਲ ਵਿੱਚ ਨਹੀਂ ਲਿਆਂਦੀ ਜਾ ਸਕੀ, ਜਿਸ ਦੇ ਚਲਦੇ ਅੱਜ ਦੁਬਾਰਾ ਡੈਮੋਲੀਸ਼ਨ ਦੀ ਕਾਰਵਾਈ ਕੀਤੀ ਗਈ। ਇਸ ਤੋਂ ਇਲਾਵਾ ਪਿੰਡ ਚਾਟੀਵਿੰਡ ਵਿਖੇ ਵਿਕਸਿਤ ਕਿੰਗ ਐਵੀਨਿਊ ਖਿਲਾਫ ਪਹਿਲਾਂ ਵੀ ਮਿਤੀ 14/02/2025 ਰਾਹੀਂ ਡੈਮੋਲੀਸ਼ਨ ਦੀ ਕਾਰਵਾਈ ਕੀਤੀ ਗਈ ਸੀ, ਪਰ ਕਲੋਨੀ ਦੇ ਮਾਲਕਾਂ ਵੱਲੋਂ ਹੁਣ ਮੌਕੇ 'ਤੇ ਦੁਬਾਰਾ ਵਿਕਾਸ ਦੇ ਕੰਮ ਸ਼ੁਰੂ ਕਰ ਲਏ ਸਨ, ਜਿਸ ਕਰਕੇ ਹੁਣ ਨਵੇਂ ਕੀਤੇ ਵਿਕਾਸ ਕਾਰਜਾਂ ਨੂੰ ਮੁੜ ਢਾਹਿਆ ਗਿਆ।

## ਚੇਅਰਮੈਨ ਲਖਵਿੰਦਰ ਸਿੰਘ ਵੱਲੋਂ ਤੀਰਥ ਯਾਤਰਾ ਬੱਸ ਹਰੀ ਝੰਡੀ ਦੇ ਕੇ ਰਵਾਨਾ




ਚੋਗਾਵਾਂ, 2 ਜੂਨ (ਸੁਬੇਗ ਸਿੰਘ ਸੋਨਾ): ਮੁੱਖ ਮੰਤਰੀ ਪੰਜਾਬ ਸਰਦਾਰ ਭਗਵੰਤ ਸਿੰਘ ਮਾਨ ਵੱਲੋਂ ਤੀਰਥ ਯਾਤਰਾ ਯੋਜਨਾ ਦੇ ਉਪਰਾਲੇ ਤਹਿਤ ਸ਼ਰਧਾਲੂਆਂ ਨੂੰ ਧਾਰਮਿਕ ਅਸਥਾਨਾਂ ਦੇ ਦਰਸ਼ਨ ਕਰਵਾਏ ਜਾ ਰਹੇ ਹਨ। ਇਸ ਤਹਿਤ ਅੱਜ ਹਲਕਾ ਰਾਜਾਸਾਂਸੀ ਦੇ ਅਧੀਨ ਆਉਂਦੇ ਸਰਹੱਦੀ ਪਿੰਡ ਭਿੰਡੀ ਸੈਦਾ ਤੋਂ ਸ਼ਰਧਾਲੂਆਂ ਦੇ ਜਥੇ ਦੀ 18 ਵੀ ਬੱਸ ਹਲਕਾ ਇੰਚਾਰਜ ਮੈਡਮ ਸੋਨੀਆ ਮਾਨ ਦੀ ਅਗਵਾਈ ਹੇਠ ਲਖਵਿੰਦਰ ਸਿੰਘ ਲੱਖਾ ਭਿੰਡੀ ਸੈਦਾਂ ਨਾਲ ਉਹਨਾਂ ਦੀ ਮਾਤਾ ਚੇਅਰਮੈਨ ਭਜਨ ਕੌਰ ਵਲੋਂ ਹਰੀ ਝੰਡੀ ਦੇ ਕੇ ਸ਼ਰਧਾਲੂਆਂ ਦੀ ਬੱਸ ਰਵਾਨਾ ਕੀਤੀ ਗਈ। ਇਸ ਮੌਕੇ ਉਹਨਾਂ ਦੇ ਨਾਲ ਜਿਲਾ ਪ੍ਰੀਸ਼ਦ ਮੈਂਬਰ ਰੇਸ਼ਮ ਵੜੈਚ, ਵਿਰਾਸਤ ਸੇਵਾ ਸੰਗਠਨ ਦੇ ਇੰਚਾਰਜ ਅੰਮ੍ਰਿਤਪਾਲ ਸਿੰਘ ਸਹੂਰਾ ਨਾਲ ਮੌਜੂਦ ਸਨ। ਇਸ ਮੌਕੇ ਚੇਅਰਮੈਨ ਲਖਵਿੰਦਰ ਸਿੰਘ ਨੇ ਦੱਸਿਆ ਕਿ ਇਹ ਸ਼ਰਧਾਲੂਆਂ ਦਾ ਜਥਾ ਸ੍ਰੀ ਅਨੰਦਪੁਰ ਸਾਹਿਬ, ਕੀਰਤਪੁਰ ਸਾਹਿਬ, ਨੈਣਾਂ ਦੇਵੀ ਅਤੇ ਹੋਰ ਕਈ ਗੁਰੂਧਾਮਾਂ ਦੇ ਦਰਸ਼ਨ ਦੀਦਾਰ ਕਰਨ ਲਈ ਰਵਾਨਾ ਕੀਤਾ ਹੈ। ਇਸ ਮੌਕੇ 'ਤੇ ਸ਼ਮਸ਼ੇਰ ਸਿੰਘ, ਸੁਰਜੀਤ ਸਿੰਘ ਬੌਬੀ ਗੁਲਗੜ੍ਹ, ਬਿੱਲਾ ਸਿੰਘ, ਬਗੀਚਾ ਸਿੰਘ, ਨਿਸ਼ਾਨ ਸਿੰਘ, ਸੁਰਿੰਦਰ ਸਿੰਘ ਫੌਜੀ, ਗੋਪੀ, ਭਾਗ ਸਿੰਘ ਹੇਤਮਪੁਰਾ, ਸੁਖਮਨਪ੍ਰੀਤ ਕੌਰ ਪੱਧਰੀ, ਸੁਖਦੇਵ ਸਿੰਘ ਜੈਰਾਮਕੋਟ, ਮਨਜੋਤ ਕੌਰ ਪੱਧਰੀ, ਹਰਮਨਦੀਪ ਕੌਰ ਆਦਿ ਹਾਜ਼ਰ ਸਨ।

## ਮੋਗਾ ਪੁਲਿਸ ਵੱਲੋਂ ਵਪਾਰਕ ਯੂਨੀਅਨਾਂ ਦੇ ਨੁਮਾਇੰਦਿਆਂ ਨਾਲ ਮੀਟਿੰਗ



ਮੋਗਾ, 2 ਜੂਨ (ਗੁਰਦੇਵ ਖੁਰਾਣਾ, ਨਿਸ਼ੀ ਮਨਚੰਦਾ) : ਐੱਸ.ਐੱਸ.ਪੀ. ਮੋਗਾ ਸਰਤਾਜ ਸਿੰਘ ਚਾਹਲ, ਐੱਸ.ਪੀ. (ਡੀ) ਮੋਗਾ ਬਾਲ ਕ੍ਰਿਸ਼ਨ ਸਿੰਗਲਾ ਅਤੇ ਡੀ.ਐੱਸ.ਪੀ. ਸਿਟੀ ਮੋਗਾ ਜਤਿੰਦਰ ਸਿੰਘ ਗਿੱਲ ਵੱਲੋਂ ਵੱਖ-ਵੱਖ ਵਪਾਰਕ ਯੂਨੀਅਨਾਂ ਦੇ ਨੁਮਾਇੰਦਿਆਂ ਨਾਲ ਇੱਕ ਅਹਿਮ ਮੀਟਿੰਗ ਕੀਤੀ ਗਈ। ਇਸ ਮੀਟਿੰਗ ਦਾ ਉਦੇਸ਼ ਵਪਾਰਕ ਵਰਗ ਦੀਆਂ ਸਮੱਸਿਆਵਾਂ, ਚਿੰਤਾਵਾਂ ਅਤੇ ਸੁਝਾਵਾਂ ਨੂੰ ਸੁਣਨਾ ਅਤੇ ਪੁਲਿਸ-ਜਨਤਾ ਤਾਲਮੇਲ ਨੂੰ ਹੋਰ ਮਜ਼ਬੂਤ ਬਣਾਉਣਾ ਸੀ।ਮੀਟਿੰਗ ਦੌਰਾਨ ਵਪਾਰਕ ਯੂਨੀਅਨਾਂ ਦੇ ਨੁਮਾਇੰਦਿਆਂ ਨੇ ਆਪਣੇ ਖੇਤਰ ਨਾਲ ਸਬੰਧਤ ਵੱਖ-ਵੱਖ ਮੁੱਦੇ ਅਤੇ ਸੁਝਾਅ ਪੁਲਿਸ ਅਧਿਕਾਰੀਆਂ ਸਾਹਮਣੇ ਰੱਖੇ। ਪੁਲਿਸ ਅਧਿਕਾਰੀਆਂ ਵੱਲੋਂ ਸਾਰੇ ਮੁੱਦਿਆਂ ਨੂੰ ਧਿਆਨਪੂਰਵਕ ਸੁਣਿਆ ਗਿਆ ਅਤੇ ਭਰੋਸਾ ਦਿਵਾਇਆ ਗਿਆ ਕਿ ਜਾਇਜ਼ ਮੰਗਾਂ ਅਤੇ ਸਮੱਸਿਆਵਾਂ ਦੇ ਨਿਪਟਾਰੇ ਲਈ ਲੋੜੀਂਦੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

ਇਸ ਮੌਕੇ ਅਧਿਕਾਰੀਆਂ ਨੇ ਕਿਹਾ ਕਿ ਮੋਗਾ ਪੁਲਿਸ ਲੋਕਾਂ ਦੀ ਸੁਰੱਖਿਆ, ਅਮਨ-ਕਾਨੂੰਨ ਦੀ ਸਥਿਤੀ ਨੂੰ ਹੋਰ ਮਜ਼ਬੂਤ ਬਣਾਉਣ ਅਤੇ ਜਨਤਾ ਨਾਲ ਬਿਹਤਰ ਤਾਲਮੇਲ ਕਾਇਮ ਰੱਖਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਭਾਈਚਾਰਕ ਪੁਲਿਸਿੰਗ ਨੂੰ ਉਤਸ਼ਾਹਿਤ ਕਰਨ ਅਤੇ ਲੋਕਾਂ ਦੀਆਂ ਸਮੱਸਿਆਵਾਂ ਦਾ ਸਮੇਂ ਸਿਰ ਹੱਲ ਯਕੀਨੀ ਬਣਾਉਣ ਲਈ ਅਜਿਹੀਆਂ ਮੀਟਿੰਗਾਂ ਭਵਿੱਖ ਵਿੱਚ ਵੀ ਜਾਰੀ ਰਹਿਣਗੀਆਂ।ਐੱਸ.ਐੱਸ.ਪੀ.ਸਰਤਾਜ ਸਿੰਘ ਚਾਹਲ ਨੇ ਕਿਹਾ ਕਿ ਮੋਗਾ ਪੁਲਿਸ ਹਮੇਸ਼ਾ ਲੋਕਾਂ ਦੀ ਸੇਵਾ ਅਤੇ ਸੁਰੱਖਿਆ ਲਈ ਤਤਪਰ ਹੈ ਅਤੇ ਸਮਾਜ ਦੇ ਹਰ ਵਰਗ ਨਾਲ ਮਿਲ ਕੇ ਇੱਕ ਸੁਰੱਖਿਅਤ ਅਤੇ ਸ਼ਾਂਤਮਈ ਮਾਹੌਲ ਬਣਾਈ ਰੱਖਣ ਲਈ ਕੰਮ ਕਰ ਰਹੀ ਹੈ। ਵਪਾਰਕ ਯੂਨੀਅਨਾਂ ਦੇ ਨੁਮਾਇੰਦਿਆਂ ਨੇ ਵੀ ਪੁਲਿਸ ਪ੍ਰਸ਼ਾਸਨ ਨੂੰ ਪੂਰਾ ਸਹਿਯੋਗ ਦੇਣ ਦਾ ਭਰੋਸਾ ਦਿੱਤਾ।ਮੀਟਿੰਗ ਸੁਖਾਵੇਂ ਅਤੇ ਸਹਿਯੋਗੀ ਮਾਹੌਲ ਵਿੱਚ ਸੰਪੰਨ ਹੋਈ ਅਤੇ ਇਸ ਦੌਰਾਨ ਪੁਲਿਸ ਅਤੇ ਵਪਾਰਕ ਵਰਗ ਦਰਮਿਆਨ ਆਪਸੀ ਭਰੋਸੇ ਅਤੇ ਤਾਲਮੇਲ ਨੂੰ ਹੋਰ ਮਜ਼ਬੂਤ ਕਰਨ ਉੱਤੇ ਜ਼ੋਰ ਦਿੱਤਾ ਗਿਆ।

## ਜ਼ਿਲ੍ਹਾ ਵਾਟਰ ਅਤੇ ਸੈਨੀਟੇਸ਼ਨ ਮਿਸ਼ਨ ਦੀ ਮੀਟਿੰਗ ਵਿੱਚ ਸਵੱਛ ਭਾਰਤ ਮਿਸ਼ਨ ਦੇ ਕੰਮਾਂ ਦੀ ਸਮੀਖਿਆ




ਅੰਮ੍ਰਿਤਸਰ, 2 ਜੂਨ (ਬਬਲੂ ਮਹਾਜਨ) : ਡਿਪਟੀ ਕਮਿਸ਼ਨਰ ਅੰਮ੍ਰਿਤਸਰ ਸ੍ਰੀ ਦਲਵਿੰਦਰਜੀਤ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਹੇਠ ਵਧੀਕ ਡਿਪਟੀ ਕਮਿਸ਼ਨਰ (ਜਨਰਲ) ਸ੍ਰੀ ਰੁਪਿੰਦਰ ਪਾਲ ਸਿੰਘ ਦੀ ਪ੍ਰਧਾਨਗੀ ਹੇਠ ਅੱਜ ਜ਼ਿਲ੍ਹਾ ਵਾਟਰ ਅਤੇ ਸੈਨੀਟੇਸ਼ਨ ਮਿਸ਼ਨ ਦੀ ਆਨਲਾਈਨ ਵੀਡੀਓ ਕਾਨਫਰੰਸ ਰਾਹੀਂ ਮੀਟਿੰਗ ਆਯੋਜਿਤ ਕੀਤੀ ਗਈ। ਮੀਟਿੰਗ ਦੌਰਾਨ ਸਵੱਛ ਭਾਰਤ ਮਿਸ਼ਨ (ਗ੍ਰਾਮੀਣ) ਫੇਜ਼-2 ਅਤੇ ਜਲ ਜੀਵਨ ਮਿਸ਼ਨ ਤਹਿਤ ਜ਼ਿਲ੍ਹੇ ਵਿੱਚ ਚੱਲ ਰਹੇ ਵਿਕਾਸ ਕਾਰਜਾਂ ਅਤੇ ਵੱਖ-ਵੱਖ ਸਕੀਮਾਂ ਦੀ ਪ੍ਰਗਤੀ ਦਾ ਵਿਸਥਾਰ ਨਾਲ ਜਾਇਜ਼ਾ ਲਿਆ ਗਿਆ।ਮੀਟਿੰਗ ਦੌਰਾਨ ਜ਼ਿਲ੍ਹਾ ਸੈਨੀਟੇਸ਼ਨ ਕਮ ਕਾਰਜਕਾਰੀ ਇੰਜੀਨੀਅਰ, ਜਲ ਸਪਲਾਈ ਅਤੇ ਸੈਨੀਟੇਸ਼ਨ ਮੰਡਲ ਨੰਬਰ-3 ਅੰਮ੍ਰਿਤਸਰ ਸ੍ਰੀ ਚਰਨਦੀਪ ਸਿੰਘ ਨੇ ਦੱਸਿਆ ਕਿ ਸਵੱਛ ਭਾਰਤ ਮਿਸ਼ਨ (ਗ੍ਰਾਮੀਣ) ਫੇਜ਼-2 ਤਹਿਤ ਜ਼ਿਲ੍ਹਾ ਅੰਮ੍ਰਿਤਸਰ ਵਿੱਚ ਤਰਲ ਕੂੜਾ ਪ੍ਰਬੰਧਨ ਲਈ 806 ਗ੍ਰਾਮ ਪੰਚਾਇਤਾਂ ਨੂੰ 2518 ਲੱਖ ਰੁਪਏ ਦੇ ਫੰਡ ਜਾਰੀ ਕੀਤੇ ਜਾ ਚੁੱਕੇ ਹਨ। ਇਸ ਤੋਂ ਇਲਾਵਾ ਠੋਸ ਕੂੜਾ ਪ੍ਰਬੰਧਨ ਲਈ 855 ਗ੍ਰਾਮ ਪੰਚਾਇਤਾਂ ਨੂੰ 543 ਲੱਖ ਰੁਪਏ ਦੇ ਫੰਡ ਮੁਹੱਈਆ ਕਰਵਾਏ ਗਏ ਹਨ। ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਵਿੱਚ 342 ਸੋਲਿਡ ਵੇਸਟ ਮੈਨੇਜਮੈਂਟ ਪ੍ਰੋਜੈਕਟਾਂ ਦਾ ਕੰਮ ਮੁਕੰਮਲ ਕੀਤਾ ਜਾ ਚੁੱਕਾ ਹੈ ਜਦਕਿ 96 ਪ੍ਰੋਜੈਕਟਾਂ ਦਾ ਨਿਰਮਾਣ ਕਾਰਜ ਜਾਰੀ ਹੈ। ਸਵੱਛਤਾ ਦੇ ਖੇਤਰ ਵਿੱਚ ਜ਼ਿਲ੍ਹੇ ਦੇ 216 ਪਿੰਡਾਂ ਨੂੰ ਓਡੀਐੱਫ ਪਲੱਸ ਘੋਸ਼ਿਤ ਕੀਤਾ ਜਾ ਚੁੱਕਾ ਹੈ। ਇਸ ਦੇ ਨਾਲ ਹੀ ਪਲਾਸਟਿਕ ਕੂੜੇ ਦੇ ਸੁਚੱਜੇ ਨਿਪਟਾਰੇ ਲਈ ਬਲਾਕ ਪੱਧਰ 'ਤੇ 3 ਪਲਾਸਟਿਕ ਵੇਸਟ ਮੈਨੇਜਮੈਂਟ ਪ੍ਰੋਜੈਕਟ ਸਥਾਪਿਤ ਕੀਤੇ ਗਏ ਹਨ। ਪਿੰਡਾਂ ਦੇ ਲੋਕਾਂ ਦੀ ਸਹੂਲਤ ਲਈ 72 ਸਾਂਝੇ ਪਖਾਨਿਆਂ ਦੀ ਉਸਾਰੀ ਵੀ ਕੀਤੀ ਗਈ ਹੈ। ਮੀਟਿੰਗ ਦੌਰਾਨ ਸ੍ਰੀ ਚਰਨਦੀਪ ਸਿੰਘ ਨੇ ਦੱਸਿਆ ਕਿ ਸਵੱਛ ਭਾਰਤ ਮਿਸ਼ਨ (ਗ੍ਰਾਮੀਣ) ਅਧੀਨ ਸਾਲ 2026-27 ਦੀ ਸਾਲਾਨਾ ਕਾਰਜ ਯੋਜਨਾ ਤਹਿਤ ਪਿੰਡਾਂ ਵਿੱਚੋਂ ਨਿਕਲਣ ਵਾਲੇ ਫੀਕਲ ਸਲੱਜ ਦੇ ਵਿਗਿਆਨਕ ਨਿਪਟਾਰੇ ਲਈ ਜ਼ਿਲ੍ਹੇ ਦੇ ਮੌਜੂਦਾ ਸੀਵਰੇਜ ਟਰੀਟਮੈਂਟ ਪਲਾਂਟਾਂ (ਐਸ.ਟੀ.ਪੀ.) ਉੱਪਰ ਲਗਭਗ 42 ਲੱਖ ਰੁਪਏ ਦੀ ਲਾਗਤ ਨਾਲ ਕੋ-ਟ੍ਰੀਟਮੈਂਟ ਸਿਸਟਮ ਸਥਾਪਿਤ ਕਰਨ ਦੀ ਤਜਵੀਜ਼ ਹੈ।ਇਸ ਮੌਕੇ ਜ਼ਿਲ੍ਹੇ ਦੀਆਂ ਵੱਖ-ਵੱਖ ਗਊਸ਼ਾਲਾਵਾਂ ਵਿੱਚ ਸਥਾਪਿਤ ਗੋਬਰ ਗੈਸ ਪਲਾਂਟਾਂ ਦੀ ਕਾਰਗੁਜ਼ਾਰੀ ਬਾਰੇ ਵੀ ਵਿਚਾਰ-ਵਟਾਂਦਰਾ ਕੀਤਾ ਗਿਆ। ਬਾਬਾ ਭੌਰੇ ਵਾਲਾ ਗਊਸ਼ਾਲਾ ਸੇਵਾ ਸਮਿਤੀ ਅਤੇ ਰਾਮ ਤੀਰਥ ਗਊਸ਼ਾਲਾ ਵਿੱਚ ਚੱਲ ਰਹੇ ਗੋਬਰ ਗੈਸ ਪਲਾਂਟਾਂ ਤੋਂ ਪੈਦਾ ਹੋਣ ਵਾਲੀ ਸਲਰੀ ਦੇ ਸੁਚੱਜੇ ਨਿਪਟਾਰੇ ਅਤੇ ਖੇਤੀਬਾੜੀ ਵਿੱਚ ਇਸ ਦੀ ਵਰਤੋਂ ਸਬੰਧੀ ਵੀ ਜਾਣਕਾਰੀ ਸਾਂਝੀ ਕੀਤੀ ਗਈ।ਕਾਰਜਕਾਰੀ ਇੰਜੀਨੀਅਰ ਜਲ ਸਪਲਾਈ ਅਤੇ ਸੈਨੀਟੇਸ਼ਨ ਮੰਡਲ ਨੰਬਰ-1 ਅੰਮ੍ਰਿਤਸਰ ਸ੍ਰੀ ਨਿਤਿਨ ਕਾਲੀਆ ਨੇ ਨਹਿਰੀ ਪਾਣੀ ਅਧਾਰਿਤ ਕੰਦੋਵਾਲੀ ਸਰਫੇਸ ਵਾਟਰ ਪ੍ਰੋਜੈਕਟ ਤਹਿਤ ਕੁਕੜਾਂਵਾਲਾ ਨੇੜੇ ਪਾਈਪਲਾਈਨ ਵਿਛਾਉਣ ਦੀ ਪ੍ਰਗਤੀ ਬਾਰੇ ਜਾਣੂ ਕਰਵਾਇਆ।

## ਸੇਵਾ ਕੇਂਦਰ ਮੁਲਾਜ਼ਮ ਯੂਨੀਅਨ ਵੱਲੋਂ ਹੜਤਾਲ ਜਾਰੀ

ਚੋਹਲਾ ਸਾਹਿਬ, 2 ਜੂਨ (ਭਗਤ ਸਿੰਘ ਸੰਧੂ) :ਸੇਵਾ ਕੇਂਦਰ ਯੂਨੀਅਨ ਦੇ ਮੁਲਾਜ਼ਮਾਂ ਵੱਲੋਂ ਤਰਨ ਤਾਰਨ ਡੀ.ਸੀ ਦਫ਼ਤਤ ਅੱਗੇ ਧਰਨਾ ਅੱਠਵੇਂ ਦਿਨ ਵੀ ਜਾਰੀ ਰਿਹਾ। ਇਸ ਸਮੇਂ ਪ੍ਰਧਾਨ ਗੁਰਸੇਵਕ ਸਿੰਘ ਲਾਲੂ ਘੁੰਮਣ ਵੱਲੋਂ ਦੱਸਿਆ ਗਿਆ ਕੇ ਸਰਕਾਰ ਵੱਲੋਂ ਓਹਨਾਂ ਦੀਆਂ ਮੰਗਾਂ ਮੰਨਣ ਦੀ ਬਜਾਏ ਓਹਨਾਂ ਉੱਪਰ ਦਬਾਅ ਪਾਇਆ ਜਾ ਰਿਹਾ ਹੈ। ਯੂਨੀਅਨ ਦੇ ਆਗੂਆਂ ਨੇ ਸਰਕਾਰ ਨੂੰ ਚੇਤਾਵਨੀ ਦਿੱਤੀ ਕੇ ਜੇ ਅਜੇ ਵੀ ਸਰਕਾਰ ਨੇ ਸਾਡੇ 'ਤੇ ਦਬਾਅ ਪਾਉਣਾ ਬੰਦ ਨਾ ਕੀਤਾ ਤਾਂ ਅਸੀ ਸਰਕਾਰ ਦਾ ਡੱਟ ਕੇ ਵਿਰੋਧ ਕਰਾਂਗੇ। ਓਹਨਾਂ ਕਿਹਾ ਕੇ ਜੋ ਸਰਕਾਰ ਅਤੇ ਕੰਪਨੀ ਵੱਲੋਂ ਕੰਟਰਕਟ ਬੰਦ ਕਰਨ ਦੀਆਂ ਧਮਕੀਆਂ ਦੇਣੀਆਂ ਬੰਦ ਨਾ ਕੀਤੀਆਂ ਤੇ ਆਉਣ ਵਾਲੇ ਸਮੇਂ ਵਿੱਚ ਭਰਾਤਰੀ ਜਥੇਬੰਦੀਆਂ ਨੂੰ ਨਾਲ ਲੈ ਕੇ ਸਰਕਾਰ ਦੇ ਵਿਰੋਧ ਵਿੱਚ ਮੁਹਿੰਮ ਹੋਰ ਤਿੱਖੀ ਕੀਤੀ ਜਾਵੇਗੀ ਅਤੇ ਜੋ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਅਖ਼ਬਾਰਾਂ ਦੀਆਂ ਸੁਰਖੀਆਂ ਵਿੱਚ ਗੱਪ ਮਾਰੇ ਜਾ ਰਹੇ ਹਨ ਕੇ ਆਮ ਆਦਮੀ ਸਰਕਾਰ ਨੇ ਵੱਖ ਵੱਖ ਵਿਭਾਗਾਂ ਵਿੱਚ 65,000 ਹਜ਼ਾਰ ਮੁਲਾਜ਼ਮ ਪੱਕੇ ਕੀਤੇ ਗਏ ਹਨ। ਉਹਨਾਂ ਵਿਚ ਸੇਵਾ ਕੇਂਦਰ ਮੁਲਾਜ਼ਮਾਂ ਦਾ ਨਾਮ ਨਹੀਂ ਆਇਆ।



ਬਲਾਕ ਪ੍ਰਧਾਨ ਨਿਰਵੈਲ ਸਿੰਘ ਨੇ ਦੱਸਿਆ ਕੇ, ਅਸਲ ਹਕੀਕਤ ਵਿੱਚ ਆਮ ਆਦਮੀ ਸਰਕਾਰ ਸਿਰਫ ਐਲਾਨ ਹੀ ਕਰਦੀ ਹੈ । ਇਸ ਸਮੇ ਮੀਡੀਆ ਸਲਾਹਕਾਰ ਹਰਮਨਦੀਪ ਸਿੰਘ ਨੇ ਦੱਸਿਆ ਕੇ ਪਿਛਲੀਆਂ ਸਾਰੀਆਂ ਸਰਕਾਰਾਂ ਨਾਲੋਂ ਸਭ ਤੋਂ ਨਿਕੰਮੀ ਸਰਕਾਰ ਹੈ। ਪਹਿਲਾ ਪਿਛਲੇ 10 ਸਾਲ ਪਹਿਲਿਆਂ ਸਰਕਾਰਾਂ ਨੇ ਸੇਵਾ ਕੇਂਦਰ ਮੁਲਾਜ਼ਮਾਂ ਦੀ ਸਾਰ ਨਹੀਂ ਲਈ, ਜਿਸ ਕਰਕੇ ਇਹਨਾਂ ਤੋਂ ਅੱਕ ਕੇ ਮੁਲਜਮਾਂ ਨੂੰ ਸੜਕਾਂ ਤੇ ਉਤਰਨਾ ਪਿਆ ਹੈ। ਅਸਲ ਵਿੱਚ ਲੋਕਾਂ ਦੀ ਖਜਲ ਖਰਾਬੀ ਦਾ ਕਾਰਨ ਸਰਕਾਰ ਵੱਲੋਂ ਸੇਵਾ ਕੇਂਦਰ ਦੇ ਮੁਲਾਜਮਾਂ ਦੀਆ ਮੰਗਾ ਨਾ ਮੰਨਣਾ ਹੈ। ਉਹਨਾਂ ਕਿਹਾ ਜੇਕਰ ਸਰਕਾਰ ਨੇ ਸਾਡੀਆਂ ਮੰਗਾ ਨਾ ਮੰਨੀਆਂ ਤਾਂ ਅਸੀਂ ਆਪਣੇ ਧਰਨੇ ਦੀ ਰੂਪ ਰੇਖਾ ਬਦਲ ਕੇ ਆਪਣੀ ਮੁਹਿੰਮ ਨੂੰ ਹੋਰ ਤੇਜ ਕਰਾਂਗੇ। ਜੇਕਰ ਸਰਕਾਰ ਸਾਡੀ ਜਗਾ ਤੇ ਨਵੇਂ ਕਰਮਚਾਰੀ ਭਰਤੀ ਕਰੇਗੀ ਤਾਂ ਤਿੰਨ ਜੂਨ ਨੂੰ ਰੋਜ਼ਗਾਰ ਦਫ਼ਤਰ ਦਾ ਡੱਟ ਕੇ ਵਿਰੋਧ ਕੀਤਾ ਜਾਵੇਗਾ । ਇਸ ਸਮੇਂ ਸ਼੍ਰੋਮਣੀ ਅਕਾਲੀ ਦਲ ਦੀ ਵਰਕਿੰਗ ਕਮੇਟੀ ਦੇ ਮੈਂਬਰ ਗੌਰਵਦੀਪ ਸਿੰਘ ਵਲਟੋਹਾ, ਹਲਕਾ ਖਡੂਰ ਸਾਹਿਬ ਤੋਂ ਸ਼੍ਰੋਮਣੀ ਅਕਾਲੀ ਦਲ ਦੇ ਇੰਚਾਰਜ ਬੀਬਾ ਰਮਨਦੀਪ ਕੌਰ ਅਤੇ ਉਹਨਾਂ ਦੇ ਪਤੀ ਅਵਤਾਰ ਸਿੰਘ ਬਿੱਲਾ,ਸ਼੍ਰੋਮਣੀ ਕਮੇਟੀ ਮੈਂਬਰ ਗੁਰਬਚਨ ਸਿੰਘ ਕਰਮੂਵਾਲਾ, ਜਮੂਹਰੀ ਕਿਸਾਨ ਸਭਾ ਤੋਂ ਮਾਸਟਰ ਦਲਜੀਤ ਸਿੰਘ, ਜਮੂਹਰੀ ਅਧਿਕਾਰ ਸਭਾ ਤੋਂ ਨਰਭਿੰਦਰ ਸਿੰਘ, ਸੁਖਰਾਜ ਸਿੰਘ ਰਾਜਾ ਭੈਲ,ਸਿਕੰਦਰ ਸਿੰਘ ਵਰਾਣਾ, ਭੁਪਿੰਦਰ ਸਿੰਘ ਸੀਨੀਅਰ ਆਗੂ ਆਜ਼ਾਦ ਕਿਸਾਨ ਸੰਘਰਸ਼ ਕਮੇਟੀ, ਕੁਲ ਹਿੰਦ ਕਿਸਾਨ ਸਭਾ ਦੇ ਆਗੂ ਦਵਿੰਦਰ ਸਿੰਘ, ਅਕਾਲੀ ਦਲ ਵਾਰਿਸ ਪੰਜਾਬ ਦੇ ਆਗੂ ਭਾਈ ਸਰਬਜੀਤ ਸਿੰਘ ਵੱਲੋਂ ਮੁਲਾਜ਼ਮਾਂ ਨੂੰ ਪੂਰਨ ਸਮਰਥਨ ਦਿੱਤਾ ਗਿਆ ।

## ਸਰਕਾਰੀ ਸਕੂਲ ਨਾਗਕਲਾਂ ਵਿਖੇ ਮੈਗਾ ਪੀਟੀਐਮ ਅਤੇ ਮਾਪਿਆਂ ਲਈ ਵਿਸ਼ੇਸ਼ ਵਰਕਸ਼ਾਪ



ਮਜੀਠਾ, 2 ਜੂਨ (ਅਸ਼ਵਨੀ ਨਈਅਰ) : ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਅਤੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਵੱਲੋਂ ਚਲਾਈ ਜਾ ਰਹੀ ਸਿੱਖਿਆ ਕ੍ਰਾਂਤੀ ਮੁਹਿੰਮ ਤਹਿਤ ਸੀਨੀਅਰ ਸੈਕੰਡਰੀ ਸਕੂਲ, ਨਾਗਕਲਾਂ ਵਿਖੇ ਸਕੂਲ ਪ੍ਰਿੰਸੀਪਲ ਵਰੁਨ ਕੁਮਾਰ ਦੀ ਅਗਵਾਈ ਵਿੱਚ ਮੈਗਾ ਪੀਟੀਐਮ ਅਤੇ ਮਾਪਿਆਂ ਲਈ ਵਿਸ਼ੇਸ਼ ਵਰਕਸ਼ਾਪ ਦਾ ਆਯੋਜਨ ਹੋਇਆ। ਇਸ ਮੁਹਿੰਮ ਦਾ ਮੁੱਖ ਉਦੇਸ਼ ਸਰਕਾਰੀ ਸਕੂਲਾਂ ਵਿਚ ਚੰਗੀ ਸਿੱਖਿਆ ਨੂੰ ਉਤਸ਼ਾਹਿਤ ਕਰਨਾ ਅਤੇ ਮਾਪਿਆਂ ਨੂੰ ਸਿੱਖਿਆ ਪ੍ਰਕਿਰਿਆ ਨਾਲ ਜੋੜਨਾ ਹੈ। ਇਸ ਵਰਕਸ਼ਾਪ ਵਿਚ ਜਿੱਥੇ ਵੱਡੀ ਗਿਣਤੀ ਵਿਚ ਮਾਪੇ ਤੇ ਵਿਦਿਆਰਥੀਆਂ ਨੇ ਸ਼ਮੂਲੀਅਤ ਕੀਤੀ,ਉਥੇ ਸੱਖਿਆ ਕੋਆਰਡੀਨੇਟਰ ਪਰਮਿੰਦਰ ਸਿੰਘ ਉੱਪਲ, ਪਰਮਜੀਤ ਸਿੰਘ ਪੰਮਾ, ਦਲਜੀਤ ਸਿੰਘ, ਸੁਖਜਿੰਦਰ ਸਿੰਘ ਮਜੀਠਾ, ਬਿਕਰਮਜੀਤ ਸਿੰਘ, ਸੰਦੀਪ ਸਿੰਘ ਧਾਲੀਵਾਲ ਅਤੇ ਜਗਤਾਰ ਸਿੰਘ ਵਿਸ਼ੇਸ਼ ਤੌਰ ਤੇ ਹਾਜਰ ਸਨ। ਉਨ੍ਹਾਂ ਨੇ ਸਕੂਲ ਵਿਚ ਚੱਲ ਰਹੀਆਂ ਗਤੀਵਿਧੀਆਂ ਅਤੇ ਵਿਦਿਆਰਥੀਆਂ ਦੀ ਤਰੱਕੀ ਬਾਰੇ ਵਿਸਥਾਰ ਨਾਲ ਜਾਣਿਆ।ਸਟਾਫ ਅਤੇ ਵਿਦਿਆਰਥੀਆਂ ਵਿਚ ਉਤਸ਼ਾਹ ਪੈਦਾ ਕਰਨ ਦੇ ਮੰਤਵ ਨਾਲ ਵਰਕਸ਼ਾਪ ਦੌਰਾਨ ਸਕੂਲ ਦੀਆਂ ਬੋਰਡ ਵਾਲੀਆਂ ਜਮਾਤਾਂ ਵਿਚੋਂ ਪਹਿਲੀਆਂ ਤਿੰਨ ਪੁਜੀਸ਼ਨਾਂ ਹਾਸਲ ਕਰਨ ਵਾਲੇ ਵਿਦਿਆਰਥੀਆਂ ਨੂੰ ਖਾਸ ਤੌਰ ਤੇ ਸਨਮਾਨਿਤ ਕੀਤਾ ਗਿਆ। ਇਸ ਤੋਂ ਇਲਾਵਾ ਪ੍ਰਿੰਸੀਪਲ ਵਰਨ ਕੁਮਾਰ, ਮਾਸਟਰ ਜਸਜੀਤ ਸਿੰਘ ਅਤੇ ਸਮੂਹ ਸਟਾਫ ਮੈਂਬਰਾਂ ਨੂੰ ਵੀ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਹਾਜਰ ਸਿਖਿਆ ਕੁਆਰਡੀਨੇਟਰ ਵਲੋਂ ਮਾਪਿਆਂ ਨੂੰ ਵੀ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਵੱਖ-ਵੱਖ ਯੋਜਨਾਵਾਂ ਬਾਰੇ ਵਿਸਥਾਰ ਨਾਲ ਜਾਣੂ ਕਰਵਾਇਆ ਗਿਆ। ਜਿਸ ਵਿਚ ਸਮਾਰਟ ਕਲਾਸਰੂਮ, ਡਿਜੀਟਲ ਲਾਇਬ੍ਰੇਰੀਆਂ, ਖੇਡਾਂ ਦੀਆਂ ਸਹੂਲਤਾਂ ਅਤੇ ਬੁਨਿਆਦੀ ਢਾਂਚੇ ਦੇ ਵਿਕਾਸ ਬਾਰੇ ਚਰਚਾ ਹੋਈ। ਮਾਪਿਆਂ ਨੂੰ ਦੱਸਿਆ ਗਿਆ ਕਿ ਸਰਕਾਰ ਵੱਲੋਂ ਸਕੂਲਾਂ ਵਿਚ ਆਧੁਨਿਕ ਤਕਨੀਕਾਂ ਅਤੇ ਗੁਣਾਤਮਕ ਸਿੱਖਿਆ ਨੂੰ ਯਕੀਨੀ ਬਣਾਉਣ ਲਈ ਭਰਪੂਰ ਯਤਨ ਕੀਤੇ ਜਾ ਰਹੇ ਹਨ। ਇਸ ਮੌਕੇ ਆਏ ਆਗੂਆਂ ਨੇ ਕਿਹਾ ਕਿ ਮਾਪਿਆਂ ਦੀ ਸਰਗਰਮ ਭਾਗੀਦਾਰੀ ਬਿਨਾਂ ਸਿੱਖਿਆ ਕ੍ਰਾਂਤੀ ਸਫਲ ਨਹੀਂ ਹੋ ਸਕਦੀ। ਉਨ੍ਹਾਂ ਮਾਪਿਆਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਬੱਚਿਆਂ ਦੀ ਨਿਗਰਾਨੀ ਕਰਨ ਅਤੇ ਸਕੂਲ ਵਿਚ ਚੱਲ ਰਹੀਆਂ ਗਤੀਵਿਧੀਆਂ ਵਿਚ ਵਧ ਚੜ੍ਹ ਕੇ ਹਿੱਸਾ ਕਰਨ ।ਉਨ੍ਹਾਂ ਮਾਪਿਆਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਬੱਚਿਆਂ ਦੀ ਨਿਗਰਾਨੀ ਕਰਨ ਅਤੇ ਸਕੂਲ ਵਿਚ ਚੱਲ ਰਹੀਆਂ ਗਤੀਵਿਧੀਆਂ ਵਿਚ ਵਧ ਚੜ੍ਹ ਕੇ ਹਿੱਸਾ ਕਰਨ। ਇਸ ਮੌਕੇ ਤੇ ਉਕਤ ਤੋ ਇਲਾਵਾ ਬੀ ਆਰ ਸੀ ਪੂਰਨਿਮਾਂ ਵੀ ਹਾਜਰ ਸੀ।

## ਪਰਾਲ਼ੀ ਦੀ ਸਾਂਭ-ਸੰਭਾਲ ਲਈ ਦਿੱਤੀ ਜਾਣ ਵਾਲੀ ਮਸ਼ੀਨਰੀ ਦੇ ਡਰਾਅ ਕੱਢੇ



ਚੋਹਲਾ ਸਾਹਿਬ, 2 ਜੂਨ : (ਭਗਤ ਸਿੰਘ ਸੰਧੂ) : ਡਿਪਟੀ ਕਮਿਸ਼ਨਰ ਤਰਨ ਤਾਰਨ ਸ੍ਰੀ ਰਾਹੁਲ ਦੀ ਪ੍ਰਧਾਨਗੀ ਹੇਠ ਅੱਜ ਸੀ.ਆਰ.ਐਮ ਸਕੀਮ ਅਧੀਨ ਜ਼ਿਲ੍ਹਾ ਪੱਧਰੀ ਕਾਰਜਕਾਰੀ ਕਮੇਟੀ ਦੀ ਮੀਟਿੰਗ ਹੋਈ। ਮੀਟਿੰਗ ਦੌਰਾਨ ਕਿਸਾਨਾਂ ਨੂੰ ਪਰਾਲੀ ਦੀ ਸਾਂਭ-ਸੰਭਾਲ ਲਈ ਸਬਸਿਡੀ ਤੇ ਦਿੱਤੀ ਜਾਣ ਵਾਲੀ ਮਸ਼ੀਨਰੀ ਦੇ ਡਰਾਅ ਕੱਢੇ ਗਏ। ਇਸ ਸਬੰਧੀ ਮੁੱਖ ਖੇਤੀਬਾੜੀ ਅਫ਼ਸਰ ਡਾ. ਤੇਜਬੀਰ ਸਿੰਘ ਭੰਗੂ ਨੇ ਦੱਸਿਆ ਕਿ ਵਿਅਕਤੀਗਤ ਕਿਸਾਨ ਕੈਟਾਗਰੀ ਅਧੀਨ ਪ੍ਰਾਪਤ ਹੋਈਆਂ ਸਾਰੀਆਂ 811 ਜਨਰਲ ਅਤੇ ਐਸ. ਸੀ ਅਰਜ਼ੀਆਂ ਨੂੰ ਪ੍ਰਵਾਨਗੀ ਦਿੱਤੀ ਗਈ ਅਤੇ ਇਸ ਦੇ ਨਾਲ ਹੀ ਗ੍ਰਾਮ ਪੰਚਾਇਤਾਂ, ਸਹਿਕਾਰੀ ਸਭਾਵਾਂ ਅਤੇ ਕਿਸਾਨ ਸੰਗਠਨਾਂ ਅਧੀਨ ਪ੍ਰਾਪਤ ਹੋਈਆਂ ਅਰਜ਼ੀਆਂ ਨੂੰ ਵੀ ਪ੍ਰਵਾਨਗੀ ਦਿੱਤੀ ਗਈ। ਡਿਪਟੀ ਕਮਿਸ਼ਨਰ ਤਰਨਤਾਰਨ ਸ੍ਰੀ ਰਾਹੁਲ ਨੇ ਮਟਿੰਗ ਵਿੱਚ ਹਾਜ਼ਰ ਕਿਸਾਨਾਂ ਨੂੰ ਅਪੀਲ ਕੀਤੀ ਕਿ ਸਮੇਂ ਸਿਰ ਮਸ਼ੀਨਰੀ ਦੀ ਖ਼ਰੀਦ ਕਰ ਲਈ ਜਾਵੇ ਤਾਂ ਜੋ ਪਰਾਲੀ ਪ੍ਰਬੰਧਨ ਸੀਜ਼ਨ ਵਿੱਚ ਕਿਸੇ ਕਿਸਮ ਦੀ ਮੁਸ਼ਕਿਲ ਪੇਸ਼ ਨਾ ਆਵੇ।

## 'ਸਿਤਾਰੇ ਜ਼ਮੀਨ 'ਤੇ' ਪ੍ਰੋਗਰਾਮ ਦੌਰਾਨ ਹੋਣਹਾਰ ਵਿਦਿਆਰਥੀ ਸਨਮਾਨਿਤ



ਚੋਹਲਾ ਸਾਹਿਬ , 2 ਜੂਨ (ਭਗਤ ਸਿੰਘ ਸੰਧੂ ): ਪੰਜਾਬ ਸਰਕਾਰ ਵੱਲੋਂ ਸਿੱਖਿਆ ਦੇ ਖੇਤਰ ਵਿੱਚ ਮਾਰੀਆਂ ਮੱਲਾਂ ਨੂੰ ਉਤਸ਼ਾਹਿਤ ਕਰਨ ਦੇ ਉਦੇਸ਼ ਨਾਲ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਚੰਡੀਗੜ੍ਹ ਦੇ ਟੈਗੋਰ ਥੀਏਟਰ ਵਿਖੇ ਇਕ ਵਿਸ਼ੇਸ਼ ਰਾਜ ਪੱਧਰੀ ਸਨਮਾਨ ਸਮਾਰੋਹ 'ਸਿਤਾਰੇ ਜ਼ਮੀਨ ਤੇ' ਆਯੋਜਿਤ ਕੀਤਾ ਗਿਆ। ਇਸ ਸ਼ਾਨਦਾਰ ਪ੍ਰੋਗਰਾਮ ਵਿੱਚ ਪੰਜਾਬ ਸਕੂਲ ਸਿੱਖਿਆ ਬੋਰਡ ਦੀਆਂ ਪ੍ਰੀਖਿਆਵਾਂ ਵਿੱਚੋਂ ਜ਼ਿਲ੍ਹਾ ਪੱਧਰ ਤੇ ਪਹਿਲੇ 3 ਸਥਾਨ ਹਾਸਲ ਕਰਨ ਵਾਲੇ ਅੱਠਵੀਂ, ਦਸਵੀਂ ਅਤੇ ਬਾਰ੍ਹਵੀਂ ਜਮਾਤ ਦੇ ਹੋਣਹਾਰ ਵਿਦਿਆਰਥੀਆਂ ਅਤੇ ਉਨ੍ਹਾਂ ਦੇ ਮਾਪਿਆਂ ਨੂੰ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ ਗਿਆ।ਇਸ ਮੌਕੇ ਵਿਸ਼ੇਸ਼ ਤੌਰ ਤੇ ਪਹੁੰਚੇ ਸਕੱਤਰ ਸਿੰਘ ਬੱਲ, ਡਾਇਰੈਕਟਰ ਸਕੂਲ ਆਫ਼ ਐਜੂਕੇਸ਼ਨ (ਸੈਕੰਡਰੀ) ਪੰਜਾਬ ਨੇ ਜ਼ਿਲ੍ਹਾ ਤਰਨ ਤਾਰਨ ਦੇ ਸਨਮਾਨਿਤ ਹੋਣ ਵਾਲੇ ਵਿਦਿਆਰਥੀਆਂ ਨੂੰ ਮੁਬਾਰਕਬਾਦ ਦਿੱਤੀ। ਉਨ੍ਹਾਂ ਵਿਦਿਆਰਥੀਆਂ ਅਤੇ ਉਨ੍ਹਾਂ ਦੇ ਮਾਪਿਆਂ ਨਾਲ ਮੁਲਾਕਾਤ ਕਰਦਿਆਂ ਜਿੱਥੇ ਉਨ੍ਹਾਂ ਦਾ ਹੌਸਲਾ ਵਧਾਇਆ, ਉਥੇ ਹੀ ਭਵਿੱਖ ਵਿੱਚ ਪੜ੍ਹਾਈ ਦੇ ਖੇਤਰ ਵਿੱਚ ਹੋਰ ਬੁਲੰਦੀਆਂ ਤੇ ਪਹੁੰਚਣ ਅਤੇ ਦੇਸ਼-ਕੌਮ ਦਾ ਨਾਮ ਰੌਸ਼ਨ ਕਰਨ ਲਈ ਪ੍ਰੇਰਿਤ ਕੀਤਾ। ਸਕੱਤਰ ਸਿੰਘ ਬੱਲ ਨੇ ਸਿੱਖਿਆ ਵਿਭਾਗ ਦੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੇ ਪ੍ਰੋਗਰਾਮ ਵਿਦਿਆਰਥੀਆਂ ਵਿੱਚ ਮੁਕਾਬਲੇ ਦੀ ਭਾਵਨਾ ਅਤੇ ਅੱਗੇ ਵਧਣ ਦਾ ਜਜ਼ਬਾ ਪੈਦਾ ਕਰਦੇ ਹਨ।ਇਸ ਪ੍ਰੋਗਰਾਮ ਨੂੰ ਸੁਚਾਰੂ ਢੰਗ ਨਾਲ ਨੇਪਰੇ ਚਾੜ੍ਹਨ ਲਈ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈਕੰਡਰੀ) ਤਰਨਤਾਰਨ ਰਾਜੀਵ ਕੁਮਾਰ ਛਾਬੜਾ ਵੱਲੋਂ ਵਿਸ਼ੇਸ਼ ਪ੍ਰਬੰਧ ਕੀਤੇ ਗਏ। ਉਨ੍ਹਾਂ ਵੱਲੋਂ ਬਿਕਰਮਜੀਤ ਸਿੰਘ ਅਤੇ ਇਕਬਾਲ ਸਿੰਘ (ਜੂਨੀਅਰ ਸਹਾਇਕ) ਨੂੰ ਨੋਡਲ ਅਫ਼ਸਰ ਨਿਯੁਕਤ ਕਰਕੇ ਵਿਦਿਆਰਥੀਆਂ ਨੂੰ ਸੁਰੱਖਿਅਤ ਅਤੇ ਸਨਮਾਨਜਨਕ ਤਰੀਕੇ ਨਾਲ ਸਮਾਰੋਹ ਵਿੱਚ ਸ਼ਾਮਲ ਕਰਵਾਉਣ ਦੀ ਜ਼ਿੰਮੇਵਾਰੀ ਸੌਂਪੀ ਗਈ ਸੀ, ਜਿਸ ਨੂੰ ਉਨ੍ਹਾਂਬਾਖ਼ੂਬੀ ਨਿਭਾਇਆ। ਜ਼ਿਲ੍ਹਾ ਸਿੱਖਿਆ ਅਫਸਰ ਰਾਜੀਵ ਕੁਮਾਰ ਛਾਬੜਾ ਵੱਲੋਂ ਇਨ੍ਹਾਂ ਵਿਦਿਆਰਥੀਆਂ ਅਤੇ ਉਨ੍ਹਾਂ ਦੇ ਮਾਪਿਆਂ ਨੂੰ ਮੁਬਾਰਕਬਾਦ ਦਿਤੀ।

## ਜਾਗਰਣ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਲਈ ਕਾਰਗਰ ਸਾਬਤ ਹੋਵੇਗਾ : ਡਾ. ਗਰਗ



ਮੋਗਾ, 2 ਜੂਨ (ਨਿਸ਼ੀ ਮਨਚੰਦਾ) : ਬੱਚਿਆਂ ਵੱਲੋਂ ਹਰ ਸਾਲ ਕਰਵਾਇਆ ਜਾਣ ਵਾਲਾ ਜਾਗਰਣ ਨੌਜਵਾਨਾਂ ਨੂੰ ਬੁਰਾਈਆਂ ਅਤੇ ਨਸ਼ਿਆਂ ਤੋਂ ਦੂਰ ਰੱਖਣ ਅਤੇ ਧਰਮ ਨਾਲ ਜੋੜਨ ਵਾਲਾ ਇੱਕ ਸਰਾਹਣਯੋਗ ਉਪਰਾਲਾ ਹੈ। ਇਹ ਵਿਚਾਰ ਭਾਜਪਾ ਦੇ ਸਾਬਕਾ ਜ਼ਿਲ੍ਹਾ ਪ੍ਰਧਾਨ ਡਾ. ਸੀਮਾਂਤ ਗਰਗ ਨੇ ਜਾਗਰਣ ਵਿੱਚ ਹਾਜ਼ਰੀ ਭਰਨ ਮੌਕੇ ਪ੍ਰਗਟ ਕੀਤੇ। ਇਸ ਮੌਕੇ ਬੱਚਿਆਂ ਅਤੇ ਮੁਹੱਲਾ ਨਿਵਾਸੀਆਂ ਵੱਲੋਂ ਡਾ. ਸੀਮਾਂਤ ਗਰਗ ਨੂੰ ਸਿਰੋਪਾ ਅਤੇ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਭਾਵਾਧਸ ਪ੍ਰਧਾਨ ਨਰੇਸ਼ ਬੋਹਤ, ਲਵ ਬੋਹਤ, ਪ੍ਰਥਮ ਬੋਹਤ, ਹੇਮਾ ਬੋਹਤ, ਨਿਸ਼ਾ ਰਾਣੀ, ਜੋਤੀ ਰਾਣੀ, ਰਾਹੁਲ ਕੁਮਾਰ, ਸੰਨੀ ਜੈਕਸਨ, ਲਵ, ਅਰੁਣ ਸੰਗੇਲੀਆ, ਅਸ਼ੋਕ ਲੌਹਾਰਾ ਤੋਂ ਇਲਾਵਾ ਮੁਹੱਲਾ ਨਿਵਾਸੀ ਵੀ ਹਾਜ਼ਰ ਸਨ।ਇਸ ਦੌਰਾਨ ਭਜਨ ਗਾਇਕ ਹਰਸ਼ ਸ਼ਰਮਾ ਅਤੇ ਜੱਗੀ ਗਿੱਲ ਲੁਧਿਆਣਾ ਵਾਲਿਆਂ ਨੇ ਮਾਂ ਭਗਵਤੀ ਦੇ ਭਜਨਾਂ ਰਾਹੀਂ ਭਗਤਾਂ ਨੂੰ ਮੰਤਰਮੁਗਧ ਕਰ ਦਿੱਤਾ। ਡਾ. ਸੀਮਾਂਤ ਗਰਗ ਨੇ ਕਿਹਾ ਕਿ ਬੱਚਿਆਂ ਨੂੰ ਆਪਣੀ ਪੜ੍ਹਾਈ ਦੇ ਨਾਲ-ਨਾਲ ਖੇਡਾਂ ਅਤੇ ਧਾਰਮਿਕ ਕਾਰਜਾਂ ਵਿੱਚ ਵੀ ਵੱਧ-ਚੜ੍ਹ ਕੇ ਹਿੱਸਾ ਲੈਣਾ ਚਾਹੀਦਾ ਹੈ। ਇਸ ਨਾਲ ਬੱਚਿਆਂ ਦਾ ਮਾਨਸਿਕ ਅਤੇ ਸ਼ਾਰੀਰੀਕ ਵਿਕਾਸ ਹੁੰਦਾ ਹੈ ਅਤੇ ਉਨ੍ਹਾਂ ਨੂੰ ਆਪਣੇ ਧਰਮ ਬਾਰੇ ਵੀ ਜਾਣਕਾਰੀ ਪ੍ਰਾਪਤ ਹੁੰਦੀ ਹੈ। ਇਸ ਮੌਕੇ ਉਨ੍ਹਾਂ ਬੱਚਿਆਂ ਅਤੇ ਮੁਹੱਲਾ ਨਿਵਾਸੀਆਂ ਨੂੰ ਹਰ ਸਾਲ ਜਾਗਰਣ ਕਰਵਾਉਣ ਲਈ ਵਧਾਈ ਦਿੱਤੀ ਅਤੇ ਹਰ ਸੰਭਵ ਸਹਿਯੋਗ ਦੇਣ ਦਾ ਭਰੋਸਾ ਵੀ ਦਿਵਾਇਆ।

## ਕਾਂਗਰਸੀ ਉਮੀਦਵਾਰਾਂ ਵੱਲੋਂ ਆਪਣੀ ਆਪਣੀ ਜਿੱਤ ਦਾ ਦਾਅਵਾ



ਦੀਨਾਨਗਰ, 2 ਜੂਨ (ਡਾ.ਰਮੇਸ਼ ਸਰੰਗਲ): ਦੀਨਾਨਗਰ 'ਚ ਨਗਰ ਕੌਂਸਲ ਚੋਣਾਂ ਨੂੰ ਲੈ ਕੇ ਸਿਆਸੀ ਅਖਾੜਾ ਭਖਿਆ ਪਿਆ ਹੈ, ਜਿਸਦੇ ਚੱਲਦੇ ਵੱਖ ਵੱਖ ਪਾਰਟੀਆਂ ਦੇ ਉਮੀਦਵਾਰਾਂ ਵੱਲੋਂ ਘਰ ਘਰ ਜਾ ਕੇ ਚੋਣ ਪ੍ਰਚਾਰ ਕੀਤਾ ਜਾ ਰਿਹਾ ਹੈ। ਅੱਜ ਦੀਨਾਨਗਰ ਦੇ 3 ਉਮੀਦਵਾਰਾਂ ਵੱਲੋਂ ਆਪਣਾ ਚੋਣ ਪ੍ਰਚਾਰ ਤੇਜ਼ ਕਰਦੇ ਹੋਏ ਘਰ ਘਰ ਜਾ ਕੇ ਕਾਂਗਰਸੀ ਉਮੀਦਵਾਰਾਂ ਨੂੰ ਵੋਟਾਂ ਪਾਉਣ ਦੀ ਅਪੀਲ ਕੀਤੀ ਗਈ ।ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਵਾਰਡ ਨੰਬਰ 7 ਤੋ ਨਗਰ ਕੌਂਸਲ ਦੇ ਸਾਬਕਾ ਪ੍ਰਧਾਨ ਨੀਟੂ ਚੋਹਾਨ, ਵਾਰਡ ਨੰਬਰ 9 ਤੋਂ ਰਿਟਾਇਰਡ ਕਾਰਜਸਾਧਕ ਅਫਸਰ ਜਤਿੰਦਰ ਮਹਾਜਨ ਅਤੇ ਵਾਰਡ ਨੰਬਰ 10 ਤੋਂ ਚੋਣ ਲੜ ਰਹੇ ਕਾਂਗਰਸ ਪਾਰਟੀ ਦੇ ਉਮੀਦਵਾਰ ਪਰਮਜੀਤ ਕੌਰ ਨੇ ਦੱਸਿਆ ਕਿ ਅਸੀਂ ਵਿਧਾਇਕਾ ਅਰੁਨਾ ਚੋਧਰੀ ਵੱਲੋਂ ਸ਼ਹਿਰ ਅੰਦਰ ਕੀਤੇ ਕੰਮਾਂ ਨੂੰ ਲੈ ਕੇ ਲੋਕਾਂ ਕੋਲੋ ਵੋਟ ਮੰਗ ਰਹੇ ਹਾਂ ਕਿ ਦੀਨਾਨਗਰ ਸ਼ਹਿਰ ਅੰਦਰ ਕਾਂਗਰਸ ਪਾਰਟੀ ਵੱਲੋਂ ਬਹੁਤ ਜਿਆਦਾ ਵਿਕਾਸ ਦੇ ਕੰਮ ਕਰਵਾਏ ਗਏ ਹਨ। ਉਨਾਂ ਕਿਹਾ ਕਿ ਸਾਡੇ ਕੰਮਾਂ ਨੂੰ ਦੇਖਦੇ ਹੋਏ ਵੋਟਰ ਸਾਨੂੰ ਇੱਕ ਵਾਰ ਫਿਰ ਤੋਂ ਮੋਕਾ ਦੇਣਗੇ ਅਤੇ ਦੀਨਾਨਗਰ ਦੇ ਰਹਿੰਦੇ ਕੰਮ ਸਾਰੇ ਮੁਕੰਮਲ ਕੀਤੇ ਜਾਣਗੇ ।

## ਸਾਕਾ ਨੀਲਾ ਤਾਰਾ ਦੀ 42ਵੀਂ ਵਰ੍ਹੇਗੰਢ ਮੌਕੇ ਸਿੰਘ ਸਾਹਿਬ ਧਿਆਨ ਸਿੰਘ ਮੰਡ ਪੜ੍ਹਣਗੇ ਕੌਮ ਦੇ ਨਾਮ ਸੰਦੇਸ਼ : ਸਖੀਰਾ



ਅੰਮ੍ਰਿਤਸਰ, 2 ਜੂਨ (ਬਬਲੂ ਮਹਾਜਨ): ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ 6 ਜੂਨ ਦਿਨ ਸ਼ਨੀਵਾਰ ਨੂੰ ਸੇਵਾ, ਸਿਮਰਨ ਤੇ ਰੂਹਾਨੀਅਤ ਦੇ ਕੇਂਦਰ ਸੱਚਖੰਡ ਹਰਿਮੰਦਰ ਸਾਹਿਬ ਵਿਖੇ ਸਥਿਤ ਸ੍ਰੀ ਅਕਾਲ ਤਖਤ ਸਾਹਿਬ ਵਿਖੇ ਆਪ੍ਰੇਸ਼ਨ ਬਲਿਊ ਸਟਾਰ (ਘੱਲੂਘਾਰਾ) ਦੀ 42ਵੀਂ ਵਰ੍ਹੇਗੰਢ ਮੌਕੇ ਹੋਣ ਵਾਲੇ ਸ਼ਹੀਦੀ ਸਮਾਗਮਾਂ ਦੇ ਦੌਰਾਨ ਸਵੇਰੇ 8 ਵਜੇ ਕਾਰਜਕਾਰੀ ਸਿੰਘ ਸਾਹਿਬ ਜੱਥੇਦਾਰ ਭਾਈ ਧਿਆਨ ਸਿੰਘ ਮੰਡ ਕੌਮ ਦੇ ਨਾਂ ਸੰਦੇਸ਼ ਪੜ੍ਹਣਗੇ। ਇਸ ਗੱਲ ਦੀ ਜਾਣਕਾਰੀ ਸੰਨ 2015 ਦੇ ਸਰਬੱਤ ਖਾਲਸਾ ਸੰਮੇਲਨ ਦੇ ਮੁੱਖ ਪ੍ਰਬੰਧਕ ਭਾਈ ਜਰਨੈਲ ਸਿੰਘ ਸਖੀਰਾ ਦੇ ਵੱਲੋਂ ਦਿੱਤੀ ਗਈ। ਉਨ੍ਹਾਂ ਜੱਥੇਦਾਰ ਕੁਲਦੀਪ ਸਿੰਘ ਗੜਗੱਜ ਨੂੰ ਸ੍ਰੀ ਅਕਾਲ ਤਖਤ ਸਾਹਿਬ ਜੀ ਦਾ ਸਰਕਾਰੀ ਜੱਥੇਦਾਰ ਐਲਾਨਦੇ ਹੋਏ ਕਿਹਾ ਕਿ ਸੰਨ 2015 ਦੇ ਸਰਬੱਤ ਖਾਲਸਾ ਸੰਮੇਲਨ ਦੇ ਦੌਰਾਨ ਸਰਵ ਸੰਮਤੀ ਦੇ ਨਾਲ ਭਾਈ ਜਗਤਾਰ ਸਿੰਘ ਹਵਾਰਾ ਨੂੰ ਸ੍ਰੀ ਅਕਾਲ ਤਖਤ ਸਾਹਿਬ ਜੀ ਦਾ ਜੱਥੇਦਾਰ ਨਿਯੁੱਕਤ ਕਰਨ ਤੇ ਉਨ੍ਹਾਂ ਦੀ ਗੈਰ ਹਾਜ਼ਰੀ ਦੇ ਵਿੱਚ ਕਾਰਜਕਾਰੀ ਸਿੰਘ ਸਾਹਿਬ ਜੱਥੇਦਾਰ ਭਾਈ ਧਿਆਨ ਸਿੰਘ ਮੰਡ ਦੇ ਵੱਲੋਂ ਸੇਵਾਵਾਂ ਨਿਭਾਏ ਜਾਣ ਦੀ ਤਸਦੀਕ ਵੀ ਕੀਤੀ ਹੈ। ਭਾਈ ਜਰਨੈਲ ਸਿੰਘ ਸਖੀਰਾ ਨੇ ਕਿਹਾ ਕਿ ਜੂਨ 1984 ਦੇ ਦੌਰਾਨ ਤੱਤਕਾਲੀ ਪ੍ਰਧਾਨ ਮੰਤਰੀ ਇੰਦਰਾ ਗਾਂਧੀ ਦੇ ਇਸ਼ਾਰਿਆਂ ਤੇ ਭਾਰਤੀ ਫੌਜ਼ ਦੇ ਵੱਲੋਂ ਅਣਕਿਆਸੀ ਤੇ ਅਣਐਲਾਨੀ ਜੰਗ ਕਰਕੇ ਸਿੱਖ ਕੌਮ ਤੇ ਪੰਥ ਦਾ ਵੱਡੇ ਪੱਧਰ ਤੇ ਜਾਨੀ ਤੇ ਮਾਲੀ ਨੁਕਸਾਨ ਕੀਤਾ। ਸਿੱਖੀ ਦੇ ਕੇਂਦਰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਤੇ ਮੀਰੀ ਪੀਰੀ ਦੀ ਨਿਸ਼ਾਨੀ ਸ੍ਰੀ ਅਕਾਲ ਤਖਤ ਸਾਹਿਬ ਨੂੰ ਢਹਿ ਢੇਰੀ ਕਰਨ ਦੀਆਂ ਕੋਸ਼ਿਸ਼ਾਂ ਕੀਤੀਆਂ। ਸਰਕਾਰ ਵੱਲੋਂ ਇਸ ਸਮੁੱਚੇ ਘਟਨਾਕ੍ਰਮ ਨੂੰ ਸਾਕਾ ਨੀਲਾ ਤਾਰਾ ਦਾ ਨਾਮ ਜਦੋਂ ਕਿ ਕੌਮ ਤੇ ਪੰਥ ਨੇ ਇਸ ਨੂੰ ਤੀਜਾ ਘੱਲੂਘਾਰਾ ਦੱਸਦੇ ਹੋਏ ਉਸ ਸਮੇਂ ਸ਼ਹੀਦ ਹੋਏ ਹਰੇਕ ਵਰਗ ਦੇ ਸ਼ਹੀਦਾਂ ਨੂੰ ਯਾਦ ਕਰਦੇ ਹੋਏ ਹਰ ਵਰ੍ਹੇ ਸ੍ਰੀ ਅਕਾਲ ਤਖਤ ਸਾਹਿਬ ਵਿਖੇ ਸ਼ਹੀਦੀ ਸਮਾਗਮ ਕਰਵਾਇਆ ਜਾਂਦਾ ਹੈ। ਇਸ ਵਾਰ ਵੀ 42ਵੀਂ ਵਰ੍ਹੇਗੰਢ ਮੌਕੇ ਸ਼ਹੀਦਾਂ ਨੂੰ ਸ਼ਰਧਾਂਜਲੀ ਦੇਣ ਦੀ ਰੂਪ ਰੇਖਾ ਤੈਅ ਕੀਤੀ ਗਈ। 4 ਜੂਨ ਨੂੰ ਸ਼ਬਦ ਗੁਰੂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਠਾਂ ਦੇ ਸ਼ੁਰੂਆਤੀ ਕੀਤੀ ਜਾਵੇਗੀ ਤੇ 6 ਜੂਨ ਦਿਨ ਸ਼ਨੀਵਾਰ ਨੂੰ ਭੋਗ ਪਾਏ ਜਾਣਗੇ ਤੇ ਵਿਸ਼ਾਲ ਸ਼ਰਧਾਂਜਲੀ ਸਮਾਰੋਹ ਹੋਵੇਗਾ। ਸ਼ਹੀਦਾਂ ਨੂੰ ਸ਼ਰਧਾਂਜਲੀ ਦੇਣ ਦੇ ਨਾਲ.:.ਨਾਲ ਉਨ੍ਹਾਂ ਦੇ ਪਰਿਵਾਰਾਂ ਨੂੰ ਸਨਮਾਨਿਤ ਕਰਨ ਦੀ ਰਸਮ ਤੋਂ ਬਾਅਦ ਸ੍ਰੀ ਅਕਾਲ ਤਖਤ ਸਾਹਿਬ ਦੇ ਕਾਰਜਕਾਰੀ ਜੱਥੇਦਾਰ ਸਿੰਘ ਸਾਹਿਬ ਗਿਆਨੀ ਧਿਆਨ ਸਿੰਘ ਮੰਡ ਸਵੇਰੇ 8 ਵਜੇ ਸਿੱਖ ਕੌਮ ਦੇ ਨਾਮ ਸੰਦੇਸ਼ ਪੜ੍ਹਣਗੇ। ਕੌਮ ਨੂੰ ਇੱਕ ਮੁੱਠ ਤੇ ਇੱਕ ਜੁੱਟ ਹੋਣ ਦੇ ਨਾਲ.:.ਨਾਲ ਹਲੀਮੀ ਰਾਜ ਦੀ ਸਥਾਪਨਾ ਤੱਕ ਜੱਦੋ ਜਹਿਦ ਜਾਰੀ ਰੱਖਣ ਦਾ ਸੁਨੇਹਾ ਦਿੱਤਾ ਜਾਵੇਗਾ। ਉਨ੍ਹਾਂ ਕਿਹਾ ਕਿ ਜੂਨ 1984 ਦੇ ਸ਼ਹੀਦਾਂ ਨੂੰ ਯਾਦ ਕਰਨਾ ਤੇ ਸ਼ਰਧਾਂਜਲੀ ਭੇਂਟ ਕਰਨਾ ਸਿੱਖ ਕੌਮ ਦੀ ਨੈਤਿਕ ਜ਼ਿੰਮੇਵਾਰੀ ਹੈ ਤੇ ਆਉਣ ਵਾਲੀਆਂ ਪੀੜ੍ਹੀਆਂ ਦੇ ਲਈ ਇੱਕ ਧਾਰਮਿਕ ਵਿਰਾਸਤੀ ਸਬਕ ਵੀ ਹੈ। ਭਾਈ ਜਰਨੈਲ ਸਿੰਘ ਸਖੀਰਾ ਨੇ ਦੇਸ਼ ਵਿਦੇਸ਼ ਦੀਆਂ ਸੰਗਤਾਂ ਨੂੰ ਹੁੰਮ ਹੁੰਮਾ ਕੇ ਪੁੱਜਣ ਅਤੇ ਭਾਈ ਧਿਆਨ ਸਿੰਘ ਮੰਡ ਦੇ ਕੌਮੀ ਸੰਦੇਸ਼ ਤੇ ਅਸਰ ਕਰਨ ਦੀ ਅਪੀਲ ਵੀ ਕੀਤੀ

## ਲਾਈਨਮੈਨ ਮਨਜੀਤ ਸਿੰਘ ਦਾ ਸੇਵਾ ਮੁਕਤੀ 'ਤੇ ਕੀਤਾ ਵਿਸ਼ੇਸ਼ ਸਨਮਾਨ



ਚੋਗਾਵਾਂ, 2 ਜੂਨ (ਸੁਬੇਗ ਸਿੰਘ ਸੋਨਾ): ਸਬ ਡਵੀਜ਼ਨ ਬਿਜਲੀ ਦਫਤਰ ਲੋਪੋਕੇ ਵਿਖੇ ਬਤੌਰ ਲਾਈਨਮੈਨ ਦੀਆਂ ਸੇਵਾਵਾਂ ਨਿਭਾਉਣ ਵਾਲੇ ਮਨਜੀਤ ਸਿੰਘ ਦੀ ਸੇਵਾ ਮੁਕਤੀ 'ਤੇ ਸਨਮਾਨ ਸਮਾਰੋਹ ਕਰਵਾਇਆ ਗਿਆ। ਇਸ ਮੌਕੇ ਕਰਵਾਏ ਸੰਖੇਪ ਸਮਾਗਮ ਦੌਰਾਨ ਸੰਬੋਧਨ ਕਰਦਿਆਂ ਐਕਸੀਐਨ ਹਰਜੀਤ ਸਿੰਘ, ਐੱਸ. ਡੀ. ਓ. ਕੁਲਦੀਪ ਸਿੰਘ ਲੋਪੋਕੇ, ਜੇ. ਈ. ਪਰਵਿੰਦਰ ਸਿੰਘ, ਜੇ. ਈ. ਭੁਪਿੰਦਰ ਸਿੰਘ ਆਦਿ ਨੇ ਕਿਹਾ ਕਿ ਮਨਜੀਤ ਸਿੰਘ ਨੇ ਆਪਣੀ ਡਿਊਟੀ ਪੂਰੀ ਤਨਦੇਹੀ ਤੇ ਇਮਾਨਦਾਰੀ ਨਾਲ ਨਿਭਾਈ। ਇਨ੍ਹਾਂ ਵਲੋਂ ਨਿਭਾਈਆਂ ਸੇਵਾਵਾਂ ਨੂੰ ਹਮੇਸ਼ਾ ਯਾਦ ਰੱਖਿਆ ਜਾਵੇਗਾ। ਇਸ ਮੌਕੇ ਸਮੂਹ ਸਟਾਫ, ਤੇ ਹੋਰਨਾਂ ਵਲੋਂ ਉਨ੍ਹਾਂ ਨੂੰ ਕੀਮਤੀ ਤੋਹਫੇ ਤੇ ਹਾਰ ਪਾ ਕੇ ਸਨਮਾਨਿਤ ਕੀਤਾ ਅਤੇ ਸੇਵਾ ਮੁਕਤੀ ਤੇ ਵਧਾਈ ਦਿੱਤੀ। ਇਸ ਮੌਕੇ ਜੁਗਰਾਜ ਸਿੰਘ ਡਵੀਜ਼ਨ ਪ੍ਰਧਾਨ ਟੀ.ਐੱਸ. ਯੂ, ਹਰਭੇਜ ਸਿੰਘ ਡਵੀਜ਼ਨ ਕੈਸੀਅਰ, (ਟੀ.ਐੱਸ. ਯੂ.),, ਜੇ. ਈ. ਸੁਖਵਿੰਦਰ ਸਿੰਘ, ਰਜਵੰਤ ਸਿੰਘ ਮਾਹਲ ਲਾਈਨਮੈਨ, ਹਰਪ੍ਰੀਤ ਸਿੰਘ ਪ੍ਰਧਾਨ, ਪਰਮਪਾਲ ਸਿੰਘ, ਸੇਵਾ ਸਿੰਘ, ਕੁਲਦੀਪ ਸਿੰਘ ਪ੍ਰਧਾਨ ਏਟਕ, ਸ਼ਾਰਦਾ ਪ੍ਰਸ਼ਾਦ, ਵਿਨੇ ਕੁਮਾਰ, ਮਹਿਕਦੀਪ ਸਿੰਘ, ਸਤਨਾਮ ਸਿੰਘ, ਆਦਿ ਹਾਜ਼ਰ ਸਨ।

ਰੋਜ਼ਾਨਾ ਚੜ੍ਹਦੀਕਲਾ

## ਸਿਹਤ ਖ਼ਬਰਨਾਮਾ

# ਕੋਸੇ ਪਾਣੀ 'ਚ ਸ਼ਹਿਦ ਤੇ ਨਿੰਬੂ ਦਾ ਰਸ ਮਿਲਾਕੇ ਪੀਣ ਨਾਲ ਹੋਣਗੀਆਂ ਕਈ ਬਿਮਾਰੀਆਂ ਦੂਰ

ਮਾਹਿਰਾਂ ਮੁਤਾਬਕ ਜੇਕਰ ਤੁਸੀਂ ਰੋਜ਼ਾਨਾ ਸਵੇਰੇ ਖਾਲੀ ਪੇਟ ਇੱਕ ਗਲਾਸ ਕੋਸੇ ਪਾਣੀ 'ਚ ਸ਼ਹਿਦ



ਮਿਲਾ ਕੇ ਪੀਂਦੇ ਹੋ ਤਾਂ ਇਸ ਨਾਲ ਸਿਹਤ ਨੂੰ ਕਈ ਫਾਇਦੇ ਹੁੰਦੇ ਹਨ। ਕਿਉਂਕਿ ਇਸ ਦਾ ਸੇਵਨ ਭਾਰ ਘਟਾਉਣ ਦੇ ਨਾਲ-ਨਾਲ ਹੋਰ ਕਈ ਸਿਹਤ ਸਮਸਿਆਵਾਂ ਨੂੰ ਦੂਰ ਕਰਨ ਮਦਦ ਕਰਦਾ ਹੈ। ਦਸ ਦਈਏ ਕਿ ਖਾਲੀ ਪੇਟ ਸ਼ਹਿਦ ਦਾ ਪਾਣੀ ਪੀਣ ਨਾਲ ਸਰੀਰ 'ਚ ਜਮ੍ਹਾ ਜ਼ਹਿਰੀਲੇ ਤੱਤ ਬਾਹਰ ਨਿਕਲਦੇ ਹਨ ਅਤੇ ਪਾਚਨ ਕਿਰਿਆ 'ਚ ਸੁਧਾਰ ਹੁੰਦਾ ਹੈ।

**ਇਮਿਊਨ ਸਿਸਟਮ ਲਈ ਫਾਇਦੇਮੰਦ** ; ਨਿੰਬੂ 'ਚ ਮੌਜੂਦ ਵਿਟਾਮਿਨ 3 ਅਤੇ ਸ਼ਹਿਦ 'ਚ ਪਾਏ ਜਾਂਦੇ ਐਂਟੀਓਕਸੀਡੈਂਟਸ ਰੋਗਾਂ ਤੋਂ ਬਚਾਅ ਕਰਨ ਵਾਲੀ ਪ੍ਰਭਾਵਸ਼ਾਲੀ ਢਾਲ ਤਿਆਰ ਕਰਦੇ ਹਨ। ਜਿਨ੍ਹਾਂ ਨੂੰ ਵਾਰ-ਵਾਰ ਜ਼ੁਕਾਮ, ਖੰਘ ਜਾਂ ਥਕਾਵਟ ਹੁੰਦੀ ਰਹਿੰਦੀ ਹੈ, ਉਹ ਇਸ ਡਰਿੰਕ ਨੂੰ ਸਵੇਰ ਦੇ ਰੁਟੀਨ 'ਚ ਸ਼ਾਮਿਲ ਕਰ ਸਕਦੇ ਹਨ।

**ਸਰੀਰ ਨੂੰ ਡੀਟੌਕਸ ਕਰਨ ਲਈ ਫਾਇਦੇਮੰਦ** : ਮਾਹਿਰਾਂ ਮੁਤਾਬਕ ਸ਼ਹਿਦ ਸਰੀਰ 'ਚ ਜਮ੍ਹਾਂ ਹੋਏ ਜ਼ਹਿਰੀਲੇ ਤੱਤਾਂ ਨੂੰ ਬਾਹਰ ਕੱਢਣ 'ਚ ਮਦਦ ਕਰਦਾ ਹੈ। ਕਿਉਂਕਿ ਇਸ 'ਚ ਭਰਪੂਰ ਮਾਤਰਾ 'ਚ ਐਂਟੀਆਕਸੀਡੈਂਟ ਗੁਣ ਪਾਏ ਜਾਂਦੇ ਹਨ, ਜੋ ਪਾਚਨ ਪ੍ਰਣਾਲੀ 'ਚ ਮਦਦ ਕਰਦੇ ਹਨ ਅਤੇ ਗੁਰਦਿਆਂ ਦੀ ਸਿਹਤ 'ਚ ਸੁਧਾਰ ਕਰਦੇ ਹਨ। ਪੈਨਕ੍ਰੀਅਸ ਦੇ ਕੰਮ 'ਚ ਮਦਦ ਕਰਦਾ ਹੈ। ਜਿਸ ਕਾਰਨ ਤੁਹਾਡੀ ਸਮੁੱਚੀ ਸਿਹਤ ਚੰਗੀ ਰਹਿੰਦੀ ਹੈ।

**ਚਰਬੀ ਘਟਾਏ ਤੇ ਮੈਟਾਬੋਲਿਜ਼ਮ ਵਧਾਏ** ; ਵੇਟ ਲਾਸ ਜਰਨੀ 'ਤੇ ਨਿਕਲੇ ਲੋਕਾਂ ਲਈ ਇਹ ਡਰਿੰਕ ਬਹੁਤ ਲਾਭਦਾਇਕ ਸਾਬਿਤ ਹੋ ਸਕਦੀ ਹੈ। ਨਿੰਬੂ ਅਤੇ ਸ਼ਹਿਦ ਵਾਲੇ ਪਾਣੀ ਨਾਲ ਮੈਟਾਬੋਲਿਜ਼ਮ ਤੇਜ਼ ਹੁੰਦਾ ਹੈ, ਜੋ ਕਿ ਚਰਬੀ ਘਟਾਉਣ 'ਚ ਸਹਾਇਕ ਹੈ।

**ਚਮੜੀ ਨੂੰ ਦੇਵੇ ਨਿਖਾਰ** ; ਐਂਟੀਬੈਕਟੀਰੀਅਲ ਅਤੇ ਐਂਟੀਏਜਿੰਗ ਗੁਣਾਂ ਨਾਲ ਭਰਪੂਰ ਇਹ ਡਰਿੰਕ ਚਮੜੀ ਨੂੰ ਸੁੰਦਰ, ਨਿਖਰੀ ਹੋਈ ਅਤੇ ਨਰਮ ਬਣਾਉਣ 'ਚ ਵੀ ਰੋਲ ਅਦਾ ਕਰਦਾ ਹੈ।

# ਕੇਂਦਰ ਐਲ ਨੀਨੋ ਦੀ ਸੰਭਾਵਨਾ ਨੂੰ ਲੈ ਕੇ ਸੁਚੇਤ ਹੈ ਕਿਸਾਨਾਂ ਦੇ ਹਿੱਤਾਂ ਦੀ ਰੱਖਿਆ ਸਭ ਤੋਂ ਮਹੱਤਵਪੂਰਨ: ਚੌਹਾਨ

ਨਵੀਂ ਦਿੱਲੀ, 2 ਜੂਨ (ਅੰਮ੍ਰਿਤਪਾਲ ਸਿੰਘ) : ਕੇਂਦਰੀ ਖੇਤੀਬਾੜੀ, ਕਿਸਾਨ ਭਲਾਈ ਅਤੇ ਪੇਂਡੂ ਵਿਕਾਸ ਮੰਤਰੀ, ਸ਼੍ਰੀ ਸ਼ਿਵਰਾਜ ਸਿੰਘ ਚੌਹਾਨ ਨੇ ਅੱਜ ਦਿੱਲੀ ਵਿੱਚ ਇੱਕ ਵਿਸਤ੍ਰਿਤ ਸਮੀਖਿਆ ਕੀਤੀ ਦੱਖਣ-ਪੱਛਮੀ ਮਾਨਸੂਨ, ਸੰਭਾਵੀ ਅਲ ਨੀਨੋ ਪ੍ਰਭਾਵ, ਪਾਣੀ ਦੀ ਉਪਲਬਧਤਾ, ਬੀਜ ਪ੍ਰਬੰਧਨ, ਫਸਲ ਰਣਨੀਤੀ ਅਤੇ ਰਾਜ ਦੀਆਂ ਤਿਆਰੀਆਂ। ਇਸ ਉੱਚ-ਪੱਧਰੀ ਮੀਟਿੰਗ ਵਿੱਚ, ਸ਼੍ਰੀ ਸ਼ਿਵਰਾਜ ਸਿੰਘ ਚੌਹਾਨ ਨੇ ਨਿਰਦੇਸ਼ ਦਿੱਤੇ ਕਿ ਸਾਰੇ ਸਬੰਧਤ ਕੇਂਦਰੀ ਅਤੇ ਰਾਜ ਸਰਕਾਰ ਦੇ ਵਿਭਾਗ ਪੂਰੀ ਗੰਭੀਰਤਾ, ਤਾਲਮੇਲ ਅਤੇ ਅਗਾਊਂ ਯੋਜਨਾਬੰਦੀ ਨਾਲ ਕੰਮ ਕਰਨ, ਤਾਂ ਜੋ ਕਿਸਾਨਾਂ ਨੂੰ ਕਿਸੇ ਵੀ ਪ੍ਰਤੀਕੂਲ ਮੌਸਮੀ ਘਟਨਾ ਦੀ ਸਥਿਤੀ ਵਿੱਚ ਸਮੇਂ ਸਿਰ ਸਲਾਹ, ਢੁਕਵੇਂ ਬੀਜ, ਵਿਕਲਪਕ ਫਸਲ ਵਿਕਲਪ, ਨਮੀ ਸੰਭਾਲ ਅਤੇ ਪਾਣੀ ਪ੍ਰਬੰਧਨ ਸਹਾਇਤਾ ਮਿਲ ਸਕੇ। ਉਨ੍ਹਾਂ ਕਿਹਾ ਕਿ ਕਿਸਾਨਾਂ ਨੂੰ ਘਬਰਾਉਣ ਦੀ ਲੋੜ ਨਹੀਂ ਹੈ, ਕਿਉਂਕਿ ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਦੇ ਮਾਰਗਦਰਸ਼ਨ ਵਿੱਚ, ਸਰਕਾਰ ਬਹੁਤ ਸਾਵਧਾਨੀ ਨਾਲ ਤਿਆਰੀ ਕਰ ਰਹੀ ਹੈ, ਜਿਸਦਾ ਉਦੇਸ਼ ਖੇਤਾਂ ਅਤੇ ਕਿਸਾਨਾਂ 'ਤੇ ਮੌਸਮੀ ਚੁਣੌਤੀਆਂ ਦੇ ਪ੍ਰਭਾਵ ਨੂੰ ਘੱਟ ਤੋਂ ਘੱਟ ਕਰਨਾ ਹੈ। ਨਵੀਂ ਦਿੱਲੀ ਦੇ ਕ੍ਰਿਸ਼ੀ ਭਵਨ ਵਿਖੇ ਆਯੋਜਿਤ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਸਮੇਤ ਸਾਰੇ ਸਬੰਧਤ ਵਿਭਾਗਾਂ ਦੀ ਇੱਕ ਸਮੀਖਿਆ ਮੀਟਿੰਗ ਵਿੱਚ, ਕੇਂਦਰੀ ਖੇਤੀਬਾੜੀ ਮੰਤਰੀ ਸ਼੍ਰੀ ਸ਼ਿਵਰਾਜ ਸਿੰਘ



ਚੌਹਾਨ ਨੇ ਕਿਹਾ ਕਿ ਕਿਸਾਨਾਂ ਦੇ ਹਿੱਤ ਸਭ ਤੋਂ ਉੱਪਰ ਹਨ ਅਤੇ ਸੰਭਾਵੀ ਅਲ ਨੀਨੋ ਪ੍ਰਭਾਵ ਦੇ ਮੱਦੇਨਜ਼ਰ ਸਾਰੀਆਂ ਜ਼ਰੂਰੀ ਤਿਆਰੀਆਂ ਸਮੇਂ ਸਿਰ ਪੂਰੀਆਂ ਕੀਤੀਆਂ ਜਾਣੀਆਂ ਚਾਹੀਦੀਆਂ ਹਨ। ਮੀਟਿੰਗ ਵਿੱਚ ਮੌਸਮ ਦੀ ਭਵਿੱਖਬਾਣੀ, ਪਾਣੀ ਦੀ ਉਪਲਬਧਤਾ, ਫਸਲਾਂ ਦੀਆਂ ਸਥਿਤੀਆਂ, ਬੀਜ ਅਤੇ ਹੋਰ ਖੇਤੀਬਾੜੀ ਇਨਪੁਟ ਪ੍ਰਬੰਧਾਂ, ਰਾਜ ਦੀਆਂ ਤਿਆਰੀਆਂ ਅਤੇ ਸੰਭਾਵੀ ਪ੍ਰਤੀਕੂਲ ਸਥਿਤੀਆਂ ਨੂੰ ਹੱਲ ਕਰਨ ਲਈ ਕਾਰਜ ਯੋਜਨਾਵਾਂ ਬਾਰੇ ਵਿਸਥਾਰ ਵਿੱਚ ਚਰਚਾ ਕੀਤੀ ਗਈ। ਮੀਟਿੰਗ ਵਿੱਚ ਦੱਸਿਆ ਗਿਆ ਕਿ ਭਾਰਤੀ ਮੌਸਮ ਵਿਭਾਗ ਨੇ ਭਵਿੱਖਬਾਣੀ ਕੀਤੀ ਹੈ ਕਿ 2026 ਦੱਖਣ-ਪੱਛਮੀ ਮਾਨਸੂਨ ਆਮ ਨਾਲੋਂ ਘੱਟ ਰਹੇਗਾ, ਜਿਸ ਨਾਲ ਦੇਸ਼ ਭਰ ਵਿੱਚ ਮੌਸਮੀ ਬਾਰਿਸ਼ ਲੰਬੇ ਸਮੇਂ ਦੇ ਔਸਤ ਦੇ ਲਗਭਗ 90 ਪ੍ਰਤੀਸ਼ਤ ਹੋਣ ਦਾ ਅਨੁਮਾਨ ਹੈ। ਇਹ ਵੀ ਸੰਕੇਤ ਦਿੱਤਾ ਗਿਆ ਸੀ ਕਿ ਮੌਨਸੂਨ ਸੀਜ਼ਨ ਦੌਰਾਨ ਐਲ ਨੀਨੋ ਦੀਆਂ ਸਥਿਤੀਆਂ ਵਿਕਸਤ ਹੋ ਸਕਦੀਆਂ ਹਨ, ਇਸ ਲਈ ਕੇਂਦਰ ਸਰਕਾਰ ਨੇ ਤਿਆਰੀਆਂ ਤੇਜ਼ ਕਰ ਦਿੱਤੀਆਂ ਹਨ ਅਤੇ ਰਾਜਾਂ ਨੂੰ ਚੌਕਸ ਰਹਿਣ ਲਈ ਕਿਹਾ ਹੈ। ਸ਼੍ਰੀ ਚੌਹਾਨ ਨੇ ਸਪੱਸ਼ਟ ਕੀਤਾ ਕਿ ਮੌਸਮ ਦੀ ਭਵਿੱਖਬਾਣੀ ਨੂੰ ਬਹੁਤ ਗੰਭੀਰਤਾ ਨਾਲ ਲਿਆ ਜਾ ਰਿਹਾ ਹੈ, ਪਰ ਕਿਸਾਨਾਂ ਨੂੰ ਚਿੰਤਾ ਕਰਨ ਦੀ ਲੋੜ ਨਹੀਂ ਹੈ। ਉਨ੍ਹਾਂ ਕਿਹਾ ਕਿ ਕੇਂਦਰ ਅਤੇ ਰਾਜ ਸਰਕਾਰਾਂ ਵਿਚਕਾਰ ਤਾਲਮੇਲ ਵਾਲੇ ਯਤਨਾਂ, ਬਿਹਤਰ ਪਾਣੀ ਪ੍ਰਬੰਧਨ, ਉੱਨਤ ਤਕਨਾਲੋਜੀ, ਸਿੰਚਾਈ ਸਹੂਲਤਾਂ ਦੇ ਵਿਸਥਾਰ ਅਤੇ ਜਲਵਾਯੂ-ਲਚਕੀਲੇ ਖੇਤੀਬਾੜੀ ਅਭਿਆਸਾਂ ਰਾਹੀਂ ਸੰਭਾਵੀ ਚੁਣੌਤੀਆਂ ਦੇ ਪ੍ਰਭਾਵ ਨੂੰ ਬਹੁਤ ਹੱਦ ਤੱਕ ਘੱਟ ਕੀਤਾ ਜਾ ਸਕਦਾ ਹੈ।

ਮੀਟਿੰਗ ਨੇ ਇਸ ਮਹੱਤਵਪੂਰਨ ਤੱਥ ਨੂੰ ਉਜਾਗਰ ਕੀਤਾ ਕਿ ਦੇਸ਼ ਦੇ ਜਲ ਭੰਡਾਰਾਂ ਵਿੱਚ ਪਾਣੀ ਦਾ ਪੱਧਰ ਇਸ ਸਮੇਂ ਤਸੱਲੀਬਖਸ਼ ਹੈ, ਅਤੇ ਕੁੱਲ ਭੰਡਾਰਨ ਆਮ ਨਾਲੋਂ ਬਿਹਤਰ ਸਥਿਤੀ ਵਿੱਚ ਹੈ। ਉਪਲਬਧ ਅਨੁਮਾਨਾਂ ਅਨੁਸਾਰ, ਇਸ ਸਮੇਂ ਲਈ ਜਲ ਭੰਡਾਰਨ ਆਮ ਪੱਧਰ ਦੇ 127.01 ਪ੍ਰਤੀਸ਼ਤ 'ਤੇ ਹੈ, ਜੋ ਕਿ ਖਰੀਫ ਸੀਜ਼ਨ ਦੌਰਾਨ ਸਿੰਚਾਈ ਦੀਆਂ ਜ਼ਰੂਰਤਾਂ ਨੂੰ ਪੂਰਾ ਕਰਨ ਵਿੱਚ ਮਹੱਤਵਪੂਰਨ ਤੌਰ 'ਤੇ ਮਦਦ ਕਰੇਗਾ ਅਤੇ ਨਮੀ ਦੀ ਕਮੀ ਦੇ ਜੋਖਮ ਨੂੰ ਕਾਫ਼ੀ ਹੱਦ ਤੱਕ ਘਟਾਏਗਾ।

ਕੇਂਦਰੀ ਮੰਤਰੀ ਸ਼੍ਰੀ ਚੌਹਾਨ ਨੇ ਕਿਹਾ ਕਿ ਹੁਣ ਚੁਣੌਤੀ ਸਿਰਫ਼ ਬਾਰਿਸ਼ ਦੀ ਭਵਿੱਖਬਾਣੀ ਨਹੀਂ ਹੈ, ਸਗੋਂ ਜ਼ਮੀਨੀ ਤਿਆਰੀ ਵੀ ਹੈ। ਉਨ੍ਹਾਂ ਨੇ ਨਿਰਦੇਸ਼ ਦਿੱਤੇ ਕਿ ਘੱਟ ਬਾਰਿਸ਼, ਲੰਬੇ ਸਮੇਂ ਤੱਕ ਸੋਕੇ ਦੇ ਦੌਰ ਜਾਂ ਐਲ ਨੀਨੋ ਦੇ ਵਧੇਰੇ ਪ੍ਰਭਾਵ ਦਾ ਅਨੁਭਵ ਕਰਨ ਵਾਲੇ ਰਾਜਾਂ ਅਤੇ ਜ਼ਿਲ੍ਹਿਆਂ ਵਿੱਚ ਵਿਸ਼ੇਸ਼ ਨਿਗਰਾਨੀ, ਨਿਰੰਤਰ ਸਮੀਖਿਆ ਅਤੇ ਤੁਰੰਤ ਕਾਰਵਾਈ ਯਕੀਨੀ ਬਣਾਈ ਜਾਵੇ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਜ਼ਿਲ੍ਹਾ ਪੱਧਰ @ਤੇ ਸੰਕਟਕਾਲੀਨ ਯੋਜਨਾਵਾਂ ਨੂੰ ਸਰਗਰਮ ਕੀਤਾ ਜਾਣਾ ਚਾਹੀਦਾ ਹੈ ਅਤੇ ਸੰਕਟਕਾਲੀਨ ਯੋਜਨਾਵਾਂ ਨੂੰ ਸਿਰਫ਼ ਕਾਗਜ਼ੀ ਕਾਰਵਾਈ ਨਹੀਂ ਮੰਨਿਆ ਜਾਣਾ ਚਾਹੀਦਾ। ਅਜਿਹੀਆਂ ਯੋਜਨਾਵਾਂ ਨੂੰ ਸਥਾਨਕ ਸਥਿਤੀਆਂ, ਉਪਲਬਧ ਪਾਣੀ, ਫਸਲਾਂ ਦੇ ਪੈਟਰਨ, ਬੀਜ ਸਥਿਤੀ, ਬਿਜਾਈ ਦੀ ਪ੍ਰਗਤੀ, ਬਾਰਿਸ਼ ਦੇ ਅੰਤਰ ਅਤੇ ਜ਼ਿਲ੍ਹਾ-ਵਿਸ਼ੇਸ਼ ਜੋਖਮਾਂ ਨੂੰ ਧਿਆਨ ਵਿੱਚ ਰੱਖਦੇ ਹੋਏ ਲਾਗੂ ਕੀਤਾ ਜਾਣਾ ਚਾਹੀਦਾ ਹੈ, ਤਾਂ ਜੋ ਕਿਸਾਨ ਵਿਵਹਾਰਕ ਅਤੇ ਸਮੇਂ ਸਿਰ ਹੱਲ ਪ੍ਰਾਪਤ ਕਰ ਸਕਣ।

ਬੀਜ ਦੀ ਉਪਲਬਧਤਾ ਬਾਰੇ ਮੀਟਿੰਗ ਨੂੰ ਦੱਸਿਆ ਗਿਆ ਕਿ ਸਾਉਣੀ ਅਤੇ ਹਾੜ੍ਹੀ ਦੋਵਾਂ ਮੌਸਮਾਂ ਲਈ ਬੀਜ ਦੀ ਉਪਲਬਧਤਾ ਲੋੜਾਂ ਤੋਂ ਵੱਧ ਹੈ, ਅਤੇ ਐਮਰਜੈਂਸੀ ਲਈ ਇੱਕ ਰਾਸ਼ਟਰੀ ਬੀਜ ਰਿਜ਼ਰਵ ਸਥਾਪਤ ਕੀਤਾ ਗਿਆ ਹੈ। ਇਸ ਤਿਆਰੀ ਦਾ ਉਦੇਸ਼ ਇਹ ਯਕੀਨੀ ਬਣਾਉਣਾ ਹੈ ਕਿ ਕਿਸੇ ਵੀ ਖੇਤਰ ਵਿੱਚ ਪ੍ਰਤੀਕੂਲ ਮੌਸਮ ਦੀ ਸਥਿਤੀ ਵਿੱਚ ਵਿਕਲਪਕ ਬੀਜ ਅਤੇ ਢੁਕਵੀਆਂ ਕਿਸਮਾਂ ਤੁਰੰਤ ਉਪਲਬਧ ਕਰਵਾਈਆਂ ਜਾ ਸਕਣ। ਕੇਂਦਰੀ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਬੀਜ ਦੀ ਉਪਲਬਧਤਾ ਦੇ ਨਾਲ-ਨਾਲ ਇਸਦੀ ਗੁਣਵੱਤਾ ਦੀ ਮਹੱਤਤਾ 'ਤੇ ਜ਼ੋਰ ਦਿੱਤਾ।

ਅਮਰੀਕੀ ਰਾਸ਼ਟਰਪਤੀ ਨੇ ਇਜ਼ਰਾਇਲੀ ਪ੍ਰਧਾਨ ਮੰਤਰੀ ਨੂੰ ਫ਼ੋਨ 'ਤੇ ਦਿੱਤੀ ਚਿਤਾਵਨੀ

# ਤੂੰ ਪਾਗਲ ਹੈਂ, ਜੇ ਮੈਂ ਨਾ ਹੁੰਦਾ ਤਾਂ ਜੇਲ੍ਹ 'ਚ ਹੁੰਦਾ": ਟਰੰਪ ਨੇ ਨੇਤਨਯਾਹੂ ਨੂੰ ਜੰਮ ਕੇ ਪਾਈ ਝਾੜ

ਨਵੀਂ ਦਿੱਲੀ, 2 ਜੂਨ (ਚ.ਨ.ਸ.): ਅਮਰੀਕੀ ਰਾਸ਼ਟਰਪਤੀ ਡੋਨਲਡ ਟਰੰਪ ਨੇ ਸੋਮਵਾਰ ਨੂੰ ਇੱਕ ਤਿੱਖੀ ਟੈਲੀਫ਼ੋਨ ਗੱਲਬਾਤ ਦੌਰਾਨ ਇਜ਼ਰਾਈਲ ਦੇ ਪ੍ਰਧਾਨ ਮੰਤਰੀ ਬੈਂਜਾਮਿਨ ਨੇਤਨਯਾਹੂ 'ਤੇ ਆਪਣਾ ਗੁੱਸਾ ਕੱਢਿਆ ਹੈ। ਰਿਪੋਰਟ ਮੁਤਾਬਕ, ਟਰੰਪ ਨੇ ਇਜ਼ਰਾਇਲੀ



ਆਗੂ ਨੂੰ ਦੁਨੀਆ ਭਰ ਵਿੱਚ ਇਜ਼ਰਾਈਲ ਖ਼ਿਲਾਫ਼ ਪੈਦਾ ਹੋ ਰਹੀ ਨਫ਼ਰਤ ਅਤੇ ਵਿਰੋਧ ਲਈ ਸਿੱਧੇ ਤੌਰ 'ਤੇ ਜ਼ਿੰਮੇਵਾਰ ਠਹਿਰਾਇਆ ਹੈ।ਇਹ ਤਣਾਅ ਉਸ ਵੇਲੇ ਵਧਿਆ ਜਦੋਂ ਇਰਾਨ ਨੇ ਉਸੇ ਦਿਨ ਸਵੇਰੇ ਚੇਤਾਵਨੀ ਦਿੱਤੀ ਸੀ ਕਿ ਜੇਕਰ ਲੈਬਨਾਨ ਵਿੱਚ ਇਜ਼ਰਾਈਲ ਦੀਆਂ ਫ਼ੌਜੀ ਕਾਰਵਾਈਆਂ ਇਵੇਂ ਹੀ ਜਾਰੀ ਰਹੀਆਂ, ਤਾਂ ਉਹ ਵਾਸ਼ਿੰਗਟਨ (ਅਮਰੀਕਾ) ਨਾਲ ਆਪਣੇ ਸਾਰੇ ਕੂਟਨੀਤਕ ਸੰਪਰਕ ਤੋੜ ਦੇਵੇਗਾ। ਇਸ ਤੋਂ ਬਾਅਦ ਅਮਰੀਕੀ ਰਾਸ਼ਟਰਪਤੀ ਨੇ ਹਮਲਾਵਰ ਰੁਖ਼ ਅਖ਼ਤਿਆਰ ਕਰਦਿਆਂ ਨੇਤਨਯਾਹੂ ਨਾਲ ਗੱਲ ਕੀਤੀ ਅਤੇ ਇੱਕ ਮੌਕੇ ਬੇਹੱਦ ਗੁੱਸੇ ਵਿੱਚ ਆ ਕੇ ਇੱਥੋਂ ਤੱਕ ਆਖ ਦਿੱਤਾ, 'ਤੁਸੀਂ ਆਖ਼ਰ ਕਰ ਕੀ ਰਹੇ ਹੋ ?'ਰਿਪੋਰਟ ਵਿੱਚ ਇੱਕ ਅਮਰੀਕੀ ਅਧਿਕਾਰੀ ਦੇ ਹਵਾਲੇ ਨਾਲ ਦੱਸਿਆ ਗਿਆ ਹੈ ਕਿ ਰਾਸ਼ਟਰਪਤੀ ਟਰੰਪ ਹਿਜ਼ਬੁੱਲਾ ਦੇ ਹਮਲਿਆਂ ਦੇ ਜਵਾਬ ਵਿੱਚ ਇਜ਼ਰਾਈਲ ਵੱਲੋਂ ਕੀਤੀ ਜਾ ਰਹੀ ਲੋੜ ਤੋਂ ਵੱਧ ਅਤੇ ਅੰਨ੍ਹੇਵਾਹ ਫ਼ੌਜੀ ਕਾਰਵਾਈ ਤੋਂ ਕਾਫ਼ੀ ਨਿਰਾਸ਼ ਸਨ। ਟਰੰਪ ਨੇ ਇਸ ਗੱਲ 'ਤੇ ਸਖ਼ਤ ਇਤਰਾਜ਼ ਜਤਾਇਆ ਕਿ ਹਿਜ਼ਬੁੱਲਾ ਦੇ ਸਿਰਫ਼ ਇੱਕ ਕਮਾਂਡਰ ਨੂੰ ਨਿਸ਼ਾਨਾ ਬਣਾਉਣ ਲਈ ਇਜ਼ਰਾਈਲ ਵੱਲੋਂ ਪੂਰੀਆਂ ਦੀਆਂ ਪੂਰੀਆਂ ਇਮਾਰਤਾਂ ਨੂੰ ਤਬਾਹ ਕੀਤਾ ਜਾ ਰਿਹਾ ਹੈ। ਇਸ ਦੇ ਨਾਲ ਹੀ ਉਨ੍ਹਾਂ ਨੇ ਲਿਬਨਾਨ ਦੀ ਰਾਜਧਾਨੀ ਬੈਰੂਤ ਖ਼ਿਲਾਫ਼ ਤੇਲ ਅਵੀਵ (ਇਜ਼ਰਾਈਲ) ਵੱਲੋਂ ਲਗਾਤਾਰ ਦਿੱਤੀਆਂ ਜਾ ਰਹੀਆਂ ਧਮਕੀਆਂ ਦੀ ਵੀ ਨਿਖੇਧੀ ਕੀਤੀ।

# ਆਰ.ਸੀ.ਬੀ. ਦੇ ਸਟਾਰ ਖਿਡਾਰੀ ਟਿਮ ਡੇਵਿਡ 'ਤੇ ਲੱਗੀ ਪਾਬੰਦੀ, ਬੀਸੀਸੀਆਈ ਨੇ ਅੱਧੀ ਕਮਾਈ ਵੀ ਕੱਟੀ

ਮੁੰਬਈ, 2 ਜੂਨ (ਚ.ਨ.ਸ.) : ਰਾਇਲ ਚੈਲੇਂਜਰਜ਼ ਬੈਂਗਲੁਰੂ ਨੇ ਆਈ.ਪੀ.ਐੱਲ. 2026 ਦਾ ਖਿਤਾਬ ਜਿੱਤ ਕੇ ਇਤਿਹਾਸ ਰਚ ਦਿੱਤਾ ਹੈ। ਅਹਿਮਦਾਬਾਦ ਦੇ ਨਰਿੰਦਰ ਮੋਦੀ ਸਟੇਡੀਅਮ ਵਿੱਚ ਖੇਡੇ ਗਏ ਫਾਈਨਲ ਵਿੱਚ ਬੈਂਗਲੁਰੂ ਨੇ ਗੁਜਰਾਤ ਟਾਈਟਨਸ ਨੂੰ 5 ਵਿਕਟਾਂ ਨਾਲ ਹਰਾ ਕੇ ਲਗਾਤਾਰ ਦੂਜੀ ਵਾਰ ਟਰਾਫੀ ਆਪਣੇ ਨਾਂ ਕੀਤੀ। ਪਰ ਇਸ ਇਤਿਹਾਸਕ ਜਿੱਤ ਦੇ



ਅਗਲੇ ਹੀ ਦਿਨ ਟੀਮ ਲਈ ਇੱਕ ਬੁਰੀ ਖ਼ਬਰ ਸਾਹਮਣੇ ਆਈ ਹੈ। ਟੀਮ ਦੇ ਸਟਾਰ ਬੱਲੇਬਾਜ਼ ਟਿਮ ਡੇਵਿਡ 'ਤੇ ਭਾਰਤੀ ਕ੍ਰਿਕਟ ਕੰਟਰੋਲ ਬੋਰਡ ਨੇ ਨਿਯਮਾਂ ਦੀ ਉਲੰਘਣਾ ਕਰਨ ਦੇ ਦੋਸ਼ ਵਿੱਚ ਇੱਕ ਮੈਚ ਦੀ ਪਾਬੰਦੀ ਲਗਾ ਦਿੱਤੀ ਹੈ। ਇਸ ਦੇ ਨਾਲ ਹੀ ਉਨ੍ਹਾਂ ਦੀ ਮੈਚ ਫੀਸ ਦਾ 50 ਫੀਸਦੀ ਹਿੱਸਾ ਵੀ ਜੁਰਮਾਨੇ ਵਜੋਂ ਕੱਟਿਆ ਗਿਆ ਹੈ। ਟਿਮ ਡੇਵਿਡ 'ਤੇ ਇਹ ਪਾਬੰਦੀ ਇਸ ਲਈ ਲੱਗੀ ਹੈ ਕਿਉਂਕਿ ਮੌਜੂਦਾ ਸੀਜ਼ਨ ਵਿੱਚ ਉਨ੍ਹਾਂ ਦੀ ਇਹ ਤੀਜੀ ਗਲਤੀ ਸੀ। ਇਸ ਤੋਂ ਪਹਿਲਾਂ ਉਨ੍ਹਾਂ ਨੂੰ 20ਵੇਂ ਅਤੇ 54ਵੇਂ ਮੈਚ ਵਿੱਚ ਵੀ ਅਨੁਸ਼ਾਸਨਹੀਣਤਾ ਲਈ ਡੀਮੈਰਿਟ ਅੰਕ ਮਿਲੇ ਸਨ। ਹੁਣ ਕੁੱਲ 5 ਡੀਮੈਰਿਟ ਅੰਕ ਹੋਣ ਕਾਰਨ ਉਨ੍ਹਾਂ 'ਤੇ ਇੱਕ ਮੈਚ ਦੀ ਪਾਬੰਦੀ ਲਗਾਈ ਗਈ ਹੈ।

# ਬ੍ਰਿਟੇਨ 'ਚ ਭਾਰਤੀ ਸਿਹਤ ਕਾਮੇ ਦੀ ਵੱਡੀ ਜਿੱਤ: ਕੰਮ ਨਾ ਦੇਣ 'ਤੇ ਸਪਾਂਸਰ ਕੰਪਨੀ ਨੂੰ 28 ਹਜ਼ਾਰ ਪਾਊਂਡ ਜੁਰਮਾਨਾ

ਲੰਡਨ, 2 ਜੂਨ (ਚ.ਨ.ਸ.) : ਬ੍ਰਿਟੇਨ ਵਿਚ ਕਾਨੂੰਨੀ ਤਰੀਕੇ ਨਾਲ ਕੰਮ ਕਰਨ ਲਈ ਆਏ ਭਾਰਤੀ ਸਿਹਤ ਅਤੇ ਦੇਖ-ਭਾਲ ਮੁਲਾਜ਼ਮ ਨੂੰ ਉਸ ਦੀ ਸਪਾਂਸਰ ਕੰਪਨੀ ਵੱਲੋਂ ਕੰਮ ਨਾ ਦਿੱਤੇ ਜਾਣ 'ਤੇ ਬ੍ਰਿਟਿਸ਼ ਜੱਜ ਨੇ ਵੱਡਾ ਹਰਜਾਨਾ ਤੇ ਛੁੱਟੀ ਦੇ ਭੁਗਤਾਨ ਦੀ ਰਕਮ ਦੇਣ ਦਾ ਫ਼ੈਸਲਾ ਸੁਣਾਇਆ ਹੈ। ਇਸ ਵਿਚ 28,000 ਪੌਂਡ ਤੋਂ ਵੱਧ ਦੀ ਅਦਾ ਕਰਨ ਯੋਗ ਉਸ ਦੀ ਉਜਰਤ ਸ਼ਾਮਲ ਹੈ। ਅਦਾਲਤ ਦਾ ਕਹਿਣਾ ਹੈ ਕਿ ਉਹ ਨਿਪੁੰਨ ਸਿਹਤ ਕਾਮੇ ਦੇ ਤੌਰ 'ਤੇ ਇੱਥੇ ਆਇਆ ਸੀ ਪਰ ਉਸ ਦੀ ਸਪਾਂਸਰ ਕੰਪਨੀ ਨੇ ਉਸ ਨੂੰ ਪਹਿਲਾਂ ਤੋਂ ਤੈਅ ਕੀਤਾ ਰੋਜ਼ਗਾਰ ਨਹੀਂ ਮੁਹੱਈਆ ਕਰਵਾਇਆ।33 ਸਾਲਾ ਸ਼ਾਬਿਨ ਸ਼ਾਜੀ ਸਿਹਤ ਅਤੇ ਦੇਖ-ਭਾਲ ਮੁਲਾਜ਼ਮ ਵੀਜ਼ਾ 'ਤੇ ਬ੍ਰਿਟੇਨ ਵਿਚ ਆਏ ਸਨ ਤੇ ਸਿਹਤ ਖੇਤਰ ਵਿਚ ਨੌਕਰੀ ਲਈ ਸਵਾਨ ਕੇਅਰ ਸਾਲਿਊਸ਼ਨਜ਼ ਲਿਮਟਿਡ ਤੋਂ ਜ਼ਰੂਰੀ ਸਪਾਂਸਰ ਪ੍ਰਮਾਣ ਪੱਤਰ ਪ੍ਰਾਪਤ ਕੀਤਾ ਸੀ। ਉਨ੍ਹਾਂ ਨੇ ਹਾਲ ਹੀ ਵਿਚ ਬਰਮਿੰਘਮ ਵਿਚ ਇਕ ਜੱਜ ਨੂੰ ਦੱਸਿਆ ਕਿ ਸਪਾਂਸਰ ਨੇ ਕਦੇ ਵੀ ਮੈਨੂੰ ਕੰਮ ਨਹੀਂ ਦਿੱਤਾ ਜਾਂ ਕੰਮ ਕਰਵਾ ਕੇ ਭੁਗਤਾਨ ਨਹੀਂ ਕੀਤਾ।ਰੋਜ਼ਗਾਰ ਅਦਾਲਤ ਦੇ ਜੱਜ ਐਡਮੰਡਸ ਨੇ ਸਿੱਟਾ ਕੱਢਿਆ ਕਿ ਦਾਅਵੇਦਾਰ (ਸ਼ਾਜੀ) 15 ਅਪ੍ਰੈਲ, 2023 ਤੋਂ 21 ਅਪ੍ਰੈਲ, 2024 ਤੱਕ



ਰੋਜ਼ਗਾਰ 'ਤੇ ਲੱਗਾ ਸੀ। ਇਹ 40 ਘੰਟੇ ਦੇ ਕਾਰਜ ਹਫ਼ਤੇ ਦੇ ਅਧਾਰ 'ਤੇ 22,880 ਪੌਂਡ ਸਾਲਾਨਾ ਦੀ ਕੁੱਲ ਮਜ਼ਦੂਰੀ 'ਤੇ ਅਧਾਰਤ ਸੀ।

# ਬਾਬਾ ਬੀਰ ਸਿੰਘ ਨੌਰੰਗਾਬਾਦ ਵਾਲਿਆਂ ਦੀ ਯਾਦ ਵਿੱਚ ਗੁਰਦੁਆਰਾ ਗੋਬਿੰਦਸਰ ਸਾਹਿਬ ਲਵੀਨੀਓ ਵਿਖੇ ਤਿੰਨ ਰੋਜ਼ਾ ਧਾਰਮਿਕ ਸਮਾਗਮ

ਰੋਮ (ਇਟਲੀ), 2 ਜੂਨ (ਗੁਰਸ਼ਰਨ ਸਿੰਘ ਸੋਨੀ) : ਰਾਜਧਾਨੀ ਰੋਮ ਦੇ ਅਧੀਨ ਆਉਂਦੇ ਸ਼ਹਿਰ ਲਵੀਨੀਓ ਵਿਖੇ ਸਥਿਤ ਗੁਰਦੁਆਰਾ ਗੋਬਿੰਦਸਰ ਸਾਹਿਬ ਵਿਖੇ ਸੰਤ ਬਾਬਾ ਬੀਰ ਸਿੰਘ ਨੌਰੰਗਾਬਾਦ ਵਾਲਿਆਂ ਦੀ ਯਾਦ ਨੂੰ ਸਮਰਪਿਤ ਤਿੰਨ ਰੋਜ਼ਾ ਧਾਰਮਿਕ ਸਮਾਗਮ ਬੜੀ ਸ਼ਰਧਾ, ਭਾਵਨਾ ਨਾਲ ਕਰਵਾਇਆ ਗਿਆ। ਇਸ ਸਮਾਗਮ ਵਿੱਚ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਹਾਜ਼ਰੀ ਭਰ ਕੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕੀਤੀਆਂ। ਸਮਾਗਮ ਦੌਰਾਨ ਰਾਗੀ ਜਥਿਆਂ ਵੱਲੋਂ ਗੁਰਬਾਣੀ ਕੀਰਤਨ ਰਾਹੀਂ ਸੰਗਤਾਂ ਨੂੰ ਗੁਰੂ ਸਾਹਿਬ ਦੇ ਉਪਦੇਸ਼ਾਂ ਨਾਲ ਜੋੜਿਆ ਗਿਆ। ਕੀਰਤਨ ਦੀਆਂ ਮਧੁਰ ਧੁਨਾਂ ਨੇ ਸਾਰੇ ਦੀਵਾਨ ਹਾਲ ਨੂੰ ਰਸਭਿੰਨਾ ਬਣਾ ਦਿੱਤਾ ਅਤੇ ਸੰਗਤਾਂ ਨੇ ਨਾਮ ਸਿਮਰਨ ਤੇ ਗੁਰਬਾਣੀ ਵਿਚਾਰਾਂ ਦਾ



ਆਨੰਦ ਮਾਣਿਆ। ਇਸ ਮੌਕੇ ਸੁਰਜੀਤ ਸਿੰਘ ਧਾਲੀਵਾਲ ਤੇ ਉਪਰੰਤ ਵਿਸ਼ਵ ਪ੍ਰਸਿੱਧ ਢਾਡੀ ਸੁਖਵੀਰ ਸਿੰਘ ਭੌਰ ਦੇ ਜਥੇ ਨੇ ਢਾਡੀ ਵਾਰਾਂ ਨਾਲ ਹਾਜ਼ਰੀ ਭਰਦਿਆਂ ਗੁਰਮਤਿ ਵਿਚਾਰਾਂ ਕਰਦਿਆਂ ਬੁਲਾਰਿਆਂ ਨੇ ਸੰਤ ਬਾਬਾ ਬੀਰ ਸਿੰਘ ਨੌਰੰਗਾਬਾਦ ਵਾਲਿਆਂ ਦੇ ਜੀਵਨ, ਸੇਵਾਵਾਂ ਅਤੇ ਗੁਰਸਿੱਖੀ ਪ੍ਰਤੀ ਉਨ੍ਹਾਂ ਦੇ ਯੋਗਦਾਨ ਬਾਰੇ ਚਾਨਣਾ ਪਾਇਆ। ਉਨ੍ਹਾਂ ਕਿਹਾ ਕਿ ਮਹਾਂਪੁਰਖਾਂ ਦੀਆਂ ਸਿੱਖਿਆਵਾਂ ਸਾਨੂੰ ਸੱਚ, ਸੇਵਾ, ਸਿਮਰਨ ਅਤੇ ਮਨੁੱਖਤਾ ਦੇ ਰਾਹ @ਤੇ ਚੱਲਣ ਦੀ ਪ੍ਰੇਰਨਾ ਦਿੰਦੀਆਂ ਹਨ। ਤਿੰਨ ਦਿਨ ਚੱਲੇ ਇਸ ਧਾਰਮਿਕ ਸਮਾਗਮ ਵਿੱਚ ਇਸਤਰੀਆਂ, ਬੱਚਿਆਂ, ਨੌਜਵਾਨਾਂ ਅਤੇ ਬਜ਼ੁਰਗਾਂ ਨੇ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕੀਤੀ। ਸਮਾਗਮ ਦੇ ਅੰਤ ਵਿੱਚ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਗਈ ਅਤੇ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ। ਸਮੂਹ ਪ੍ਰਬੰਧਕ ਕਮੇਟੀ ਅਤੇ ਸੇਵਾਦਾਰਾਂ ਵੱਲੋਂ ਸਮਾਗਮ ਨੂੰ ਸਫਲ ਬਣਾਉਣ ਲਈ ਵਿਸ਼ੇਸ਼ ਯੋਗਦਾਨ ਪਾਇਆ ਗਿਆ, ਜਿਸ ਲਈ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਗ੍ਰੰਥੀ ਸਿੰਘ ਗਿਆਨੀ ਦਲਬੀਰ ਸਿੰਘ ਨੇ ਆਈਆਂ ਸੰਗਤਾਂ ਦਾ ਧੰਨਵਾਦ ਕੀਤਾ।

# ਕਬਾਇਲੀ ਮਾਮਲਿਆਂ ਦੇ ਮੰਤਰਾਲੇ ਦੀਆਂ ਪ੍ਰਮੁੱਖ ਸਕਾਲਰਸ਼ਿਪ ਦੇ ਸਮੂਹ ਨੇ ਰਾਸ਼ਟਰਪਤੀ ਨਾਲ ਕੀਤੀ ਮੁਲਾਕਾਤ

ਨਵੀਂ ਦਿੱਲੀ, 2 ਜੂਨ (ਅੰਮ੍ਰਿਤਪਾਲ ਸਿੰਘ) :ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਕਬਾਇਲੀ ਨੌਜਵਾਨਾਂ ਨੂੰ ਕਿਹਾ: ਸਿੱਖਿਆ ਅਤੇ ਤਕਨਾਲੋਜੀ ਦੀ ਸ਼ਕਤੀ ਨਾਲ ਅੱਗੇ ਵਧੋ, ਆਪਣੀ ਵਿਰਾਸਤ 'ਤੇ ਮਾਣ ਕਰੋ, ਅਤੇ ਇੱਕ ਮਜ਼ਬੂਤ, ਖੁਸ਼ਹਾਲ ਅਤੇ ਸਵੈ-ਨਿਰਭਰ ਭਾਰਤ ਦਾ ਨਿਰਮਾਣ ਕਰੋ। ਕਬਾਇਲੀ ਮਾਮਲਿਆਂ ਦੇ ਮੰਤਰਾਲੇ ਦੀਆਂ ਪ੍ਰਮੁੱਖ ਸਕਾਲਰਸ਼ਿਪ ਸਕੀਮਾਂ ਦੇ ਲਾਭਪਾਤਰੀਆਂ ਦੇ ਇੱਕ ਸਮੂਹ ਨੇ ਅੱਜ, 2 ਜੂਨ, 2026 ਨੂੰ ਰਾਸ਼ਟਰਪਤੀ ਭਵਨ ਵਿਖੇ ਭਾਰਤ ਦੇ ਰਾਸ਼ਟਰਪਤੀ, ਸ਼੍ਰੀਮਤੀ ਦ੍ਰੋਪਦੀ ਮੁਰਮੂ ਨਾਲ ਮੁਲਾਕਾਤ ਕੀਤੀ। ਨੌਜਵਾਨ ਲਾਭਪਾਤਰੀਆਂ ਨੂੰ ਸੰਬੋਧਨ ਕਰਦੇ ਹੋਏ, ਰਾਸ਼ਟਰਪਤੀ ਨੇ ਕਿਹਾ ਕਿ ਸਾਡੇ ਦੇਸ਼ ਵਿੱਚ ਪ੍ਰਤਿਭਾ ਦੀ ਕੋਈ ਕਮੀ ਨਹੀਂ ਹੈ। ਸਿਰਫ਼ ਸਹੀ ਮਾਰਗਦਰਸ਼ਨ, ਸਹਾਇਤਾ ਅਤੇ ਇੱਕ ਢੁਕਵੇਂ ਪਲੇਟਫਾਰਮ ਦੀ ਲੋੜ ਹੈ। ਲਾਭਪਾਤਰੀਆਂ ਦੀ ਮੌਜੂਦਗੀ ਇਸ ਗੱਲ ਦੀ ਗਵਾਹੀ ਹੈ ਕਿ ਜੇਕਰ ਮੌਕਾ ਦਿੱਤਾ ਜਾਵੇ, ਤਾਂ ਸਾਡੇ ਪਿੰਡਾਂ, ਦੂਰ-ਦੁਰਾਡੇ ਖੇਤਰਾਂ ਅਤੇ ਕਬਾਇਲੀ ਖੇਤਰਾਂ ਦੇ



ਨੌਜਵਾਨ ਉੱਭਰ ਕੇ ਸਾਹਮਣੇ ਆਉਣਗੇ ਜੋ ਭਾਰਤ ਦਾ ਮਾਣ ਵਧਾਉਣਗੇ। ਰਾਸ਼ਟਰਪਤੀ ਨੇ ਕਿਹਾ ਕਿ ਭਾਰਤ ਸਰਕਾਰ, ਵੱਖ-ਵੱਖ ਯੋਜਨਾਵਾਂ ਰਾਹੀਂ, ਕਬਾਇਲੀ ਭਾਈਚਾਰਿਆਂ ਦੇ ਨੌਜਵਾਨਾਂ ਨੂੰ ਸਸ਼ਕਤ ਬਣਾਉਣ ਅਤੇ ਉੱਚਾ ਚੁੱਕਣ ਲਈ ਲਗਾਤਾਰ ਯਤਨਸ਼ੀਲ ਹੈ। ਸਕਾਲਰਸ਼ਿਪ ਸਕੀਮਾਂ ਸਿਰਫ਼ ਵਿੱਤੀ ਸਹਾਇਤਾ ਦਾ ਸਾਧਨ ਨਹੀਂ ਹਨ; ਇਹ ਨੌਜਵਾਨਾਂ ਦੇ ਸੁਪਨਿਆਂ ਨੂੰ ਖੰਭ ਦੇਣ ਦਾ ਕੰਮ ਕਰਦੀਆਂ ਹਨ। ਸਕਾਲਰਸ਼ਿਪ ਉਨ੍ਹਾਂ ਲੋਕਾਂ ਦੇ ਜੀਵਨ ਵਿੱਚ ਨਵੀਆਂ ਸੰਭਾਵਨਾਵਾਂ ਦੇ ਦਰਵਾਜ਼ੇ ਖੋਲ੍ਹਦੀ ਹੈ ਜਿਨ੍ਹਾਂ ਕੋਲ ਬਹੁਤ ਜ਼ਿਆਦਾ ਪ੍ਰਤਿਭਾ ਹੈ ਪਰ ਸਰੋਤਾਂ ਦੀ ਘਾਟ ਉਨ੍ਹਾਂ ਨੂੰ ਅੱਗੇ ਵਧਣ ਤੋਂ ਰੋਕਦੀ ਹੈ। ਰਾਸ਼ਟਰਪਤੀ ਨੇ ਕਿਹਾ ਕਿ ਸਿੱਖਿਆ ਸਸ਼ਕਤੀਕਰਨ ਲਈ ਇੱਕ ਮਹੱਤਵਪੂਰਨ ਸਾਧਨ ਹੈ। ਸਿੱਖਿਆ ਉਹ ਸ਼ਕਤੀ ਹੈ ਜੋ ਇੱਕ ਵਿਅਕਤੀ ਨੂੰ ਸਵੈ-ਨਿਰਭਰ, ਜਾਗਰੂਕ ਅਤੇ ਸਮਰੱਥ ਬਣਾਉਂਦੀ ਹੈ। ਉਨ੍ਹਾਂ ਕਿਹਾ ਕਿ ਸਿੱਖਿਆ ਨੇ ਉਨ੍ਹਾਂ ਦੇ ਆਪਣੇ ਜੀਵਨ ਸਫ਼ਰ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਈ ਹੈ। ਉਨ੍ਹਾਂ ਕਿਹਾ ਕਿ ਇਨ੍ਹਾਂ ਨੌਜਵਾਨਾਂ ਦੀ ਸਿੱਖਿਆ ਅਤੇ ਅਨੁਭਵ ਉਨ੍ਹਾਂ ਬੱਚਿਆਂ ਲਈ ਪ੍ਰੇਰਨਾ ਵਜੋਂ ਕੰਮ ਕਰਨੇ ਚਾਹੀਦੇ ਹਨ ਜਿਨ੍ਹਾਂ ਕੋਲ ਸੀਮਤ ਸਰੋਤਾਂ ਦੇ ਬਾਵਜੂਦ ਵੱਡੇ ਸੁਪਨੇ ਦੇਖਣ ਦੀ ਹਿੰਮਤ ਹੈ। ਜਦੋਂ ਉਹ ਦੂਜਿਆਂ ਨਾਲ ਅੱਗੇ ਵਧਣਗੇ ਤਾਂ ਹੀ ਰਾਸ਼ਟਰ ਦਾ ਸਮਾਵੇਸ਼ੀ ਵਿਕਾਸ ਹਕੀਕਤ ਬਣੇਗਾ। ਰਾਸ਼ਟਰਪਤੀ ਨੇ ਕਿਹਾ ਕਿ ਨੌਜਵਾਨ ਸਾਡੇ ਰਾਸ਼ਟਰ ਦੀ ਤਾਕਤ, ਉਮੀਦ ਅਤੇ ਉੱਜਵਲ ਭਵਿੱਖ ਦਾ ਪ੍ਰਤੀਕ ਹਨ। ਉਨ੍ਹਾਂ ਨੌਜਵਾਨਾਂ, ਖਾਸ ਕਰਕੇ ਕਬਾਇਲੀ ਭਾਈਚਾਰਿਆਂ ਦੇ ਲੋਕਾਂ ਨੂੰ ਆਪਣੀਆਂ ਜੜ੍ਹਾਂ ਅਤੇ ਆਪਣੇ ਲੋਕਾਂ ਨੂੰ ਨਾ ਭੁੱਲਣ ਦੀ ਅਪੀਲ ਕੀਤੀ।

# ਚੰਡੀਗੜ੍ਹ ਯੂਨੀਵਰਸਿਟੀ ਇੰਡੀਆ ਏਆਈ ਡੇਟਾ ਲੈਬ ਸ਼ੁਰੂ ਕਰਨ ਵਾਲੀ ਦੇਸ਼ ਦੀ ਪਹਿਲੀ ਨਿੱਜੀ ਯੂਨੀਵਰਸਿਟੀ ਬਣੀ

ਚੰਡੀਗੜ੍ਹ, 2 ਜੂਨ (ਅੰਮ੍ਰਿਤਪਾਲ ਸਿੰਘ) : ਯੂਨੀਵਰਸਿਟੀ, ਇੰਟੇਲ ਇੰਡੀਆ ਦੇ ਸਹਿਯੋਗ ਨਾਲ, ਇੰਡੀਆਏਆਈ ਡੇਟਾ ਲੈਬ ਸ਼ੁਰੂ ਕਰਨ ਵਾਲੀ ਦੇਸ਼ ਦੀ ਪਹਿਲੀ ਨਿੱਜੀ ਯੂਨੀਵਰਸਿਟੀ ਬਣ ਗਈ ਹੈ। ਚੰਡੀਗੜ੍ਹ




ਯੂਨੀਵਰਸਿਟੀ ਵਿਖੇ ਇੰਟੇਲ ਇੰਡੀਆ ਦੀ ਅਤਿ-ਆਧੁਨਿਕ ਇੰਡੀਆਏਆਈ ਡੇਟਾ ਲੈਬ ਵਿਦਿਆਰਥੀਆਂ ਨੂੰ ਵਿਹਾਰਕ ਸਿਖਲਾਈ ਅਤੇ ਪ੍ਰਮਾਣੀਕਰਣ ਪ੍ਰਦਾਨ ਕਰੇਗੀ, ਜਿਸ ਨਾਲ ਉਨ੍ਹਾਂ ਦੀ ਰੁਜ਼ਗਾਰਯੋਗਤਾ ਵਧੇਗੀ। ਚੰਡੀਗੜ੍ਹ ਯੂਨੀਵਰਸਿਟੀ ਨੇ ਇੰਟੇਲ ਇੰਡੀਆ ਦੇ ਸਹਿਯੋਗ ਨਾਲ, ਐਮਸੀਏ ਡੇਟਾ ਸਾਇੰਸ ਅਤੇ ਬੀਸੀਏ ਡੇਟਾ ਸਾਇੰਸ ਪ੍ਰੋਗਰਾਮ ਸ਼ੁਰੂ ਕੀਤੇ। ਇੰਟੇਲ ਪ੍ਰਮਾਣੀਕਰਨ ਵਿਦਿਆਰਥੀਆਂ ਦੀ ਰੁਜ਼ਗਾਰਯੋਗਤਾ ਨੂੰ ਵਧਾਏਗਾ। ਚੰਡੀਗੜ੍ਹ ਯੂਨੀਵਰਸਿਟੀ ਨੇ ਮੋਹਰੀ ਤਕਨੀਕੀ ਕੰਪਨੀ ਇੰਟੇਲ ਇੰਡੀਆ ਦੇ ਸਹਿਯੋਗ ਨਾਲ, ਵਿਦਿਆਰਥੀਆਂ ਨੂੰ ਆਰਟੀਫੀਸ਼ੀਅਲ ਇੰਟੈਲੀਜੈਂਸ ਅਤੇ ਡੇਟਾ ਸਾਇੰਸ ਵਰਗੀਆਂ ਉੱਨਤ ਤਕਨਾਲੋਜੀਆਂ ਸਿਖਾਉਣ ਲਈ ਅਤਿ-ਆਧੁਨਿਕ ÷ਇੰਡੀਆਏਆਈ ਡੇਟਾ ਲੈਬ÷ ਲਾਂਚ ਕੀਤੀ, ਜਿਸ ਨਾਲ ਉਨ੍ਹਾਂ ਨੂੰ ਵੱਡੀਆਂ ਕੰਪਨੀਆਂ ਵਿੱਚ ਸਿੱਧੇ ਰੁਜ਼ਗਾਰ ਲਈ ਤਿਆਰ ਕੀਤਾ ਜਾ ਸਕੇ। ਕੰਪਿਊਟਰ ਵਿਗਿਆਨ ਅਤੇ ਇੰਜੀਨੀਅਰਿੰਗ ਦੇ ਵਿਦਿਆਰਥੀਆਂ ਲਈ ਤਿਆਰ ਕੀਤੀ ਗਈ ਇਹ ਵਿਸ਼ੇਸ਼ ਲੈਬ, ਇੱਕ ਸਿਮੂਲੇਟਡ ਅਪ੍ਰੈਂਟਿਸਸ਼ਿਪ ਵਾਤਾਵਰਣ ਪ੍ਰਦਾਨ ਕਰੇਗੀ, ਜਿੱਥੇ ਵਿਦਿਆਰਥੀ ਨਾ ਸਿਰਫ਼ ਕਿਤਾਬੀ ਗਿਆਨ ਪ੍ਰਾਪਤ ਕਰਨਗੇ ਬਲਕਿ ਅਸਲ-ਜੀਵਨ ਪ੍ਰੋਜੈਕਟਾਂ @ਤੇ ਹੱਥੀਂ ਅਨੁਭਵ ਅਤੇ ਵਿਹਾਰਕ ਅਨੁਭਵ ਵੀ ਪ੍ਰਾਪਤ ਕਰਨਗੇ। ਇਸ ਪ੍ਰੋਗਰਾਮ ਰਾਹੀਂ, ਵਿਦਿਆਰਥੀ ਨਾ ਸਿਰਫ਼ ਜ਼ਰੂਰੀ ਤਕਨੀਕੀ ਹੁਨਰ ਅਤੇ ਕਰੀਅਰ ਤਰੱਕੀ ਤਕਨੀਕਾਂ ਸਿੱਖਣਗੇ, ਸਗੋਂ ਆਪਣੇ ਖੁਦ ਦੇ ਏਆਈ ਹੱਲ ਵੀ ਵਿਕਸਤ ਕਰਨ ਦੇ ਯੋਗ ਹੋਣਗੇ, ਜਿਸ ਨਾਲ ਭਵਿੱਖ ਵਿੱਚ ਭਾਰਤ ਅਤੇ ਵਿਦੇਸ਼ਾਂ ਵਿੱਚ ਸ਼ਾਨਦਾਰ ਨੌਕਰੀਆਂ ਲਈ ਦਰਵਾਜ਼ੇ ਖੁੱਲ੍ਹਣਗੇ। ਸੀਯੂ ਦੇ ਯੂਨੀਵਰਸਿਟੀ ਇੰਸਟੀਚਿਊਟ ਆਫ਼ ਕੰਪਿਊਟਿੰਗ (ਯੂਆਈਸੀ) ਵਿਖੇ ਇੰਡੀਆਏਆਈ ਡੇਟਾ ਲੈਬ ਦੇ ਉਦਘਾਟਨ ਸਮਾਰੋਹ ਵਿੱਚ ਚੰਡੀਗੜ੍ਹ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਪ੍ਰੋ. (ਡਾ.) ਰਵੀਰਾਜਾ ਐਨ. ਸੀਤਾਰਾਮ, ਪ੍ਰੋ. (ਡਾ.) ਰਘੁਵੀਰ ਵੀ.ਆਰ., ਚੰਡੀਗੜ੍ਹ ਯੂਨੀਵਰਸਿਟੀ ਦੇ ਕਾਰਜਕਾਰੀ (ਇੰਜੀਨੀਅਰਿੰਗ) ਪ੍ਰੋ. (ਡਾ.) ਸਚਿਨ ਆਹੂਜਾ, ਚੰਡੀਗੜ੍ਹ ਯੂਨੀਵਰਸਿਟੀ ਕੰਪਿਊਟਿੰਗ ਡਾਇਰੈਕਟਰ ਪ੍ਰੋ. (ਡਾ.) ਮਨੀਸ਼ਾ ਮਲਹੋਤਰਾ, ਅਤੇ ਇੰਟੇਲ ਇੰਡੀਆ ਦੇ ਪ੍ਰਤੀਨਿਧੀ ਸ਼ਾਮਲ ਹੋਏ।

ਇਹ ਇੰਡੀਆਏਆਈ ਡੇਟਾ ਲੈਬ ਉੱਨਤ ਸਿਖਲਾਈ, ਖੋਜ, ਨਵੀਨਤਾ, ਫੈਕਲਟੀ ਵਿਕਾਸ, ਵਿਦਿਆਰਥੀ ਪ੍ਰੋਜੈਕਟਾਂ ਅਤੇ ਹੈਕਾਥਨ ਲਈ ਇੱਕ ਹੱਬ ਵਜੋਂ ਕੰਮ ਕਰੇਗੀ। ਇਹ ਵਿਦਿਆਰਥੀਆਂ ਨੂੰ ਵਿਸ਼ਵ ਪੱਧਰੀ, ਅਤਿ-ਆਧੁਨਿਕ ਏਆਈ ਤਕਨਾਲੋਜੀ ਅਤੇ ਵਿਹਾਰਕ ਸਿਖਲਾਈ ਦੇ ਤਜ਼ਰਬੇ ਪ੍ਰਦਾਨ ਕਰਨ ਲਈ ਉਦਯੋਗ ਅਤੇ ਅਕਾਦਮਿਕ ਖੇਤਰ ਨੂੰ ਵੀ ਇਕੱਠੇ ਕਰੇਗੀ।

# ਮਹਾਰਾਜਾ ਰਣਜੀਤ ਸਿੰਘ ਦੀ ਅਗਵਾਈ ਵਿੱਚ ਕੰਮ ਕਰਨ ਵਾਲੇ ਇਟਾਲੀਅਨ ਰੁਬਿਨੋ ਵੈਨਤੂਰਾ ਦੀ ਯਾਦ 'ਚ ਸਮਾਗਮ ਕਰਵਾਇਆ

ਮਿਲਾਨ, 2 ਜੂਨ (ਦਲਜੀਤ ਮੱਕੜ) : ਸ਼ੇਰ- ਏ- ਪੰਜਾਬ ਮਹਾਰਾਜ ਰਣਜੀਤ ਸਿੰਘ ਅਗਵਾਈ ਵਿੱਚ ਕੰਮ ਕਰਨ ਰੋਬੀਨੋ ਵੇਨਤੂਰਾ ਦੀ ਯਾਦ ਵਿੱਚ 2019 ਵਿੱਚ ਸਿੱਖ ਫਾਊਂਡੇਸ਼ਨ ਯੂ.ਕੇ, ਸਿੱਖੀ ਸੇਵਾ ਸੋਸਾਇਟੀ ਦੁਆਰਾ ਇੱਟਲੀ ਦੇ ਜਿਲਾ ਫਰਾਰਾ ਚ ਪੈਂਦੇ ਸ਼ਹਿਰ ਫਨਾਲੇ ਮਿਲੀਆ ਵਿੱਚ ਯਾਦਗਾਰ ਸਥਾਪਿਤ ਕੀਤੀ



ਗਈ ਸੀ, ਜਿੱਥੇ ਬੀਤੇ ਦਿਨੀ ਅਲਮਾ ਫਿਨਾਲਿਸ ਦੁਆਰਾ ਸਿੱਖੀ ਸੇਵਾ ਸੋਸਾਇਟੀ ਦੇ ਸਹਿਯੋਗ ਨਾਲ ਸਮਾਗਮ ਆਯੋਜਿਤ ਕੀਤਾ ਗਿਆ, ਜਿਸ ਵਿੱਚ ਵੱਡੀ ਗਿਣਤੀ ਵਿੱਚ ਸਿੱਖ ਸੰਗਤਾਂ ਤੋਂ ਇਲਾਵਾ ਇਟਾਲੀਅਨ ਲੋਕਾਂ ਨੇ ਰੁਬਿਨੋ ਵੈਨਤੁਰਾ ਨੂੰ ਯਾਦ ਕਰਦਿਆਂ ਸ਼ਰਧਾ ਦੇ ਫੁੱਲ ਭੇਂਟ ਕੀਤੇ, ਇਸ ਮੌਕੇ ਬੋਲਦਿਆਂ ਇਟਾਲੀਆਂਨਾਂ ਨੇ ਆਪਣੇ ਵਿਚਾਰਾਂ ਵਿੱਚ ਕਿਹਾ ਕਿ ਕਿ ਕਿਸੇ ਸਮੇਂ ਸਾਡੇ ਵੱਡੇ ਵਡੇਰੇ ਪੰਜਾਬ ਚ ਸਿੱਖਾਂ ਦੇ ਕੋਲ ਕੰਮ ਕਰਨ ਜਾਂਦੇ ਸਨ ਅਤੇ ਅਸੀਂ ਖੁਸ਼ਕਿਸਮਤ ਹਾਂ ਕਿ ਇਹ ਲੋਕ ਸਾਡੇ ਦੇਸ਼ ਵਿੱਚ ਰਹਿ ਰਹੇ ਹਨ, ਜਿਹਨਾਂ ਨੇ ਸਾਡੇ ਮਹਾਰਾਜਾ ਰਣਜੀਤ ਸਿੰਘ ਯਾਦਗਾਰ ਸਥਾਪਿਤ ਕਰ ਸਾਡੇ ਪੁਰਖਿਆਂ ਦੀ ਯਾਦ ਤਾਜਾ ਕਰ ਦਿੱਤੀ। ਇਸ ਸਮਾਗਮ ਵਿੱਚ ਬਹੁਤ ਸਾਰੇ ਇਟਾਲੀਅਨ ਦਸਤਾਰਾਂ ਸਜਾ ਕੇ ਪੁੱਜੇ ਸਨ। ਇਸ ਮੌਕੇ ਤੇ ਗੁਰਦੁਆਰਾ ਸਿੰਘ ਸਭਾ ਨੋਵੋਲਾਰਾ ਵਲੋਂ ਗੁਰੂ ਕੇ ਲੰਗਰਾਂ ਦੀ ਸੇਵਾ ਕੀਤੀ ਗਈ ਅਤੇ ਅਲਮਾ ਫਿਨਾਲੀਸ ਵੱਲੋਂ ਵੀ ਵਿਸ਼ੇਸ਼ ਲੰਗਰ ਦਾ ਪ੍ਰਬੰਧ ਕੀਤਾ ਗਿਆ। ਇਸ ਸਮਾਗਮ ਵਿਚ ਸਿੱਖੀ ਸੇਵਾ ਸੁਸਾਇਟੀ ਦੇ ਭਾਈ ਜਗਜੀਤ ਸਿੰਘ, ਗੁਰਸ਼ਰਨ ਸਿੰਘ ਅਤੇ ਬਿਸਮੇ ਸਿੰਘ ਤੋਂ ਇਲਾਵਾ ਵਰਲੱਡ ਸਿੱਖ ਸ਼ਹੀਦ ਮਿਲਟਰੀ ਇਟਲੀ ਦੇ ਪ੍ਰਧਾਨ ਪ੍ਰਿਥੀਪਾਲ ਸਿੰਘ, ਸਤਿਨਾਮ ਸਿੰਘ, ਸੇਵਾ ਸਿੰਘ ਫੌਜੀ,ਮਨਜਿੰਦਰ ਸਿੰਘ ਖਾਲਸਾ, ਜਸਵੀਰ ਸਿੰਘ ਧਨੋਤਾ, ਕਮਲਜੀਤ ਸਿੰਘ, ਢਿਲੋਂ ਤੇ ਜਤਿੰਦਰ ਸਿੰਘ ਪੱਪੀ ਆਦਿ ਵਿਸ਼ੇਸ਼ ਤੌਰ ਤੇ ਸ਼ਾਮਿਲ ਹੋਏ।

# ਦੱਖਣੀ ਅਫ਼ਰੀਕਾ ਦੇ ਉਪ ਰਾਸ਼ਟਰਪਤੀ ਨੇ ਭਾਰਤ ਦੇ ਰਾਸ਼ਟਰਪਤੀ ਨਾਲ ਕੀਤੀ ਮੁਲਾਕਾਤ

ਨਵੀਂ ਦਿੱਲੀ, 2 ਜੂਨ (ਅੰਮ੍ਰਿਤਪਾਲ ਸਿੰਘ) : ਦੱਖਣੀ ਅਫ਼ਰੀਕਾ ਗਣਰਾਜ ਦੇ ਉਪ ਰਾਸ਼ਟਰਪਤੀ, ਮਹਾਮਹਿਮ ਸ਼੍ਰੀ ਸ਼ਿਫੋਕੋਸਾ ਪਾਲ ਮਾਸ਼ਾਟਿਲ ਨੇ ਅੱਜ, 2 ਜੂਨ, 2026 ਨੂੰ ਰਾਸ਼ਟਰਪਤੀ ਭਵਨ ਵਿਖੇ ਭਾਰਤ ਦੇ ਰਾਸ਼ਟਰਪਤੀ, ਸ਼੍ਰੀਮਤੀ ਦ੍ਰੋਪਦੀ ਮੁਰਮੂ ਨਾਲ ਮੁਲਾਕਾਤ ਕੀਤੀ। ਉਪ ਰਾਸ਼ਟਰਪਤੀ ਮਾਸ਼ਾਟਿਲ ਦਾ ਭਾਰਤ ਦੇ ਪਹਿਲੇ ਦੌਰੇ @ਤੇ ਸਵਾਗਤ ਕਰਦੇ ਹੋਏ, ਰਾਸ਼ਟਰਪਤੀ ਸ਼੍ਰੀਮਤੀ ਮੁਰਮੂ ਨੇ ਕਿਹਾ ਕਿ ਭਾਰਤ ਅਤੇ ਦੱਖਣੀ ਅਫ਼ਰੀਕਾ ਇੱਕ ਵਿਸ਼ੇਸ਼ ਦੋਸਤੀ ਸਾਂਝੀ ਕਰਦੇ ਹਨ, ਜੋ ਇਤਿਹਾਸਕ ਅਤੇ ਸਮਕਾਲੀ ਦੋਵੇਂ ਤਰ੍ਹਾਂ ਦੀ ਹੈ। ਸਾਡੀ ਬਹੁਪੱਖੀ ਭਾਈਵਾਲੀ ਸਾਂਝੇ ਮੁੱਲਾਂ ਅਤੇ ਆਪਸੀ ਸਤਿਕਾਰ 'ਤੇ ਅਧਾਰਤ ਹੈ। ਦੱਖਣੀ ਅਫ਼ਰੀਕਾ ਪਹਿਲਾ ਦੇਸ਼ ਸੀ ਜਿਸ ਨਾਲ ਭਾਰਤ ਨੇ 1997 ਵਿੱਚ ਰਣਨੀਤਕ ਭਾਈਵਾਲੀ ਸਥਾਪਤ ਕੀਤੀ ਸੀ। ਰਾਸ਼ਟਰਪਤੀ ਨੇ ਕਿਹਾ ਕਿ ਭਾਰਤ ਅਤੇ ਦੱਖਣੀ ਅਫ਼ਰੀਕਾ ਹਮੇਸ਼ਾ ਗਲੋਬਲ ਸਾਊਥ ਦੀਆਂ ਬੁਲੰਦ ਆਵਾਜ਼ਾਂ ਰਹੇ ਹਨ। ਅਸੀਂ ਇੱਕ ਸਾਂਝਾ ਬਸਤੀਵਾਦ ਵਿਰੋਧੀ ਸੰਘਰਸ਼ ਸਾਂਝਾ ਕਰਦੇ ਹਾਂ। ਸੰਯੁਕਤ ਰਾਸ਼ਟਰ, ਗੈਰ-ਗਠਜੋੜ ਅੰਦੋਲਨ ਅਤੇ 720 ਵਰਗੇ ਬਹੁ-ਪੱਖੀ ਫੋਰਮਾਂ ਵਿੱਚ ਸਾਡੇ ਨੇੜਲੇ ਸਹਿਯੋਗ ਰਾਹੀਂ, ਅਸੀਂ ਨਾ ਸਿਰਫ਼ ਆਪਣੇ ਲੋਕਾਂ ਲਈ, ਸਗੋਂ ਵਿਆਪਕ ਗਲੋਬਲ ਸਾਊਥ ਲਈ ਵੀ ਸ਼ਾਂਤੀ ਅਤੇ ਖੁਸ਼ਹਾਲੀ ਨੂੰ ਉਤਸ਼ਾਹਿਤ ਕਰਨ ਦੀ ਕੋਸ਼ਿਸ਼ ਕਰਦੇ ਹਾਂ। ਰਾਸ਼ਟਰਪਤੀ ਨੂੰ ਇਹ ਜਾਣ ਕੇ ਖੁਸ਼ੀ ਹੋਈ ਕਿ ਭਾਰਤ ਅਤੇ ਦੱਖਣੀ ਅਫ਼ਰੀਕਾ ਵਿਚਕਾਰ ਦੁਵੱਲਾ ਵਪਾਰ ਲਗਭਗ 15.5 ਬਿਲੀਅਨ ਅਮਰੀਕੀ ਡਾਲਰ ਹੈ। ਉਨ੍ਹਾਂ ਕਿਹਾ ਕਿ ਵਪਾਰ ਦੀ ਸੰਭਾਵਨਾ ਬਹੁਤ ਵਿਸ਼ਾਲ ਹੈ, ਅਤੇ ਸਾਨੂੰ ਆਪਣੇ ਵਪਾਰਕ ਸਬੰਧਾਂ ਨੂੰ ਹੋਰ ਵੀ ਉੱਚ ਪੱਧਰਾਂ ਤੱਕ ਉੱਚਾ ਚੁੱਕਣ ਲਈ ਯਤਨਸ਼ੀਲ ਰਹਿਣਾ ਚਾਹੀਦਾ ਹੈ। ਸਾਨੂੰ ਇੱਕ ਅਨੁਕੂਲ ਨੀਤੀਗਤ ਵਾਤਾਵਰਣ ਦੀ ਸਹੂਲਤ ਜਾਰੀ ਰੱਖਣੀ ਚਾਹੀਦੀ ਹੈ ਜੋ ਦੋਵਾਂ ਦੇਸ਼ਾਂ ਦੀਆਂ ਕੰਪਨੀਆਂ ਨੂੰ ਇੱਕ ਦੂਜੇ ਦੇ ਬਾਜ਼ਾਰਾਂ ਵਿੱਚ ਆਪਣੇ ਨਿਵੇਸ਼ ਅਤੇ ਵਪਾਰਕ ਗਤੀਵਿਧੀਆਂ ਦਾ



ਵਿਸਥਾਰ ਕਰਨ ਦੇ ਯੋਗ ਬਣਾਉਂਦਾ ਹੈ। ਰਾਸ਼ਟਰਪਤੀ ਨੇ ਕਿਹਾ ਕਿ ਭਾਰਤ ਅਫਰੀਕਾ ਨਾਲ ਆਪਣੀ ਸਾਂਝੇਦਾਰੀ ਲਈ ਪੂਰੀ ਤਰ੍ਹਾਂ ਵਚਨਬੱਧ ਹੈ, ਅਤੇ ਜਲਦੀ ਤੋਂ ਜਲਦੀ ਭਾਰਤ-ਅਫ਼ਰੀਕਾ ਫੋਰਮ ਸੰਮੇਲਨ ਨੂੰ ਮੁੜ ਬੁਲਾਉਣ ਲਈ ਅਫਰੀਕੀ ਯੂਨੀਅਨ ਕਮਿਸ਼ਨ ਨਾਲ ਮਿਲ ਕੇ ਕੰਮ ਕਰੇਗਾ। ਦੋਵੇਂ ਨੇਤਾ ਇਸ ਗੱਲ 'ਤੇ ਸਹਿਮਤ ਹੋਏ ਕਿ ਭਾਰਤ ਅਤੇ ਦੱਖਣੀ ਅਫ਼ਰੀਕਾ ਵਿਚਕਾਰ ਨਜ਼ਦੀਕੀ ਸਹਿਯੋਗ ਸਾਡੇ ਲੋਕਾਂ ਨੂੰ ਬਹੁਤ ਜ਼ਿਆਦਾ ਲਾਭ ਪਹੁੰਚਾ ਸਕਦਾ ਹੈ।



## ਪਟਿਆਲਾ-ਆਸ/ਪਾਸ



# ਰਿਆਸਤੀ ਸ਼ਹਿਰ ਨਾਭਾ ਦੇ ਨਾਲ ਲੱਗਦੀਆਂ ਕਲੋਨੀਆਂ ਦੇ ਵਾਸੀ ਨਰਕ ਭਰੀ ਜ਼ਿੰਦਗੀ ਬਤੀਤ ਕਰ ਰਹੇ ਨੇ

### ➢ਜੇਕਰ ਸਾਡੀਆਂ ਮੰਗਾਂ ਜਲਦ ਪੂਰੀਆਂ ਨਾ ਕੀਤੀਆਂ ਤਾਂ ਸੰਘਰਸ਼ ਵਿੱਢਿਆ ਜਾਵੇਗਾ : ਕਲੋਨੀ ਵਾਸੀ

ਨਾਭਾ, 2 ਜੂਨ (ਬਲਜਿੰਦਰ ਮਾਨ) : ਨਾਭਾ ਦੇ ਨਾਲ ਲੱਗਦੀ ਸੰਤ ਨਗਰ, ਨਰਾਤਾ ਕਲੋਨੀ, ਈ ਵਨ ਕਲੋਨੀ ਅਤੇ ਅਸ਼ੋਕ ਵਿਹਾਰ ਕਲੋਨੀ ਦੇ ਵਸਨੀਕ ਪਿਛਲੇ 25 ਤੋਂ 30 ਸਾਲਾਂ ਤੋਂ ਨਰਕ ਭਰੀ ਜ਼ਿੰਦਗੀ ਬਤੀਤ ਕਰ ਰਹੇ ਹਨ। ਇਸ ਮੌਕੇ ਕਲੋਨੀ ਵਾਸੀਆਂ ਵੱਲੋਂ ਉਸ ਸਮੇਂ ਦੀਆਂ ਸਰਕਾਰਾਂ ਨੂੰ ਕਈ ਅਪੀਲਾਂ ਕੀਤੀਆਂ ਗਈਆਂ ਸਨ ਪਰ ਵੋਟਾਂ ਵੇਲੇ ਸਰਕਾਰ ਆਪਣੇ ਹਿੱਤਾਂ ਦੀ ਪੂਰਤੀ ਕਰਕੇ ਵੋਟਾਂ ਹਥਿਆ ਲੈਂਦੀ ਹੈ। ਵਾਅਦੇ ਤਾਂ ਬਹੁਤ ਕੀਤੇ ਜਾਂਦੇ ਹਨ ਪਰ ਸਥਿਤੀ ਵੱਲ ਕੋਈ ਧਿਆਨ ਨਹੀਂ ਦਿੰਦਾ। ਇਸ ਸਬੰਧੀ ਸੰਤ ਨਗਰ ਨਿਵਾਸੀਆਂ ਅਤੇ ਹੋਰ ਕਲੋਨੀ ਵਾਸੀਆਂ ਨੇ ਰਾਧੇ ਸ਼ਿਆਮ ਝਾਅ, ਸਲੀਮ, ਰਾਮਾ, ਨਾਇਕ, ਲੱਕੀ, ਅਖਿਲੇਸ਼ ਭਾਰਦਵਾਜ ਅਤੇ ਵੱਡੀ ਗਿਣਤੀ ਵਿੱਚ ਮੁਹੱਲਾ ਨਿਵਾਸੀਆਂ ਨਾਲ ਮਿਲ ਕੇ ਇੱਕ ਮੀਟਿੰਗ ਕੀਤੀ ਜਿਸ ਵਿੱਚ ਫੈਸਲਾ ਕੀਤਾ ਗਿਆ ਕਿ ਜੇਕਰ ਮੌਜੂਦਾ ਸਰਕਾਰ ਨੇ ਸਾਡੀਆਂ ਕਲੋਨੀਆਂ ਵੱਲ ਕੋਈ ਧਿਆਨ ਨਾ ਦਿੱਤਾ ਤਾਂ ਸਰਕਾਰ ਦਾ ਮੁਕੰਮਲ ਬਾਈਕਾਟ ਕੀਤਾ ਜਾਵੇਗਾ ਅਤੇ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿੱਚ ਕੋਈ ਵੀ ਇੱਕ ਧਿਰ ਨਹੀਂ ਬਲਕਿ ਸਾਰੀਆਂ ਪਾਰਟੀਆਂ ਦਾ ਵੀ ਬਾਈਕਾਟ ਕੀਤਾ ਜਾਵੇਗਾ। ਕਰੀਬ 7000 ਕਲੋਨੀ ਵਾਸੀਆਂ ਨੂੰ ਵੋਟਾਂ ਪਾਈਆਂ ਜਾਣਗੀਆਂ। ਉਨ੍ਹਾਂ ਕਿਹਾ ਕਿ ਪਿਛਲੇ 25-30 ਸਾਲਾਂ ਤੋਂ ਅਸੀਂ ਨਰਕ ਭਰੀ ਜ਼ਿੰਦਗੀ ਬਤੀਤ ਕਰ ਰਹੇ ਹਾਂ। ਸਾਡੀ ਕਲੋਨੀ ਵਿੱਚ ਪੀਣ ਵਾਲੇ ਪਾਣੀ, ਸੀਵਰੇਜ, ਸੜਕਾਂ ਜਾਂ ਲਾਈਟਾਂ ਦਾ ਕੋਈ ਪ੍ਰਬੰਧ ਨਹੀਂ ਹੈ। ਕਲੋਨੀ ਦੇ ਵਾਸੀ ਨਰਕ ਤੋਂ ਵੀ ਭੈੜੀ ਜ਼ਿੰਦਗੀ ਬਤੀਤ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਆਗੂ ਆ ਕੇ ਵਾਅਦੇ ਕਰਦੇ ਹਨ ਪਰ ਉਹ ਕਦੇ ਪੂਰੇ ਨਹੀਂ ਹੁੰਦੇ। ਕਲੋਨੀ ਵਾਸੀਆਂ ਨੇ ਮੰਗ ਕੀਤੀ ਹੈ ਕਿ ਸਾਡੀਆਂ ਕਲੋਨੀਆਂ ਨੂੰ ਪੰਚਾਇਤੀ ਹੱਦ ਅੰਦਰ ਸ਼ਾਮਲ ਕੀਤਾ ਜਾਵੇ ਅਤੇ ਸਾਨੂੰ ਵੀ ਸਾਰੀਆਂ ਸਹੂਲਤਾਂ ਦਿੱਤੀਆਂ ਜਾਣ। ਉਨ੍ਹਾਂ ਕਿਹਾ ਕਿ ਜੇਕਰ ਸਾਡੀਆਂ ਮੰਗਾਂ ਜਲਦੀ ਪੂਰੀਆਂ ਨਾ ਕੀਤੀਆਂ ਗਈਆਂ ਤਾਂ ਅਸੀਂ ਮਰਨ ਵਰਤ 'ਤੇ ਬੈਠਾਂਗੇ ਜਿਸ ਲਈ ਪ੍ਰਸ਼ਾਸਨ ਅਤੇ ਪੰਜਾਬ ਸਰਕਾਰ ਜ਼ਿੰਮੇਵਾਰ ਹੋਵੇਗੀ । ਉਨ੍ਹਾਂ ਕਿਹਾ ਕਿ ਸਾਡੀ ਇਸ ਮੰਗ ਨੂੰ ਜਲਦੀ ਤੋਂ ਜਲਦੀ ਪੂਰਾ ਕੀਤਾ ਜਾਵੇ। ਇਸ ਮੌਕੇ ਕਲੋਨੀ ਵਾਸੀ ਵੱਡੀ ਗਿਣਤੀ ਵਿੱਚ ਹਾਜ਼ਰ ਸਨ। ਇਸ ਮੌਕੇ ਸਮੂਹ ਕਲੋਨੀ ਵਾਸੀਆਂ ਨੇ ਮਿਲ ਕੇ ਇੱਕ ਮਤਾ ਪਾਸ ਕੀਤਾ ਜਿਸ ਵਿੱਚ ਸਾਰੇ ਵਿਭਾਗਾਂ ਦੇ ਉੱਚ ਅਧਿਕਾਰੀਆਂ ਨੂੰ ਮੰਗ ਪੱਤਰ ਦਿੱਤੇ ਜਾਣਗੇ ਤਾਂ ਜੋ ਸਾਡੇ ਮੰਗ ਪੱਤਰ 'ਤੇ ਜਲਦ ਤੋਂ ਜਲਦ ਕਾਰਵਾਈ ਕੀਤੀ ਜਾ ਸਕੇ।



# ਲਾਛੜੂ ਖੁਰਦ ਕੋਲ ਨਰਵਾਣਾ ਬ੍ਰਾਂਚ ਨਹਿਰ 'ਚ ਪਾੜ ਪੈਣ ਦਾ ਖ਼ਤਰਾ, ਝਾੜੀਆਂ ਅਤੇ ਘਾਹ-ਫੂਸ ਬਣੇ ਮੁੱਖ ਕਾਰਨ

ਘਨੌਰ, 2 ਜੂਨ (ਰਾਜਿੰਦਰ ਸਿੰਘ ਕੰਬੋਜ): ਹਲਕਾ ਘਨੌਰ ਵਿੱਚ ਪੈਂਦੇ ਦੇ ਪਿੰਡ ਲਾਛੜੂ ਖੁਰਦ ਕੋਲ ਜਾ ਰਹੀ ਨਰਵਾਣਾ ਬ੍ਰਾਂਚ ਨਹਿਰ ਦੀ ਹਾਲਤ ਚਿੰਤਾਜਨਕ ਬਣਦੀ ਜਾ ਰਹੀ ਹੈ। ਨਹਿਰ ਦੇ ਕੰਢੇ 'ਤੇ ਕਈ ਫੁੱਟ ਚੌੜਾ ਪਾੜ ਪਿਆ ਹੋਇਆ ਹੈ, ਕਿਸੇ ਵੀ ਸਮੇਂ ਵੱਡਾ ਨੁਕਸਾਨ ਹੋਣ ਦਾ ਖਤਰਾ ਬਣਿਆ ਹੋਇਆ ਹੈ। ਇਲਾਕਾ ਵਾਸੀਆਂ ਦਾ ਕਹਿਣਾ ਹੈ ਕਿ ਜੇਕਰ ਸਮੇਂ ਸਿਰ ਇਸ ਦੀ ਮੁਰੰਮਤ ਨਾ ਕੀਤੀ ਗਈ ਤਾਂ ਨਹਿਰ ਦਾ ਕੰਢਾ ਟੁੱਟ ਸਕਦਾ ਹੈ, ਜਿਸ ਨਾਲ ਨੇੜਲੇ ਖੇਤਾਂ ਅਤੇ ਹੋਰ ਸੰਪਤੀ ਨੂੰ ਭਾਰੀ ਨੁਕਸਾਨ ਪਹੁੰਚ ਸਕਦਾ ਹੈ। ਸਥਾਨਕ ਲੋਕਾਂ ਅਨੁਸਾਰ ਨਹਿਰ ਦੇ ਕੰਢਿਆਂ 'ਤੇ ਲੰਬੇ ਸਮੇਂ ਤੋਂ ਖੜ੍ਹੇ ਘਾਹ-ਫੂਸ, ਜੰਗਲੀ ਬੂਟੇ ਅਤੇ ਝਾੜੀਆਂ ਇਸ ਸਮੱਸਿਆ ਦਾ ਮੁੱਖ ਕਾਰਨ ਹਨ। ਉਨ੍ਹਾਂ ਦਾ ਕਹਿਣਾ ਹੈ ਕਿ ਨਹਿਰ ਦੀ ਨਿਯਮਤ ਸਫਾਈ ਨਾ ਹੋਣ ਕਾਰਨ ਝਾੜੀਆਂ ਦੀਆਂ ਜੜ੍ਹਾਂ ਨੇ ਕੰਢੇ ਦੀ ਮਿੱਟੀ ਅਤੇ ਢਾਂਚੇ ਨੂੰ ਕਮਜ਼ੋਰ ਕਰ ਦਿੱਤਾ ਹੈ। ਇਸ ਦੇ ਨਾਲ-ਨਾਲ ਪਾਣੀ ਦਾ ਲਗਾਤਾਰ ਦਬਾਅ ਅਤੇ ਰਿਸਾਅ ਹੋਣ ਕਾਰਨ ਕਿਨਾਰੇ ਦੇ ਅੰਦਰ ਖੋਖਲਾਪਣ ਪੈਦਾ ਹੋ ਗਿਆ, ਜਿਸ ਦਾ ਨਤੀਜਾ ਅੱਜ ਇੱਕ ਵੱਡੇ ਪਾੜ ਦੇ ਰੂਪ ਵਿੱਚ ਸਾਹਮਣੇ ਆ ਰਿਹਾ ਹੈ। ਮੌਕੇ ਤੋਂ ਪ੍ਰਾਪਤ ਤਸਵੀਰਾਂ ਵਿੱਚ ਸਪੱਸ਼ਟ ਦਿਖਾਈ ਦੇ ਰਿਹਾ ਹੈ ਕਿ ਨਹਿਰ ਦੇ ਕਿਨਾਰੇ ਹੇਠਾਂ ਵੱਡਾ ਖੋਖਲਾ ਹਿੱਸਾ ਬਣ ਚੁੱਕਾ ਹੈ ਅਤੇ ਉੱਪਰਲਾ ਭਾਗ ਵੀ ਕਮਜ਼ੋਰ ਨਜ਼ਰ ਆ ਰਿਹਾ ਹੈ। ਪਿੰਡ ਵਾਸੀਆਂ ਨੇ ਚਿੰਤਾ ਜ਼ਾਹਿਰ ਕਰਦਿਆਂ ਕਿਹਾ ਕਿ ਜੇਕਰ ਇਹ ਪਾੜ ਹੋਰ ਵਧ ਗਿਆ ਤਾਂ ਬਰਸਾਤ ਦੇ ਮੌਸਮ ਦੌਰਾਨ ਸਥਿਤੀ ਗੰਭੀਰ ਹੋ ਸਕਦੀ ਹੈ ਅਤੇ ਨਹਿਰ ਟੁੱਟਣ ਦਾ ਖਤਰਾ ਬਣ ਸਕਦਾ ਹੈ। ਪਿੰਡ ਵਾਸੀਆਂ ਨੇ ਦੱਸਿਆ ਕਿ ਉਹ ਪਹਿਲਾਂ ਵੀ ਨਹਿਰੀ ਵਿਭਾਗ ਦਾ ਧਿਆਨ ਇਸ ਪਾਸੇ ਦਿਵਾ ਚੁੱਕੇ ਹਨ, ਪਰ ਸਮੇਂ ਸਿਰ ਸਫਾਈ ਅਤੇ ਮੁਰੰਮਤ ਨਾ ਹੋਣ ਕਾਰਨ ਅੱਜ ਇਹ ਹਾਲਾਤ ਬਣੇ ਹਨ। ਉਨ੍ਹਾਂ ਮੰਗ ਕੀਤੀ ਕਿ ਨਹਿਰ ਦੇ ਕੰਢਿਆਂ ਤੋਂ ਝਾੜੀਆਂ ਅਤੇ ਘਾਹ-ਫੂਸ ਨੂੰ ਤੁਰੰਤ ਸਾਫ ਕਰਕੇ ਕਮਜ਼ੋਰ ਹੋਏ ਹਿੱਸੇ ਦੀ ਪੱਕੀ ਮੁਰੰਮਤ ਕਰਵਾਈ ਜਾਵੇ। ਇਸ ਸਬੰਧੀ ਜਦੋਂ ਨਹਿਰੀ ਵਿਭਾਗ ਦੇ ਐਕਸੀਅਨ ਗੁਰਸ਼ਰਨ ਸਿੰਘ ਵਿਰਕ ਨਾਲ ਗੱਲਬਾਤ ਕੀਤੀ ਗਈ ਤਾਂ ਉਨ੍ਹਾਂ ਕਿਹਾ ਕਿ ਉਨ੍ਹਾਂ ਨੂੰ ਇਸ ਮਾਮਲੇ ਦੀ ਜਾਣਕਾਰੀ ਹੁਣੇ ਹੀ ਮਿਲੀ ਹੈ। ਉਨ੍ਹਾਂ ਦੱਸਿਆ ਕਿ ਸਥਿਤੀ ਦਾ ਜਾਇਜ਼ਾ ਲੈਣ ਲਈ ਤੁਰੰਤ ਸਬੰਧਤ ਜੇ.ਈ. ਨੂੰ ਮੌਕੇ 'ਤੇ ਭੇਜ ਦਿੱਤਾ ਗਿਆ ਹੈ। ਜੇ.ਈ. ਦੀ ਰਿਪੋਰਟ ਮਿਲਣ ਤੋਂ ਬਾਅਦ ਲੋੜੀਂਦੀ ਕਾਰਵਾਈ ਕਰਦਿਆਂ ਮੁਰੰਮਤ ਦਾ ਕੰਮ ਕਰਵਾਇਆ ਜਾਵੇਗਾ। ਭਾਜਪਾ ਹਲਕਾ ਇੰਚਾਰਜ ਘਨੌਰ ਨੇ ਮੰਗ ਕੀਤੀ ਹੈ ਕਿ ਕਿਸੇ ਸੰਭਾਵਿਤ ਹਾਦਸੇ ਤੋਂ ਪਹਿਲਾਂ ਹੀ ਇਸ ਗੰਭੀਰ ਸਮੱਸਿਆ ਦਾ ਹੱਲ ਕੀਤਾ ਜਾਵੇ ਤਾਂ ਜੋ ਸਰਕਾਰੀ ਸੰਪਤੀ ਅਤੇ ਕਿਸਾਨਾਂ ਦੀ ਫਸਲ ਨੂੰ ਨੁਕਸਾਨ ਤੋਂ ਬਚਾਇਆ ਜਾ ਸਕੇ।



# ਨਗਰ ਕੌਂਸਲ ਨਾਭਾ ਦੇ ਨਵੇਂ ਚੁਣੇ ਚਾਰ ਐਮ.ਸੀਜ਼. ਦਾ ਸਨਮਾਨ



ਨਾਭਾ, 2 ਜੂਨ (ਗੁਰਚਰਨ ਸਿੰਘ ਚੌਧਰੀ ਮਾਜਰਾ) : ਪਿਛਲੇ ਦਿਨ 31 ਮਈ 2026 ਨੂੰ ਪੂਰਨਮਾਸੀ ਦਾ ਸੁਭ ਦਿਹਾੜਾ ਗੁਰੂਦੁਆਰਾ ਡੇਰਾ ਸ੍ਰੀ ਗੁਰੂ ਰਵਿਦਾਸ ਬੌੜਾਂ ਗੇਟ ਨਾਭਾ ਵਿਖੇ ਹਰ ਮਹੀਨੇ ਦੀ ਤਰ੍ਹਾਂ ਸਰਧਾ ਪੂਰਬਕ ਮਨਾਇਆ ਗਿਆ ਇਸ ਗੁਰੂ ਘਰ ਵਿਖੇ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਪੁਰਬ ਨੂੰ ਮੁੱਖ ਰੱਖਦੇ ਹੋਏ 15 ਮਈ ਤੋਂ ਬੀਬੀਆਂ ਦੁਆਰਾ ਸ੍ਰੀ ਸੁਖਮਣੀ ਸਾਹਿਬ ਦੇ ਪਾਠ ਸ਼ੁਰੂ ਕੀਤੇ ਗਏ ਹਨ ਜੋ ਕਿ 25 ਜੂਨ ਤੱਕ ਚੱਲਣਗੇ । ਮਿਤੀ 18 ਜੂਨ ਨੂੰ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਦਿਹਾੜੇ ਸਵੇਰੇ 10 ਤੋਂ 12 ਵਜੇ ਤੱਕ ਮਨਾਏ ਜਾਣਗੇ । ਭਾਈ ਜਤਿੰਦਰ ਸਿੰਘ ਕਥਾ ਕੀਰਤਨ ਰਾਹੀ ਸੰਗਤਾਂ ਨੂੰ ਨਿਹਾਲ ਕਰਨਗੇ । ਪੂਰਨਮਾਸੀ ਦੇ ਇਸ ਸੁਭ ਮੌਕੇ ਤੇ ਨਗਰ ਕੌਸ਼ਲ ਨਾਭਾ ਦੀਆਂ ਚੌਣਾਂ ਵਿੱਚੋਂ ਜਿੱਤੇ ਚਾਰ ਐਮ.ਸੀਆਂ ਸ. ਬਲਵਿੰਦਰ ਸਿੰਘ ਰਵੀ, ਸ. ਹਰਪ੍ਰੀਤ ਸਿੰਘ MS ਕੰਬਾਇਨ, ਸ੍ਰੀ ਦੀਪਕ ਇੰਦੌਰਾ, ਸ੍ਰੀਮਤੀ ਅਨੀਤਾ ਰਾਣੀ ਵਿਸ਼ੇਸ਼ ਤੌਰ ਤੇ ਪਹੁੰਚੇ ਸੋਸਾਇਟੀ ਵਲੋਂ ਇਨ੍ਹਾਂ ਨੂੰ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਗਿਆ । ਸਟੇਜ ਦੀ ਡਿਊਟੀ ਸ. ਅਮਰ ਸਿੰਘ ਨੇ ਬਾਖੂਬੀ ਨਿਭਾਈ । ਇਸ ਸੁਭ ਮੌਕੇ ਤੇ ਸੁਸਾਇਟੀ ਦੇ ਅਹੁੱਦੇਦਾਰ ਸ. ਰਾਮ ਸਿੰਘ ਮਹਿਮੀ ਸ. ਅਮਰ ਸਿੰਘ ਟੋਡਰਵਾਲ, ਸ. ਰਵਿੰਦਰ ਸਿੰਘ, ਸ. ਗੁਰਮੱਖ ਸਿੰਘ ਤੂੰਗਾਂ, ਸ. ਰਾਮਧਨ ਸਿੰਘ, ਸ. ਜਸਵੀਰ ਸਿੰਘ ਫੌਜੀ, ਸ. ਗੁਰਬਚਨ ਸਿੰਘ ਰਿਟਾ ਪ੍ਰਿੰਸੀਪਲ, ਸ. ਮਨਮੋਹਨ ਸਿੰਘ ਹਰੀਦਾਸ ਕਲੋਨੀ ਅਤੇ ਸਤਿੰਦਰਪਾਲ ਸਿੰਘ ਰਿਕੂ ਵਿਸ਼ੇਸ਼ ਤੌਰ ਤੇ ਹਾਜ਼ਰ ਸਨ ।

# ਐੱਸ.ਐੱਸ.ਪੀ. ਗੁਰਮੀਤ ਸਿੰਘ ਨੇ ਵਪਾਰੀਆਂ ਨਾਲ ਕੀਤੀ ਅਹਿਮ ਮੀਟਿੰਗ, ਸਮੱਸਿਆਵਾਂ ਦੇ ਹੱਲ ਦਾ ਦਿੱਤਾ ਭਰੋਸਾ



ਮਲੇਰਕੋਟਲਾ, 2 ਜੂਨ (ਬਲਜੀਤ ਸਿੰਘ ਟਿੱਬਾ) : ਮਾਲੇਰਕੋਟਲਾ ਪੁਲਿਸ ਵੱਲੋਂ ਵਪਾਰੀਆਂ ਅਤੇ ਆਮ ਲੋਕਾਂ ਦੀ ਸੁਰੱਖਿਆ ਨੂੰ ਹੋਰ ਮਜ਼ਬੂਤ ਬਣਾਉਣ ਦੇ ਮਕਸਦ ਨਾਲ ਸ਼ਹਿਰ ਮਾਲੇਰਕੋਟਲਾ ਦੀ ਟਰੇਡਿੰਗ ਯੂਨੀਅਨ ਅਤੇ ਇਲੈਕਟ੍ਰਾਨਿਕ ਐਸੋਸੀਏਸ਼ਨ ਦੇ ਨੁਮਾਇੰਦਿਆਂ ਨਾਲ ਇੱਕ ਅਹਿਮ ਮੀਟਿੰਗ ਕੀਤੀ ਗਈ। ਮੀਟਿੰਗ ਦੀ ਪ੍ਰਧਾਨਗੀ ਐੱਸ.ਐੱਸ.ਪੀ. ਮਾਲੇਰਕੋਟਲਾ ਗੁਰਮੀਤ ਸਿੰਘ ਨੇ ਕੀਤੀ, ਜਿਸ ਦੌਰਾਨ ਵਪਾਰੀਆਂ ਵੱਲੋਂ ਦਰਪੇਸ਼ ਸਮੱਸਿਆਵਾਂ, ਸੁਝਾਵਾਂ ਅਤੇ ਸੁਰੱਖਿਆ ਨਾਲ ਜੁੜੇ ਮੁੱਦਿਆਂ 'ਤੇ ਵਿਸਥਾਰਪੂਰਵਕ ਵਿਚਾਰ-ਵਟਾਂਦਰਾ ਕੀਤਾ ਗਿਆ। ਇਸ ਮੌਕੇ ਚੇਅਰਪਰਸਨ ਜ਼ਿਲ੍ਹਾ ਟਰੇਡਰਜ਼ ਕਮਿਸ਼ਨ ਮਾਲੇਰਕੋਟਲਾ ਆਜਮ ਦਾਰਾ, ਚੇਅਰਪਰਸਨ ਵਿਧਾਨ ਸਭਾ ਹਲਕਾ ਮਾਲੇਰਕੋਟਲਾ ਇਮਤਿਆਜ ਅਲੀ, ਮੈਂਬਰ ਮੁਹੰਮਦ ਖਾਲਿਦ, ਯਾਸੀਨ ਜੋਸ਼, ਮੁਹੰਮਦ ਸ਼ਹਬਾਜ਼ ਮੁਹੰਮਦ ਜ਼ਾਹਿਦ, ਹੈਰਿਸ ਪਾਸੀ, ਮੁਹੰਮਦ ਸਾਦਿਕ, ਮੁਹੰਮਦ ਸੁਭਾਨ, ਡੀ.ਐਸ.ਪੀ. ਸੁਮੀਤ ਸੂਦ, ਐਸ.ਐਚ.ਓ ਸਿਟੀ-1 ਦਲਜੀਤ ਸਿੰਘ ਗਿੱਲ, ਹੈਪੀ ਗਰਗ, ਮਜੀਦ, ਸੁਰਿੰਦਰ ਸਿੰਘ, ਅਮਰੀਕ ਸਿੰਘ,ਚਤਰ ਸਿੰਘ, ਮਨਪ੍ਰੀਤ ਸਿੰਘ ਪਰੂਥੀ,ਅਰੁਣ ਕੁਮਾਰ, ਵਿਜੇ ਕੁਮਾਰ ਵੀ ਮੌਜੂਦ ਸਨ । ਇਸ ਮੌਕੇ ਐੱਸ.ਐੱਸ.ਪੀ. ਗੁਰਮੀਤ ਸਿੰਘ ਨੇ ਕਿਹਾ ਕਿ ਮਾਲੇਰਕੋਟਲਾ ਪੁਲਿਸ ਹਰ ਵਰਗ ਦੀ ਸਾਥੀ ਹੈ ਅਤੇ ਵਪਾਰੀਆਂ ਦੀ ਸੁਰੱਖਿਆ ਅਤੇ ਸੁਖਾਵੇਂ ਕਾਰੋਬਾਰੀ ਮਾਹੌਲ ਨੂੰ ਯਕੀਨੀ ਬਣਾਉਣਾ ਪੁਲਿਸ ਦੀ ਪ੍ਰਮੁੱਖ ਤਰਜੀਹ ਹੈ। ਐੱਸ.ਐੱਸ.ਪੀ. ਨੇ ਕਿਹਾ ਕਿ ਬਾਜ਼ਾਰਾਂ ਅਤੇ ਵਪਾਰਕ ਖੇਤਰਾਂ ਵਿੱਚ ਪੁਲਿਸ ਗਸ਼ਤ ਨੂੰ ਹੋਰ ਪ੍ਰਭਾਵਸ਼ਾਲੀ ਬਣਾਇਆ ਜਾਵੇਗਾ ਅਤੇ ਕਾਨੂੰਨ-ਵਿਵਸਥਾ ਨੂੰ ਹਰ ਹਾਲ ਵਿੱਚ ਕਾਇਮ ਰੱਖਿਆ ਜਾਵੇਗਾ, ਤਾਂ ਜੋ ਵਪਾਰੀ ਭਾਈਚਾਰਾ ਬਿਨਾਂ ਕਿਸੇ ਡਰ ਜਾਂ ਚਿੰਤਾ ਦੇ ਆਪਣਾ ਕਾਰੋਬਾਰ ਕਰ ਸਕੇ। ਚੇਅਰਪਰਸਨ ਜ਼ਿਲ੍ਹਾ ਟਰੇਡਰਜ਼ ਕਮਿਸ਼ਨ ਮਾਲੇਰਕੋਟਲਾ ਆਜਮ ਦਾਰਾ ਨੇ ਮਾਲੇਰਕੋਟਲਾ ਪੁਲਿਸ ਦੀ ਇਸ ਪਹਿਲ ਦੀ ਪ੍ਰਸ਼ੰਸਾ ਕਰਦਿਆਂ ਕਿਹਾ ਕਿ ਵਪਾਰੀਆਂ ਅਤੇ ਪੁਲਿਸ ਵਿਚਕਾਰ ਮਜ਼ਬੂਤ ਤਾਲਮੇਲ ਹੀ ਸੁਰੱਖਿਅਤ ਅਤੇ ਵਿਕਾਸਸ਼ੀਲ ਵਪਾਰਕ ਮਾਹੌਲ ਦੀ ਬੁਨਿਆਦ ਹੈ। ਇਲੈਕਟ੍ਰਾਨਿਕ ਐਸੋਸੀਏਸ਼ਨ ਦੇ ਪ੍ਰਧਾਨ ਮੁਹਿੰਦਰ ਸਿੰਘ ਪਰੂਥੀ ਨੇ ਮਾਲੇਰਕੋਟਲਾ ਪੁਲਿਸ ਦੀ ਇਸ ਪਹਿਲ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਪੁਲਿਸ ਅਤੇ ਵਪਾਰੀਆਂ ਵਿਚਕਾਰ ਸਿੱਧੀ ਗੱਲਬਾਤ ਆਪਸੀ ਵਿਸ਼ਵਾਸ ਨੂੰ ਹੋਰ ਮਜ਼ਬੂਤ ਕਰੇਗਾ। ਉਨ੍ਹਾਂ ਕਿਹਾ ਕਿ ਐੱਸ.ਐੱਸ.ਪੀ. ਵੱਲੋਂ ਵਪਾਰੀਆਂ ਦੀਆਂ ਸਮੱਸਿਆਵਾਂ ਨੂੰ ਗੰਭੀਰਤਾ ਨਾਲ ਸੁਣਨਾ ਅਤੇ ਉਨ੍ਹਾਂ ਦੇ ਹੱਲ ਲਈ ਭਰੋਸਾ ਦੇਣਾ ਇਕ ਸਕਾਰਾਤਮਕ ਕਦਮ ਹੈ, ਜਿਸ ਨਾਲ ਵਪਾਰੀ ਭਾਈਚਾਰੇ ਵਿੱਚ ਸੁਰੱਖਿਆ ਅਤੇ ਵਿਸ਼ਵਾਸ ਦੀ ਭਾਵਨਾ ਹੋਰ ਮਜ਼ਬੂਤ ਹੋਈ ਹੈ। ਮੀਟਿੰਗ ਦੌਰਾਨ ਟਰੇਡਿੰਗ ਯੂਨੀਅਨ, ਇਲੈਕਟ੍ਰਾਨਿਕ ਐਸੋਸੀਏਸ਼ਨ ਅਤੇ ਹੋਰ ਵਪਾਰਕ ਜਥੇਬੰਦੀਆਂ ਦੇ ਨੁਮਾਇੰਦੇ ਵੀ ਹਾਜ਼ਰ ਸਨ।

# ਪੰਜਾਬ ਨੰਬਰਦਾਰ ਐਸੋਸੀਏਸ਼ਨ (ਗਾਲਿਬ) ਦੀ ਮੀਟਿੰਗ



ਨਾਭਾ, 2 ਜੂਨ (ਗੁਰਚਰਨ ਸਿੰਘ ਚੌਧਰੀ ਮਾਜਰਾ) : ਪੰਜਾਬ ਨੰਬਰਦਾਰ ਐਸੋਸੀਏਸ਼ਨ (ਗਾਲਿਬ) ਨਾਭਾ ਤਹਿਸੀਲ ਦੀ ਮਹੀਨਾਵਾਰ ਮੀਟਿੰਗ ਗੁਰਦੁਆਰਾ ਸਾਹਿਬ ਬਾਬਾ ਅਜੈਪਾਲ ਸਿੰਘ ਜੀ ਘੋੜਿਆਂ ਵਾਲਾ ਵਿਖੇ ਤਹਿਸੀਲ ਪ੍ਰਧਾਨ ਉਗਰ ਸਿੰਘ ਅਗੇਤਾ ਦੀ ਪ੍ਰਧਾਨਗੀ ਹੇਠ ਸੀਨੀਅਰ ਮੀਤ ਪ੍ਰਧਾਨ ਬਲਦੇਵ ਸਿੰਘ ਸੁਰਾਜਪੁਰ ਦੀ ਦੇਖਰੇਖ ਹੇਠ ਹੋਈ। ਮੀਟਿੰਗ ਵਿਚ ਰੋਜ਼ਾਨਾ ਦੀ ਜਿੰਦਗੀ ਵਿਚ ਨੰਬਰਦਾਰਾਂ ਨੂੰ ਆਉਂਦੀਆਂ ਮੁਸ਼ਕਲਾਂ ਸਬੰਧੀ ਵਿਚਾਰ-ਵਟਾਂਦਰਾ ਕੀਤਾ ਗਿਆ ਅਤੇ ਪੰਜਾਬ ਸਰਕਾਰ ਵੱਲੋਂ ਨੰਬਰਦਾਰਾਂ ਨਾਲ ਕੀਤੇ ਵਾਅਦੇ ਲਾਗੂ ਕਰਨ ਦੀ ਮੰਗ ਕੀਤੀ ਗਈ। ਮੀਟਿੰਗ ਵਿਚ ਸਰਕਾਰ ਤੋਂ ਕੁੱਝ ਮੰਗਾਂ ਪੂਰੀਆਂ ਕਰਨ ਦੀ ਮੰਗ ਕੀਤੀ ਗਈ, ਜਿਸ ਵਿਚ ਨੰਬਰਦਾਰੀ ਜੱਦੀ ਪੁਸ਼ਤੀ ਕੀਤੀ ਜਾਵੇ, ਨੰਬਰਦਾਰਾਂ ਦਾ ਮਾਣ ਭੱਤਾ 5 ਹਜ਼ਾਰ ਮਹੀਨਾ ਕੀਤਾ ਜਾਵੇ, ਨੰਬਰਦਾਰਾਂ ਦਾ ਟੋਲ ਟੈਕਸ ਅਤੇ ਬਸ ਕਿਰਾਇਆ ਮੁਆਫ ਕੀਤਾ ਜਾਵੇ ਅਤੇ ਨੰਬਰਦਾਰਾਂ ਨੂੰ ਤਹਿਸੀਲ ਕੰਪਲੈਕਸ ਅੰਦਰ ਬੈਠਣ ਲਈ ਕਮਰਾ ਦਿੱਤਾ ਜਾਵੇ ਸ਼ਾਮਲ ਹਨ। ਮੀਟਿੰਗ ਵਿਚ ਹੋਰਨਾਂ ਤੋਂ ਇਲਾਵਾ ਜਸਮੇਰ ਸਿੰਘ ਇਛੇਵਾਲ, ਗੋਬਿੰਦ ਸਿੰਘ ਇੱਛੇਵਾਲ, ਜੋਧ ਸਿੰਘ ਅਜਨੋਦਾ ਕਲਾਂ, ਦੀਪ ਸਿੰਘ, ਰਾਮਪਾਲ ਸਿੰਘ, ਗੁਰਮਿੰਦਰ ਸਿੰਘ, ਦੀਪ ਸਿੰਘ ਅਜਨੌਦਾ ਖੁਰਦ ਆਦਿ ਮੌਜੂਦ ਸਨ।

# ਰਣਜੋਧ ਸਿੰਘ ਹਡਾਣਾ ਦੀ ਅਗਵਾਈ 'ਚ ਪਿੰਡ ਛੰਨਾ ਦੇ ਕਈ ਨੌਜਵਾਨ 'ਆਪ' 'ਚ ਸ਼ਾਮਲ



ਦੇਵੀਗੜ੍ਹ , 2 ਜੂਨ (ਗੁਰਜੀਤ ਸਿੰਘ ਢੋਟ) : ਮੁੱਖ ਮੰਤਰੀ ਸਰਦਾਰ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੀਆਂ ਲੋਕ-ਪੱਖੀ ਨੀਤੀਆਂ ਅਤੇ ਹਲਕਾ ਸਨੌਰ ਵਿੱਚ ਕਰਵਾਏ ਜਾ ਰਹੇ ਰਿਕਾਰਡਤੋੜ ਵਿਕਾਸ ਕਾਰਜਾਂ ਸਦਕਾ ਆਮ ਆਦਮੀ ਪਾਰਟੀ ਦਾ ਕਾਫ਼ਲਾ ਨਿਰੰਤਰ ਵੱਡਾ ਹੁੰਦਾ ਜਾ ਰਿਹਾ ਹੈ। ਇਸੇ ਤਹਿਤ ਅੱਜ ਪਿੰਡ ਛੰਨਾ ਵਿਖੇ ਪਾਰਟੀ ਨੂੰ ਉਸ ਸਮੇਂ ਵੱਡੀ ਮਜ਼ਬੂਤੀ ਮਿਲੀ, ਜਦੋਂ ਹਲਕਾ ਇੰਚਾਰਜ ਸਰਦਾਰ ਰਣਜੋਧ ਸਿੰਘ ਹਡਾਣਾ ਦੀ ਯੋਗ ਅਗਵਾਈ ਹੇਠ ਪਿੰਡ ਦੇ ਕਈ ਪ੍ਰਮੁੱਖ ਨੌਜਵਾਨ ਰਵਾਇਤੀ ਪਾਰਟੀਆਂ ਨੂੰ ਅਲਵਿਦਾ ਕਹਿ ਕੇ 'ਆਪ' ਪਰਿਵਾਰ ਵਿੱਚ ਸ਼ਾਮਲ ਹੋ ਗਏ। ਨੌਜਵਾਨਾਂ ਦੀ ਇਹ ਸ਼ਮੂਲੀਅਤ ਪਿੰਡ ਦੇ ਮੋਹਤਬਰ ਆਗੂਆਂ ਨਛੱਤਰ ਸਿੰਘ ਅਤੇ ਕਾਕਾ ਗਿਰ ਦੀ ਪ੍ਰੇਰਨਾ ਤੇ ਵਿਸ਼ੇਸ਼ ਅਗਵਾਈ ਹੇਠ ਕਰਵਾਈ ਗਈ। ਇਸ ਮੌਕੇ ਇਸ ਮੌਕੇ ਹਲਕਾ ਇੰਚਾਰਜ ਰਣਜੋਧ ਸਿੰਘ ਹਡਾਣਾ ਨੇ ਪਾਰਟੀ ਵਿੱਚ ਸ਼ਾਮਲ ਹੋਣ ਵਾਲੇ ਕਾਕਾ ਛੰਨਾ, ਮਾੜੂ ਗਿਰ, ਰਵੀ ਬਾਬਾ, ਮੋਹਨ ਲਾਲ, ਨਛੱਤਰ ਸਿੰਘ, ਕਰਮਾ ਗਿਰ , ਰਘਬੀਰ ਗਿਰ , ਲਖਵਿੰਦਰ ਗਿਰ , ਸਤਨਾਮ ਸਿੰਘ, ਜੱਸੀ ਬਾਬਾ, ਹਰਸ਼ ਠੇਕੇਦਾਰ, ਹਰਦਮ ਭਾਰਤੀ, ਗੁਣੀ ਰਾਮ, ਸੋਹਣ ਗਿਰ, ਜਸਵਿੰਦਰ ਸਿੰਘ, ਵੈਦ ਸਿੰਘ ਤਾਜਲਪੁਰ, ਜਗਤਾਰ ਸਿੰਘ ਅਤੇ ਹੋਰ ਕਈ ਨੌਜਵਾਨਾਂ ਦਾ ਆਪ ਵਿੱਚ ਸ਼ਾਮਲ ਹੋਣ ਤੇ ਸਿਰੋਪਾਓ ਭੇਟ ਕਰਕੇ ਜੱਥੇਬੰਦੀ ਵਿੱਚ ਨਿੱਘਾ ਸਵਾਗਤ ਕੀਤਾ। ਰਣਜੋਧ ਸਿੰਘ ਹਡਾਣਾ ਨੇ ਕਿਹਾ ਕਿ ਕਿਸੇ ਵੀ ਸਮਾਜ ਅਤੇ ਹਲਕੇ ਦੀ ਤਰੱਕੀ ਲਈ ਨੌਜਵਾਨ ਸ਼ਕਤੀ ਦਾ ਸਾਥ ਬਹੁਤ ਜ਼ਰੂਰੀ ਹੁੰਦਾ ਹੈ। ਉਨ੍ਹਾਂ ਕਿਹਾ ਕਿ ਪਿੰਡ ਛੰਨਾ ਦੇ ਅਧੂਰੇ ਪਏ ਵਿਕਾਸ ਕਾਰਜਾਂ ਨੂੰ ਪਹਿਲ ਦੇ ਆਧਾਰ 'ਤੇ ਨੇਪਰੇ ਚਾੜ੍ਹਿਆ ਜਾਵੇਗਾ।

## ਪਬਲਿਕ ਕਾਲਜ 'ਚ ਐਨ.ਐਸ.ਐਸ ਯੂਨਿਟਾਂ ਨੇ ਵਿਸ਼ਵ ਤੰਬਾਕੂ ਰਹਿਤ ਦਿਵਸ ਮਨਾਇਆ



ਸਮਾਣਾ, 2 ਜੂਨ (ਵਿਜੇ ਕੁਮਾਰ) ਰੀਜਨਲ ਡਾਇਰੈਕਟਰ ਐਨ. ਐਸ. ਐਸ., ਚੰਡੀਗੜ੍ਹ ਦੇ ਆਦੇਸ਼ਾਂ ਅਤੇ ਪੰਜਾਬੀ ਯੂਨੀਵਰਸਿਟੀ, ਪਟਿਆਲਾ ਦੇ ਕੌਮੀ ਸੇਵਾ ਯੋਜਨਾ ਵਿਭਾਗ ਦੇ ਦਿਸ਼ਾ ਨਿਰਦੇਸ਼ਾਂ ਤਹਿਤ, ਕਾਲਜ ਪ੍ਰਿੰਸੀਪਲ ਡਾ: ਹਰਕੀਰਤ ਸਿੰਘ ਸਿੱਧੂ ਦੀ ਅਗਵਾਈ ਹੇਠ ਪਬਲਿਕ ਕਾਲਜ ਸਮਾਣਾ ਅਤੇ ਪਬਲਿਕ ਕਾਲਜੀਏਟ ਸੀਨੀਅਰ ਸੈਕੰਡਰੀ ਸਕੂਲ, ਸਮਾਣਾ ਦੀਆਂ ਐਨ.ਐਸ.ਐਸ. ਯੂਨਿਟਾਂ ਵੱਲੋਂ 30 ਮਈ ਨੂੰ ਕਾਲਜ ਕੈਂਪਸ ਵਿਖੇ ਵਿਸ਼ਵ ਤੰਬਾਕੂ ਰਹਿਤ ਦਿਵਸ ਮਨਾਇਆ, ਜਿਸ ਦੌਰਾਨ ਐਨ.ਐਸ.ਐਸ ਪ੍ਰੋਗਰਾਮ ਅਫ਼ਸਰ ਡਾ: ਸ਼ੇਰ ਸਿੰਘ ਨੇ ਤੰਬਾਕੂ ਦੇ ਖ਼ਤਰਨਾਕ ਪ੍ਰਭਾਵਾਂ ਬਾਰੇ ਜਾਣਕਾਰੀ ਸਾਂਝੀ ਕੀਤੀ। ਇਸ ਮੌਕੇ ਐਨ.ਐਸ.ਐਸ. ਪ੍ਰੋਗਰਾਮ ਅਫ਼ਸਰ ਪ੍ਰੋ। ਸੋਨੂੰ ਜੈਨ, ਡਾ. ਕੁਲਜੀਤ ਕੌਰ, ਡਾ. ਅਰਵਿੰਦਰ ਕੌਰ, ਪ੍ਰੋ ਹਮਿਤ ਕੁਮਾਰ, ਡਾ. ਸ਼ੇਰ ਸਿੰਘ, ਪ੍ਰੋ ਸ਼ੰਟੀ ਕੁਮਾਰ ਅਤੇ ਪ੍ਰੋ ਅਸ਼ਵਨੀ ਕੁਮਾਰ ਤੋਂ ਇਲਾਵਾ ਪ੍ਰੋ ਪਰਮਜੀਤ ਕੌਰ ਵੀ ਹਾਜ਼ਰ ਰਹੇ।

# ਚੇਅਰਮੈਨ ਜੁਨੇਜਾ ਤੇ ਐਮ.ਡੀ. ਨੇ ਪੀ.ਆਰ.ਟੀ.ਸੀ. ਦੇ ਬੱਸ ਸਟੈਂਡਾਂ ਦੀ ਨੁਹਾਰ ਸੁਧਾਰਨ ਤੇ ਕਮਰਸ਼ੀਅਲ ਤੌਰ 'ਤੇ ਵਿਕਸਿਤ ਕਰਨ ਲਈ ਤਜਵੀਜ਼ਾਂ ਵਿਚਾਰੀਆਂ



ਪਟਿਆਲਾ, 2 ਜੂਨ (ਰੁਪਾਣਾ) : ਪੀ.ਆਰ.ਟੀ.ਸੀ ਦੇ ਚੇਅਰਮੈਨ ਐਡਵੋਕੇਟ ਹਰਪਾਲ ਜੁਨੇਜਾ ਅਤੇ ਐਮ.ਡੀ ਮਨੀਸ਼ਾ ਰਾਣਾ ਨੇ ਪੀ.ਆਰ.ਟੀ.ਸੀ ਦੇ ਬੱਸ ਸਟੈਂਡਾਂ ਦੀ ਨੁਹਾਰ ਸੁਧਾਰਨ ਅਤੇ ਇਹਨਾਂ ਨੂੰ ਕਮਰਸ਼ੀਅਲ ਤੌਰ 'ਤੇ ਵਿਕਸਿਤ ਕਰਨ ਲਈ ਤਜਵੀਜ਼ਾਂ 'ਤੇ ਵਿਚਾਰ ਕਰਨ ਲਈ ਕੰਸਲਟੈਂਟ ਏਜੰਸੀ ਨਾਲ ਬੈਠਕ ਕੀਤੀ। ਇਸ ਬਾਰੇ ਜਾਣਕਾਰੀ ਦਿੰਦਿਆਂ ਚੇਅਰਮੈਨ ਜੁਨੇਜਾ ਨੇ ਦੱਸਿਆ ਕਿ ਇਸ ਮੀਟਿੰਗ ਦਾ ਮੁੱਖ ਮੰਤਵ ਪੀ.ਆਰ.ਟੀ.ਸੀ ਦੇ ਨਵੇਂ ਅਤੇ ਪੁਰਾਣੇ ਬੱਸ ਸਟੈਂਡਾਂ ਦਾ ਆਧੁਨਿਕੀਕਰਨ ਅਤੇ ਇਨ੍ਹਾਂ ਨੂੰ ਕਮਰਸ਼ੀਅਲ ਤੌਰ 'ਤੇ ਵਿਕਸਿਤ ਕਰਨ ਸਬੰਧੀ ਕੰਸਲਟੈਂਟ ਵੱਲੋਂ ਤਿਆਰ ਕੀਤੀ ਤਜਵੀਜ਼ਾਂ ਨੂੰ ਘੋਖਣਾ ਸੀ। ਉਨ੍ਹਾਂ ਦੱਸਿਆ ਕਿ ਐਮ.ਡੀ ਮਨੀਸ਼ਾ ਰਾਣਾ ਨੇ ਤਜਵੀਜ਼ਾਂ ਵਿੱਚ ਕੁਝ ਸੁਝਾਅ ਦਿੰਦਿਆਂ ਇਹਨਾਂ ਨੂੰ ਤਜਵੀਜ਼ਾਂ ਵਿੱਚ ਸ਼ਾਮਿਲ ਕਰਨ ਲਈ ਕਿਹਾ ਗਿਆ ਤਾਂ ਜੋ ਪੀ.ਆਰ.ਟੀ.ਸੀ ਨੂੰ ਇਹਨਾਂ ਬੱਸ ਸਟੈਂਡਾਂ ਨੂੰ ਵਿਕਸਿਤ ਕਰਨ ਉਪਰੰਤ ਵੱਧ ਤੋਂ ਵੱਧ ਆਮਦਨ ਪ੍ਰਾਪਤ ਹੋ ਸਕੇ। ਚੇਅਰਮੈਨ ਹਰਪਾਲ ਜੁਨੇਜਾ ਨੇ ਕੰਸਲਟੈਂਟ ਨੂੰ ਪੀ.ਆਰ.ਟੀ.ਸੀ ਦੇ ਪਟਿਆਲਾ ਵਿਖੇ ਪੁਰਾਣੇ ਬੱਸ ਸਟੈਂਡ ਸਬੰਧੀ ਦਿੱਤੀ ਤਜਵੀਜ਼ ਉੱਪਰ ਢੁਕਵਾਂ ਫੈਸਲਾ ਜਲਦ ਤੋਂ ਜਲਦ ਲੈਣ ਲਈ ਕਿਹਾ ਤਾਂ ਜੋ ਪੀ.ਆਰ.ਟੀ.ਸੀ ਵੱਲੋ ਪੁਰਾਣੇ ਬੱਸ ਸਟੈਂਡ ਪਟਿਆਲਾ ਤੋਂ ਸਵਾਰੀਆਂ ਨੂੰ ਸਫ਼ਰ ਲਈ ਹੋਰ ਵੀ ਵਧੀਆ ਸਹੂਲਤਾਂ ਮੁਹੱਈਆ ਕਰਵਾਈਆ ਜਾ ਸਕਣ। ਇਸ ਮੀਟਿੰਗ ਵਿੱਚ ਐਮ.ਡੀ ਮਨੀਸ਼ਾ ਰਾਣਾ ਕੰਸਲਟੈਂਟ ਨਾਲ ਤਜਵੀਜ਼ਾਂ 'ਤੇ ਹੋਏ ਵਿਚਾਰ ਵਟਾਂਦਰੇ ਅਨੁਸਾਰ ਮੁੜ ਸੋਧੀਆਂ ਤਜਵੀਜ਼ਾਂ ਜਲਦ ਤਿਆਰ ਕਰਨ ਲਈ ਕਿਹਾ ਗਿਆ ਤਾਂ ਜੋ ਇਹਨਾਂ ਉੱਪਰ ਬਣਦੀ ਅਗਲੀ ਕਾਰਵਾਈ ਆਰੰਭੀ ਜਾ ਸਕੇ। ਇਸ ਮੀਟਿੰਗ ਵਿੱਚ ਮੈਸਰਜ ਅਰਨੈਸਟ ਐਂਡ ਯੰਗ ਵੱਲੋ ਡਾਇਰੈਕਟਰ ਅਰੁਣ ਤੁਲੀ , ਪੀ.ਆਰ.ਟੀ.ਸੀ ਦੇ ਮੁੱਖ ਲੇਖਾ ਅਫ਼ਸਰ ਗੀਤਾਜਲੀ, ਇੰਜ: ਜਤਿੰਦਰਪਾਲ ਸਿੰਘ ਗਰੇਵਾਲ, ਮਨਿੰਦਰਪਾਲ ਸਿੰਘ ਸਿੱਧੂ ਸੀਨੀਅਰ ਕਾਨੂੰਨੀ ਸਲਾਹਕਾਰ ਅਤੇ ਹੋਰ ਅਧਿਕਾਰੀ ਸ਼ਾਮਿਲ ਹੋਏ।

## ਸੁੱਖੀ ਰੱਖੜਾ ਨੇ ਸਮਾਣਾ ਦੇ ਵਾਰਡ 5 ਵਿਖੇ 'ਮੇਰੀ ਰਸੋਈ' ਯੋਜਨਾ ਤਹਿਤ ਲੋੜਵੰਦ ਲੋਕਾਂ ਨੂੰ ਰਾਸ਼ਨ ਕਿੱਟਾਂ ਵੰਡੀਆਂ



ਸਮਾਣਾ, 2 ਜੂਨ (ਜਵੰਦਾ) : ਸਾਬਕਾ ਮੰਤਰੀ ਸ. ਸੁਰਜੀਤ ਸਿੰਘ ਰੱਖੜਾ ਦੇ ਸਪੁੱਤਰ ਸੁੱਖੀ ਰੱਖੜਾ ਵੱਲੋਂ ਸਮਾਣਾ ਦੇ ਵਾਰਡ ਨੰਬਰ 5 ਵਿਖੇ 'ਮੇਰੀ ਰਸੋਈ' ਯੋਜਨਾ ਤਹਿਤ ਲੋੜਵੰਦ ਪਰਿਵਾਰਾਂ ਨੂੰ ਰਾਸ਼ਨ ਕਿੱਟਾਂ ਵੰਡੀਆਂ ਗਈਆਂ। ਇਸ ਮੌਕੇ ਸੁੱਖੀ ਰੱਖੜਾ ਨੇ ਕਿਹਾ ਕਿ ਸਮਾਜ ਦੇ ਹਰ ਵਰਗ ਦੀ ਭਲਾਈ ਲਈ ਕੰਮ ਕਰਨਾ ਉਨ੍ਹਾਂ ਦੀ ਪ੍ਰਾਥਮਿਕਤਾ ਹੈ। ਉਨ੍ਹਾਂ ਕਿਹਾ ਕਿ ਲੋੜਵੰਦ ਪਰਿਵਾਰਾਂ ਦੀ ਮਦਦ ਲਈ ਅਜਿਹੇ ਸੇਵਾ ਕਾਰਜ ਭਵਿੱਖ ਵਿੱਚ ਵੀ ਜਾਰੀ ਰੱਖੇ ਜਾਣਗੇ ਤਾਂ ਜੋ ਵੱਧ ਤੋਂ ਵੱਧ ਲੋਕਾਂ ਤੱਕ ਸਹਾਇਤਾ ਪਹੁੰਚ ਸਕੇ। ਰਾਸ਼ਨ ਕਿੱਟਾਂ ਦੀ ਵੰਡ ਦੌਰਾਨ ਕੌਂਸਲਰ ਰਾਣਾ ਸੇਖੋਂ, ਅਸ਼ੋਕ ਮੌਦਗਿੱਲ, ਗੁਰਦਿਆਲ ਸਿੰਘ ਰੰਧਾਵਾ, ਰਾਜ ਕੌਰ ਵਾਹਲਾ, ਗੁਰਦੀਪ ਸ਼ਰਮਾ, ਜੁਗਰਾਜ ਸਿੰਘ ਵੜੈਚ, ਵਿੱਕੀ ਮਨਕੂ, ਯਾਦਵਿੰਦਰ ਸਿੰਘ ਲਾਡੀ, ਬਲਦੇਵ ਗਰਗ ਅਤੇ ਜੀਵਨ ਗਰਗ ਸਮੇਤ ਹੋਰ ਆਗੂ ਅਤੇ ਵਰਕਰ ਵੀ ਮੌਜੂਦ ਰਹੇ। ਇਲਾਕਾ ਨਿਵਾਸੀਆਂ ਨੇ ਇਸ ਉਪਰਾਲੇ ਦੀ ਸ਼ਲਾਘਾ ਕੀਤੀ।

# ਨਹਿਰੀ ਜਲ 'ਤੇ ਅਧਾਰਿਤ ਸਰਫੇਸ ਵਾਟਰ ਪ੍ਰੋਜੈਕਟ ਦਾ ਕੰਮ 30 ਸਤੰਬਰ ਤੱਕ ਮੁਕੰਮਲ ਕੀਤਾ ਜਾਵੇ : ਡਾ. ਹਿਮਾਂਸ਼ੂ ਅਗਰਵਾਲ



ਪਟਿਆਲਾ, 2 ਜੂਨ (ਰੁਪਾਣਾ) : ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਅੱਜ ਅਬਲੋਵਾਲ ਵਿਖੇ ਨਹਿਰੀ ਪਾਣੀ 'ਤੇ ਅਧਾਰਤ 405 ਕਰੋੜ ਰੁਪਏ ਦੇ ਇਸ ਸਰਫੇਸ ਵਾਟਰ ਜਲ ਸੋਧਕ ਪਲਾਂਟ ਦੀ ਪ੍ਰਗਤੀ ਦਾ ਜਾਇਜ਼ਾ ਲੈਂਦਿਆਂ ਇਸ ਨੂੰ 30 ਸਤੰਬਰ ਤੱਕ ਹਰ ਪੱਖੋਂ ਮੁਕੰਮਲ ਕਰਨ ਦੇ ਸਖ਼ਤ ਨਿਰਦੇਸ਼ ਦਿੱਤੇ। ਅਬਲੋਵਾਲ ਵਿਖੇ ਚੱਲ ਰਹੇ ਕੰਮ ਦਾ ਜਾਇਜ਼ਾ ਲੈਣ ਮੌਕੇ ਡਿਪਟੀ ਕਮਿਸ਼ਨਰ ਨੂੰ ਜਲ ਸਪਲਾਈ ਤੇ ਸੀਵਰੇਜ਼ ਬੋਰਡ ਦੇ ਕਾਰਜਕਾਰੀ ਇੰਜੀਨੀਅਰ ਵਿਕਾਸ ਧਵਨ ਅਤੇ ਲਾਰਸਨ ਐਂਡ ਟੂਬਰੋ ਕੰਪਨੀ ਦੇ ਪ੍ਰਾਜੈਕਟ ਮੈਨੇਜਰ ਤਾਬਿਸ਼ ਹਾਸ਼ਮੀ ਨੇ ਪ੍ਰਾਜੈਕਟ ਦੀ ਪ੍ਰਗਤੀ ਬਾਰੇ ਜਾਣਕਾਰੀ ਦਿੱਤੀ। ਇਸ ਮਗਰੋਂ ਉਨ੍ਹਾਂ ਨੇ ਸ਼ਹਿਰ ਵਿੱਚ ਵੱਖ-ਵੱਖ ਥਾਵਾਂ 'ਤੇ ਪਾਈਪਾਂ ਪਾਉਣ ਲਈ ਪੁੱਟੀਆਂ ਸੜਕਾਂ ਦਾ ਵੀ ਨਿਰੀਖਣ ਕਰਦਿਆਂ ਇਨ੍ਹਾਂ ਦੀ ਤੁਰੰਤ ਮੁਰੰਮਤ ਕਰਨ ਦੇ ਸਖ਼ਤ ਨਿਰਦੇਸ਼ ਦਿੱਤੇ। ਡਾ. ਹਿਮਾਂਸ਼ੂ ਅਗਰਵਾਲ ਨੇ ਦੱਸਿਆ ਕਿ ਪੰਜਾਬ ਸਰਕਾਰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪਟਿਆਲਾ ਸ਼ਹਿਰ ਦੀ ਭਵਿੱਖੀ ਜੀਵਨ ਰੇਖਾ ਮੰਨੇ ਜਾਂਦੇ ਇਸ ਨਹਿਰੀ ਪਾਣੀ 'ਤੇ ਅਧਾਰਤ ਜਲ ਸਪਲਾਈ ਯੋਜਨਾ ਤਹਿਤ ਸ਼ੁੱਧੀਕਰਨ ਪਲਾਂਟ ਨੂੰ ਜਲਦ ਚਾਲੂ ਕਰਨ ਵਚਨਬੱਧ ਹੈ। ਉਨ੍ਹਾਂ ਨੇ ਇਸ ਮੌਕੇ ਸਮੁੱਚੇ ਪ੍ਰਾਜੈਕਟ ਸਮੇਤ ਜ਼ਮੀਨਦੋਜ਼ ਸਰਵਿਸ ਜਲ ਭੰਡਾਰਨ, ਫਿਲਟਰ, ਮੋਟਰਾਂ, ਪਾਣੀ ਦੀਆਂ ਟੈਂਕੀਆਂ, ਪਾਣੀ ਦੀ ਪੂਰਤੀ ਲਈ ਲਾਇਨਾਂ ਦੇ ਕੰਮ ਦੀ ਸਮੀਖਿਆ ਕੀਤੀ। ਉਨ੍ਹਾਂ ਨੇ ਕੰਪਨੀ ਨੂੰ ਇਹ ਵੀ ਹਦਾਇਤ ਕੀਤੀ ਕਿ ਕੰਮ ਦੀ ਗੁਣਵੱਤਾ ਦਾ ਆਡਿਟ ਕਰਵਾਇਆ ਜਾਵੇ। ਡਿਪਟੀ ਕਮਿਸ਼ਨਰ ਨੇ ਥਾਪਰ ਯੂਨੀਵਰਸਿਟੀ ਨੇੜੇ ਚੱਲ ਰਹੇ 1200 ਐਮ.ਐਮ ਦੀ ਵਾਟਰ ਸਪਲਾਈ ਦੀ ਪਾਈ ਜਾ ਰਹੀ ਪਾਈਪ ਲਾਈਨ ਦੇ ਕੰਮ, ਤ੍ਰਿਪੜੀ ਖੇਤਰ 'ਚ ਸੜਕਾਂ ਦਾ ਕੰਮ ਸਮੇਤ 22 ਨੰਬਰ ਫਲਾਈਓਵਰ ਦੀ ਸਰਵਿਸ ਲੇਨ ਵਿਖੇ ਚੱਲ ਰਹੇ ਸੜਕ ਦੇ ਕੰਮ ਦੀ ਵੀ ਸਮੀਖਿਆ ਕੀਤੀ। ਉਨ੍ਹਾਂ ਨੇ ਲੋਕ ਨਿਰਮਾਣ, ਨਗਰ ਨਿਗਮ, ਪੰਜਾਬ ਜਲ ਸਪਲਾਈ ਤੇ ਸੀਵਰੇਜ਼ ਬੋਰਡ ਸਮੇਤ ਐਲ ਐਂਡ ਟੀ ਨੂੰ ਆਪਸੀ ਤਾਲਮੇਲ ਕਰਦੇ ਹੋਏ ਦਿਨ-ਰਾਤ ਇਕ ਕਰਕੇ ਸਾਰੇ ਕਾਰਜ ਸਮੇਂ ਤੁਰੰਤ ਮੁਕੰਮਲ ਕਰਨ ਦੀ ਹਦਾਇਤ ਕੀਤੀ। ਇਸ ਮੌਕੇ ਲੋਕ ਨਿਰਮਾਣ ਵਿਭਾਗ ਦੇ ਕਾਰਜਕਾਰੀ ਇੰਜੀਨੀਅਰ ਪਿਯੂਸ਼ ਅਗਰਵਾਲ ਤੇ ਨਗਰ ਨਿਗਮ ਦੇ ਕਾਰਜਕਾਰੀ ਇੰਜੀਨੀਅਰ ਕੁਲਜਿੰਦਰ ਸਿੰਘ ਸਮੇਤ ਹੋਰ ਅਧਿਕਾਰੀ ਮੌਜੂਦ ਸਨ।

## ਕੈਪਟਨ ਅਮਰਿੰਦਰ ਸਿੰਘ ਦੇ ਚਚੇਰੇ ਭਰਾ ਰਾਜਾ ਰਣਧੀਰ ਸਿੰਘ ਨਮਿੱਤ ਪਾਠ ਦਾ ਭੋਗ 7 ਨੂੰ

ਪਟਿਆਲਾ, 2 ਜੂਨ (ਚ.ਨ.ਸ) : ਪੰਜਾਬ ਦੇ ਸਾਬਕਾ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਅਤੇ ਰਾਜਾ ਮਾਲਵਿੰਦਰ ਸਿੰਘ ਦੇ ਚਚੇਰੇ ਭਰਾ ਅਤੇ ਖੇਡ ਜਗਤ ਦੀ ਮਹਾਨ ਹਸਤੀ ਰਾਜਾ ਰਣਧੀਰ ਸਿੰਘ ਦਾ ਲੰਘੇ ਦਿਨੀਂ ਦੇਹਾਂਤ ਹੋ ਗਿਆ ਸੀ। ਉਨ੍ਹਾਂ ਦੀ ਆਤਮਿਕ ਸ਼ਾਂਤੀ ਲਈ ਰੱਖੇ ਗਏ ਪਾਠ ਦਾ ਭੋਗ ਅਤੇ ਅੰਤਿਮ ਅਰਦਾਸ ਗੁਰਦੁਆਰਾ ਸ੍ਰੀ ਰਕਾਬਗੰਜ ਸਾਹਿਬ ਨਵੀਂ ਦਿੱਲੀ ਵਿਖੇ 7 ਜੂਨ ਨੂੰ ਦੁਪਹਿਰ 12 ਤੋਂ 1 ਵਜੇ ਤੱਕ ਹੋਵੇਗੀ। ਉਨ੍ਹਾਂ ਦੇ ਅਕਾਲ ਚਲਾਣੇ 'ਤੇ ਕੈਪਟਨ ਅਮਰਿੰਦਰ ਸਿੰਘ, ਰਾਜਾ ਮਾਲਵਿੰਦਰ ਸਿੰਘ, ਯੁਵਰਾਜ ਰਣਇੰਦਰ ਸਿੰਘ ਨੇ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ ਹੈ। ਸਵ: ਰਾਜਾ ਰਣਧੀਰ ਸਿੰਘ ਭਾਰਤ ਦੇ ਪਹਿਲੇ ਏਸ਼ੀਆਈ ਖੇਡ ਸ਼ੂਟਿੰਗ 'ਚ ਗੋਲਡ ਮੈਡਲ ਜੇਤੂ ਸਨ।

ਵਾਹਿਗੁਰੂ ਜੀ ਕਾ ਖ਼ਾਲਸਾ॥
ਵਾਹਿਗੁਰੂ ਜੀ ਕੀ ਫ਼ਤਹਿ॥
ਸ੍ਰੀ ਗੁਰੂ ਅਰਜਨ ਦੇਵ ਜੀ ਅਤੇ ਅੱਜ ਤੱਕ ਦੇ ਸ਼ਹੀਦਾਂ ਦੀ ਯਾਦ ਵਿੱਚ



ਡਾ. ਸਰਬ ਸਿੰਘ
ਬਾਨੀ ਗੁਰੂ ਅਰਜਨ ਕੀਰਤਨ ਮੰਡਲ

ਸ਼ਹੀਦੀ ਜੋੜ-ਮੇਲ
ਅੱਜ ਦਾ ਪ੍ਰੋਗਰਾਮ
3-6-2026
ਦਿਨ-ਬੁੱਧਵਾਰ



ਭਾਈ ਤਖਤ ਸਿੰਘ ਜੀ
ਸਾਬਕਾ ਪ੍ਰਧਾਨ ਗੁਰੂ ਅਰਜਨ ਕੀਰਤਨ ਮੰਡਲ

ਗੁਰੂ ਗੋਬਿੰਦ ਸਿੰਘ ਮਾਰਗ
(ਮਾਲਵਾ ਸਿਨੇਮਾ ਦੇ ਪਿੱਛੇ), ਪਟਿਆਲਾ।
ਕੀਰਤਨ ਰਾਤ 7.00 ਵਜੇ ਤੋਂ 9.00 ਵਜੇ ਤੱਕ।
ਸੰਪਰਕ ਕਰੋ : 98887-42047, 99157-70074

ਲੋਕਲ ਗੁਰਦੁਆਰਾ ਪ੍ਰਬੰਧਕ ਕਮੇਟੀਆਂ ਅਤੇ ਸਭਾ ਕਮੇਟੀਆਂ ਦੇ ਸਹਿਯੋਗ ਨਾਲ ਗੁਰੂ ਅਰਜਨ ਕੀਰਤਨ ਮੰਡਲ (ਰਜਿ.) ਪਟਿਆਲਾ

# ਪਟਿਆਲਾ ਤੋਂ ਆਈ.ਪੀ.ਐੱਲ. ਤੱਕ: ਮੋਦੀ ਕਾਲਜ ਦੇ ਵਿਦਿਆਰਥੀ ਇਮਾਨਜੋਤ ਸਿੰਘ ਚਹਿਲ ਦੀ ਸ਼ਾਨਦਾਰ ਪ੍ਰਾਪਤੀ



ਪਟਿਆਲਾ, 2 ਜੂਨ (ਰੁਪਾਣਾ) : ਸਥਾਨਕ ਮੁਲਤਾਨੀ ਮੱਲ ਮੋਦੀ ਕਾਲਜ, ਪਟਿਆਲਾ ਵਿਖੇ ਅੱਜ ਉਸ ਸਮੇਂ ਦੀ ਲਹਿਰ ਦੌੜ ਗਈ ਜਦੋਂ ਬੀ.ਕਾਮ ਫਾਈਨਲ ਈਅਰ ਦੇ ਹੋਣਹਾਰ ਵਿਦਿਆਰਥੀ ਇਮਾਨਜੋਤ ਸਿੰਘ ਚਹਿਲ ਦੀ ਇੰਡੀਅਨ ਪ੍ਰੀਮੀਅਰ ਲੀਗ ਵਿੱਚ ਪ੍ਰਸਿੱਧ ਰਾਜਸਥਾਨ ਰਾਇਲਜ਼ ਫ੍ਰੈਂਚਾਈਜ਼ੀ ਲਈ ਚੋਣ ਦੀ ਖਬਰ ਨਸ਼ਰ ਹੋਈ। ਇਸ ਇਤਿਹਾਸਕ ਪ੍ਰਾਪਤੀ ਤੋਂ ਬਾਅਦ ਕਾਲਜ ਕੈਂਪਸ ਪਹੁੰਚਣ 'ਤੇ ਇਮਾਨਜੋਤ ਸਿੰਘ ਚਹਿਲ ਦਾ ਕਾਲਜ ਵੱਲੋਂ ਭਰਵਾਂ ਅਤੇ ਨਿੱਘਾ ਸਵਾਗਤ ਕੀਤਾ ਗਿਆ। ਇਸ ਮੌਕੇ ਇੱਕ ਵਿਸ਼ੇਸ਼ ਸਨਮਾਨ ਸਮਾਰੋਹ ਦਾ ਆਯੋਜਨ ਵੀ ਕੀਤਾ ਗਿਆ, ਜਿਸ ਵਿੱਚ ਕਾਲਜ ਦੇ ਪ੍ਰਿੰਸੀਪਲ, ਅਧਿਆਪਕਾਂ ਅਤੇ ਸਮੂਹ ਸਟਾਫ ਵੱਲੋਂ ਉਸਦੀ ਇਸ ਸ਼ਾਨਦਾਰ ਪ੍ਰਾਪਤੀ ਲਈ ਉਸਦਾ ਵਿਸ਼ੇਸ਼ ਸਨਮਾਨ ਕੀਤਾ ਗਿਆ। ਨੌਜਵਾਨ ਕ੍ਰਿਕਟਰ ਨੂੰ ਵਧਾਈ ਦਿੰਦੇ ਹੋਏ ਕਾਲਜ ਦੇ ਪ੍ਰਿੰਸੀਪਲ ਡਾ. ਨੀਰਜ ਗੋਇਲ ਨੇ ਕਿਹਾ ਕਿ ਇਹ ਇਤਿਹਾਸਕ ਚੋਣ ਇਮਾਨਜੋਤ ਸਿੰਘ ਚਹਿਲ ਦੀ ਖੇਡ ਮੈਦਾਨ ਵਿੱਚ ਕੀਤੀ ਸਖ਼ਤ ਮਿਹਨਤ, ਅਨੁਸ਼ਾਸਨ ਅਤੇ ਉਸਦੇ ਅਧਿਆਪਕਾਂ ਦੀ ਲਗਨ ਦਾ ਸਿੱਟਾ ਹੈ। ਡਾ. ਗੋਇਲ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਮੁਲਤਾਨੀ ਮੱਲ ਮੋਦੀ ਕਾਲਜ ਵਿਦਿਆਰਥੀਆਂ ਨੂੰ ਵਿਸ਼ਵ ਪੱਧਰੀ ਸਹੂਲਤਾਂ ਅਤੇ ਅਤਿ-ਆਧੁਨਿਕ ਬੁਨਿਆਦੀ ਢਾਂਚਾ ਪ੍ਰਦਾਨ ਕਰਨ ਲਈ ਪੂਰੀ ਤਰ੍ਹਾਂ ਵਚਨਬੱਧ ਹੈ, ਚਾਹੇ ਉਹ ਪੜ੍ਹਾਈ ਹੋਵੇ ਜਾਂ ਫਿਰ ਖੇਡਾਂ ਜਾਂ ਹੋਰ ਗਤੀਵਿਧੀਆਂ ਦਾ ਖੇਤਰ ਹੋਵੇ, ਤਾਂ ਜੋ ਵਿਦਿਆਰਥੀ ਕੌਮਾਂਤਰੀ ਪੱਧਰ 'ਤੇ ਮੱਲਾਂ ਮਾਰ ਸਕਣ। ਇਸੇ ਖੁਸ਼ੀ ਨੂੰ ਸਾਂਝਾ ਕਰਦੇ ਹੋਏ ਕਾਲਜ ਪ੍ਰਬੰਧਕੀ ਕਮੇਟੀ ਨੇ ਕਿਹਾ ਕਿ ਸਮੁੱਚੀ ਸੰਸਥਾ ਨੂੰ ਇਮਾਨਜੋਤ ਸਿੰਘ ਚਹਿਲ 'ਤੇ ਬਹੁਤ ਮਾਣ ਹੈ, ਕਿਉਂਕਿ ਉਸ ਦੀ ਇਸ ਸਫਲਤਾ ਨੇ ਨਾ ਸਿਰਫ ਕਾਲਜ ਦਾ ਨਾਮ ਰੌਸ਼ਨ ਕੀਤਾ ਹੈ, ਸਗੋਂ ਸ਼ਾਹੀ ਸ਼ਹਿਰ ਪਟਿਆਲਾ ਦੀ ਅਮੀਰ ਖੇਡ ਵਿਰਾਸਤ ਨੂੰ ਵੀ ਚਾਰ ਚੰਦ ਲਗਾਏ ਹਨ। ਖੇਡ ਵਿਭਾਗ ਦੇ ਡੀਨ (ਫਲਾਇੰਗ ਅਫ਼ਸਰ) ਡਾ. ਸੁਮੀਤ ਕੁਮਾਰ ਅਤੇ ਡਾ. ਨਿਸ਼ਾਨ ਸਿੰਘ ਨੇ ਇਮਾਨਜੋਤ ਸਿੰਘ ਚਹਿਲ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਉਸ ਦਾ ਇਹ ਸਫ਼ਰ ਇਲਾਕੇ ਦੇ ਹਰ ਉਭਰਦੇ ਖਿਡਾਰੀ ਲਈ ਇੱਕ ਵੱਡੀ ਪ੍ਰੇਰਨਾ ਹੈ। ਕਾਮਰਸ ਵਿਭਾਗ ਦੇ ਮੁਖੀ ਪ੍ਰੋ.ਪਰਮਿੰਦਰ ਕੌਰ ਨੇ ਇਸ ਮੌਕੇ 'ਤੇ ਕਿਹਾ ਕਿ ਬੀ.ਕਾਮ ਦੀ ਪੜ੍ਹਾਈ ਦੇ ਨਾਲ-ਨਾਲ ਉੱਚ ਪੱਧਰੀ ਕ੍ਰਿਕਟ ਵਿੱਚ ਅਜਿਹਾ ਸੰਤੁਲਨ ਬਣਾ ਕੇ ਰੱਖਣਾ ਇੱਕ ਸੱਚੇ ਖਿਡਾਰੀ ਦੀ ਪਛਾਣ ਹੈ। ਖੇਡ ਵਿਭਾਗ ਨੇ ਆਪਣੀ ਵਚਨਬੱਧਤਾ ਨੂੰ ਦੁਹਰਾਉਂਦੇ ਹੋਏ ਕਿਹਾ ਕਿ ਉਹ ਭਵਿੱਖ ਵਿੱਚ ਵੀ ਅਜਿਹੀਆਂ ਵਿਲੱਖਣ ਪ੍ਰਤਿਭਾਵਾਂ ਨੂੰ ਤਰਾਸ਼ਣ ਅਤੇ ਉਨ੍ਹਾਂ ਨੂੰ ਹਰ ਸੰਭਵ ਸਹਿਯੋਗ ਦੇਣ ਲਈ ਖੇਡ ਸਹੂਲਤਾਂ ਨੂੰ ਲਗਾਤਾਰ ਅਪਗ੍ਰੇਡ ਕਰਦੇ ਰਹਿਣਗੇ। ਇਸ ਖੁਸ਼ੀ ਦੇ ਮੌਕੇ ਸਮੁੱਚੇ ਕਾਲਜ ਸਟਾਫ ਨੇ ਇਮਾਨਜੋਤ ਸਿੰਘ ਚਹਿਲ ਨੂੰ ਜ਼ਿੰਦਗੀ ਦੇ ਇਸ ਨਵੇਂ ਪੜਾਅ ਅਤੇ ਰਾਜਸਥਾਨ ਰਾਇਲਜ਼ ਵੱਲੋਂ ਆਈ.ਪੀ.ਐੱਲ. ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਨ ਲਈ ਆਪਣੀਆਂ ਦਿਲੋਂ ਸ਼ੁਭਕਾਮਨਾਵਾਂ ਦਿੱਤੀਆਂ।



# ਪਟਿਆਲਾ-ਆਸ/ਪਾਸ



## ਬੇਅਦਬੀ ਵਿਰੁੱਧ ਸਖ਼ਤ ਕਾਨੂੰਨ ਬਣਾ ਕੇ ਪੰਜਾਬ ਸਰਕਾਰ ਨੇ ਇਤਿਹਾਸਕ ਫ਼ੈਸਲਾ ਲਿਆ : ਹਰਚੰਦ ਸਿੰਘ ਬਰਸਟ

### ➢ਪਿੰਡ ਰਾਮਗੜ੍ਹ ਵਿਖੇ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਦੇ ਭੋਗ ਪਾਏ



ਸਮਾਣਾ, 2 ਜੂਨ (ਵਿਜੇ ਕੁਮਾਰ) : ਪੰਜਾਬ ਸਰਕਾਰ ਵੱਲੋਂ ਬੇਅਦਬੀ ਵਿਰੁੱਧ ਸਖ਼ਤ ਕਾਨੂੰਨ ਬਣਾਏ ਜਾਣ ਤੇ ਹਲਕਾ ਸਮਾਣਾ ਦੇ ਪਿੰਡ ਰਾਮਗੜ੍ਹ ਵਿਖੇ ਪੰਚਾਇਤ ਅਤੇ ਸਮੂਹ ਪਿੰਡ ਵਾਸੀਆਂ ਵੱਲੋਂ ਸ਼ੁਕਰਾਨੇ ਵੱਜੋਂ ਧਾਰਮਿਕ ਸਮਾਗਮ ਦਾ ਆਯੋਜਨ ਕੀਤਾ ਗਿਆ। ਇਸ ਦੌਰਾਨ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਦੇ ਭੋਗ ਪਾਏ ਗਏ। ਇਸ ਧਾਰਮਿਕ ਸਮਾਗਮ ਵਿੱਚ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਹਾਜ਼ਰੀ ਭਰੀ। ਇਸ ਮੌਕੇ ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਅਤੇ ਆਮ ਆਦਮੀ ਪਾਰਟੀ, ਪੰਜਾਬ ਦੇ ਸੂਬਾ ਜਨਰਲ ਸਕੱਤਰ ਸ. ਹਰਚੰਦ ਸਿੰਘ ਬਰਸਟ ਨੇ ਗੁਰੂ ਚਰਨਾਂ ਵਿੱਚ ਨਤਮਸਤਕ ਹੋ ਕੇ ਹਾਜ਼ਰੀ ਲਗਾਈ ਅਤੇ ਸਰਬੱਤ ਦੇ ਭਲੇ, ਪੰਜਾਬ ਦੀ ਤਰੱਕੀ ਅਤੇ ਸਮੁੱਚੀ ਮਨੁੱਖਤਾ ਦੀ ਚੜ੍ਹਦੀਕਲਾ ਲਈ ਅਰਦਾਸ ਕੀਤੀ। ਇਸ ਮੌਕੇ ਸ. ਹਰਚੰਦ ਸਿੰਘ ਬਰਸਟ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਬੇਅਦਬੀਆਂ ਦੇ ਮਾਮਲੇ ਵਿੱਚ ਉਮਰ ਕੈਦ ਤੱਕ ਦੀ ਸਜ਼ਾ ਦਾ ਕਾਨੂੰਨ ਬਣਾ ਕੇ ਇੱਕ ਇਤਿਹਾਸਕ ਫੈਸਲਾ ਲਿਆ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੀ ਧਰਤੀ ਗੁਰੂਆਂ-ਪੀਰਾਂ ਦੀ ਧਰਤੀ ਹੈ, ਜਿੱਥੇ ਧਾਰਮਿਕ ਕਦਰਾਂ-ਕੀਮਤਾਂ ਅਤੇ ਆਸਥਾ ਨੂੰ ਹਮੇਸ਼ਾ ਸਰਵਉੱਚ ਸਥਾਨ ਦਿੱਤਾ ਗਿਆ ਹੈ। ਉਨ੍ਹਾਂ ਕਿਹਾ ਕਿ ਸਾਨੂੰ ਸਾਰਿਆਂ ਨੂੰ ਗੁਰੂ ਸਾਹਿਬਾਨ ਵੱਲੋਂ ਦਿੱਤੇ ਗਏ ਸਰਬੱਤ ਦੇ ਭਲੇ, ਸੇਵਾ ਅਤੇ ਮਨੁੱਖਤਾ ਦੇ ਸੰਦੇਸ਼ ਨੂੰ ਅਪਣਾ ਕੇ ਜੀਵਨ ਜਿਉਣਾ ਚਾਹੀਦਾ ਹੈ। ਇਸ ਮੌਕੇ ਅੰਗਰੇਜ਼ ਸਿੰਘ ਰਾਮਗੜ੍ਹ ਮੈਂਬਰ ਸਿਹਤ ਵਿਭਾਗ ਪੰਜਾਬ, ਮਨਦੀਪ ਕੌਰ ਸਰਪੰਚ, ਗੁਰਜੀਤ ਸਿੰਘ, ਸੰਦੀਪ ਕੌਰ, ਬਲਵਿੰਦਰ ਸਿੰਘ ਮੈਂਬਰ, ਮੀਨਾ ਰਾਣੀ ਪੰਚ, ਬਲਵਿੰਦਰ ਸਿੰਘ (ਰਾਜੂ), ਦਵਿੰਦਰ ਸਿੰਘ ਪੰਚ, ਸੁਰਿੰਦਰ ਸਿੰਘ, ਹਾਕਮ ਸਿੰਘ, ਸੂਬਾ ਸਿੰਘ, ਜਸਮੇਲ ਸਿੰਘ ਨੰਬਰਦਾਰ, ਬਹਾਦਰ ਸਿੰਘ, ਬੈਲਾ ਸਮੇਤ ਸਮੂਹ ਇਲਾਕਾ ਨਿਵਾਸੀ ਮੌਜੂਦ ਰਹੇ।

## ਅਵਾਰਾ ਪਸ਼ੂਆਂ ਕਾਰਨ ਹੋ ਰਹੀਆਂ ਮੁਸ਼ਕਲਾਂ 'ਤੇ ਪ੍ਰਸ਼ਾਸਨ ਗੰਭੀਰ

ਮਲੇਰਕੋਟਲਾ, 2 ਜੂਨ (ਬਲਜੀਤ ਸਿੰਘ ਟਿੱਬਾ) : ਜ਼ਿਲ੍ਹਾ ਮਾਲੇਰਕੋਟਲਾ



ਵਿੱਚ ਅਵਾਰਾ ਪਸ਼ੂਆਂ ਕਾਰਨ ਵੱਧ ਰਹੀਆਂ ਮੁਸ਼ਕਲਾਂ ਅਤੇ ਸੜਕ ਹਾਦਸਿਆਂ ਦੇ ਖ਼ਤਰੇ ਨੂੰ ਗੰਭੀਰਤਾ ਨਾਲ ਲੈਂਦਿਆਂ ਵਧੀਕ ਡਿਪਟੀ ਕਮਿਸ਼ਨਰ ਰਾਜਦੀਪ ਸਿੰਘ ਬਰਾੜ ਵੱਲੋਂ ਨਗਰ ਕੌਂਸਲ ਅਤੇ ਪਸ਼ੂ ਪਾਲਣ ਵਿਭਾਗ ਦੇ ਅਧਿਕਾਰੀਆਂ ਨਾਲ ਅਹਿਮ ਮੀਟਿੰਗ ਕੀਤੀ ਗਈ। ਮੀਟਿੰਗ ਦੌਰਾਨ ਸ਼ਹਿਰ ਨੂੰ ਸੁਰੱਖਿਅਤ, ਸਾਫ਼-ਸੁਥਰਾ ਅਤੇ ਹਾਦਸਾ-ਮੁਕਤ ਬਣਾਉਣ ਲਈ ਅਵਾਰਾ ਪਸ਼ੂਆਂ ਦੀ ਰੋਕਥਾਮ ਸਬੰਧੀ ਵਿਸਥਾਰ ਨਾਲ ਚਰਚਾ ਕੀਤੀ ਗਈ। ਵਧੀਕ ਡਿਪਟੀ ਕਮਿਸ਼ਨਰ ਨੇ ਅਧਿਕਾਰੀਆਂ ਨੂੰ ਸਖ਼ਤ ਨਿਰਦੇਸ਼ ਦਿੰਦਿਆਂ ਕਿਹਾ ਕਿ ਅਵਾਰਾ ਪਸ਼ੂਆਂ ਨੂੰ ਸੁਰੱਖਿਅਤ ਢੰਗ ਨਾਲ ਫੜ ਕੇ ਗਊਸ਼ਾਲਾਵਾਂ ਆਦਿ ਵਿੱਚ ਭੇਜਣ ਲਈ ਵਿਸ਼ੇਸ਼ ਮੁਹਿੰਮ ਚਲਾਈ ਜਾਵੇ। ਉਨ੍ਹਾਂ ਕਿਹਾ ਕਿ ਇਹ ਸਿਰਫ਼ ਪ੍ਰਸ਼ਾਸਨਿਕ ਜ਼ਿੰਮੇਵਾਰੀ ਨਹੀਂ, ਸਗੋਂ ਮਨੁੱਖਤਾ ਨਾਲ ਜੁੜਿਆ ਹੋਇਆ ਮਾਮਲਾ ਵੀ ਹੈ। ਉਨ੍ਹਾਂ ਕਿਹਾ ਕਿ ਬੇਜ਼ੁਬਾਨ ਪਸ਼ੂ ਵੀ ਜੀਵ ਹਨ, ਉਨ੍ਹਾਂ ਨਾਲ ਦਇਆ ਅਤੇ ਜ਼ਿੰਮੇਵਾਰੀ ਵਾਲਾ ਵਤੀਰਾ ਅਪਣਾਉਣਾ ਸਾਡਾ ਫਰਜ਼ ਹੈ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਲੋਕਾਂ ਦੀ ਸੁਰੱਖਿਆ ਅਤੇ ਬੇਜ਼ੁਬਾਨ ਪਸ਼ੂਆਂ ਦੀ ਭਲਾਈ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਇਸ ਮੌਕੇ ਕਾਰਜ ਸਾਧਕ ਅਫਸਰ ਮਾਲੇਰਕੋਟਲਾ ਚੰਦਰ ਪ੍ਰਕਾਸ਼ ਵਧਵਾ, ਕਾਰਜ ਸਾਧਕ ਅਫਸਰ ਅਹਿਮਦਗੜ੍ਹ/ਅਮਰਗੜ੍ਹ ਅਸ਼ੀਸ਼ ਕੁਮਾਰ, ਸੀਨੀਅਰ ਵੈਟਰਨਰੀ ਅਫ਼ਸਰ ਡਾ.ਸੁਖਵਿੰਦਰ ਸਿੰਘ, ਡੇਅਰੀ ਵਿਕਾਸ ਇੰਸਪੈਕਟਰ ਹਰਮੇਸ਼ ਸਿੰਘ ਗਿੱਲ, ਸਮਾਜਸੇਵੀ ਮਹੰਤ ਸਵਰੂਪ ਬਿਹਾਰੀ ਸ਼ਰਨ ਹਾਜ਼ਰ ਸਨ।

## ਡੀ.ਜੀ.ਪੀ. ਦੇ ਨਿਰਦੇਸ਼ਾਂ 'ਤੇ ਸਮਾਣਾ ਪੁਲਿਸ ਵੱਲੋਂ ਵਿਸ਼ੇਸ਼ ਨਾਕਾਬੰਦੀ

### ➢ਭਾਖੜਾ ਪੁਲ 'ਤੇ ਬਣਾਏ ਜਾ ਰਹੇ ਨੇ ਬੰਕਰ



ਸਮਾਣਾ, 2 ਜੂਨ (ਵਿਜੇ ਕੁਮਾਰ) : ਪੰਜਾਬ ਦੇ ਡੀਜੀਪੀ ਗੌਰਵ ਯਾਦਵ ਦੇ ਨਿਰਦੇਸ਼ਾਂ ਤਹਿਤ ਸੂਬੇ ਭਰ ਵਿੱਚ ਪੁਲਿਸ ਗਸ਼ਤ ਵਧਾਉਣ ਅਤੇ ਸੁਰੱਖਿਆ ਪ੍ਰਬੰਧਾਂ ਨੂੰ ਹੋਰ ਮਜ਼ਬੂਤ ਕਰਨ ਲਈ ਇੱਕ ਵਿਸ਼ੇਸ਼ ਮੁਹਿੰਮ ਚਲਾਈ ਜਾ ਰਹੀ ਹੈ। ਇਸੇ ਲੜੀ ਤਹਿਤ ਸਮਾਣਾ ਸਿਟੀ ਪੁਲਿਸ ਵੱਲੋਂ ਵੀ ਇਲਾਕੇ ਵਿੱਚ ਨਾਕਾਬੰਦੀ ਅਤੇ ਚੈਕਿੰਗ ਮੁਹਿੰਮ ਨੂੰ ਤੇਜ਼ ਕਰ ਦਿੱਤਾ ਗਿਆ ਹੈ। ਸੁਰੱਖਿਆ ਪ੍ਰਬੰਧਾਂ ਨੂੰ ਪੁਖ਼ਤਾ ਕਰਨ ਦੇ ਮਕਸਦ ਨਾਲ ਸਮਾਣਾ ਦੇ ਭਾਖੜਾ ਪੁਲ 'ਤੇ ਵਿਸ਼ੇਸ਼ ਬੰਕਰ ਬਣਾਏ ਜਾ ਰਹੇ ਹਨ, ਤਾਂ ਜੋ ਕਿਸੇ ਵੀ ਐਮਰਜੈਂਸੀ (ਆਪਾਤਕਾਲੀਨ ਸਥਿਤੀ) ਜਾਂ ਅਣਸੁਖਾਵੀਂ ਘਟਨਾ ਦੌਰਾਨ ਪੁਲਿਸ ਪ੍ਰਭਾਵਸ਼ਾਲੀ ਢੰਗ ਨਾਲ ਕਾਰਵਾਈ ਕਰ ਸਕੇ। ਇਹਨਾਂ ਬੰਕਰਾਂ ਰਾਹੀਂ ਨਾਕਾਬੰਦੀ ਦੌਰਾਨ ਤਾਇਨਾਤ ਪੁਲਿਸ ਮੁਲਾਜ਼ਮਾਂ ਨੂੰ ਸੁਰੱਖਿਆ ਮਿਲਣ ਦੇ ਨਾਲ-ਨਾਲ ਨਿਗਰਾਨੀ ਰੱਖਣ ਵਿੱਚ ਵੀ ਆਸਾਨੀ ਹੋਵੇਗੀ। ਪੁਲਿਸ ਅਧਿਕਾਰੀਆਂ ਅਨੁਸਾਰ ਸੰਵੇਦਨਸ਼ੀਲ ਥਾਵਾਂ 'ਤੇ ਨਿਗਰਾਨੀ ਵਧਾਈ ਜਾ ਰਹੀ ਹੈ ਅਤੇ ਸ਼ੱਕੀ ਵਿਅਕਤੀਆਂ ਤੇ ਵਾਹਨਾਂ ਦੀ ਲਗਾਤਾਰ ਚੈਕਿੰਗ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਆਮ ਜਨਤਾ ਦੀ ਸੁਰੱਖਿਆ ਪੁਲਿਸ ਦੀ ਮੁੱਖ ਤਰਜੀਹ ਹੈ ਅਤੇ ਇਸ ਲਈ ਹਰ ਸੰਭਵ ਕਦਮ ਚੁੱਕੇ ਜਾ ਰਹੇ ਹਨ। ਅੱਜ ਸਮਾਣਾ ਦੀ ਭਾਖੜਾ ਨਹਿਰ 'ਤੇ ਸੁਰੱਖਿਆ ਦੇ ਮੱਦੇਨਜ਼ਰ ਹਰ ਆਉਣ-ਜਾਣ ਵਾਲੀ ਗੱਡੀ ਨੂੰ ਰੋਕ ਕੇ ਚੈੱਕ ਕੀਤਾ ਗਿਆ। ਪੁਲਿਸ ਨੇ ਲੋਕਾਂ ਨੂੰ ਵੀ ਅਪੀਲ ਕੀਤੀ ਹੈ ਕਿ ਕਿਸੇ ਵੀ ਸ਼ੱਕੀ ਗਤੀਵਿਧੀ ਦੀ ਜਾਣਕਾਰੀ ਤੁਰੰਤ ਪੁਲਿਸ ਨੂੰ ਦਿੱਤੀ ਜਾਵੇ, ਤਾਂ ਜੋ ਕਾਨੂੰਨ ਵਿਵਸਥਾ ਬਣਾਈ ਰੱਖਣ ਅਤੇ ਅਪਰਾਧਾਂ ਨੂੰ ਠੱਲ੍ਹ ਪਾਉਣ ਵਿੱਚ ਮਦਦ ਮਿਲ ਸਕੇ। ਇਸ ਸਬੰਧੀ ਥਾਣਾ ਸਿਟੀ ਮੁੱਖੀ ਬਲਜੀਤ ਸਿੰਘ ਨੇ ਦੱਸਿਆ ਕਿ ਉੱਚ ਅਧਿਕਾਰੀਆਂ ਦੀਆ ਹਦਾਇਤਾਂ ਅਨੁਸਾਰ ਇਹ ਮੋਰਚੇ ਬਣਾਏ ਜਾ ਰਹੇ ਹਨ, ਤਾਂ ਕਿ ਲੋਕਾਂ ਨੂੰ ਸੁਰੱਖਿਆ ਪ੍ਰਦਾਨ ਕੀਤੀ ਜਾ ਸਕੇ।

## 100 ਦਿਨ ਟੀ.ਬੀ. ਜਾਗਰੂਕਤਾ ਮੁਹਿੰਮ ਤਹਿਤ ਪਿੰਡ ਹਰਦਾਸਪੁਰ ਵਿਖੇ ਨਿਕਸ਼ੈ ਕੈਂਪ ਲਗਾਇਆ

ਪਟਿਆਲਾ, 2 ਜੂਨ (ਚ.ਨ.ਸ) : ਡਾਇਰੈਕਟਰ ਸਿਹਤ ਅਤੇ ਪਰਿਵਾਰ ਭਲਾਈ ਪੰਜਾਬ ਦੇ ਦਿਸ਼ਾ ਨਿਰਦੇਸ਼ ਅਤੇ ਸਿਵਲ ਸਰਜਨ ਪਟਿਆਲਾ ਡਾ.ਸ਼ੈਲੀ ਜੇਤਲੀ ਦੀ ਅਗਵਾਈ ਹੇਠ ਸਿਹਤ ਵਿਭਾਗ ਪਟਿਆਲਾ ਵੱਲੋਂ ਬਲਾਕ ਕੌਲੀ ਅਧੀਨ ਪਿੰਡ ਹਰਦਾਸਪੁਰ ਵਿਖੇ ਨਿਕਸ਼ੈ ਕੈਂਪ ਲਗਾਇਆ ਗਿਆ। ਕੈਂਪ ਦੌਰਾਨ ਪਿੰਡ ਵਾਸੀਆਂ ਦੀ ਗੈਰ-ਸੰਚਾਰੀ ਬਿਮਾਰੀਆਂ (ਐਨਸੀਡੀ) ਅਤੇ ਟੀ.ਬੀ. ਦੀ ਮੁਫ਼ਤ ਸਕ੍ਰੀਨਿੰਗ ਕੀਤੀ ਗਈ। ਇਸ ਮੌਕੇ ਜ਼ਿਲ੍ਹਾ ਟੀਬੀ ਅਫਸਰ ਡਾ.ਗੁਰਪ੍ਰੀਤ ਨਾਗਰਾ ਨੇ ਜਾਣਕਾਰੀ ਦਿੰਦੇ ਦੱਸਿਆ ਕਿ ਕੈਂਪ ਵਿੱਚ ਲੋਕਾਂ ਦਾ ਬਲੱਡ ਪ੍ਰੈਸ਼ਰ, ਰੈਂਡਮ ਬਲੱਡ ਸ਼ੂਗਰ, ਕੱਦ, ਵਜ਼ਨ ਅਤੇ ਬਾਡੀ ਮਾਸ ਇੰਡੈਕਸ ਦੀ ਜਾਂਚ ਕੀਤੀ ਗਈ। ਇਸ ਤੋਂ ਇਲਾਵਾ ਟੀ.ਬੀ. ਦੇ ਸ਼ੱਕੀ ਮਰੀਜ਼ਾਂ ਦੀ ਸਕ੍ਰੀਨਿੰਗ ਕਰਕੇ ਮੁਫ਼ਤ ਛਾਤੀ ਦਾ ਐਕਸ-ਰੇ ਅਤੇ ਸੀਬੀਨੈਟ ਲਈ ਬਲਗਮ ਦੇ ਨਮੂਨੇ ਵੀ ਲਏ ਗਏ। ਉਹਨਾਂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਜੇਕਰ ਕਿਸੇ ਨੂੰ ਦੋ ਹਫ਼ਤਿਆਂ ਤੋਂ ਵੱਧ ਖੰਘ, ਬੁਖ਼ਾਰ, ਵਜ਼ਨ ਘਟਣਾ ਜਾਂ ਹੋਰ ਟੀ.ਬੀ. ਸਬੰਧੀ ਲੱਛਣ ਹੋਣ ਤਾਂ ਤੁਰੰਤ ਨੇੜਲੇ ਸਿਹਤ ਕੇਂਦਰ ਨਾਲ ਸੰਪਰਕ ਕਰਕੇ ਮੁਫ਼ਤ ਜਾਂਚ ਅਤੇ ਇਲਾਜ ਦੀ ਸਹੂਲਤ ਦਾ ਲਾਭ ਲੈਣ।



## ਜੇਈਈ ਐਡਵਾਂਸ 2026 ਦੀ ਪ੍ਰੀਖਿਆ ਵਿੱਚ ਪਟਿਆਲਾ ਜ਼ਿਲ੍ਹੇ ਨੇ ਮਾਰੀ ਬਾਜ਼ੀ, ਪੰਜਾਬ ਭਰ 'ਚੋਂ ਰਿਹਾ ਮੋਹਰੀ

ਪਟਿਆਲਾ, 2 ਜੂਨ (ਰੁਪਾਣਾ) : ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਅਗਵਾਈ ਅਤੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਦੀ ਦੂਰਦਰਸ਼ੀ ਸੋਚ ਸਦਕਾ ਜੇਈਈ ਐਡਵਾਂਸ 2026 ਦੀ ਪ੍ਰੀਖਿਆ ਵਿੱਚ ਪਟਿਆਲਾ ਜ਼ਿਲ੍ਹਾ ਇੱਕ ਵਾਰ ਫਿਰ ਪੂਰੇ ਪੰਜਾਬ ਵਿੱਚੋਂ ਮੋਹਰੀ ਬਣ ਕੇ ਉੱਭਰਿਆ ਹੈ। ਦੇਸ਼ ਪੱਧਰ 'ਤੇ ਕਰਵਾਈ ਗਈ ਇਸ ਵੱਕਾਰੀ ਪ੍ਰੀਖਿਆ ਵਿੱਚ ਪਟਿਆਲਾ ਜ਼ਿਲ੍ਹੇ ਦੇ ਸਰਕਾਰੀ ਸਕੂਲਾਂ ਦੇ ਕੁੱਲ 13 ਵਿਦਿਆਰਥੀਆਂ ਨੇ ਸਫਲਤਾ ਹਾਸਲ ਕਰਕੇ ਜ਼ਿਲ੍ਹੇ ਦਾ ਨਾਮ ਰੌਸ਼ਨ ਕੀਤਾ ਹੈ। ਜ਼ਿਲ੍ਹਾ ਸਿੱਖਿਆ ਅਫ਼ਸਰ ਪਟਿਆਲਾ ਸ਼ਾਲੂ ਮਹਿਰਾ ਨੇ ਸਫ਼ਲ ਵਿਦਿਆਰਥੀਆਂ, ਉਨ੍ਹਾਂ ਦੇ ਮਾਪਿਆਂ ਅਤੇ ਅਧਿਆਪਕਾਂ ਨੂੰ ਵਧਾਈ ਦਿੱਤੀ। ਉਨ੍ਹਾਂ ਦੱਸਿਆ ਕਿ ਇਨ੍ਹਾਂ ਵਿਦਿਆਰਥੀਆਂ ਦੀ ਤਿਆਰੀ ਅਤੇ ਮਾਰਗਦਰਸ਼ਨ ਵਿੱਚ ਸਾਬਕਾ ਜ਼ਿਲ੍ਹਾ ਸਿੱਖਿਆ ਅਫ਼ਸਰ ਸੈਕੰਡਰੀ ਸੰਜੀਵ ਕੁਮਾਰ ਸ਼ਰਮਾ ਦਾ ਵਿਸ਼ੇਸ਼ ਯੋਗਦਾਨ ਰਿਹਾ ਹੈ। ਉਪ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈਕੰਡਰੀ) ਪਟਿਆਲਾ ਡਾ. ਰਵਿੰਦਰਪਾਲ ਸਿੰਘ ਨੇ ਸਫਲ ਵਿਦਿਆਰਥੀਆਂ ਨਾਲ ਗੱਲਬਾਤ ਕਰਦਿਆਂ ਉਨ੍ਹਾਂ ਦੀਆਂ ਪਸੰਦੀਦਾ ਇੰਡੀਅਨ ਇੰਸਟੀਚਿਊਟ ਆਫ਼ ਟੈਕਨਾਲੋਜੀ ਬਾਰੇ ਜਾਣਕਾਰੀ ਪ੍ਰਾਪਤ ਕੀਤੀ ਅਤੇ ਦੇਸ਼ ਦੀਆਂ ਪ੍ਰਮੁੱਖ ਤਕਨੀਕੀ ਸੰਸਥਾਵਾਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਸਾਂਝੀ ਕੀਤੀ। ਇਸ ਮੌਕੇ ਸਾਥੀ ਟੀਮ ਦੇ ਮੈਂਬਰਾਂ ਪੀਡੀਐਮ ਸੰਦੀਪ ਕੁਮਾਰ ਪ੍ਰਿੰਸੀਪਲ, ਮਨਦੀਪ ਕੌਰ ਅੰਟਾਲ ਪ੍ਰਿੰਸੀਪਲ, ਸੁਧੀਰ ਕੁਮਾਰ ਪ੍ਰਿੰਸੀਪਲ, ਦੀਪਕ ਕੁਮਾਰ ਲੈਕਚਰਾਰ ਮੈਥ ਅਤੇ ਦੌਲਤ ਰਾਮ ਜ਼ਿਲ੍ਹਾ ਨੋਡਲ ਲੈਕਚਰਾਰ ਨੇ ਵਿਦਿਆਰਥੀਆਂ ਅਤੇ ਉਨ੍ਹਾਂ ਦੇ ਮਾਪਿਆਂ ਨੂੰ ਮੁਬਾਰਕਬਾਦ ਦਿੱਤੀ ਖੁਸ਼ੀ ਮਨਾਈ। ਜ਼ਿਲ੍ਹਾ ਨੋਡਲ ਲੈਕਚਰਾਰ ਦੌਲਤ ਰਾਮ ਨੇ ਦੱਸਿਆ ਕਿ ਪਿਛਲੇ ਸਾਲ ਜ਼ਿਲ੍ਹੇ ਦੇ 8 ਵਿਦਿਆਰਥੀਆਂ ਨੇ ਜੇਈਈ ਐਡਵਾਂਸ ਪ੍ਰੀਖਿਆ ਪਾਸ ਕੀਤੀ ਸੀ, ਜਦਕਿ ਇਸ ਸਾਲ ਇਹ ਗਿਣਤੀ ਵੱਧ ਕੇ 13 ਹੋ ਗਈ ਹੈ। ਉਨ੍ਹਾਂ ਦੱਸਿਆ ਕਿ ਇਨ੍ਹਾਂ ਵਿੱਚੋਂ 8 ਵਿਦਿਆਰਥੀ ਨਾਨ ਐਸਓਈ ਸਕੂਲਾਂ ਨਾਲ ਸਬੰਧਤ ਹਨ, ਜਿਨ੍ਹਾਂ ਵਿੱਚ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਸਿਉਣਾ, ਧੰਗੇੜਾ, ਸਿਵਲ ਲਾਈਨਜ਼, ਸ਼ੇਖੂਪੁਰਾ, ਨੰਦਪੁਰ ਕੇਸ਼ੋ, ਵਜੀਦਪੁਰ ਅਤੇ ਪਬਰੀ ਦੇ ਵਿਦਿਆਰਥੀ ਸ਼ਾਮਲ ਹਨ। ਇਸ ਤੋਂ ਇਲਾਵਾ ਸਕੂਲ ਆਫ ਐਮੀਨੈਂਸ ਘੱਗਾ ਦੀ ਵਿਦਿਆਰਥਣ ਨਵਜੋਤ ਕੌਰ ਅਤੇ ਮੈਰੀਟੋਰੀਅਸ ਸਕੂਲਾਂ ਦੇ 4 ਵਿਦਿਆਰਥੀਆਂ ਨੇ ਵੀ ਇਹ ਪ੍ਰੀਖਿਆ ਸਫਲਤਾਪੂਰਵਕ ਪਾਸ ਕੀਤੀ ਹੈ। ਸਫ਼ਲ ਵਿਦਿਆਰਥੀਆਂ ਵਿੱਚੋਂ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਸਿਉਣਾ ਦੇ ਵਿਦਿਆਰਥੀ ਹਰਸ਼ ਕਮਲ ਨੇ ਆਲ ਇੰਡੀਆ ਰੈਂਕ 3939 ਹਾਸਲ ਕਰਕੇ ਜ਼ਿਲ੍ਹੇ ਵਿੱਚ ਪਹਿਲਾ ਸਥਾਨ ਪ੍ਰਾਪਤ ਕੀਤਾ ਹੈ। ਪੀਡੀਐਮ ਸੰਦੀਪ ਕੁਮਾਰ ਨੇ ਦੱਸਿਆ ਕਿ ਪੂਰੇ ਪੰਜਾਬ ਵਿੱਚ ਨਾਨ ਐੱਸਓਈ ਸਕੂਲਾਂ ਦੇ ਕੁੱਲ 54 ਵਿਦਿਆਰਥੀਆਂ ਨੇ ਜੇਈਈ ਐਡਵਾਂਸ 2026 ਪ੍ਰੀਖਿਆ ਪਾਸ ਕੀਤੀ ਹੈ।



## ਘੇਰ ਕੇ ਕੀਤੀ ਕੁੱਟਮਾਰ, ਮਾਮਲਾ ਦਰਜ

ਪਟਿਆਲਾ, 2 ਜੂਨ (ਵਿਨੋਦ ਸ਼ਰਮਾ) : ਥਾਣਾ ਪਸਿਆਣਾ ਪੁਲਿਸ ਕੋਲ ਤੇਜਾ ਸਿੰਘ ਪੁੱਤਰ ਗਰੀਬ ਸਿੰਘ ਵਾਸੀ ਪਿੰਡ ਪਹਾੜਪੁਰ ਨੇ ਕਥਿਤ ਦੋਸ਼ੀਆਂ ਹਰਪ੍ਰੀਤ ਸਿੰਘ, ਸੁਰਜੀਤ ਸਿੰਘ ਵਾਸੀ ਪਿੰਡ ਪਹਾੜਪੁਰ ਵਿਰੁੱਧ ਸ਼ਿਕਾਇਤ ਦਰਜ ਕਰਵਾਈ ਹੈ। ਸ਼ਿਕਾਇਤਕਰਤਾ ਨੇ ਪੁਲਿਸ ਨੂੰ ਦੱਸਿਆ ਕਿ ਉਕਤ ਕਥਿਤ ਦੋਸ਼ੀਆਂ ਦੀ ਜ਼ਮੀਨ ਉਸ ਦੀ ਜ਼ਮੀਨ ਦੇ ਨਾਲ ਲੱਗਦੀ ਹੈ। ਉਹ ਆਪਣੇ ਖੇਤਾਂ ਵਿੱਚ ਹਾਜ਼ਰ ਸੀ ਤਾ ਕਥਿਤ ਦੋਸ਼ੀਆਂ ਨੇ ਮੌਕੇ 'ਤੇ ਆ ਕੇ ਉਸ ਦੀ ਘੇਰ ਕੇ ਕੁੱਟਮਾਰ ਕੀਤੀ ਤੇ ਜਾਨੋਂ ਮਾਰਨ ਦੀਆਂ ਧਮਕੀਆਂ ਵੀ ਦਿੱਤੀਆਂ। ਪੁਲਿਸ ਨੇ ਧਾਰਾ 115(2), 126(2), 351(2), 3(5) ਬੀਐਨਐਸ ਦੇ ਤਹਿਤ ਮਾਮਲਾ ਦਰਜ ਕਰ ਲਿਆ ਹੈ।



ਭਾਜਪਾ ਦੇ ਨਵ-ਨਿਯੁਕਤ ਪੰਜਾਬ ਪ੍ਰਧਾਨ ਕੇਵਲ ਸਿੰਘ ਢਿੱਲੋਂ ਨਾਲ ਮੁਲਾਕਾਤ ਕਰਦੇ ਹੋਏ ਸਰਕਲ ਪ੍ਰਧਾਨ ਰਾਜਿੰਦਰ ਸ਼ਰਮਾ, ਸੁਖਵਿੰਦਰ ਸਿੰਘ, ਜੈਪਾਲ ਗਿੱਲ, ਵਿਨੋਦ ਕੁਮਾਰ ਤੇ ਹੋਰ। (ਫੋਟੋ ਤੇ ਵੇਰਵਾ : ਦੀਪਕ ਜੈਦਕਾ)

## ਮੁਨਸ਼ੀ ਫਾਰੂਕ ਨੇ ਮਹਿਲਾਵਾਂ ਨੂੰ 1000 ਰੁਪਏ ਮਹੀਨਾ ਦੇਣ ਦੀ ਸਹੂਲਤ ਦੇ ਰਜਿਸਟ੍ਰੇਸ਼ਨ ਦਾ ਕਾਰਜ ਸ਼ੁਰੂ ਕਰਵਾਇਆ



ਮਲੇਰਕੋਟਲਾ, 2 ਜੂਨ (ਅਸ਼ਰਫ ਅਨਸਾਰੀ) : ਨਗਰ ਕੌਂਸਲ ਦੀਆਂ ਚੋਣਾਂ ਪਰੀਕਿਰਿਆ ਖਤਮ ਹੋਣ ਉਪਰੰਤ ਕਰਕੇ ਆਮ ਆਦਮੀ ਪਾਰਟੀ ਵੱਲੋਂ 18 ਸਾਲ ਦੀ ਉਪਰ ਵਾਲਿਆਂ ਬੀਬੀਆਂ ਭੈਣਾਂ ਨੂੰ 1000 ਰੁਪਏ ਦੇਣ ਲਈ ਅੱਜ ਤੋਂ ਆਂਗਨਵਾੜੀ ਸੈਂਟਰਾਂ ਵਿੱਚ ਰਜਿਸਟ੍ਰੇਸ਼ਨ ਦਾ ਕੰਮ ਸ਼ੁਰੂ ਕਰ ਦਿੱਤਾ ਗਿਆ ਹੈ। ਬੂਥ ਲੈਵਲ 135 ਨੰਬਰ ਬੂਥ 'ਤੇ ਵਿਧਾਇਕ ਡਾਕਟਰ ਜਮੀਲ ਉਰ ਰਹਿਮਾਨ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਮਾਲੇਰਕੋਟਲਾ ਦੇ ਵਾਰਡ 22 ਦੇ ਕੌਂਸਲਰ ਮੁਨਸ਼ੀ ਫਾਰੂਕ ਨੇ ਆਂਗਨਵਾੜੀ ਵਰਕਰ ਸਿਮਰਨ ਦੇ ਸੈਂਟਰ ਵਿਚ ਸਖੀਆਂ ਨੂੰ ਫ਼ਾਰਮ ਭਰਨ ਲਈ ਟ੍ਰੇਨਿੰਗ ਦੇ ਕੇ ਆਪਣੇ ਆਪਣੇ ਇਲਾਕੇ ਚੋਂ ਹਰ ਸਖੀਆਂ ਨੂੰ ਫ਼ਾਰਮ ਲਈ ਕਿਹਾ ਗਿਆ ਹੈ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੌਂਸਲਰ ਮੁਨਸ਼ੀ ਫਾਰੂਕ ਨੇ ਦੱਸਿਆ ਕਿ ਵਿਧਾਇਕ ਡਾਕਟਰ ਜਮੀਲ ਉਰ ਰਹਿਮਾਨ ਦੀ ਦੂਰ ਅੰਦੇਸ਼ੀ ਸੋਚ ਨਾਲ ਨਗਰ ਕੌਂਸਲ ਦੀਆਂ ਚੋਣਾਂ ਅਮਨ ਸ਼ਾਂਤੀ ਨਾਲ ਨਿਪੜੇ ਚੜੀਆਂ ਹਨ। ਕੌਂਸਲਰ ਮੁਨਸ਼ੀ ਫ਼ਾਰੂਕ ਨੇ ਦੱਸਿਆ ਕਿ ਇਹ ਪਹਿਲੀ ਸਰਕਾਰ ਹੈ ਜਿਸ ਨੇ ਬਿਜਲੀ ਮੁਫ਼ਤ ਹਰ ਵਰਗ ਨੂੰ 300 ਯੂਨਿਟ ਪ੍ਰਤੀ ਮਹੀਨਾ ਦਿੱਤੀ ਹੈ। ਇਸੇ ਤਰ੍ਹਾਂ ਬੀਬੀਆਂ ਭੈਣਾਂ ਨੂੰ ਬੱਸਾਂ ਵਿੱਚ ਮੁਫ਼ਤ ਸਫ਼ਰ ਕਰਨ ਦੀ ਸਹੂਲਤ ਵੀ ਹਰ ਵਰਗ ਨੂੰ ਦਿੱਤੀ ਹੈ। ਪਹਿਲੀਆਂ ਸਰਕਾਰਾਂ ਖਾਸ ਵਰਗ ਦੇ ਲੋਕਾਂ ਨੂੰ ਇਹ ਸਹੂਲਤਾਂ ਦਿੰਦੀਆਂ ਸੀ। ਜਿਸ ਨਾਲ ਅਕਸਰ ਜਰਨਲ ਵਰਗ ਦੇ ਲੋਕ ਸਰਕਾਰਾਂ ਤੋਂ ਨਾਰਾਜ਼ ਰਹਿੰਦੇ ਸੀ। ਪਰ ਹੁਣ ਲੋਕੀਂ ਆਪ ਦੀ ਸਰਕਾਰ ਤੋਂ ਖੁਸ਼ ਹਨ। ਇਹੋ ਕਾਰਨ ਹੈ ਵਿਰੋਧੀਆਂ ਵੱਲੋਂ ਉਠਾਏ ਮੁੱਦਿਆਂ ਵੱਲ ਲੋਕਾਂ ਨੇ ਧਿਆਨ ਨਾ ਦੇ ਕੇ ਬਿਜਲੀ, ਬੱਸ ਸਫ਼ਰ 'ਤੇ ਹੁਣ 18 ਸਾਲ ਤੋਂ ਵੱਧ ਦੀਆਂ ਔਰਤਾਂ ਨੂੰ ਇੱਕ ਹਜ਼ਾਰ ਰੁਪਏ ਦੀ ਰਜਿਸਟ੍ਰੇਸ਼ਨ ਤੋਂ ਖੁਸ਼ ਹੋ ਕੇ ਨਗਰ ਕੌਂਸਲ ਚੋਣਾਂ ਵਿਚ 'ਆਪ' ਦੇ ਉਮੀਦਵਾਰਾਂ ਨੂੰ ਵੱਡੀਆਂ ਜਿੱਤਾਂ ਨਾਲ ਜਿਤਾਇਆ ਹੈ।

## ਠੰਡੇ-ਮਿੱਠੇ ਜਲ ਦੀ ਛਬੀਲ ਲਗਾਈ



ਨਾਭਾ, 2 ਜੂਨ (ਬਲਜਿੰਦਰ ਮਾਨ) : ਗਰਮੀ ਦਾ ਮੌਸਮ ਹੋਣ ਕਾਰਨ ਸ੍ਰੀ ਸ਼ਨੀ ਦੇਵ ਮੰਦਰ ਕਮੇਟੀ ਫੈਂਡਸ ਕਲੋਨੀ ਵੱਲੋਂ ਸਿਵਲ ਹਸਪਤਾਲ ਨਾਭਾ ਵਿਖੇ ਮਰੀਜ਼ਾਂ, ਉਨ੍ਹਾਂ ਦੇ ਵਾਰਸਾਂ ਅਤੇ ਰਾਹਗੀਰਾਂ ਨੂੰ ਠੰਡਾ ਅਤੇ ਮਿੱਠਾ ਪਾਣੀ ਪਿਲਾਉਣਾ ਸ਼ੁਰੂ ਕਰ ਦਿੱਤਾ ਗਿਆ ਹੈ। ਇਸ ਮੌਕੇ ਇਸ ਛਬੀਲ ਦਾ ਉਦਘਾਟਨ ਮੰਦਰ ਦੇ ਮੁੱਖੀ ਸ਼ਾਸਤਰੀ ਲਲਿਤ ਸ਼ਰਮਾ ਨੇ ਕੀਤਾ। ਇਸ ਮੌਕੇ ਮੰਦਰ ਦੇ ਚੇਅਰਮੈਨ ਪ੍ਰਮੋਦ ਗੁਪਤਾ, ਉਪ ਚੇਅਰਮੈਨ ਰਸ਼ਪਾਲ, ਅਸ਼ੋਕ ਬਾਂਸਲ ਸਮਾਜ ਸੇਵੀ ਅਤੇ ਲੰਗਰ ਕਮੇਟੀ ਦੇ ਮੈਂਬਰ ਹਾਜ਼ਰ ਸਨ। ਇਸ ਮੌਕੇ ਪ੍ਰਧਾਨ ਸ਼ਾਸਤਰੀ ਲਲਿਤ ਸ਼ਰਮਾ ਨੇ ਕਿਹਾ ਕਿ ਮੰਦਿਰ ਵਾਲੇ ਪਾਸੇ ਤੋਂ ਸਿਵਲ ਹਸਪਤਾਲ 'ਚ ਲੰਗਰ ਦੀ ਸੇਵਾ ਪਿਛਲੇ ਕਈ ਸਾਲਾਂ ਤੋਂ ਚੱਲ ਰਹੀ ਹੈ ਅਤੇ ਹੁਣ ਤੇਜ਼ ਗਰਮੀ ਦੇ ਮੌਸਮ ਨੂੰ ਦੇਖਦੇ ਹੋਏ ਹਸਪਤਾਲ 'ਚ ਆਉਣ ਵਾਲੇ ਲੋਕਾਂ ਲਈ ਵਾਟਰ ਕੂਲਰ ਰਾਹੀਂ ਪਾਣੀ ਦਾ ਪ੍ਰਬੰਧ ਕਰਨਾ ਬਹੁਤ ਜ਼ਰੂਰੀ ਸੀ, ਪਰ ਠੰਡੇ ਅਤੇ ਮਿੱਠੇ ਪਾਣੀ ਦੀ ਲੋੜ ਨੂੰ ਧਿਆਨ 'ਚ ਰੱਖਦਿਆਂ ਇਹ ਸ਼ੁਰੂ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਮੰਦਰ ਕਮੇਟੀ ਵੱਲੋਂ ਵੀ ਇਹ ਕਾਰਜ ਇਸੇ ਤਰ੍ਹਾਂ ਜਾਰੀ ਰਹੇਗਾ।

## ਪਿੰਡ ਬੀਬੀਪੁਰ ਵਿੱਚ ਮਸਜਿਦ ਨਿਰਮਾਣ ਨੂੰ ਲੈ ਕੇ ਵਿਵਾਦ, ਪ੍ਰਸ਼ਾਸਨ ਤੋਂ ਹੱਲ ਦੀ ਮੰਗ

ਸਮਾਣਾ, 2 ਜੂਨ (ਵਿਜੇ ਕੁਮਾਰ) : ਸਮਾਣਾ ਬਲਾਕ ਦੇ ਪਿੰਡ ਬੀਬੀਪੁਰ ਵਿੱਚ ਮਸਜਿਦ ਦੇ ਨਿਰਮਾਣ ਨੂੰ ਲੈ ਕੇ ਵਿਵਾਦ ਖੜ੍ਹਾ ਹੋ ਗਿਆ ਹੈ, ਜਿਸ ਕਾਰਨ ਪਿੰਡ ਵਿੱਚ ਤਣਾਅ ਦਾ ਮਾਹੌਲ ਬਣ ਗਿਆ ਹੈ। ਹਾਲਾਂਕਿ, ਦੋਵਾਂ ਭਾਈਚਾਰਿਆਂ ਦੇ ਲੋਕਾਂ ਨੇ ਆਪਸੀ ਭਾਈਚਾਰਾ ਬਣਾਈ ਰੱਖਣ ਦੀ ਗੱਲ ਕਹੀ ਹੈ ਅਤੇ ਪ੍ਰਸ਼ਾਸਨ ਤੋਂ ਇਸ ਮਾਮਲੇ ਦਾ ਜਲਦ ਹੱਲ ਕਰਨ ਦੀ ਮੰਗ ਕੀਤੀ ਹੈ। ਜਾਣਕਾਰੀ ਅਨੁਸਾਰ ਪਿੰਡ ਵਿੱਚ ਸਥਿਤ ਗੁਰਦੁਆਰਾ ਸਾਹਿਬ, ਮੰਦਰ ਵਾਲੀ ਥਾਂ ਅਤੇ ਮੁਸਲਿਮ ਭਾਈਚਾਰੇ ਦੇ ਕਬਰਸਤਾਨ ਦੀ ਜ਼ਮੀਨ ਆਪਸ ਵਿੱਚ ਸਟੀ (ਲੱਗੀ) ਹੋਈ ਹੈ। ਮੁਸਲਿਮ ਭਾਈਚਾਰੇ ਵੱਲੋਂ ਕਬਰਸਤਾਨ ਦੀ ਜ਼ਮੀਨ ਵਿੱਚ ਮਸਜਿਦ ਦਾ ਨਿਰਮਾਣ ਕਰਵਾਇਆ ਗਿਆ ਹੈ, ਜੋ ਕਿ ਲਗਭਗ ਪੂਰਾ ਹੋ ਚੁੱਕਾ ਹੈ। ਵਿਵਾਦ ਮਸਜਿਦ ਦੇ ਨਾਲ ਬਣਾਈ ਜਾ ਰਹੀ ਇੱਕ ਕੰਧ ਨੂੰ ਲੈ ਕੇ ਸਾਹਮਣੇ ਆਇਆ ਹੈ। ਇੱਕ ਭਾਈਚਾਰੇ ਦੇ ਤਰਸੇਮ ਸਿੰਘ ਦਾ ਕਹਿਣਾ ਹੈ ਕਿ ਉਕਤ ਕੰਧ ਮੰਦਰ ਦੀ ਜ਼ਮੀਨ ਦੇ ਨਾਲ ਲੱਗਦੀ ਹੈ ਅਤੇ ਪਹਿਲਾਂ ਜ਼ਮੀਨ ਦੀ ਨਿਸ਼ਾਨਦੇਹੀ ਕਰਵਾਈ ਜਾਣੀ ਚਾਹੀਦੀ ਹੈ, ਉਸ ਤੋਂ ਬਾਅਦ ਹੀ ਕੰਮ ਹੋਣਾ ਚਾਹੀਦਾ ਹੈ। ਦੂਜੇ ਪਾਸੇ, ਦੂਜੇ ਭਾਈਚਾਰੇ ਦੇ ਨੁਮਾਇੰਦੇ ਇਤਖਾਨ ਮੁਕਾਬ ਦਾ ਕਹਿਣਾ ਹੈ ਕਿ ਮਸਜਿਦ ਦਾ ਨਿਰਮਾਣ ਉਨ੍ਹਾਂ ਦੇ ਕਬਰਸਤਾਨ ਦੀ ਜ਼ਮੀਨ ਵਿੱਚ ਕੀਤਾ ਗਿਆ ਹੈ ਅਤੇ ਨਿਰਮਾਣ ਸ਼ੁਰੂ ਹੋਣ ਵੇਲੇ ਕਿਸੇ ਕਿਸਮ ਦਾ ਕੋਈ ਵਿਰੋਧ ਨਹੀਂ ਹੋਇਆ ਸੀ। ਉਨ੍ਹਾਂ ਦਾ ਕਹਿਣਾ ਹੈ ਕਿ ਜੇਕਰ ਪ੍ਰਸ਼ਾਸਨ ਵੱਲੋਂ ਨਿਸ਼ਾਨਦੇਹੀ ਦੌਰਾਨ ਕੋਈ ਜ਼ਮੀਨ ਮੰਦਰ ਦੀ ਨਿਕਲਦੀ ਹੈ, ਤਾਂ ਉਹ ਉਸ ਨੂੰ ਛੱਡਣ ਲਈ ਵੀ ਤਿਆਰ ਹਨ, ਕਿਉਂਕਿ ਪਿੰਡ ਦਾ ਆਪਸੀ ਭਾਈਚਾਰਾ ਸਭ ਤੋਂ ਮਹੱਤਵਪੂਰਨ ਹੈ। ਪਿੰਡ ਵਾਸੀਆਂ ਨੇ ਦੱਸਿਆ ਕਿ ਪਿੰਡ ਵਿੱਚ ਗੁਰਦੁਆਰਾ ਸਾਹਿਬ, ਮੰਦਰ ਵਾਲੀ ਥਾਂ ਅਤੇ ਕਬਰਸਤਾਨ ਸਾਲਾਂ ਤੋਂ ਮੌਜੂਦ ਹਨ ਅਤੇ ਸਾਰੇ ਭਾਈਚਾਰੇ ਮਿਲ-ਜੁਲ ਕੇ ਰਹਿੰਦੇ ਆਏ ਹਨ। ਉਨ੍ਹਾਂ ਦਾ ਕਹਿਣਾ ਹੈ ਕਿ ਵਿਵਾਦ ਨੂੰ ਵਧਾਉਣ ਦੀ ਬਜਾਏ ਪ੍ਰਸ਼ਾਸਨ ਨੂੰ ਨਿਰਪੱਖ ਨਿਸ਼ਾਨਦੇਹੀ ਕਰਵਾ ਕੇ ਸਥਿਤੀ ਸਪੱਸ਼ਟ ਕਰਨੀ ਚਾਹੀਦੀ ਹੈ। ਇਸ ਮੌਕੇ ਬੀਬੀਪੁਰ ਦੇ ਸਰਪੰਚ ਦੇਵੀ ਲਾਲ ਦਾ ਕਹਿਣਾ ਹੈ ਕਿ ਅਸੀਂ ਬਲਾਕ ਅਧਿਕਾਰੀ ਨੂੰ ਇਸ ਦੀ ਸੂਚਨਾ ਦੇ ਦਿੱਤੀ ਹੈ। ਉਨ੍ਹਾਂ ਦਾ ਮੰਨਣਾ ਹੈ ਕਿ ਮਾਮਲੇ ਦਾ ਜਲਦ ਹੱਲ ਹੋਣਾ ਜ਼ਰੂਰੀ ਹੈ, ਤਾਂ ਜੋ ਆਪਸੀ ਸਾਂਝ ਅਤੇ ਭਾਈਚਾਰਾ ਪ੍ਰਭਾਵਿਤ ਨਾ ਹੋਵੇ। ਪਿੰਡ ਵਾਸੀਆਂ ਨੇ ਜ਼ਿਲ੍ਹਾ ਪ੍ਰਸ਼ਾਸਨ ਅਤੇ ਪੰਚਾਇਤ ਵਿਭਾਗ ਤੋਂ ਮੰਗ ਕੀਤੀ ਹੈ ਕਿ ਜਲਦ ਤੋਂ ਜਲਦ ਜ਼ਮੀਨ ਦੀ ਨਿਸ਼ਾਨਦੇਹੀ ਕਰਵਾ ਕੇ ਵਿਵਾਦ ਦਾ ਪੱਕਾ ਹੱਲ ਕੀਤਾ ਜਾਵੇ, ਜਿਸ ਨਾਲ ਪਿੰਡ ਵਿੱਚ ਅਮਨ-ਸ਼ਾਂਤੀ ਬਣੀ ਰਹੇ।



## ਡੀ. ਕੇ. ਸੂਦ ਲਾਇਨਜ਼ ਕਲੱਬ ਸਮਾਣਾ ਦੇ ਪ੍ਰਧਾਨ ਬਣੇ



ਸਮਾਣਾ, 2 ਜੂਨ (ਵਿਜੇ ਕੁਮਾਰ) : ਲਾਇਨਜ਼ ਭਵਨ 'ਚ ਲਾਇਨਜ਼ ਕਲੱਬ ਸਮਾਣਾ ਦੀ ਇਕ ਵਿਸ਼ੇਸ਼ ਮੀਟਿੰਗ ਕਲੱਬ ਪ੍ਰਧਾਨ ਪਵਨ ਬਾਂਸਲ ਦੀ ਅਗਵਾਈ ਵਿਚ ਹੋਈ, ਜਿਸ ਵਿੱਚ ਸਾਲ 2026-27 ਲਾਇਨ ਦਿਨੇਸ਼ ਕੁਮਾਰ ਸੂਦ ਨੂੰ ਸਰਬਸੰਮਤੀ ਨਾਲ ਕਲੱਬ ਦਾ ਪ੍ਰਧਾਨ ਬਣਾਇਆ ਗਿਆ। ਜਿਕਰਯੋਗ ਹੈ ਕਿ ਲਾਇਨਜ਼ ਸੂਦ ਕਲੱਬ ਦੇ ਸਭ ਤੋਂ ਸੀਨੀਅਰ ਮੈਂਬਰ ਹਨ ਅਤੇ ਲਾਇਨਜ ਇੰਟਰਨੈਸ਼ਨਲ ਜਿਲ੍ਹਾ 321-ਐਫ. ਦੇ ਸਾਬਕਾ ਜ਼ਿਲ੍ਹਾ ਗਵਰਨਰ ਵੀ ਰਹਿ ਚੁੱਕੇ ਹਨ। ਲਾਇਨ ਸੂਦ ਨੇ ਮੌਕੇ 'ਤੇ ਹੀ ਲਾਇਨ ਰਿਸ਼ਵ ਮਿੱਤਲ ਨੂੰ ਖਜਾਨਚੀ ਅਤੇ ਲਾਇਨ ਅਸ਼ੋਕ ਗੁਪਤਾ ਨੂੰ ਪੀ.ਆਰ.ਓ ਬਣਾਉਣ ਦਾ ਐਲਾਨ ਕੀਤਾ। ਇਸ ਦੇ ਨਾਲ ਹੀ, ਲਾਇਨ ਸੂਦ ਨੇ ਲਾਇਨ ਮਹਿੰਦਰ ਸਿੰਘ ਧੀਮਾਨ ਨੂੰ ਲਾਇਨਜ਼ ਕਲੱਬ ਵਿੱਚ 35 ਸਾਲਾਂ ਦਾ ਸਫਲ ਸਫਰ ਪੂਰਾ ਕਰਨ 'ਤੇ ਵਧਾਈ ਦਿੱਤੀ ਅਤੇ ਲਾਇਨਜ ਇੰਟਰਨੈਸ਼ਨਲ ਵੱਲੋਂ ਮਿਲੇ 'ਸੈਵਰੋਨ ਐਵਾਰਡ' ਨਾਲ ਸਨਮਾਨਿਤ ਕੀਤਾ। ਇਸ ਮੀਟਿੰਗ ਵਿੱਚ ਲਾਇਨ ਡਾ. ਨਰੇਸ਼ ਗੁਪਤਾ, ਸੀ.ਏ. ਲਾਇਨ ਲਲਿਤ ਸਿੰਗਲਾ, ਸਾਬਕਾ ਰੀਜਨ ਚੇਅਰਮੈਨ ਲਾਇਨ ਕਰਨ ਗੁਪਤਾ, ਲਾਇਨ ਪ੍ਰੇਮ ਗਰਗ, ਲਾਇਨ ਕੇਸ਼ਵ ਜਿੰਦਲ ਅਤੇ ਲਾਇਨ ਸੌਰਭ ਵੀ ਮੌਜੂਦ ਸਨ।

## ਮੇਅਰ ਕੁੰਦਨ ਗੋਗੀਆ ਵੱਲੋਂ ਪਰਮਿੰਦਰ ਭਲਵਾਨ ਤੇ ਜਤਵਿੰਦਰ ਗਰੇਵਾਲ ਦਾ ਪ੍ਰਸ਼ੰਸਾ ਪੱਤਰ ਦੇ ਕੇ ਸਨਮਾਨ

ਪਟਿਆਲਾ, 2 ਜੂਨ (ਰੁਪਾਣਾ) : ਪੰਜਾਬ ਅਤੇ ਪਟਿਆਲਾ ਜ਼ਿਲ੍ਹੇ ਦੀਆਂ ਨਾਮਵਰ ਸਮਾਜ ਸੇਵੀ ਸੰਸਥਾਵਾਂ ਜੋ ਕਿ ਲੰਮੇ ਸਮੇਂ ਤੋਂ ਨਸ਼ਿਆਂ ਵਿਰੁੱਧ ਕੰਮ ਕਰ ਰਹੀਆਂ ਯੂਥ ਫੈਡਰੇਸ਼ਨ ਆਫ ਇੰਡੀਆ, ਪਾਵਰ ਹਾਊਸ ਯੂਥ ਕਲੱਬ, ਯੁਵਕ ਸੇਵਾਵਾਂ ਕਲੱਬ ਦੀਪ ਨਗਰ ਦੀ ਟੀਮ ਦੇ ਸਰਪ੍ਰਸਤ ਸਟੇਟ ਐਵਾਰਡੀ ਪਰਮਿੰਦਰ ਭਲਵਾਨ ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ, ਮੈਂਬਰ ਜ਼ਿਲ੍ਹਾ ਸਾਂਝ ਕੇਂਦਰ, ਮੈਂਬਰ ਯੁਵਾ ਸਾਂਝ ਕਮੇਟੀ, ਮੈਂਬਰ ਵੂਮੈਨ ਕੌਂਸਲਿੰਗ ਸੈਲ ਅਤੇ ਗਵਰਨਰ ਐਵਾਰਡੀ ਜਤਵਿੰਦਰ ਗਰੇਵਾਲ ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ ਨੂੰ ਨਸ਼ਿਆਂ ਵਿਰੁੱਧ ਕੀਤੇ ਜਾ ਰਹੇ ਕੰਮਾਂ ਲਈ ਮੇਅਰ ਪਟਿਆਲਾ ਕੁੰਦਨ ਗੋਗੀਆ ਵੱਲੋਂ ਪ੍ਰਸੰਸਾ ਪੱਤਰ ਦੇ ਕੇ ਸਨਮਾਨਿਤ ਕੀਤਾ। ਇਸ ਮੌਕੇ ਮੇਅਰ ਪਟਿਆਲਾ ਕੁੰਦਨ ਗੋਗੀਆ ਨੇ ਕਿਹਾ ਕਿ ਸਟੇਟ ਐਵਾਰਡੀ ਪਰਮਿੰਦਰ ਭਲਵਾਨ ਅਤੇ ਗਵਰਨਰ ਐਵਾਰਡੀ ਜਤਵਿੰਦਰ ਗਰੇਵਾਲ ਅਤੇ ਉਹਨਾਂ ਦੀਆਂ ਸਮਾਜ ਸੇਵੀ ਸੰਸਥਾਵਾਂ ਯੂਥ ਫੈਡਰੇਸ਼ਨ ਆਫ ਇੰਡੀਆ, ਪਾਵਰ ਹਾਊਸ ਯੂਥ ਕਲੱਬ, ਯੁਵਕ ਸੇਵਾਵਾਂ ਕਲੱਬ ਦੀਪ ਨਗਰ ਵੱਲੋਂ ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਪੰਜਾਬ ਸਰਦਾਰ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸ਼ੁਰੂ ਕੀਤੀ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਨਗਰ ਨਿਗਮ ਪਟਿਆਲਾ, ਪਟਿਆਲਾ ਪੁਲਿਸ, ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਨਸ਼ਿਆਂ ਵਿਰੁੱਧ ਸ਼ੁਰੂ ਕੀਤੀ ਲੜਾਈ ਵਿੱਚ ਵੱਧ ਚੜ੍ਹ ਕੇ ਵਲੰਟੀਅਰ ਸਹਿਯੋਗ ਦੇ ਰਹੀਆਂ ਹਨ, ਜੋ ਕਿ ਪ੍ਰਸੰਸਾਯੋਗ ਕਦਮ ਹੈ।



## 110 ਨਸ਼ੀਲੀਆਂ ਗੋਲੀਆਂ ਬ੍ਰਾਮਦ

ਪਟਿਆਲਾ, 2 ਜੂਨ (ਵਿਨੋਦ ਸ਼ਰਮਾ) : ਥਾਣਾ ਸਦਰ ਪਟਿਆਲਾ ਪੁਲਿਸ ਨੇ ਕਥਿਤ ਦੋਸ਼ੀਆਂ ਰਾਜਵੀਰ ਵਾਸੀ ਝੁਗੀਆ ਨੇੜੇ ਕੁਮਾਰ ਸਭਾ ਸਕੂਲ ਭੀਮ ਕਲੋਨੀ, ਗੁਰਵਿੰਦਰ ਸਿੰਘ ਵਾਸੀ ਗੁਰੂ ਤੇਗ ਬਹਾਦਰ ਕਲੋਨੀ ਢਕਾਨਸੂ ਰੋਡ ਰਾਜਪੁਰਾ ਵਿਰੁੱਧ ਧਾਰਾ 22, 61, 85 ਦੇ ਤਹਿਤ ਮਾਮਲਾ ਦਰਜ ਕੀਤਾ ਹੈ। ਐਸ.ਆਈ. ਜਨਕ ਰਾਜ ਸਮੇਤ ਪੁਲਿਸ ਪਾਰਟੀ ਅੰਡਰ ਬ੍ਰਿਜ ਬਹਾਦਰਗੜ੍ਹ ਮੌਜੂਦ ਸੀ, ਜੋ ਇਤਲਾਹ ਮਿਲੀ ਕਿ ਕਥਿਤ ਦੋਸ਼ੀ ਸੁਪਰ ਮਾਰਕੀਟ ਬਹਾਦਰਗੜ੍ਹ ਵਿਖੇ ਨਸ਼ੀਲੀਆਂ ਗੋਲੀਆਂ ਵੇਚ ਰਹੇ ਹਨ, ਜੋ ਰੇਡ ਕਰਨ ਪਰ 110 ਨਸ਼ੀਲੀਆਂ ਗੋਲੀਆਂ ਬ੍ਰਾਮਦ ਹੋਈਆਂ।

## ਆਪ੍ਰੇਸ਼ਨ ਬਲੂ ਸਟਾਰ ਲਈ ਕਾਂਗਰਸ ਤੇ ਗਾਂਧੀ ਪਰਿਵਾਰ ਮੁਆਫ਼ੀ ਮੰਗੇ: ਪੀਰ ਮੁਹੰਮਦ

ਪਟਿਆਲਾ, 2 ਜੂਨ (ਚ.ਨ.ਸ) : ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਦੇ ਸਾਬਕਾ ਪ੍ਰਧਾਨ ਅਤੇ ਸ਼ਿਰੋਮਣੀ ਅਕਾਲੀ ਦਲ (ਪੁਨਰ ਸੁਰਜੀਤ) ਦੇ ਮੁੱਖ ਬੁਲਾਰੇ ਕਰਨੈਲ ਸਿੰਘ ਪੀਰ ਮੁਹੰਮਦ ਨੇ ਇੱਕ ਤਿੱਖਾ ਬਿਆਨ ਜਾਰੀ ਕਰਦਿਆਂ ਕਿਹਾ ਹੈ ਕਿ ਜੂਨ 1984 ਵਿੱਚ ਤਤਕਾਲੀ ਕਾਂਗਰਸ ਸਰਕਾਰ ਵੱਲੋਂ ਸਚਖੰਡ ਸ੍ਰੀ ਹਰਿਮੰਦਰ ਸਾਹਿਬ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ 'ਤੇ ਕਰਵਾਈ ਗਈ ਫੌਜੀ ਕਾਰਵਾਈ ਸਿੱਖ ਇਤਿਹਾਸ ਦੇ ਸਭ ਤੋਂ ਦਰਦਨਾਕ ਅਧਿਆਵਾਂ ਵਿੱਚੋਂ ਇੱਕ ਹੈ, ਜਿਸ ਦੇ ਜ਼ਖ਼ਮ 42 ਸਾਲ ਬੀਤ ਜਾਣ ਬਾਅਦ ਵੀ ਅੱਜ ਤੱਕ ਅੱਲ੍ਹੇ ਹਨ। ਉਨ੍ਹਾਂ 6 ਜੂਨ 1984 ਨੂੰ ਸਿੱਖ ਮਾਨਸਿਕਤਾ ਲਈ ਇੱਕ 'ਕਾਲਾ ਦਿਨ' ਕਰਾਰ ਦਿੰਦਿਆਂ ਕਿਹਾ ਕਿ ਇਸ ਹਮਲੇ ਵਿੱਚ ਵੱਡੀ ਗਿਣਤੀ ਵਿੱਚ ਸ਼ਰਧਾਲੂ, ਬੀਬੀਆਂ ਅਤੇ ਬੱਚੇ ਸ਼ਹੀਦ ਹੋਏ ਸਨ ਅਤੇ ਸਿੱਖਾਂ ਦੇ ਸਰਵਉੱਚ ਅਸਥਾਨ ਨੂੰ ਭਾਰੀ ਨੁਕਸਾਨ ਪਹੁੰਚਾਇਆ ਗਿਆ ਸੀ। ਪੀਰ ਮੁਹੰਮਦ ਨੇ ਮੰਗ ਕੀਤੀ ਕਿ ਕਾਂਗਰਸ ਪਾਰਟੀ ਅਤੇ ਖਾਸ ਕਰਕੇ ਗਾਂਧੀ ਪਰਿਵਾਰ ਨੂੰ ਇਸ ਇਤਿਹਾਸਕ ਗੁਨਾਹ ਲਈ ਸਿੱਖ ਜਗਤ ਤੋਂ ਜਨਤਕ ਤੌਰ 'ਤੇ ਮੁਆਫ਼ੀ ਮੰਗਣੀ ਚਾਹੀਦੀ ਹੈ।

## ਪੰਜਾਬੀ ਯੂਨੀਵਰਸਿਟੀ ਦੀ ਖੋਜਾਰਥਨ ਵੱਲੋਂ ਪੰਜਾਬੀ ਭਾਸ਼ਾ ਲਈ ਪਹਿਲਾ ਏ.ਆਈ. ਅਧਾਰਿਤ 'ਗਰੈਮਰ ਚੈੱਕਰ' ਤਿਆਰ

ਪਟਿਆਲਾ, 2 ਜੂਨ (ਚ.ਨ.ਸ) : ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਕੰਪਿਊਟਰ ਸਾਇੰਸ ਵਿਭਾਗ ਨੇ ਪੰਜਾਬੀ ਕੰਪਿਊਟਰਕਾਰੀ ਦੇ ਖੇਤਰ ਵਿੱਚ ਇੱਕ ਵੱਡੀ ਅਤੇ ਇਤਿਹਾਸਕ ਸਫ਼ਲਤਾ ਹਾਸਲ ਕੀਤੀ ਗਈ ਹੈ। ਵਿਭਾਗ ਦੀ ਖੋਜਾਰਥਨ ਜਗਦੀਸ਼ ਕੌਰ ਨੇ ਡਾ. ਸੀ ਪੀ ਕੰਬੋਜ ਦੀ ਯੋਗ ਨਿਗਰਾਨੀ ਹੇਠ ਆਪਣਾ ਪੀਐੱਚ-ਡੀ ਦਾ ਖੋਜ ਕਾਰਜ ਸਫਲਤਾਪੂਰਵਕ ਪੂਰਾ ਕਰ ਲਿਆ ਹੈ। ਉਹਨਾਂ ਨੇ ਮਸ਼ੀਨੀ ਬੁੱਧੀ ਅਤੇ ਡੀਪ ਲਰਨਿੰਗ ਤਕਨੀਕ 'ਤੇ ਅਧਾਰਿਤ ਪੰਜਾਬੀ ਭਾਸ਼ਾ ਦਾ ਪਹਿਲਾ 'ਸੁਧਾਰਕ' ਨਾਮ ਦਾ ਵਿਆਕਰਨ ਸ਼ੁੱਧਤਾ ਸਾਫਟਵੇਅਰ ਵਿਕਸਿਤ ਕੀਤਾ ਹੈ। ਹੁਣ ਤੱਕ ਦੁਨੀਆ ਦੀਆਂ ਵੱਡੀਆਂ ਵਿਦੇਸ਼ੀ ਭਾਸ਼ਾਵਾਂ ਲਈ ਤਾਂ ਡੀਪ ਲਰਨਿੰਗ ਅਧਾਰਿਤ ਗਰੈਮਰ ਚੈੱਕਰ ਉਪਲੱਬਧ ਸਨ ਪਰ ਪੰਜਾਬੀ ਭਾਸ਼ਾ ਇਸ ਖੇਤਰ ਵਿੱਚ ਪਿੱਛੇ ਸੀ। ਪਹਿਲਾਂ ਤੋਂ ਮੌਜੂਦ ਸਾਫ਼ਟਵੇਅਰ ਨਿਯਮ-ਅਧਾਰਿਤ ਜਾਂ ਅੰਕੜਾ ਅਧਾਰਿਤ ਸਨ ਜਿਨ੍ਹਾਂ ਵਿੱਚ ਗੁੰਝਲਦਾਰ ਵਾਕਾਂ ਦੀਆਂ ਵਿਆਕਰਨਿਕ ਗ਼ਲਤੀਆਂ ਫੜਨ ਦੀ ਸਮਰੱਥਾ ਨਹੀਂ ਸੀ। ਖੋਜਕਾਰ ਨੇ ਇਸ ਚੁਨੌਤੀ ਨੂੰ ਸਵੀਕਾਰ ਕਰਦਿਆਂ 'ਐਮਟੀ5 ਟਰਾਂਸਫ਼ਾਰਮਰ ਮਾਡਲ' ਨੂੰ ਫਾਈਨ-ਟਿਊਨ ਕਰਕੇ ਇਹ ਆਧੁਨਿਕ ਸਿਸਟਮ ਤਿਆਰ ਕੀਤਾ ਹੈ ਜੋ ਭਾਸ਼ਾ ਦੇ ਗੁੰਝਲਦਾਰ ਪੈਟਰਨਾਂ ਨੂੰ ਆਸਾਨੀ ਨਾਲ ਸਮਝ ਸਕਦਾ ਹੈ। ਇਹ ਸਿਸਟਮ ਪੂਰੇ ਵਾਕ ਦੇ ਪੱਧਰ 'ਤੇ ਵਿਆਕਰਨਿਕ ਗ਼ਲਤੀਆਂ ਅਤੇ ਸ਼ਬਦਾਂ ਦੇ ਪੱਧਰ 'ਤੇ ਸ਼ਬਦ-ਜੋੜਾਂ ਨੂੰ ਸੁਧਾਰ ਸਕਦਾ ਹੈ। ਇਹ ਵਾਕਾਂ ਵਿੱਚ ਸਹਾਇਕ ਕਿਰਿਆ, ਮੁੱਖ ਕਿਰਿਆ, ਸਬੰਧਕ, ਪੜਨਾਂਵ, ਵਿਸ਼ੇਸ਼ਣ-ਨਾਂਵ ਦੇ ਮੇਲ ਅਤੇ ਵਾਕ ਵਿੱਚ ਸ਼ਬਦਾਂ ਦੀ ਤਰਤੀਬ ਵਰਗੀਆਂ ਗ਼ਲਤੀਆਂ ਨੂੰ ਸਹੀ ਕਰ ਸਕਦਾ ਹੈ। ਇਸ ਵਿੱਚ ਡੀਪ ਲਰਨਿੰਗ ਅਧਾਰਿਤ ਸਪੈੱਲ ਚੈੱਕਰ ਦੇ ਨਾਲ-ਨਾਲ ਇੱਕ ਵਿਸ਼ੇਸ਼ 'ਪੋਸਟ-ਪ੍ਰੋਸੈਸਿੰਗ ਵਿਉਂਤ' ਲਗਾਈ ਗਈ ਹੈ, ਜੋ ਲਿੰਗ-ਵਚਨ ਅਤੇ ਕਰਤਾ-ਕਿਰਿਆ ਦੇ ਮੇਲ ਦੀਆਂ ਬਾਰੀਕੀਆਂ ਨੂੰ ਸੁਧਾਰ ਕੇ ਉਸ ਦਾ ਕਾਰਨ ਵੀ ਦੱਸਦੀ ਹੈ। ਇਹ ਸਿਸਟਮ ਪੰਜਾਬੀ ਦੀਆਂ ਪ੍ਰਚਲਿਤ ਲਗਾਂ-ਮਾਤਰਾਂ ਜਿਵੇਂ ਅਧਕ, ਟਿੱਪੀ, ਨੁਕਤਾ, ਹਲੰਤ ਅਤੇ ਹੋਰ ਟਾਈਪਿੰਗ ਦੀਆਂ ਗ਼ਲਤੀਆਂ ਨੂੰ ਵੀ ਸ਼ੁੱਧ ਕਰਦਾ ਹੈ। ਇਹ ਨਵਾਂ ਏਆਈ ਮਾਡਲ ਪਹਿਲਾਂ ਤੋਂ ਮੌਜੂਦ ਨਿਯਮ ਅਧਾਰਿਤ ਸਿਸਟਮਾਂ ਨਾਲੋਂ ਕਿਤੇ ਵੱਧ ਸ਼ੁੱਧਤਾ ਦੇ ਨਤੀਜੇ ਦਿਖਾਉਂਦਾ ਹੈ। ਇਸ ਦੀ ਕਾਰਗੁਜ਼ਾਰੀ ਅਜੋਕੇ ਪ੍ਰਸਿੱਧ ਏਆਈ ਮਾਡਲਾਂ ਜਿਵੇਂ ਕਿ ਚੈਟ-ਜੀਪੀਟੀ ਅਤੇ ਜੈਮਨੀ ਦੇ ਬਰਾਬਰ ਦੀ ਹੈ। ਖੋਜਾਰਥਨ ਨੇ ਇਸ ਪ੍ਰੋਜੈਕਟ ਦੇ ਨਾਲ-ਨਾਲ ਡਾਟਾ ਸਾਫ਼ ਕਰਨ ਵਾਲਾ 'ਟੈਕਸਟ ਕਲੀਨਿੰਗ ਟੂਲ' ਅਤੇ ਗ਼ਲਤੀਆਂ ਪੈਦਾ ਕਰਨ ਵਾਲਾ 'ਐਰਰ ਇੰਜੈਕਸ਼ਨ ਟੂਲ' ਵੀ ਵਿਕਸਿਤ ਕੀਤਾ ਹੈ ਜੋ ਭਵਿੱਖ ਵਿੱਚ ਪੰਜਾਬੀ ਭਾਸ਼ਾ 'ਤੇ ਕੰਮ ਕਰਨ ਵਾਲੇ ਹੋਰਨਾਂ ਖੋਜਾਰਥੀਆਂ ਲਈ ਨੀਂਹ ਪੱਥਰ ਸਾਬਤ ਹੋਵੇਗਾ। ਇਸ ਮੌਕੇ ਖੋਜ ਨਿਗਰਾਨ ਅਤੇ ਉੱਘੇ ਕੰਪਿਊਟਰ ਲੇਖਕ ਡਾ. ਸੀ ਪੀ ਕੰਬੋਜ ਨੇ ਦੱਸਿਆ ਕਿ ਇਹ ਖੋਜ ਕਾਰਜ ਭਵਿੱਖ ਵਿੱਚ ਭਾਸ਼ਾ ਸਿਖਲਾਈ ਸਾਫ਼ਟਵੇਅਰ, ਸਵੈ-ਲਿਖਤ ਸੁਧਾਰ ਅਤੇ ਵਿੱਦਿਅਕ ਮੁਲਾਂਕਣ ਦੇ ਖੇਤਰਾਂ ਵਿੱਚ ਕ੍ਰਾਂਤੀਕਾਰੀ ਬਦਲਾਅ ਲਿਆਵੇਗਾ। ਯੂਨੀਵਰਸਿਟੀ ਦੇ ਵਾਈਸ-ਚਾਂਸਲਰ ਡਾ. ਜਗਦੀਪ ਸਿੰਘ ਅਤੇ ਫੈਕਲਟੀ ਮੈਂਬਰਾਂ ਨੇ ਡਾ. ਕੰਬੋਜ ਅਤੇ ਖੋਜਕਰਤਾ ਜਗਦੀਸ਼ ਕੌਰ ਨੂੰ ਇਸ ਵੱਡੀ ਵਿਗਿਆਨਕ ਪ੍ਰਾਪਤੀ ਲਈ ਵਧਾਈ ਦਿੱਤੀ ਹੈ।



## ਸਿਹਤ ਵਿਭਾਗ ਨੇ ਤੰਬਾਕੂ ਵਿਰੋਧੀ ਜਾਗਰੂਕਤਾ ਮੁਹਿੰਮ ਅਧੀਨ ਲੋਕਾਂ ਨੂੰ ਕੀਤਾ ਜਾਗਰੂਕ

### ➢ਕੋਟਪਾ ਐਕਟ 2003 ਦੀ ਉਲੰਘਣਾ ਕਰਨ ਵਾਲਿਆਂ ਖ਼ਿਲਾਫ਼ ਕਾਰਵਾਈ ਜਾਰੀ

ਅਮਰਗੜ੍ਹ/ਮਲੇਰਕੋਟਲਾ, 2 ਜੂਨ (ਬਲਜੀਤ ਸਿੰਘ ਟਿੱਬਾ) : ਸਿਹਤ ਵਿਭਾਗ ਵੱਲੋਂ ਲੋਕਾਂ ਨੂੰ ਤੰਬਾਕੂ ਦੇ ਮਾੜੇ ਪ੍ਰਭਾਵਾਂ ਤੋਂ ਜਾਣੂ ਕਰਵਾਉਣ ਅਤੇ ਤੰਬਾਕੂ ਸਬੰਧੀ ਕਾਨੂੰਨਾਂ ਦੀ ਪਾਲਣਾ ਯਕੀਨੀ ਬਣਾਉਣ ਲਈ ਜਾਗਰੂਕਤਾ ਗਤੀਵਿਧੀਆਂ ਲਗਾਤਾਰ ਚਲਾਈਆਂ ਜਾ ਰਹੀਆਂ ਹਨ। ਇਸੇ ਤਹਿਤ ਸਿਹਤ ਬਲਾਕ ਅਮਰਗੜ੍ਹ ਦੀਆਂ ਟੀਮਾਂ ਵੱਲੋਂ ਵੱਖ-ਵੱਖ ਥਾਵਾਂ 'ਤੇ ਜਾਗਰੂਕਤਾ ਕੈਂਪ ਲਗਾ ਕੇ ਲੋਕਾਂ ਨੂੰ ਤੰਬਾਕੂ ਦੇ ਨੁਕਸਾਨਾਂ ਬਾਰੇ ਜਾਣਕਾਰੀ ਦਿੱਤੀ ਗਈ। ਇਸ ਤੋਂ ਇਲਾਵਾ ਕੋਟਪਾ ਐਕਟ 2003 ਦੀ ਉਲੰਘਣਾ ਕਰਨ ਵਾਲਿਆਂ ਦੇ ਚਲਾਨ ਵੀ ਕੱਟੇ ਗਏ। ਸੀਨੀਅਰ ਮੈਡੀਕਲ ਅਫ਼ਸਰ ਡਾ. ਅਮਨਦੀਪ ਕੌਰ ਨੇ ਦੱਸਿਆ ਕਿ ਸਿਵਲ ਸਰਜਨ ਡਾ. ਪ੍ਰਦੀਪ ਕੁਮਾਰ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਰਾਸ਼ਟਰੀ ਤੰਬਾਕੂ ਕੰਟਰੋਲ ਪ੍ਰੋਗਰਾਮ ਤਹਿਤ ਲੋਕਾਂ ਨੂੰ ਤੰਬਾਕੂ ਦੇ ਸੇਵਨ ਨਾਲ ਹੋਣ ਵਾਲੀਆਂ ਗੰਭੀਰ ਬਿਮਾਰੀਆਂ ਬਾਰੇ ਜਾਗਰੂਕ ਕੀਤਾ ਜਾ ਰਿਹਾ ਹੈ। ਬਲਾਕ ਐਜੂਕੇਟਰ ਰਣਬੀਰ ਸਿੰਘ ਢੰਡੇ ਨੇ ਦੱਸਿਆ ਕਿ ਜਨਤਕ ਥਾਵਾਂ 'ਤੇ ਤੰਬਾਕੂਨੋਸ਼ੀ ਕਰਨਾ ਕਾਨੂੰਨੀ ਤੌਰ 'ਤੇ ਮਨਾਹੀ ਹੈ। ਉਨ੍ਹਾਂ ਕਿਹਾ ਕਿ 18 ਸਾਲ ਤੋਂ ਘੱਟ ਉਮਰ ਦੇ ਵਿਅਕਤੀਆਂ ਨੂੰ ਤੰਬਾਕੂ ਉਤਪਾਦ ਵੇਚਣ 'ਤੇ ਪਾਬੰਦੀ ਹੈ ਅਤੇ ਕਿਸੇ ਵੀ ਵਿਦਿਅਕ ਜਾਂ ਧਾਰਮਿਕ ਸੰਸਥਾ ਦੇ 100 ਮੀਟਰ ਦੇ ਘੇਰੇ ਅੰਦਰ ਤੰਬਾਕੂ ਉਤਪਾਦਾਂ ਦੀ ਵਿਕਰੀ ਜਾਂ ਵਰਤੋਂ ਨਹੀਂ ਕੀਤੀ ਜਾ ਸਕਦੀ। ਤੰਬਾਕੂ ਦੀ ਵਰਤੋਂ ਕਰਨ ਵਾਲੇ ਵਿਅਕਤੀ ਦੇ ਨਾਲ ਰਹਿਣ ਵਾਲੇ ਲੋਕ ਵੀ ਉਦਾਸੀਨ ਤੰਬਾਕੂਨੋਸ਼ੀ (ਪੈਸਿਵ ਸਮੋਕਿੰਗ) ਕਾਰਨ ਸਿਹਤ ਸਬੰਧੀ ਖ਼ਤਰਿਆਂ ਦਾ ਸਾਹਮਣਾ ਕਰਦੇ ਹਨ। ਇਸ ਲਈ ਹਰ ਵਿਅਕਤੀ ਨੂੰ ਤੰਬਾਕੂ ਤੋਂ ਦੂਰ ਰਹਿ ਕੇ ਆਪਣੇ ਅਤੇ ਆਪਣੇ ਪਰਿਵਾਰ ਦੀ ਸਿਹਤ ਦੀ ਰੱਖਿਆ ਕਰਨੀ ਚਾਹੀਦੀ ਹੈ। ਇਸ ਮੌਕੇ ਸਿਹਤ ਸੁਪਰਵਾਈਜ਼ਰ ਪਰਮਜੀਤ ਸਿੰਘ, ਜਗਤਾਰ ਸਿੰਘ ਸਿੱਧੂ, ਕੁਲਵਿੰਦਰ ਸਿੰਘ, ਅੰਮ੍ਰਿਤਪਾਲ ਸਿੰਘ ਅਤੇ ਹੋਰ ਸਿਹਤ ਕਰਮਚਾਰੀ ਹਾਜ਼ਰ ਸਨ।

